ਵੀਰਵਾਰ, 3 ਅਕਤੂਬਰ, 2024

18 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081 }

ਜਿਲਦ/VOL. : 73

ਅੰਕ/NO. : 123

# ਨਵਾਂ ਜ਼ਮਾਨਾ

DAILY NAWAN ZAMANA • THURSDAY, 3 OCTOBER, 2024

ਜਲੰਧਰ

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12



'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |


## ਬਾਪੂ ਦੀਆਂ ਐਨਕਾਂ ਗਾਇਬ



**ਜਲੰਧਰ** : ਸਥਾਨਕ ਕੰਪਨੀ ਬਾਗ ਵਿਚ ਗਾਂਧੀ ਜੈਅੰਤੀ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਦੇਣ ਦਾ ਸਿਲਸਿਲਾ ਸ਼ੁਰੂ ਹੋਣ ਤੋਂ ਪਹਿਲਾਂ ਉਨ੍ਹਾ ਦੇ ਬੁੱਤ ਤੋਂ ਐਨਕਾਂ ਗਾਇਬ ਮਿਲੀਆਂ। ਸਿਆਸਤਦਾਨਾਂ ਦੇ ਪੁੱਜਣ ਤੋਂ ਪਹਿਲਾਂ ਨਗਰ ਨਿਗਮ ਦੇ ਅਧਿਕਾਰੀਆਂ ਨੇ ਆਨਨ-ਫਾਨਨ 'ਚ ਐਨਕਾਂ ਦਾ ਪ੍ਰਬੰਧ ਕੀਤਾ, ਪਰ ਉਹ ਸੁਨਹਿਰੀ ਮੈਟਲ ਦੇ ਫਰੇਮ ਵਾਲੀਆਂ ਸਨ, ਜਦਕਿ ਮਹਾਤਮਾ ਗਾਂਧੀ ਦੇ ਬੁੱਤ 'ਤੇ ਕਾਲੇ ਪਲਾਸਟਿਕ ਫਰੇਮ ਵਾਲੀਆਂ ਐਨਕਾਂ ਲੱਗੀਆਂ ਹੁੰਦੀਆਂ ਹਨ। ਅੰਮ੍ਰਿਤਸਰ ਵਿਚ ਗਾਂਧੀ ਦਾ ਬੁੱਤ ਸ਼ੀਸ਼ੇ ਵਿਚ ਹੈ, ਜਦਕਿ ਜਲੰਧਰ ਦੇ ਕੰਪਨੀ ਬਾਗ ਦਾ ਬੁੱਤ ਅਣਢਕਿਆ ਹੈ। ਅਧਿਕਾਰੀਆਂ ਨੇ ਕਿਹਾ ਕਿ ਸ਼ਰਾਰਤੀ ਐਨਕਾਂ ਲੈ ਗਏ ਹੋਣੇ। ਸ਼ਰਧਾਂਜਲੀ ਦੇਣ ਆਏ ਸਿਆਸਤਦਾਨਾਂ ਨੇ ਸ਼ਿਕਾਇਤ ਕੀਤੀ ਕਿ ਬੁੱਤ 'ਤੇ ਰੰਗ ਵੀ ਠੀਕ ਢੰਗ ਨਾਲ ਨਹੀਂ ਕੀਤਾ ਗਿਆ। ਸੀਮਿੰਟ ਸਾਫ ਨਜ਼ਰ ਆ ਰਿਹਾ ਸੀ। ਨਾਲ ਲੱਗਦੇ ਲਾਲ ਬਹਾਦਰ ਸ਼ਾਸਤਰੀ ਚੌਕ ਵਿਚ ਸ਼ਾਸਤਰੀ ਜੈਅੰਤੀ 'ਤੇ ਬੁੱਤ 'ਤੇ ਹਾਰ ਪਾਉਣ ਪੁੱਜੇ ਸਿਆਸਤਦਾਨਾਂ ਨੇ ਕਿਹਾ ਕਿ ਉਸ ਬੁੱਤ 'ਤੇ ਵੀ ਚਲਾਵੇਂ ਅੰਦਾਜ਼ 'ਚ ਰੰਗ ਕੀਤਾ ਹੋਇਆ ਸੀ।

### ਕੰਗਨਾ ਦੀ ਇਕ ਹੋਰ ਅਦਾਕਾਰੀ ਦੇ ਚਰਚੇ

**ਚੰਡੀਗੜ੍ਹ** : ਅਦਾਕਾਰਾ ਅਤੇ ਭਾਜਪਾ ਦੀ ਲੋਕ ਸਭਾ ਮੈਂਬਰ ਕੰਗਨਾ ਰਣੌਤ ਨੇ 2 ਅਕਤੂਬਰ ਨੂੰ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਦੇ ਜਨਮ ਦਿਵਸ ਮੌਕੇ ਆਪਣੇ ਇੰਸਟਾਗ੍ਰਾਮ ਪੇਜ ਉਤੇ ਇਕ ਸਟੋਰੀ ਸ਼ੇਅਰ ਕਰਕੇ ਸ਼ਾਸਤਰੀ ਜੀ ਨੂੰ ਸ਼ਰਧਾਂਜਲੀ ਦਿੰਦਿਆਂ ਅਜਿਹੀ ਟਿੱਪਣੀ ਕੀਤੀ, ਜਿਸ ਨਾਲ ਵਿਵਾਦ ਖੜ੍ਹਾ ਹੋ ਗਿਆ। ਕੰਗਨਾ ਨੇ ਲਿਖਿਆ-ਦੇਸ਼ ਦੇ ਪਿਤਾ ਨਹੀਂ, ਦੇਸ਼ ਦੇ ਤਾਂ ਲਾਲ (ਪੁੱਤ) ਹੁੰਦੇ ਹਨ। ਧੰਨ ਹਨ, ਭਾਰਤ ਮਾਂ ਦੇ ਇਹ ਲਾਲ। ਇਸ ਦੇ ਹੇਠਾਂ ਸ਼ਾਸਤਰੀ ਜੀ ਦੀ ਤਸਵੀਰ ਲਾ ਕੇ ਉਨ੍ਹਾ ਨੂੰ ਸ਼ਰਧਾਂਜਲੀ ਦਿੱਤੀ ਗਈ ਹੈ। ਕੰਗਨਾ ਦੀ ਇਸ ਟਿੱਪਣੀ ਨੂੰ ਸ਼ਾਸਤਰੀ ਜੀ ਨੂੰ ਸ਼ਰਧਾਂਜਲੀ ਦੇਣ ਦੇ ਨਾਲ ਹੀ ਮਹਾਤਮਾ ਗਾਂਧੀ ਨੂੰ 'ਰਾਸ਼ਟਰਪਿਤਾ' ਵਜੋਂ ਸਤਿਕਾਰੇ ਜਾਣ ਉਤੇ ਸਵਾਲ ਖੜ੍ਹੇ ਕਰਨ ਵਜੋਂ ਦੇਖਿਆ ਜਾ ਰਿਹਾ ਹੈ। ਇਸ ਕਾਰਨ ਇਹ ਪੋਸਟ ਚਰਚਾ ਵਿਚ ਆ ਗਈ ਹੈ। ਮਹਾਤਮਾ ਗਾਂਧੀ ਨੂੰ 'ਰਾਸ਼ਟਰਪਿਤਾ' ਦਾ ਖਿਤਾਬ ਸਭ ਤੋਂ ਪਹਿਲਾਂ

● ਬਾਕੀ ਸਫ਼ਾ 2 'ਤੇ

# ਇਜ਼ਰਾਈਲੀ ਫੌਜ ਤੇ ਹਿਜ਼ਬੁੱਲ੍ਹਾ ਵਿਚਾਲੇ ਸਿੱਧੀ ਜ਼ਮੀਨੀ ਲੜਾਈ

### ਇਜ਼ਰਾਈਲ ਨੇ ਏਅਰ ਬੇਸ 'ਤੇ ਈਰਾਨੀ ਮਿਜ਼ਾਈਲਾਂ ਡਿੱਗਣ ਦੀ ਗੱਲ ਮੰਨੀ

**ਨਵੀਂ ਦਿੱਲੀ** : ਮੱਧ-ਪੂਰਬ ਬੁੱਧਵਾਰ ਇਲਾਕਾਈ ਜੰਗ ਵੱਲ ਹੋਰ ਵਧ ਗਿਆ, ਜਦੋਂ ਮੰਗਲਵਾਰ ਰਾਤ ਦੇ ਈਰਾਨੀ ਮਿਜ਼ਾਈਲ ਹਮਲੇ ਦੇ ਬਾਅਦ ਇਜ਼ਰਾਈਲ ਨੇ ਕਿਹਾ ਕਿ ਉਸ ਦੀਆਂ ਫੌਜਾਂ ਨੇ ਲਿਬਨਾਨ ਵਿਚ ਈਰਾਨੀ ਹਮਾਇਤ ਹਾਸਲ ਹਿਜ਼ਬੁੱਲ੍ਹਾ ਦੇ ਲੜਾਕਿਆਂ ਖਿਲਾਫ ਸੀਮਤ ਮੈਦਾਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਜ਼ਰਾਈਲੀ ਫੌਜ ਦੋ ਕਿਲੋਮੀਟਰ ਅੰਦਰ ਮਰੂਨ ਅਲ-ਰਸ ਪਿੰਡ ਤੱਕ ਪੁੱਜ ਗਈ ਸੀ। ਬੀ ਬੀ ਸੀ ਮੁਤਾਬਕ ਉਸ ਦੀ ਹਿਜ਼ਬੁੱਲ੍ਹਾ ਦੇ ਲੜਾਕਿਆਂ ਨਾਲ ਲੜਾਈ ਚੱਲ ਰਹੀ ਸੀ। ਸਿੱਧੀ ਲੜਾਈ ਵਿਚ ਇਜ਼ਰਾਈਲ ਦੇ ਦੋ ਫੌਜੀ ਮਾਰੇ ਗਏ ਤੇ 18 ਜ਼ਖਮੀ ਹੋ ਗਏ। ਹਿਜ਼ਬੁੱਲ੍ਹਾ ਨੇ ਬੁੱਧਵਾਰ ਇਜ਼ਰਾਈਲ 'ਤੇ 40 ਮਿਜ਼ਾਈਲਾਂ ਵੀ ਦਾਗੀਆਂ, ਜਿਨ੍ਹਾਂ ਵਿੱਚੋਂ ਬਹੁਤੀਆਂ ਨੂੰ ਇਜ਼ਰਾਈਲ ਨੇ ਤਬਾਹ ਕਰ ਦੇਣ ਦਾ ਦਾਅਵਾ ਕੀਤਾ।

ਈਰਾਨ ਦੇ ਹਮਲੇ ਤੋਂ ਬਾਅਦ ਇਜ਼ਰਾਈਲ ਨੇ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਨਤੋਨੀਓ ਗੁਤੇਰੇਸ ਦੇ ਇਜ਼ਰਾਈਲ ਵਿਚ ਵੜਨ 'ਤੇ ਰੋਕ ਲਾ ਦਿੱਤੀ ਹੈ। ਉਸ ਦੇ ਵਿਦੇਸ਼ ਮੰਤਰੀ ਨੇ ਕਿਹਾ ਕਿ ਗੁਤੇਰੇਸ ਨੇ ਈਰਾਨ ਦੇ ਹਮਲੇ ਦੀ ਨਿੰਦਾ ਨਹੀਂ ਕੀਤੀ।

ਇਸੇ ਦੌਰਾਨ ਅਮਰੀਕੀ ਨਿਊਜ਼ ਵੈੱਬਸਾਈਟ ਐਕਸੀਓਸ ਨੇ ਇਜ਼ਰਾਈਲੀ ਅਧਿਕਾਰੀਆਂ ਦੇ ਹਵਾਲੇ ਨਾਲ ਕਿਹਾ ਕਿ ਇਜ਼ਰਾਈਲ ਕੁਝ ਦਿਨਾਂ ਵਿਚ ਈਰਾਨ ਦੇ ਤੇਲ ਉਤਪਾਦਨ ਕੇਂਦਰਾਂ ਤੇ ਹੋਰ ਰਣਨੀਤਕ ਟਿਕਾਣਿਆਂ 'ਤੇ ਹਮਲੇ ਕਰੇਗਾ।

ਇਸ ਤੋਂ ਪਹਿਲਾਂ ਈਰਾਨੀ ਸਟੇਟ ਟੈਲੀਵੀਜ਼ਨ ਨੇ ਈਰਾਨੀ ਜਨਰਲ ਸਟਾਫ ਦੇ ਚੀਫ ਮੁਹੰਮਦ ਬਘੇਰੀ ਦੇ ਹਵਾਲੇ ਨਾਲ ਕਿਹਾ ਕਿ ਈਰਾਨੀ ਮਿਜ਼ਾਈਲਾਂ ਨੇ ਇਜ਼ਰਾਈਲ ਦੇ ਨੇਵਾਤਿਮ ਏਅਰ ਬੇਸ, ਨੇਤਜ਼ਰੀਮ ਮਿਲਟਰੀ ਅੱਡੇ ਅਤੇ ਇਜ਼ਰਾਈਲੀ ਇੰਟੈਲੀਜੈਂਸ ਏਜੰਸੀ ਮੋਸਾਦ ਦੇ ਤੇਲ ਨੋਫ ਵਿਚਲੇ ਹੈੱਡਕੁਆਰਟਰ ਨੂੰ ਨਿਸ਼ਾਨਾ ਬਣਾਇਆ। ਇਜ਼ਰਾਈਲੀ ਫੌਜ ਨੇ ਵੀ ਮੰਨਿਆ ਹੈ ਕਿ ਕੁਝ ਮਿਜ਼ਾਈਲਾਂ ਏਅਰ ਬੇਸ 'ਤੇ ਡਿੱਗੀਆਂ, ਪਰ ਕੁਝ ਦਫਤਰੀ ਇਮਾਰਤਾਂ ਨੂੰ ਹੀ ਨੁਕਸਾਨ ਪੁੱਜਾ।

● ਬਾਕੀ ਸਫ਼ਾ 2 'ਤੇ



ਈਰਾਨੀ ਹਮਲੇ ਵੇਲੇ ਕੇਂਦਰੀ ਇਜ਼ਰਾਈਲ ਵਿਚ ਬੰਬ ਸ਼ੈਲਟਰ ਵਿਚ ਪਨਾਹ ਲਈ ਬੈਠੇ ਲੋਕ।

## ਬਾਇਡਨ ਤੇ ਕਮਲਾ ਮਰਵਾਉਣਗੇ : ਟਰੰਪ

**ਵਾਸ਼ਿੰਗਟਨ** : ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਵੱਲੋਂ ਇਜ਼ਰਾਈਲ 'ਤੇ ਮਿਜ਼ਾਈਲਾਂ ਦਾਗਣ ਤੋਂ ਬਾਅਦ ਕਿਹਾ ਹੈ ਕਿ ਅਮਰੀਕਾ ਵਿਚ ਜੋਅ ਬਾਇਡਨ ਨਾਂਅ ਦਾ ਰਾਸ਼ਟਰਪਤੀ ਗੈਰ-ਮੌਜੂਦ ਹੈ ਤੇ ਕਮਲਾ ਹੈਰਿਸ ਨਾਂਅ ਦੀ ਉਪ ਰਾਸ਼ਟਰਪਤੀ ਨਦਾਰਦ ਹੈ, ਜਦਕਿ ਦੁਨੀਆ ਤੀਜੀ ਜੰਗ ਦੇ ਮੁਹਾਨੇ 'ਤੇ ਪੁੱਜ ਗਈ ਹੈ। ਟਰੰਪ ਨੇ ਦੋਸ਼ ਲਾਇਆ ਹੈ ਕਿ ਕਮਲਾ ਹੈਰਿਸ ਸਾਨ ਫਰਾਂਸਿਸਕੋ ਵਿਚ ਚੋਣ ਫੰਡ ਇਕੱਠਾ ਕਰਨ 'ਤੇ ਲੱਗੀ ਹੋਈ ਹੈ। ਪਤਾ ਨਹੀਂ ਲੱਗ ਰਿਹਾ ਕਿ ਮੁਲਕ ਦਾ ਵਾਲੀ-ਵਾਰਸ ਕੌਣ ਹੈ ਅਤੇ ਸਪੱਸ਼ਟ ਨਹੀਂ ਹੋ ਰਿਹਾ ਕਿ ਵਧੇਰੇ ਭੰਬਲਭੂਸੇ ਵਿਚ ਕੌਣ ਹੈ—ਬਾਇਡਨ ਜਾਂ ਕਮਲਾ। ਇਨ੍ਹਾਂ ਨੂੰ ਪਤਾ ਨਹੀਂ ਲੱਗ ਰਿਹਾ ਕਿ ਹੋ ਕੀ ਰਿਹਾ ਹੈ। ਉਨ੍ਹਾ ਕਿਹਾ—ਜਦੋਂ ਮੈਂ ਰਾਸ਼ਟਰਪਤੀ ਹੁੰਦਾ ਸੀ, ਈਰਾਨ 'ਤੇ ਪੂਰੀ ਨਕੇਲ ਕੱਸੀ ਹੋਈ ਸੀ। ਮੈਂ ਐਸੀ ਢਿੰਬਰੀ ਟੈਟ ਕੀਤੀ ਸੀ ਕਿ ਉਹ ਨਕਦੀ ਨੂੰ ਤਰਸ ਰਿਹਾ ਸੀ। ਸਮਝੌਤੇ ਲਈ ਲਿਲਕੜੀਆਂ ਕੱਢ ਰਿਹਾ ਸੀ। ਕਮਲਾ ਨੇ ਉਸ ਲਈ ਅਮਰੀਕੀ ਨਕਦੀ ਦਾ ਮੂੰਹ ਖੋਲ੍ਹ ਦਿੱਤਾ ਤੇ ਉਦੋਂ ਤੋਂ ਉਹ ਹਰ ਪਾਸੇ ਦਹਿਸ਼ਤਗਰਦੀ ਬਰਾਮਦ ਕਰ ਰਿਹਾ ਹੈ। ਹੁਣ ਹਰ ਪਾਸੇ ਜੰਗ ਚੱਲ ਰਹੀ ਹੈ ਜਾਂ ਜੰਗ ਦਾ ਖਤਰਾ ਮੰਡਰਾ ਰਿਹਾ ਹੈ। ਇਸ ਦੇਸ਼ ਨੂੰ ਚਲਾ ਰਹੇ ਦੋ ਨਾਅਹਿਲ ਸਾਨੂੰ ਤੀਜੀ ਸੰਸਾਰ ਜੰਗ ਵੱਲ ਲਿਜਾ ਰਹੇ ਹਨ। ਜੇ ਕਮਲਾ (ਰਾਸ਼ਟਰਪਤੀ ਚੋਣ ਵਿਚ ਟਰੰਪ ਦੇ ਮੁਕਾਬਲੇ ਡੈਮਕਰੇਟਿਕ ਉਮੀਦਵਾਰ) ਜਿੱਤ ਗਈ ਤਾਂ ਦੁਨੀਆ ਵਿਚ ਧੂੰਆਂ ਹੀ ਧੂੰਆਂ ਹੋਵੇਗਾ।

## ਛੱਡ ਕੇ ਫਿਰ ਫੜ ਲਿਆ



**ਨਵੀਂ ਦਿੱਲੀ** : ਵਾਤਾਵਰਣੀ ਕਾਰਕੁਨ ਸੋਨਮ ਵਾਂਗਚੁਕ ਤੇ ਲੱਦਾਖ ਦੇ 150 ਨਾਗਰਿਕਾਂ ਨੂੰ ਮੰਗਲਵਾਰ ਦੇਰ ਰਾਤ ਰਿਹਾਅ ਕਰਨ ਤੋਂ ਬਾਅਦ ਦਿੱਲੀ ਪੁਲਸ ਨੇ ਫਿਰ ਹਿਰਾਸਤ ਵਿਚ ਲੈ ਲਿਆ। ਲੱਦਾਖ ਨੂੰ ਰਾਜ ਦਾ ਦਰਜਾ ਦੇਣ ਸਮੇਤ ਆਪਣੀਆਂ ਮੰਗਾਂ ਨੂੰ ਉਜਾਗਰ ਕਰਨ ਲਈ ਰਾਜਘਾਟ ਤੱਕ ਪੈਦਲ ਮਾਰਚ ਕਰ ਰਹੇ ਇਨ੍ਹਾਂ ਲੱਦਾਖੀਆਂ ਨੂੰ ਸੋਮਵਾਰ ਰਾਤ ਹਿਰਾਸਤ ਵਿਚ ਲੈ ਕੇ ਦਿੱਲੀ ਦੇ ਵੱਖ-ਵੱਖ ਥਾਣਿਆਂ ਵਿਚ ਰੱਖਿਆ ਗਿਆ ਸੀ, ਜਿੱਥੇ ਉਨ੍ਹਾਂ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਸੀ। ਇਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਵਾਂਗਚੁਕ ਤੇ ਹੋਰਨਾਂ ਨੂੰ ਮੰਗਲਵਾਰ ਦੇਰ ਰਾਤ ਚਲੇ ਜਾਣ ਦੀ ਆਗਿਆ ਦੇ ਦਿੱਤੀ ਗਈ ਸੀ, ਪਰ ਉਹ ਦਿੱਲੀ ਦੇ ਮੱਧ ਮਾਰਗ ਵੱਲ ਮਾਰਚ ਕਰਨ ਲਈ ਅੜ ਗਏ, ਜਿਸ ਕਰਕੇ ਉਨ੍ਹਾਂ ਨੂੰ ਫਿਰ ਹਿਰਾਸਤ ਵਿਚ ਲੈ ਲਿਆ ਗਿਆ।

## ਹੈਲੀਕਾਪਟਰ ਦੀ ਪਾਣੀ 'ਚ ਲੈਂਡਿੰਗ



**ਪਟਨਾ** : ਹੜ੍ਹ ਪੀੜਤਾਂ ਦੀ ਮਦਦ ਕਰ ਰਹੇ ਹਵਾਈ ਫੌਜ ਦੇ ਹੈਲੀਕਾਪਟਰ ਨੂੰ ਬੁੱਧਵਾਰ ਬਿਹਾਰ ਦੇ ਸੀਤਾਮੜ੍ਹੀ ਖੇਤਰ ਵਿਚ ਪਾਣੀ ਵਿਚ ਐਮਰਜੈਂਸੀ ਲੈਂਡਿੰਗ ਕਰਨੀ ਪਈ। ਉਸ 'ਤੇ ਦੋ ਪਾਇਲਟ ਤੇ ਦੋ ਜਣੇ ਹੋਰ ਸਵਾਰ ਸਨ, ਜਿਨ੍ਹਾਂ ਨੂੰ ਲੋਕਾਂ ਨੇ ਸਲਾਮਤ ਬਾਹਰ ਕੱਢਿਆ। ਹੈਲੀਕਾਪਟਰ ਦਰਭੰਗਾ 'ਚ ਲੋੜੀਂਦੀਆਂ ਚੀਜ਼ਾਂ ਸੁੱਟ ਕੇ ਪਰਤ ਰਿਹਾ ਸੀ।

## ਹੈਲੀਕਾਪਟਰ ਹਾਦਸੇ 'ਚ ਇੰਜੀਨੀਅਰ ਤੇ ਦੋ ਪਾਇਲਟਾਂ ਦੀ ਮੌਤ

**ਪੁਣੇ** : ਮਹਾਰਾਸ਼ਟਰ ਦੇ ਪੁਣੇ ਜ਼ਿਲ੍ਹੇ ਵਿਚ ਬੁੱਧਵਾਰ ਸਵੇਰੇ ਹੈਲੀਕਾਪਟਰ ਦੇ ਹਾਦਸੇ ਦਾ ਸ਼ਿਕਾਰ ਹੋ ਜਾਣ ਕਾਰਨ ਦੋ ਪਾਇਲਟਾਂ ਤੇ ਇਕ ਇੰਜੀਨੀਅਰ ਦੀ ਮੌਤ ਹੋ ਗਈ। ਹੈਲੀਕਾਪਟਰ ਦਿੱਲੀ ਆਧਾਰਤ ਨਿੱਜੀ ਫਰਮ ਹੈਰੀਟੇਜ ਏਵੀਏਸ਼ਨ ਨਾਲ ਸੰਬੰਧਤ ਸੀ ਅਤੇ ਆਕਸਫੋਰਡ ਕਾਊਂਟੀ ਗੋਲਫ ਕੋਰਸ ਤੋਂ ਉਡ ਕੇ ਮੁੰਬਈ ਵਿਚ ਜੁਹੂ ਜਾ ਰਿਹਾ ਸੀ ਕਿ ਸਵੇਰੇ 7.40 ਵਜੇ ਹਾਦਸੇ ਵਿਚ ਤਬਾਹ ਹੋ ਗਿਆ। ਹਾਦਸਾ ਬਾਵਧਨ ਇਲਾਕੇ 'ਚ ਪਹਾੜੀ ਖੇਤਰ 'ਚ ਵਾਪਰਿਆ ਅਤੇ ਹਾਦਸੇ ਪਿੱਛੋਂ ਹੈਲੀਕਾਪਟਰ ਨੂੰ ਅੱਗ ਲੱਗ ਗਈ। ਪਿਮਰੀ ਛਿੰਦਵਾੜ ਨਗਰ ਨਿਗਮ ਦੇ ਫਾਇਰ ਅਫਸਰ ਅਨਿਲ ਡਿਮਲੇ ਨੇ ਕਿਹਾ—ਮ੍ਰਿਤਕਾਂ ਦੀ ਪਛਾਣ ਗਿਰੀਸ਼ ਕੁਮਾਰ, ਪ੍ਰੀਤਮ ਸਿੰਘ ਭਾਰਦਵਾਜ ਅਤੇ ਪਰਮਜੀਤ ਸਿੰਘ ਵਜੋਂ ਹੋਈ ਹੈ।

## ਮੋਦੀ ਦੀ ਵਿਨੇਸ਼ ਨਾਲ ਗੱਲ ਕਿਉਂ ਨਹੀਂ ਹੋ ਸਕੀ ?

**ਨਵੀਂ ਦਿੱਲੀ** : ਪੈਰਿਸ ਉਲੰਪਿਕ ਵਿਚ ਭਾਰ ਵਧਣ ਕਾਰਨ ਤਮਗੇ ਤੋਂ ਖੁੰਝ ਗਈ ਵਿਨੇਸ਼ ਫੋਗਾਟ ਨੇ ਇੰਕਸ਼ਾਫ ਕੀਤਾ ਹੈ ਕਿ ਉਸ ਨਾਲ ਵਾਪਰੇ ਘਟਨਾਕ੍ਰਮ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਸ ਨਾਲ ਗੱਲ ਕਰਨੀ ਚਾਹੁੰਦੇ ਸਨ, ਪਰ ਉਸ ਨੇ ਨਾਂਹ ਕਰ ਦਿੱਤੀ, ਕਿਉਂਕਿ ਉਸ ਨੂੰ ਲੱਗਿਆ ਕਿ ਉਸ ਦੇ ਜਜ਼ਬਾਤ ਦੀ ਸਿਆਸੀ ਵਰਤੋਂ ਕੀਤੀ ਜਾ ਸਕਦੀ ਹੈ।

ਹਰਿਆਣਾ ਅਸੰਬਲੀ ਚੋਣਾਂ ਵਿਚ ਜੁਲਾਨਾ ਤੋਂ ਕਾਂਗਰਸ ਦੀ ਉਮੀਦਵਾਰ ਫੋਗਾਟ ਨੇ 'ਲੱਲਨਟਾਪ' ਨਾਲ ਇੰਟਰਵਿਊ ਵਿਚ ਕਿਹਾ—ਪ੍ਰਧਾਨ ਮੰਤਰੀ ਦੀ ਤਰਫੋਂ ਫੋਨ ਆਇਆ ਸੀ, ਪਰ ਮੈਂ ਗੱਲ ਕਰਨੋਂ ਨਾਂਹ ਕਰ ਦਿੱਤੀ। ਪ੍ਰਧਾਨ ਮੰਤਰੀ ਨੇ ਸਿੱਧਾ ਫੋਨ ਨਹੀਂ ਕੀਤਾ, ਪਰ ਪੈਰਿਸ ਵਿਚ ਮੌਜੂਦ ਭਾਰਤੀ ਅਧਿਕਾਰੀਆਂ ਨੇ ਮੈਨੂੰ ਕਿਹਾ ਕਿ ਪ੍ਰਧਾਨ ਮੰਤਰੀ ਤੇਰੇ ਨਾਲ ਗੱਲ ਕਰਨੀ ਚਾਹੁੰਦੇ ਹਨ। ਮੈਂ ਤਿਆਰ ਹੋ ਗਈ, ਪਰ ਅਧਿਕਾਰੀਆਂ ਨੇ ਸ਼ਰਤਾਂ ਰੱਖੀਆਂ ਕਿ ਮੇਰੀ ਟੀਮ ਵੱਲੋਂ ਕੋਈ ਮੌਕੇ 'ਤੇ ਮੌਜੂਦ ਨਹੀਂ ਹੋਵੇਗਾ। ਉਨ੍ਹਾਂ ਵੱਲੋਂ ਦੋ ਬੰਦੇ ਸੋਸ਼ਲ ਮੀਡੀਆ ਲਈ ਗੱਲਬਾਤ ਨੂੰ ਰਿਕਾਰਡ ਕਰਨਗੇ। ਮੈਂ ਆਪਣੇ ਜਜ਼ਬਾਤ ਤੇ ਸਖਤ ਮਿਹਨਤ ਦਾ ਸੋਸ਼ਲ ਮੀਡੀਆ ਵਿਚ ਮਜ਼ਾਕ ਬਣਦਾ ਦੇਖਣ ਲਈ ਤਿਆਰ ਨਹੀਂ ਹੋਈ। ਪ੍ਰਧਾਨ ਮੰਤਰੀ ਗੱਲਬਾਤ ਦੀ ਪਬਲੀਸਿਟੀ ਦੀ ਸ਼ਰਤ ਤੋਂ ਬਿਨਾਂ ਸਿੱਧੀ ਗੱਲ ਕਰਦੇ ਤਾਂ ਕਰ ਲੈਂਦੀ। ਜੇ ਉਨ੍ਹਾ ਨੂੰ ਐਥਲੀਟਾਂ ਦੀ ਵਾਕਈ ਚਿੰਤਾ ਸੀ ਤਾਂ ਬਿਨਾਂ ਰਿਕਾਰਡਿੰਗ ਦੇ ਗੱਲ ਕਰ ਲੈਂਦੇ। ਮੈਨੂੰ ਲੱਗਦਾ ਕਿ

● ਬਾਕੀ ਸਫ਼ਾ 2 'ਤੇ

### 'ਮੋਦੀ ਦੀ ਪੁਲਸ ਨੇ ਸਾਡੀ ਬੇਟੀ ਨੂੰ ਘੜੀਸਿਆ'

**ਚੰਡੀਗੜ੍ਹ** : ਹਰਿਆਣਾ ਦੇ ਜੀਂਦ ਜ਼ਿਲ੍ਹੇ ਦੇ ਜੁਲਾਨਾ ਅਸੰਬਲੀ ਹਲਕੇ ਵਿਚ ਵਿਨੇਸ਼ ਫੋਗਾਟ ਦੇ ਹੱਕ ਵਿਚ ਬੁੱਧਵਾਰ ਰੈਲੀ ਨੂੰ ਸੰਬੋਧਨ ਕਰਦਿਆਂ ਪ੍ਰਿਅੰਕਾ ਗਾਂਧੀ ਨੇ ਕਿਹਾ—ਸਾਡੀ ਬੇਟੀ ਵਿਨੇਸ਼ ਜਦੋਂ ਬੇਇਨਸਾਫੀ ਦੇ ਖਿਲਾਫ ਸੰਘਰਸ਼ ਕਰ ਰਹੀ ਸੀ, ਤਦ ਮੋਦੀ ਜੀ ਦੀ ਪੁਲਸ ਨੇ ਉਸ ਦੇ ਵਾਲ ਖਿੱਚੇ ਤੇ ਸੜਕ 'ਤੇ ਘੜੀਸਿਆ।

## ਹਰਦੀਪ ਸਿੰਘ ਭੰਗੂ ਦਾ ਦੇਹਾਂਤ



**ਪਟਿਆਲਾ** : ਭਾਦਸੋਂ ਤੋਂ 'ਪੰਜਾਬੀ ਟ੍ਰਿਬਿਊਨ' ਦੇ ਪੱਤਰਕਾਰ ਹਰਦੀਪ ਸਿੰਘ ਭੰਗੂ ਦਾ ਬੁੱਧਵਾਰ ਦੇਹਾਂਤ ਹੋ ਗਿਆ। ਕਿਡਨੀਆਂ 'ਚ ਨੁਕਸ ਕਾਰਨ ਉਹ ਤਕਰੀਬਨ ਇੱਕ ਸਾਲ ਤੋਂ ਬਿਮਾਰ ਚਲੇ ਆ ਰਹੇ ਸਨ। ਪਟਿਆਲਾ ਮੀਡੀਆ ਕਲੱਬ ਦੇ ਪ੍ਰਧਾਨ ਨਵਦੀਪ ਢੀਂਗਰਾ, ਚੇਅਰਮੈਨ ਸਰਬਜੀਤ ਸਿੰਘ ਭੰਗੂ ਅਤੇ ਸਮੁੱਚੇ ਪੱਤਰਕਾਰ ਭਾਈਚਾਰੇ ਨੇ ਹਰਦੀਪ ਸਿੰਘ ਭੰਗੂ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਦਿਆਂ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

## ਜਨ ਸੁਰਾਜ ਪਾਰਟੀ ਦਾ ਜਨਮ, ਸ਼ਰਾਬਬੰਦੀ ਖਤਮ ਕਰੇਗੀ



**ਪਟਨਾ** : ਚੋਣ ਰਣਨੀਤੀਕਾਰ ਪ੍ਰਸ਼ਾਂਤ ਕਿਸ਼ੋਰ ਨੇ ਬੁੱਧਵਾਰ ਇੱਥੇ ਵੈਟਨਰੀ ਮੈਦਾਨ ਵਿਚ 'ਜਨ ਸੁਰਾਜ ਪਾਰਟੀ' ਬਣਾਉਣ ਦਾ ਐਲਾਨ ਕੀਤਾ। ਕਾਰਜਕਾਰੀ ਪ੍ਰਧਾਨ ਸਾਬਕਾ ਰਾਜਦੂਤ ਮਨੋਜ ਭਾਰਤੀ ਨੂੰ ਬਣਾਇਆ ਗਿਆ ਹੈ। ਪ੍ਰਸ਼ਾਂਤ ਨੇ ਕਿਹਾ ਕਿ ਪਾਰਟੀ ਦੇ ਝੰਡੇ ਵਿਚ ਮਹਾਤਮਾ ਗਾਂਧੀ ਦੇ ਨਾਲ ਡਾ. ਅੰਬੇਡਕਰ ਦੀ ਫੋਟੋ ਵੀ ਹੋਵੇਗੀ। ਉਨ੍ਹਾ ਕਿਹਾ ਕਿ ਉਨ੍ਹਾ ਦੀ ਸਰਕਾਰ ਬਣੀ ਤਾਂ ਇਕ ਘੰਟੇ ਦੇ ਅੰਦਰ ਸ਼ਰਾਬਬੰਦੀ ਨੀਤੀ ਨੂੰ ਚੁੱਕ ਕੇ ਪਰ੍ਹਾਂ ਮਾਰਾਂਗੇ। ਉਨ੍ਹਾ 'ਜੈ-ਜੈ ਬਿਹਾਰ' ਦਾ ਨਾਅਰਾ ਦਿੰਦਿਆਂ ਕਿਹਾ—ਅਸੀਂ ਆਪਣੇ ਜੀਵਨਕਾਲ ਵਿਚ ਇਕ ਅਜਿਹਾ ਬਿਹਾਰ ਬਣਾਵਾਂਗੇ ਕਿ ਦੇਸ਼ ਤੇ ਦੁਨੀਆ ਵਿਚ ਕੋਈ ਬਿਹਾਰੀ ਨੂੰ ਗਾਲ੍ਹ ਨਹੀਂ ਕੱਢ ਸਕੇਗਾ।

## ਜੇਲ੍ਹਾਂ 'ਚ ਜਾਤੀ ਵਿਤਕਰੇ ਬਾਰੇ ਫੈਸਲਾ ਅੱਜ

**ਨਵੀਂ ਦਿੱਲੀ** : ਕੁਝ ਸੂਬਿਆਂ ਦੇ ਜੇਲ੍ਹ ਮੈਨੂਅਲਜ਼ (ਜੇਲ੍ਹਾਂ ਸੰਬੰਧੀ ਨਿਯਮਾਂ) ਵਿਚ ਕਥਿਤ ਤੌਰ 'ਤੇ ਜਾਤ ਆਧਾਰਤ ਵਿਤਕਰੇਬਾਜ਼ੀ ਨੂੰ ਹੁਲਾਰਾ ਦਿੱਤੇ ਜਾਣ ਦਾ ਦੋਸ਼ ਲਾਉਂਦੀ ਇਕ ਪਟੀਸ਼ਨ ਉਤੇ ਸੁਪਰੀਮ ਕੋਰਟ ਆਪਣਾ ਫੈਸਲਾ ਵੀਰਵਾਰ ਨੂੰ ਸੁਣਾਵੇਗੀ।

ਪਟੀਸ਼ਨ ਵਿਚ ਕੇਰਲਾ ਜੇਲ੍ਹ ਨੇਮਾਂ ਦਾ ਹਵਾਲਾ ਦਿੱਤਾ ਗਿਆ ਹੈ ਕਿ ਉਨ੍ਹਾਂ ਵਿਚ ਪੱਕੇ ਆਦਤਨ ਮੁਜਰਮਾਂ ਅਤੇ ਮੁੜ ਦੋਸ਼ੀ ਠਹਿਰਾਏ ਗਏ ਮੁਜਰਮਾਂ ਵਿਚ ਫਰਕ ਕੀਤਾ ਗਿਆ ਹੈ।

● ਬਾਕੀ ਸਫ਼ਾ 2 'ਤੇ



ਬੁੱਧਵਾਰ ਮਰਹੂਮ ਸਾਥੀ ਅੰਮ੍ਰਿਤ ਲਾਲ ਦੀ ਅਮਰੀਕਾ ਤੋਂ ਆਈ ਬੇਟੀ ਅਨੁਪਮ ਤੇ ਪਤਨੀ ਕਮਲਾ ਸ਼ਰਮਾ 'ਨਵਾਂ ਜ਼ਮਾਨਾ' ਦੇ ਦਫ਼ਤਰ ਆਈਆਂ। ਇਸ ਮੌਕੇ ਅੰਮ੍ਰਿਤ ਲਾਲ ਦੇ ਸਹਿਯੋਗੀ ਸਾਥੀ ਤੇ ਬੈਂਕ ਆਫ਼ ਬੜੌਦਾ ਦੇ ਮੁਲਾਜ਼ਮਾਂ ਦੀ ਜਥੇਬੰਦੀ ਦੇ ਆਗੂ ਰਬਿੰਦਰ ਠਾਕੁਰ ਦੇ ਉੱਦਮ ਨਾਲ ਤਿਆਰ ਕੀਤੀ ਅੰਮ੍ਰਿਤ ਲਾਲ ਦੇ ਲੇਖਾਂ ਦੀ ਕਿਤਾਬ 'ਮੇਰੀ ਧਰਤੀ ਮੇਰੇ ਲੋਕ' ਉਨ੍ਹਾਂ ਨੂੰ ਭੇਟ ਕੀਤੀ ਗਈ।

## ਅੱਜ-ਨਾਮਾ

ਪੈਸੇ ਖਰਚੋ ਤਾਂ ਡਾਕਟਰ ਦੀ ਲਉ ਡਿਗਰੀ,
ਭਾਰਤ ਵਿੱਚ ਇਹ ਕੰਮ ਰਿਹਾ ਚੱਲ ਮੀਆਂ।
ਚਾਹੀਦੀ ਨੌਕਰੀ ਤੇ ਜਾਲ੍ਹੀ ਲਾਉ ਡਿਗਰੀ,
ਆਉਣਾ ਵਰਤਣ ਦਾ ਚਾਹੀਦਾ ਵੱਲ ਮੀਆਂ।
ਅਗੇਤਾ ਮਾਰ ਕੇ ਸੌਦਾ ਫਿਰ ਪੇਸ਼ ਹੋਇਉ,
ਪਰਖਣੀ ਕਿਸੇ ਨੇ ਕਦੇ ਨਹੀਂ ਗੱਲ ਮੀਆਂ।
ਰਾਜਸਥਾਨ ਦੀ ਸੁਣੀ ਗਈ ਖਬਰ ਕਹਿੰਦੀ,
ਨਕਲੀ ਡਾਕਟਰਾਂ ਦੇ ਖੜਕਣ ਟੱਲ ਮੀਆਂ।
ਜਿਹੜੇ ਮਰੀਜ਼ਾਂ ਦੀ ਇਨ੍ਹਾਂ ਨੇ ਜਾਂਚ ਕਰਨੀ,
ਪਤਾ ਨਹੀਂ ਉਨ੍ਹਾਂ ਦੇ ਨਾਲ ਕੀ ਹੋਊਗਾ ਈ।
ਉਮੀਦ ਰੱਖ ਕੇ ਇਨ੍ਹਾਂ ਕੋਲ ਜਾਊ ਜਿਹੜਾ,
ਸਾਰਾ ਈ ਕੋੜਮਾ ਪਿੱਛੋਂ ਫਿਰ ਰੋਊਗਾ ਈ।

-ਤੀਸ ਮਾਰ ਖਾਂ

## ਮੋਦੀ ਜੀ ਤੋ ਭਰੋਸਾ ਤੋੜਨੇ ਵਾਲੋਂ ਕਾ ਭੀ ਸਰਦਾਰ : ਖੜਗੇ

**ਚੰਡੀਗੜ੍ਹ** : ਭਾਰਤੀ ਜਨਤਾ ਪਾਰਟੀ ਉਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿਚ ਨਾਕਾਮ ਰਹਿਣ ਦਾ ਦੋਸ਼ ਲਾਉਂਦਿਆਂ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਬੁੱਧਵਾਰ ਇਹ ਦੋਸ਼ ਵੀ ਲਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਝੂਠ ਬੋਲਣ ਦੇ ਮਾਹਰ' ਹਨ। ਉਹ 5 ਅਕਤੂਬਰ ਨੂੰ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਦੇ ਸੰਬੰਧ ਵਿਚ ਹਰਿਆਣਾ ਦੇ ਚਰਖੀ ਦਾਦਰੀ ਵਿਚ ਇਕ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ—ਮਹਾਤਮਾ ਗਾਂਧੀ ਨੇ ਸਾਨੂੰ ਸੱਚਾਈ ਅਤੇ ਅਹਿੰਸਾ ਦੀ ਸਿੱਖਿਆ ਦਿੱਤੀ ਹੈ। ਮੈਂ ਇਹ ਕਹਿਣਾ ਨਹੀਂ ਚਾਹੁੰਦਾ, ਪਰ ਜਿਹੜੇ ਲੋਕ ਸੱਤਾ ਵਿਚ ਹਨ, ਉਹ ਕਿੰਨਾ ਕੁ ਸੱਚ ਤੇ ਕਿੰਨਾ ਕੁ ਝੂਠ ਬੋਲਦੇ ਹਨ। ਮੋਦੀ ਜੀ ਤੋ ਭਰੋਸਾ ਤੋੜਨੇ ਵਾਲੋਂ ਕਾ ਭੀ ਸਰਦਾਰ ਹੈ।




## ਮਾਤਾ ਗੁਜਰੀ ਸਕੂਲ ਦੇ ਖੋ-ਖੋ ਟੂਰਨਾਮੈਂਟ ਸਮਾਪਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਦੋ ਦਿਨਾ ਸਹੋਦਿਆ ਸਕੂਲ ਕੰਪਲੈਕਸ ਦੇ ਅੰਡਰ ਖੋਖੋ ਟੂਰਨਾਮੈਂਟ ਕਰਾਇਆ ਗਿਆ, ਜਿਸ ਵਿੱਚ ਪਟਿਆਲਾ ਦੇ ਵੱਖ-ਵੱਖ ਸਕੂਲਾਂ ਨੇ ਭਾਗ ਲਿਆ।ਖੋ-ਖੋ ਟੂਰਨਾਮੈਂਟ ਵਿੱਚ ਲੜਕੀਆਂ ਦੀਆਂ 15 ਟੀਮਾਂ ਤੇ ਲੜਕਿਆਂ ਦੀਆਂ 18 ਟੀਮਾਂ ਨੇ ਭਾਗ ਲਿਆ ਲੜਕੀਆਂ ਦੀਆਂ ਟੀਮਾਂ ਵਿੱਚੋਂ ਅੰਡਰ 14 ਪਹਿਲਾ ਦਰਜਾ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਦੂਜਾ ਦਰਜਾ ਨਵਨੀਤ ਪਬਲਿਕ ਸਕੂਲ ਤੇ ਤੀਜਾ ਦਰਜਾ ਗੋਲਡਨ ਏਰਾ ਨੇ ਹਾਸਲ ਕੀਤਾ।ਇਸੇ ਤਰ੍ਹਾਂ ਲੜਕੀਆਂ ਦੀਆਂ ਟੀਮਾਂ ਵਿੱਚੋਂ ਅੰਡਰ-19 ਪਹਿਲਾ ਦਰਜਾ ਪੈਰਾਡਾਈਜ ਇੰਟਰਨੈਸ਼ਨਲ ਸਕੂਲ ਦੂਜਾ ਦਰਜਾ ਗੰਗਾ ਇੰਟਰਨੈਸ਼ਨਲ ਸਕੂਲ ਤੇ ਤੀਜਾ ਦਰਜਾ ਨਵਨੀਤ ਪਬਲਿਕ ਸਕੂਲ ਨੇ ਹਾਸਲ ਕੀਤਾ।ਲੜਕਿਆਂ ਦੀਆਂ ਟੀਮਾਂ ਵਿੱਚੋਂ ਅੰਡਰ-14 ਪਹਿਲਾ ਦਰਜਾ ਗੰਗਾ ਇੰਟਰਨੈਸ਼ਨਲ ਸਕੂਲ , ਦੂਜਾ ਦਰਜਾ ਪੈਰਾਡਾਈਜ ਇੰਟਰਨੈਸ਼ਨਲ ਸਕੂਲ ਤੇ ਤੀਜਾ ਦਰਜਾ ਨਵਨੀਤ ਪਬਲਿਕ ਸਕੂਲ ਨੇ ਹਾਸਲ ਕੀਤਾ।ਲੜਕਿਆਂ ਦੀਆਂ ਅੰਡਰ 19 ਟੀਮਾਂ ਵਿੱਚੋਂ ਪਹਿਲਾ ਦਰਜਾ ਪੈਰਾਡਾਈਜ ਇੰਟਰਨੈਸ਼ਨਲ ਸਕੂਲ, ਦੂਜਾ ਦਰਜਾ ਜੈਮਸ ਪਬਲਿਕ ਸਕੂਲ ਤੇ ਤੀਜਾ ਦਰਜਾ ਗੰਗਾ ਇੰਟਰਨੈਸ਼ਨਲ ਸਕੂਲ ਨੇ ਹਾਸਲ ਕੀਤਾ।ਸਕੂਲ ਵੱਲੋਂ ਰੈਫਰੀ ਸੁਨੀਲ ਕੁਮਾਰ ਤੇ ਅਭਿਨਵ ਸ਼ਰਮਾ ਨੂੰ ਸਨਮਾਨਤ ਕੀਤਾ ਗਿਆ।ਸਕੂਲ ਦੀ ਮੈਨੇਜਮੈਂਟ ਤੇ ਪ੍ਰਿੰਸੀਪਲ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ।

## ਮੱਧ ਪੂਰਬ 'ਚ ਯੁੱਧ ਦਾ ਵਾਧਾ ਵਿਨਾਸ਼ਕਾਰੀ ਖ਼ਤਰਿਆਂ ਨਾਲ ਭਰਿਆ : ਆਈ ਡੀ ਪੀ ਡੀ

**ਲੁਧਿਆਣਾ (ਐਮ.ਐਸ.ਭਾਟੀਆ)** ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ.ਡੀ.ਪੀ.ਡੀ.) ਨੇ ਮੱਧ ਪੂਰਬ ਵਿਚ ਵਧਦੇ ਯੁੱਧ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ।7 ਅਕਤੂਬਰ 2023 ਤੋਂ ਹੁਣ ਤੱਕ ਲਗਭਗ 45000 ਲੋਕ ਮਾਰੇ ਜਾ ਚੁੱਕੇ ਹਨ, ਜਿਸ ਵਿੱਚ ਲਗਭਗ 22000 ਬੱਚੇ ਸ਼ਾਮਲ ਹਨ।ਲਿਬਨਾਨ ਤੇ ਇਜ਼ਰਾਈਲ ਦੇ ਹਮਲੇ ਤੋਂ ਬਾਅਦ ਦੁਨੀਆ 'ਚ ਤਹਿਲਕਾ ਮੱਚ ਗਿਆ ਹੈ। ਯੁੱਧ ਵਿਚ ਈਰਾਨ ਦੇ ਦਾਖਲੇ ਨੇ ਹਾਲਾਤ ਨੂੰ ਹੋਰ ਬਦਤਰ ਬਣਾ ਦਿੱਤਾ ਹੈ।ਅਮਰੀਕੀ ਸਰਕਾਰ ਦਾ ਰੁਖ ਨਿੰਦਣਯੋਗ ਹੈ।ਰਿਪੋਰਟਾਂ ਆ ਰਹੀਆਂ ਹਨ ਕਿ ਲੈਬਨਾਨ ਵਿੱਚ ਹਿਜ਼ਬੁੱਲਾ ਮੁਖੀ ਹਸਨ ਨਸਰੁੱਲਾ ਨੂੰ ਮਾਰਨ ਲਈ ਵਰਤੇ ਗਏ 2000 ਪੌਂਡ ਬੰਬ ਸਮੇਤ ਇਜ਼ਰਾਈਲ ਨੂੰ ਭਾਰੀ ਮਾਤਰਾ ਵਿੱਚ ਹਥਿਆਰ ਅਮਰੀਕਾ ਦੇ ਵਲੋਂ ਸਪਲਾਈ ਕੀਤੇ ਸਨ।ਜੰਗ ਤੁਰੰਤ ਬੰਦ ਹੋਣੀ ਚਾਹੀਦੀ ਹੈ ਨਹੀਂ ਤਾਂ ਇਸ ਨਾਲ ਗੰਭੀਰ ਸਿਹਤ ਅਤੇ ਮਾਨਵਤਾਵਾਦੀ ਸੰਕਟ ਪੈਦਾ ਹੋ ਸਕਦਾ ਹੈ ਤੇ ਵਿਸ਼ਵ ਯੁੱਧ ਹੋ ਸਕਦਾ ਹੈ, ਜੋ ਵਿਨਾਸ਼ਕਾਰੀ ਹੋਵੇਗਾ।

## ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਦਾ ਜਨਮ ਦਿਹਾੜਾ

**ਮੋਗਾ, (ਇਕਬਾਲ ਸਿੰਘ ਖਹਿਰਾ)** ਮਹਾਤਮਾ ਗਾਂਧੀ ਦੀ 155ਵੀ ਗਾਂਧੀ ਜਯੰਤੀ ਗਾਂਧੀ ਕੂਟੀਰ ਡਾ ਸ਼ਾਮ ਲਾਲ ਥਾਪਰ ਕਾਲਜ ਵਿੱਚ ਮਨਾਈ ਗਈ। ਡਾ ਮਾਲਤੀ ਥਾਪਰ ਸਾਬਕਾ ਮੰਤਰੀ ਪੰਜਾਬ ਤੇ ਕਾਲਜ ਦੇ ਚੈੱਅਰਮੈਨ ਅਤੇ ਡਾ ਪਵਨ ਥਾਪਰ ਪ੍ਰਧਾਨ ਹਰਿਜੰਨ ਸੈਵਕ ਸੰਘ ਅਤੇ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਨੇ ਉਹਨਾ ਦੇ ਤਸਵੀਰਾਂ ਉੱਪਰ ਫੁੱਲ ਅਰਪਤ ਕੀਤੇ। ਇਸ ਮੌਕੇ ਡਾ. ਪਵਨ ਥਾਪਰ ਨੇ ਗਾਂਧੀ ਜੀ ਦੇ ਫਲਸਫੇ 'ਤੇ ਆਪਣੇ ਕੀਮਤੀ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਦੁਨੀਆ ਦੇ ਹਰ ਦੇਸ਼ ਅੰਦਰ ਗਾਂਧੀ ਜੀ ਦੇ ਸਮਾਰਕ ਬਣੇ ਹੋਏ ਹਨ। ਡਾ ਮਾਲਤੀ ਥਾਪਰ ਸਾਬਕਾ ਮੰਤਰੀ ਨੇ ਗਾਂਧੀ ਜੀ ਦੇ ਦਿਖਾਏ ਹੋਏ ਰਸਤੇ 'ਤੇ ਚੱਲਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਗਾਂਧੀ ਜੀ ਦਾ ਰਸਤਾ ਇੱਕ ਤੰਦਰੁਸਤ ਸਮਾਜ ਦੀ ਸਿਰਜਣਾ ਲਈ ਬਹੁਤ ਜ਼ਰੂਰੀ ਹੈ।

## ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੀ ਮਹੀਨਾਵਾਰੀ ਮੀਟਿੰਗ



**ਜਗਰਾਉਂ (ਅਮਿਤ ਖੰਨਾ)** ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ: 133 ਦੀ ਮਹੀਨਾਵਾਰੀ ਮੀਟਿੰਗ ਪ੍ਰਧਾਨ ਜਿੰਦਰਪਾਲ ਧੀਮਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਮਗੜ੍ਹੀਆ ਘਰ ਵਿੱਚ ਹੋਈ।ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਮਹੀਨਾਵਾਰ ਮੀਟਿੰਗ ਕਰਨ ਦਾ ਮੁੱਖ ਮੰਤਵ ਠੇਕੇਦਾਰਾ ਨੂੰ ਆ ਰਹੀ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ।ਮੀਟਿੰਗ ਵਿੱਚ ਸੰਸਥਾ ਵੱਲੋਂ ਭਵਿੱਖ ਵਿੱਚ ਲਾਏ ਜਾਣ ਵਾਲੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਕੀਤਾ ਗਿਆ ਤੇ ਜਗਰਾਉਂ ਨਿਵਾਸੀਆਂ ਨੂੰ ਵਾਤਾਵਰਣ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ ਕੀਤੀ ਗਈ ਤੇ ਬਾਬਾ ਵਿਸ਼ਕਰਮਾ ਜੀ ਦਾ ਆਗਮਨ ਦਿਹਾੜਾ ਵੀ 2 ਨਵੰਬਰ ਨੂੰ ਬੜੀ ਧੂਮ-ਧਾਮ ਨਾਲ ਮਨਾਇਆ ਜਾਵੇਗਾ।

## ਸਵੱਛ ਭਾਰਤ ਦਿਵਸ ਮੌਕੇ ਕੈਂਪ ਲਾਇਆ

**ਮੋਰਿੰਡਾ (ਜੈਜ਼ੀ ਸਰਦਾਰ)** ਸਵੱਛ ਭਾਰਤ ਦਿਵਸ ਤੇ ਸਵੱਛਤਾ ਹੀ ਸੇਵਾ 2024 ਦੇ ਸਮਾਪਤੀ ਸਮਾਰੋਹ ਨੂੰ ਮੁੱਖ ਰੱਖਦਿਆਂ ਤੇ ਕਾਰਜ ਸਾਧਕ ਅਫਸਰ ਸ਼੍ਰੀ ਪਰਵਿੰਦਰ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਵੱਲੋਂ ਨਗਰ ਕੌਂਸਲ ਵਿਖੇ ਕੰਮ ਕਰਦੇ ਸਫ਼ਾਈ ਕ੍ਰਮਚਾਰੀਆ ਲਈ ਸਫ਼ਾਈ ਮਿੱਤਰ ਸੁਰੱਖਿਆ ਸ਼ਿਵਰ ਲਾਇਆ ਗਿਆ।ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਵਿਧਾਇਕ ਸ਼੍ਰੀ ਚਰਨਜੀਤ ਸਿੰਘ ਵੱਲੋਂ ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਸਫ਼ਾਈ ਸੇਵਕਾ ਨੂੰ ਸੇਫਟੀ ਕਿੱਟਾਂ ਦੀ ਵੰਡ ਕੀਤੀ ਗਈ।ਪ੍ਰੋਗਰਾਮ ਦੌਰਾਨ ਸੀ.ਐਚ.ਸੀ ਮੋਰਿੰਡਾ ਦੇ ਸਟਾਫ ਵੱਲੋਂ ਸਫਾਈ ਸੇਵਕਾਂ ਦਾ ਹੈਲਥ ਚੈਕਅਪ ਕੈਂਪ ਵੀ ਲਾਇਆ ਗਿਆ। ਸਵੱਛਤਾ ਹੀ ਸੇਵਾ 2024 ਵਿੱਚ ਭਾਗ ਲੈਣ ਵਾਲੇ ਆਰੀਆ ਗਰਲਜ ਸੀਨੀ.ਸੈਕੰਡਰੀ ਸਕੂਲ, ਭਾਈ ਨੰਦ ਲਾਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤੇ ਸ਼ਿਨਵੰਦਾ ਸੀਨੀਅਰ ਸੈਕੰਡਰੀ ਸਕੂਲ ਨੂੰ ਮੁੱਖ ਮਹਿਮਾਨ ਜੀ ਵੱਲੋਂ ਸਨਮਾਨਤ ਕੀਤਾ ਗਿਆ ਅਤੇ ਇਸ ਸਵੱਛਤਾ ਹੀ ਸੇਵਾ 2024 ਦੌਰਾਨ ਕੀਤੀਆਂ ਗਈਆਂ ਗਤੀਵਿਧੀਆ ਵਿੱਚ ਵਧੀਆ ਕੰਮ ਕਰਨ ਵਾਲੇ ਸਫਾਈ ਸੇਵਕਾ ਨੂੰ ਸਨਮਾਨਤ ਕੀਤਾ ਗਿਆ।ਮੁੱਖ ਮਹਿਮਾਨ ਐਮ.ਐਲ.ਏ ਸ਼੍ਰੀ ਚਰਨਜੀਤ ਸਿੰਘ ਵੱਲੋਂ ਸਫਾਈ ਸੇਵਕਾ ਨਾਲ ਚਾਹ ਦਾ ਕੱਪ ਸਾਂਝਾ ਕੀਤਾ ਗਿਆ।

## ਪੰਜਾਬ ਸਰਕਾਰ ਦੇ ਹੁਕਮ ਛੋਟੀ ਕਿਸਾਨੀ ਲਈ ਮਾਰੂ : ਬਦਰਾ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਰਨਾਲਾ ਦੇ ਜਨਰਲ ਸਕੱਤਰ ਜਰਨੈਲ ਸਿੰਘ ਬਦਰਾ ਨੇ ਦੱਸਿਆ ਕਿ ਜੋ ਸਰਕਾਰ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ, ਇਹ ਛੋਟੇ ਕਿਸਾਨ ਲਈ ਮਾਰੂ ਹਨ ਤੇ ਨਿਰੀ ਧੱਕੇਸ਼ਾਹੀ ਹੈ, ਕਿਉਂਕਿ ਉਨ੍ਹਾਂ ਕੋਲ ਸਾਧਨ ਨਹੀਂ ਹੁੰਦੇ। ਕਟਾਈ ਸੀਮਤ ਸਮੇਂ 'ਚ ਫ਼ਸਲ ਕਿਰਾਏ ਤੇ ਹਾਰਵੈਸਟਰ ਮਸ਼ੀਨ ਦੀ ਉਪਲਬਧਤਾ ਅਨੁਸਾਰ ਫਸਲ ਵਢਾਉਣੀ ਪੈਂਦੀ ਹੈ। ਸਰਕਾਰ ਨੂੰ ਕਿਸਾਨ ਵਿਰੋਧੀ ਹਦਾਇਤ ਫੌਰੀ ਵਾਪਸ ਲੈਣ ਦੀ ਮੰਗ ਕਰਦਿਆਂ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੂੰ ਚਿਤਾਵਨੀ ਵੀ ਹੈ ਕਿ ਉਹ ਕਿਸਾਨ ਦੀ ਝੋਨੇ ਦੀ ਫ਼ਸਲ ਸਬੰਧੀ ਖੱਜਲ ਖੁਆਰੀ ਨਹੀਂ ਹੋਣ ਦਿੱਤੀ ਜਾਵੇਗੀ ਤੇ ਪਿੰਡ ਵਜੀਦਕੇ ਕਲਾਂ ਦੇ ਕਿਸਾਨ ਸਰੂਪ ਸਿੰਘ ਪੁੱਤਰ ਜੱਗਰ ਸਿੰਘ ਵੱਲੋਂ ਆਪਣੇ ਪੰਜ ਏਕੜ ਖੇਤ ਦਾ ਝੋਨਾ ਵੱਢ ਕੇ ਤਿੰਨ ਟਰਾਲੀਆਂ ਵਿੱਚ ਬਰਨਾਲਾ ਮੰਡੀ ਵਿੱਚ ਤਿੰਨ ਢੇਰੀਆਂ ਬਣਾ ਕੇ ਮੰਡੀ ਫੜ 'ਤੇ ਲਾਹਿਆ। ਪੰਜਾਬ ਸਰਕਾਰ ਤੇ ਮੰਡੀ ਬੋਰਡ ਦੇ ਅਧਿਕਾਰੀਆਂ ਵੱਲੋਂ ਸਖਤੀ ਦਿਖਾਉਂਦਿਆਂ ਕਿਸਾਨ ਨੂੰ ਕਿਹਾ ਕਿ ਤੇਰੇ ਝੋਨੇ ਵਿੱਚ ਨਮੀ ਵੱਧ ਹੈ। ਇਸ ਨੂੰ ਚੁੱਕ ਕੇ ਲੈ ਜਾਹ, ਪਰ ਕਿਸਾਨ ਛੋਟੀ ਕਿਸਾਨੀ ਵਿੱਚੋਂ ਹੈ। ਉਹ ਦੂਹਰਾ ਖਰਚ ਨਹੀਂ ਕਰਦਾ। ਜੇਕਰ ਮੰਡੀ ਬੋਰਡ ਵੱਲੋਂ ਨਰਮੀ ਨਾ ਕੀਤੀ ਤਾਂ ਇਸ ਲਈ ਸਖਤ ਤੋਂ ਸਖਤ ਐਕਸ਼ਨ ਕਰਨ ਲਈ ਮਜਬੂਰ ਹੋਵਾਂਗੇ।

# ਕਾਲੇ ਦੁਪੱਟੇ ਲੈ ਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਰਵਨੀਤ ਸਿੰਘ ਬਿੱਟੂ ਦੇ ਘਰ ਅੱਗੇ ਕੀਤਾ ਪ੍ਰਦਰਸ਼ਨ



**ਲੁਧਿਆਣਾ (ਪੱਤਰ ਪ੍ਰੇਰਕ)** ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਤੇ ਮਸਲਿਆਂ ਨੂੰ ਲੈ ਕੇ ਲੁਧਿਆਣਾ ਵਿਖੇ ਭਾਰਤੀ ਜਨਤਾ ਪਾਰਟੀ ਦੇ ਆਗੂ ਤੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਘਰ ਅੱਗੇ ਕਾਲੇ ਦੁਪੱਟੇ ਲੈ ਕੇ ਤੇ ਆਪਣੀਆਂ ਮੰਗਾਂ ਵਾਲੀਆਂ ਤਖ਼ਤੀਆਂ ਤੇ ਬੈਨਰ ਹੱਥਾਂ ਵਿੱਚ ਫੜ ਕੇ ਰੋਸ ਪ੍ਰਦਰਸ਼ਨ ਕੀਤਾ।ਜਿਸ ਦੌਰਾਨ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਸ਼ਮੂਲੀਅਤ ਕੀਤੀ ਅਤੇ ਕੇਂਦਰ ਸਰਕਾਰ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਯੂਨੀਅਨ ਦੀ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੇ ਕੀਤੀ।

ਹਰਗੋਬਿੰਦ ਕੌਰ ਨੇ ਕਿਹਾ ਕਿ 2 ਅਕਤੂਬਰ 1975 ਨੂੰ ਦੇਸ਼ ਭਰ ਵਿੱਚ ਆਂਗਣਵਾੜੀ ਸੈਂਟਰਾਂ ਨੂੰ ਖੋਲਿਆ ਗਿਆ ਸੀ ਤੇ ਹੁਣ 50 ਸਾਲ ਹੋਣ ਵਾਲੇ ਹਨ, ਪਰ ਐਨੇ ਲੰਮੇ ਸਮੇਂ ਵਿੱਚ ਵੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਗਿਆ, ਜਦੋਂ ਕਿ ਬਾਕੀ ਵਿਭਾਗਾਂ ਦੇ ਸਾਰੇ ਮੁਲਾਜ਼ਮ ਪੱਕੇ ਹਨ।ਉਨ੍ਹਾਂ ਕਿਹਾ ਕਿ ਪਿਛਲੇਂ 6 ਸਾਲਾਂ ਤੋਂ ਕੇਂਦਰ ਸਰਕਾਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣਭੱਤੇ ਵਿੱਚ ਨਿੱਕੇ ਪੈਸੇ ਦਾ ਵਾਧਾ ਨਹੀਂ ਕੀਤਾ।ਕੇਂਦਰ ਸਰਕਾਰ ਆਂਗਣਵਾੜੀ ਵਰਕਰ ਨੂੰ 4500 ਰੁਪਏ ਤੇ ਹੈਲਪਰ ਨੂੰ 2250 ਰੁਪਏ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੀਆਂ 28 ਲੱਖ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਸਰਕਾਰ ਸੋਸ਼ਣ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਜੇ ਤੱਕ ਸਾਰੇ ਆਂਗਣਵਾੜੀ ਸੈਂਟਰਾਂ ਦੀਆਂ ਸਰਕਾਰੀ ਇਮਾਰਤਾਂ ਨਹੀਂ ਬਣਾਈਆਂ ਗਈਆਂ ਅਤੇ ਅੱਧੋ ਵੱਧ ਆਂਗਣਵਾੜੀ ਸੈਂਟਰ ਸਹੂਲਤਾਂ ਤੋਂ ਸੱਖਣੇ ਪਏ ਹਨ।ਸੈਂਟਰਾਂ ਦੀਆਂ ਛੱਤਾਂ ਡਿੱਗ ਰਹੀਆਂ ਹਨ।ਹਰਗੋਬਿੰਦ ਕੌਰ ਨੇ ਸਮੂਹ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਅਤੇ ਧੱਕੇਸ਼ਾਹੀ ਦੇ ਖਿਲਾਫ ਲੜਨ ਲਈ ਯੂਨੀਅਨ ਦਾ ਸਾਥ ਦਿਉ ਤੇ ਹਰ ਸੰਘਰਸ਼ ਵਿੱਚ ਸ਼ਾਮਲ ਹੋਵੋ ਤਾਂ ਜੁ ਆਪਣੇ ਹੱਕ ਲਏ ਜਾ ਸਕਣ।

# ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਬ੍ਰਾਂਚ ਦੀ ਚੋਣ ਕਾਨਫਰੰਸ



**ਮੋਗਾ, (ਇਕਬਾਲ ਸਿੰਘ ਖਹਿਰਾ)** ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਚੋਣ ਕਾਨਫਰੰਸ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿੱਚ ਹੋਈ। ਜਥੇਬੰਦੀ ਦੇ ਸੂਬਾਈ ਆਗੂ ਜਗਦੀਸ਼ ਸਿੰਘ ਚਾਹਲ, ਬਚਿੱਤਰ ਸਿੰਘ ਧੋਥੜ, ਗੁਰਜੰਟ ਸਿੰਘ ਕੋਕਰੀ, ਗੁਰਦੀਪ ਸਿੰਘ ਮੁੱਲਾਂਪੁਰ, ਦੀਦਾਰ ਸਿੰਘ ਪੱਟੀ ਉਚੇਚੇ ਤੌਰ ਤੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਵਿਰੁੱਧ ਸੰਘਰਸ਼ ਤੇਜ਼ ਕਰਨ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਵਾਅਦਿਆਂ ਤੋਂ ਮੁਕਰੀ ਭਗਵੰਤ ਮਾਨ ਸਰਕਾਰ ਨੂੰ ਲੋਕ ਚੋਣਾਂ ਵਿੱਚ ਸਬਕ ਸਿਖਾਉਣਗੇ। 21 ਅਕਤੂਬਰ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ ਬਰਸੀ ਤਿਆਰੀ ਸਬੰਧੀ ਕਮੇਟੀਆਂ ਬਣਾਈਆਂ ਗਈਆਂ ਹਨ। ਇਸ ਇਕੱਤਰਤਾ ਸਮੇਂ ਇਕੱਠੇ ਹੋਏ ਮੁਲਾਜ਼ਮਾਂ ਨੇ ਵਧ-ਚੜ੍ਹ ਕੇ ਬਰਸੀ ਸਮਾਗਮ ਲਈ ਫੰਡ ਦਿੱਤਾ। ਚੋਣ ਦੀ ਕਾਰਵਾਈ ਸ਼ੁਰੂ ਕਰਦਿਆਂ ਪ੍ਰਧਾਨ ਜਗਪਾਲ ਸਿੰਘ ਨੇ ਪਹਿਲੀ ਕਮੇਟੀ ਨੂੰ ਭੰਗ ਕਰ ਦਿੱਤਾ ਤੇ ਅਗਲੀ ਕਾਰਵਾਈ ਸੁਰਿੰਦਰ ਸਿੰਘ ਬਰਾੜ ਨੇ ਨਿਭਾਈ। ਬਚਿੱਤਰ ਸਿੰਘ ਧੋਥੜ ਨੇ ਨਵੀਂ ਕਮੇਟੀ ਦੇ ਨਾਵਾਂ ਦੀ ਸੂਚੀ ਪੇਸ਼ ਕੀਤੀ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ। ਨਵੀਂ ਚੁਣੀ ਟੀਮ ਵਿੱਚ ਚੇਅਰਮੈਨ ਸਤਪਾਲ ਸਿੰਘ ਭਿੰਡਰ, ਰਜਾਵੀਰ ਸਿੰਘ ਪ੍ਰਧਾਨ, ਮਨਦੀਪ ਮਖੂ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਕੈਸ਼ੀਅਰ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿਵੀਆ ਚੁਣੇ ਗਏ।

ਇਸ ਮੌਕੇ ਮਨਪ੍ਰੀਤ ਸਿੰਘ, ਜੁਗਰਾਜ ਸਿੰਘ ਬੁੱਟਰ, ਗਗਨਜੀਤ ਸਿੰਘ, ਹਰਮੀਤ ਸਿੰਘ, ਜਸਵੀਰ ਦਿੜ੍ਹਬਾ, ਦਿਲਬਾਗ ਸਿੰਘ ਅਤੇ ਹੋਰ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ 8-9 ਨਵੰਬਰ ਨੂੰ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਜ਼ ਯੂਨੀਅਨ ਦੀ ਸੂਬਾਈ ਕਮੇਟੀ ਦੀ ਚੋਣ ਕਾਨਫਰੰਸ ਤਰਨਤਾਰਨ ਦੇ ਬੱਸ ਅੱਡੇ ਵਿੱਚ ਕੀਤੀ ਜਾ ਰਹੀ ਹੈ। ਚੋਣ ਕਾਨਫਰੰਸ ਦੇ ਸ਼ੁਰੂ ਵਿੱਚ 8 ਨਵੰਬਰ ਨੂੰ ਬਜ਼ਾਰਾਂ ਵਿੱਚ ਵੱਡੀ ਰੈਲੀ ਕੀਤੀ ਜਾਵੇਗੀ। ਇਸ ਚੋਣ ਕਾਨਫਰੰਸ ਦੇ ਖਰਚ ਤੇ ਪ੍ਰਬੰਧ ਦਾ ਜ਼ਿੰਮਾ ਪੱਟੀ ਡਿਪੂ ਦੇ ਮੁਲਾਜ਼ਮਾਂ ਨੇ ਲਿਆ ਹੈ।

# 5,000 ਰੁਪਏ ਰਿਸ਼ਵਤ ਲੈਂਦਾ ਮੁੱਖ ਮੁਨਸ਼ੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ



**ਬਠਿੰਡਾ (ਪਰਵਿੰਦਰਜੀਤ ਸਿੰਘ)** ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਸੀ.ਆਈ.ਏ. ਸਟਾਫ਼ ਵਿੱਚ ਮੁੱਖ ਮੁਨਸ਼ੀ ਵਜੋਂ ਤਾਇਨਾਤ ਹੌਲਦਾਰ ਸਤਨਾਮ ਸਿੰਘ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫਤਾਰੀ ਸ੍ਰੀ ਮੁਕਤਸਰ ਸਾਹਿਬ ਦੀ ਵਸਨੀਕ ਪਰਵੀਨ ਕੌਰ ਦੀ ਸ਼ਿਕਾਇਤ ਦੀ ਪੜਤਾਲ ਤੋਂ ਬਾਅਦ ਕੀਤੀ ਗਈ ਹੈ।ਸ਼ਿਕਾਇਤ ਅਨੁਸਾਰ ਹੌਲਦਾਰ ਸਤਨਾਮ ਸਿੰਘ ਨੇ ਸ਼ਿਕਾਇਤਕਰਤਾ ਨੂੰ ਧਮਕੀ ਦਿੱਤੀ ਸੀ ਕਿ ਉਸਦਾ ਲੜਕਾ ਚੋਰੀ ਦਾ ਮੋਬਾਈਲ ਫੋਨ ਵਰਤ ਰਿਹਾ ਹੈ ਤੇ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਲਈ 50,000 ਰੁਪਏ ਦੀ ਮੰਗ ਕੀਤੀ ਗਈ।ਹਾਲਾਂਕਿ ਉਸਨੇ ਆਪਣੇ ਲੜਕੇ ਦੁਆਰਾ ਖਰੀਦੇ ਗਏ ਫੋਨ ਦਾ ਬਿੱਲ ਅਤੇ ਡੱਬਾ ਉਕਤ ਮੁਲਾਜ਼ਮ ਨੂੰ ਸੌਂਪ ਦਿੱਤਾ ਸੀ, ਪਰ ਇਸਦੇ ਬਾਵਜੂਦ ਵੀ ਪੁਲਿਸ ਮੁਲਾਜ਼ਮ ਨੇ ਸ਼ਿਕਾਇਤਕਰਤਾ ਤੋਂ 8,000 ਰੁਪਏ ਰਿਸ਼ਵਤ ਲਈ ਤੇ ਉਸਦੇ ਪੁੱਤਰ ਨੂੰ ਇਸ ਚੋਰੀ ਦੇ ਫੋਨ ਮਾਮਲੇ ਵਿੱਚ ਸ਼ਾਮਲ ਨਾ ਕਰਨ ਬਦਲੇ 5,000 ਰੁਪਏ ਹੋਰ ਦੇਣ ਦੀ ਵੀ ਮੰਗ ਕੀਤੀ।

ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗ ਰਹੇ ਇਸ ਪੁਲਸ ਮੁਲਾਜ਼ਮ ਦੀ ਗੱਲਬਾਤ ਰਿਕਾਰਡ ਕਰ ਲਈ ਸੀ ਅਤੇ ਮੱਦਦ ਲਈ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਹੌਲਦਾਰ ਸਤਨਾਮ ਸਿੰਘ ਨੂੰ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਦੂਜੀ ਕਿਸ਼ਤ ਵਸੂਲਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।ਇਸ ਸਬੰਧੀ ਦੋਸ਼ੀ ਪੁਲਸ ਮੁਲਾਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਹੈ।ਮੁਲਜ਼ਮ ਨੂੰ ਕੱਲ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

## ਆੜ੍ਹਤੀਆ ਭਾਈਚਾਰੇ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ



**ਧੂਰੀ (ਸੁਖਦੇਵ ਧੂਰੀ)** ਆੜ੍ਹਤੀਆ ਭਾਈਚਾਰੇ ਵੱਲੋਂ ਮਾਰਕੀਟ ਕਮੇਟੀ ਵਿਖੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਗਤਾਰ ਸਿੰਘ ਸਮਰਾ ਦੀ ਅਗਵਾਈ ਹੇਠ ਆਪਣੀਆਂ ਮੰਗਾਂ ਨੂੰ ਲੇ ਕੇ ਧਰਨਾ ਲਾਇਆ ਗਿਆ ਤੇ ਸਰਕਾਰਾਂ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਪ੍ਰਧਾਨ ਜਗਤਾਰ ਸਿੰਘ ਸਮਰਾ ਨੇ ਕਿਹਾ ਕਿ ਆੜ੍ਹਤੀਆਂ ਦੀ ਮੁੱਖ ਮੰਗ ਹੈ ਕਿ ਸਾਰੀਆਂ ਫਸਲਾਂ ਦੀ ਆੜ੍ਹਤ 'ਚ 2.5 ਫ਼ੀਸਦ ਦਾ ਵਾਧਾ ਕੀਤਾ ਜਾਵੇ, ਜਿਨ੍ਹਾਂ ਨੂੰ ਅਜੇ ਤੱਕ ਅੱਧੀ ਵੀ ਆੜ੍ਹਤ ਨਹੀਂ ਮਿਲੀ ਹੈ, ਉਹ ਤੁਰੰਤ ਦਿੱਤੀ ਜਾਵੇ ਤੇ ਨਰਮੇ ਦੀ ਫਸਲ 'ਤੇ ਵੀ ਆੜ੍ਹਤ 2.5 ਫੀਸਦ ਵਧਾਈ ਜਾਵੇ।ਇਸ ਮੌਕੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਵੀ ਆੜ੍ਹਤੀਆਂ ਦੇ ਸੰਘਰਸ਼ ਦਾ ਸਮਰਥਨ ਕੀਤਾ।

ਇਸ ਮੌਕੇ ਪ੍ਰਧਾਨ ਜਗਤਾਰ ਸਿੰਘ ਸਮਰਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਆੜ੍ਹਤੀਆ ਭਾਈਚਾਰੇ ਦੀ ਢਾਈ ਪ੍ਰਤੀਸ਼ਤ ਕਮੀਸ਼ਨ ਬੰਦ ਕਰ ਦਿੱਤੀ ਹੈ।ਉਨ੍ਹਾਂ ਕਿਹਾ ਕਿ ਆੜ੍ਹਤੀਆ ਭਾਈਚਾਰੇ ਦੀਆਂ ਮੰਗਾਂ ਸਬੰਧੀ ਕੇਂਦਰ ਸਰਕਾਰ ਕੋਲ ਪੰਜਾਬ ਸਰਕਾਰ ਨੂੰ ਵੀ ਗੰਭੀਰਤਾ ਨਾਲ ਮਾਮਲਾ ਉਠਾਉਣਾ ਚਾਹੀਦਾ ਹੈ।

## ਕੁਸ਼ਟ ਆਸ਼ਰਮ 'ਚ ਦਵਾਈਆਂ ਵੰਡੀਆਂ

**ਮਾਨਸਾ (ਆਤਮਾ ਸਿੰਘ ਪਮਾਰ)** ਨੈਸ਼ਨਲ ਲੈਪਰੋਸੀ ਇਰੈਡੀਕੇਸ਼ਨ ਪ੍ਰੋਗਰਾਮ ਅਧੀਨ ਸਰਕਾਰ ਵੱਲੋਂ ਮਨਾਏ ਜਾ ਰਹੇ ਗਾਂਧੀ ਜੈਅੰਤੀ ਮੌਕੇ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਤੇ ਡਿਪਟੀ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾਕਟਰ ਹਰਦੇਵ ਸਿੰਘ ਸਿਵਲ ਸਰਜਨ ਦੀ ਯੋਗ ਅਗਵਾਈ ਹੇਠ ਕੁਸ਼ਟ ਆਸ਼ਰਮ ਠੂਠਿਆਂਵਾਲੀ ਰੋਡ ਮਾਨਸਾ ਵਿਖੇ ਡਾ. ਨਿਸ਼ਾਂਤ ਗੁਪਤਾ (ਚਮੜੀ ਰੋਗ ਮਾਹਿਰ) ਨੇ ਲੋੜਵੰਦ ਪਰਵਾਰਾਂ ਨੂੰ ਦਵਾਈਆਂ ਦੀ ਵੰਡ ਕੀਤੀ ਤੇ ਉਨ੍ਹਾਂ ਨੂੰ ਆਪਣੀ ਸਿਹਤ ਸੰਭਾਲ ਪ੍ਰਤੀ ਜਾਣਕਾਰੀ ਦਿੱਤੀ।

ਕੁਸ਼ਟ ਰੋਗੀਆਂ ਨੂੰ ਡਾਕਟਰ ਦੀ ਸਲਾਹ ਅਨੁਸਾਰ ਸਹੀ ਤੇ ਜਲਦ ਤੋਂ ਜਲਦ ਇਲਾਜ ਕਰਾਉਣ ਲਈ ਪ੍ਰੇਰਤ ਕੀਤਾ ਅਤੇ ਕਿਹਾ ਕਿ ਕੁਸ਼ਟ ਰੋਗ ਇਲਾਜਯੋਗ ਹੈ। ਇਸ ਬਿਮਾਰੀ ਦੀਆਂ ਦਵਾਈਆਂ ਸਾਰੇ ਸਰਕਾਰੀ ਹਸਪਤਾਲਾਂ ਵਿੱਚੋਂ ਦਵਾਈਆਂ ਬਿਲਕੁੱਲ ਮੁਫ਼ਤ ਮਿਲਦੀਆਂ ਹਨ।ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਜੇਕਰ ਕੁਸ਼ਟ ਰੋਗ ਦੇ ਲੱਛਣਾਂ ਵਾਲਾ ਕੋਈ ਵੀ ਵਿਅਕਤੀ ਆਪਣੇ ਆਲੇ ਦੁਆਲੇ ਨਜ਼ਰ ਆਉਂਦਾ ਹੈ ਤਾਂ ਉਸ ਨੂੰ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾਣ ਲਈ ਪ੍ਰੇਰਿਤ ਕਰੀਏ ਨਾਲ ਹੀ ਉਨ੍ਹਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਕੁਸ਼ਟ ਰੋਗੀਆਂ ਨਾਲ ਭੇਦਭਾਵ ਨਹੀਂ ਕਰਨਾ ਚਾਹੀਦਾ, ਸਗੋਂ ਉਨ੍ਹਾਂ ਦੀ ਮਦਦ ਕਰਨੀ ਸਾਨੂੰ ਅੱਗੇ ਆਉਣਾ ਚਾਹੀਦਾ ਹੈ।

# 'ਆਪ' ਸਰਕਾਰ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਾਂਗੇ : ਸੁਖਵਿੰਦਰ ਸਿੰਘ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** ਪੰਚਾਇਤੀ ਚੋਣਾਂ ਦੇ ਐਲਾਨ ਮਗਰੋਂ ਜਿੱਥੇ ਪਿੰਡਾਂ ਦੇ ਅੰਦਰ ਸਰਪੰਚੀ ਨੂੰ ਲੈ ਕੇ ਕਸ਼ਮਕਸ਼ ਚੱਲ ਰਹੀ ਹੈ, ਉਥੇ ਹੀ ਬਲਾਕ ਸੰਗਰੂਰ ਦੇ ਪਿੰਡ ਸਤੀਪੁਰਾ ਦੇ ਵਿੱਚ ਸਰਪੰਚੀ ਦੇ ਰਾਖਵੇਂਕਰਨ ਨੂੰ ਲੈ ਕੇ ਉਥੋਂ ਦੇ ਸਰਪੰਚ ਸੁਖਵਿੰਦਰ ਸਿੰਘ ਨੇ 'ਆਪ' ਸਰਕਾਰ 'ਤੇ ਤਿੱਖੇ ਹਮਲੇ ਕੀਤੇ ਹਨ।ਉਨ੍ਹਾਂ ਕਿਹਾ ਪਿੰਡ ਸਤੀਪੁਰਾ ਵਿੱਚ ਇੱਕ ਵੀ ਵੋਟ ਅਨੁਸੂਚਿਤ ਜਾਤੀ ਦੀ ਨਹੀਂ ਹੈ। ਇਸਦੇ ਬਾਵਜੂਦ ਇਸ ਪਿੰਡ ਨੂੰ ਅਨੁਸੂਚਿਤ ਜਾਤੀ ਔਰਤ ਸਰਪੰਚ ਲਈ ਰਾਖਵਾਂ ਕੀਤਾ ਗਿਆ ਹੈ, ਜੋ 'ਆਪ' ਦਾ ਸ਼ਰੇਆਮ ਧੱਕਾ ਹੈ ਅਤੇ ਪਿੰਡ ਦੀ ਸਰਪੰਚੀ ਨੂੰ ਰਿਜ਼ਰਵ ਕਰਨ ਲਈ ਕਸਬਾ ਲੌਂਗੋਵਾਲ ਤੇ ਅੱਗੇ ਕੀਤੇ ਘੜੰਮ ਚੌਧਰੀਆਂ ਨੂੰ ਵੀ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਨੂੰ ਸਰਪੰਚ ਬਣਨ ਦਾ ਐਨਾ ਹੀ ਸ਼ੌਕ ਰੱਖਦੇ ਹਨ ਤਾਂ ਉਹ ਖੁਦ ਚੋਣ ਕਿਉਂ ਨਹੀਂ ਲੜ ਸਕਦੇ? ਉਨ੍ਹਾਂ ਕਿਹਾ 'ਆਪ' ਦੀ ਧੱਕੇਸ਼ਾਹੀ ਅਸੀਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਾਂਗੇ।

ਸੁਖਵਿੰਦਰ ਚਹਿਲ ਦਾ ਕਹਿਣਾ ਹੈ ਸਾਡੇ ਪਿੰਡ ਅੰਦਰ ਕੁੱਲ 523 ਵੋਟਾਂ ਜਨਰਲ ਹਨ, ਜਿਨ੍ਹਾਂ ਵਿੱਚ 275 ਪੁਰਸ਼ ਅਤੇ 248 ਇਸਤਰੀ ਵੋਟਾਂ ਹਨ।ਇਹ ਵੋਟਰ ਸੂਚੀ 7 ਜਨਵਰੀ 2024 ਦੇ ਅਨੁਸਾਰ ਪੋਲਿੰਗ ਸਟੇਸ਼ਨ ਨੰਬਰ 98 ਤੇ ਦਰਜ ਹਨ।ਉਨ੍ਹਾਂ ਕਿਹਾ ਸਾਡਾ ਪਰਵਾਰ ਪਿੰਡ ਸਤੀਪੁਰਾ ਦੀ ਸਰਪੰਚੀ ਪਿਛਲੇ ਚਾਰ ਪਲਾਨ ਤੋਂ ਜਿੱਤਦਾ ਆ ਰਿਹਾ ਹੈ, ਜਿਸ ਦਾ ਮੁੱਖ ਕਾਰਨ ਇਹੀ ਹੈ ਕਿ ਸਤੀਪੁਰਾ ਵਿੱਚ ਮੇਰੇ ਖਿਲਾਫ ਚੋਣ ਲੜਨ ਦੇ ਲਈ ਆਪ ਵਾਲਿਆਂ ਕੋਲ ਇੱਕ ਵੀ ਵਿਅਕਤੀ ਨਹੀਂ ਹੈ।ਪਿਛਲੇ ਲੰਮੇ ਅਰਸੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਦੇ ਪਰਵਾਰ ਦਾ ਸਰਪੰਚੀ ਉੱਤੇ ਕਬਜ਼ਾ ਹੈ ਅਤੇ ਲੋਕਾਂ ਨਾਲ ਪਿਆਰ ਬਣਾਇਆ ਹੋਇਆ ਹੈ।ਇਸ ਪਰਵਾਰ ਨੂੰ ਜਦੋਂ ਸਰਪੰਚੀ ਤੋਂ ਲਾਂਭੇ ਕਰਨ ਦਾ ਕੋਈ ਹੋਰ ਚਾਰਾ ਨਹੀਂ ਚੱਲਿਆ ਤਾਂ ਬਦਲਾਅ ਦੇ ਨਾਂਅ ਹੇਠ ਆਈ ਆਪ ਦੀ ਸਰਕਾਰ ਨੇ ਪ੍ਰਸ਼ਾਸਨ ਨਾਲ ਮਿਲੀਭੁਗਤ ਕਰਕੇ ਅਧਿਕਾਰੀਆਂ ਤੋਂ ਪਿੰਡ ਸਤੀਪੁਰਾ ਨੂੰ ਸਰਪੰਚੀ ਲਈ ਰਾਖਵਾਂ ਕਰਾ ਦਿੱਤਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹਲਕਾ ਇੰਚਾਰਜ ਰਜਿੰਦਰ ਦੀਪਾ ਦਾ ਕਹਿਣਾ ਹੈ ਕਿ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਆਮ ਆਦਮੀ ਨੇ ਆਪਣੀ ਹਾਰ ਕਬੂਲ ਕਰ ਲਈ ਹੈ ਤੇ ਜੇਕਰ 'ਆਪ' ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਆਪਣੇ ਵਿੱਚ ਦਮ ਰੱਖਦੇ ਹਨ ਤਾਂ ਪਿੰਡ ਸਤੀਪੁਰਾ ਵਿੱਚ ਸੁਖਵਿੰਦਰ ਸਿੰਘ ਚਹਿਲ ਦੇ ਖਿਲਾਫ਼ ਆਪਣਾ ਉਮੀਦਵਾਰ ਖੜ੍ਹਾ ਕਿਉਂ ਨਹੀਂ ਕਰ ਦਿੰਦੇ ਤੇ ਫਿਰ ਪਤਾ ਚੱਲ ਜਾਵੇਗਾ ਕਿ ਕਿਸ ਦੀ ਝੋਲੀ ਵਿੱਚ ਕਿੰਨੇ ਦਾਣੇ ਹਨ।ਸਰਪੰਚ ਸੁਖਵਿੰਦਰ ਸਿੰਘ ਚਹਿਲ ਵੱਲੋਂ ਮਾਨਯੋਗ ਅਦਾਲਤ ਹਾਈਕੋਰਟ ਵਿੱਚ ਆਪਣੇ ਵੱਲੋਂ ਪਟੀਸ਼ਨ ਦਾਇਰ ਕੀਤੀ ਗਈ ਹੈ।ਉਨ੍ਹਾਂ ਮੀਡੀਆ ਰਾਹੀਂ ਚੋਣ ਕਮਿਸ਼ਨ ਪੰਜਾਬ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਅਧਿਕਾਰੀਆਂ ਵੱਲੋਂ ਸਤੀਪੁਰਾ ਸਰਪੰਚ ਦੀ ਚੋਣ ਨੂੰ ਰਾਖਵਾਂ ਕੀਤਾ ਗਿਆ ਹੈ, ਉਨ੍ਹਾਂ 'ਤੇ ਬਣਦੀ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੁ ਭਵਿੱਖ ਵਿੱਚ ਕਿਸੇ ਨਾਲ ਵੀ ਇਹੋ ਜਿਹੀ ਧੱਕੇਸ਼ਾਹੀ ਨਾ ਹੋ ਸਕੇ।


**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20.09.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐਚ ਐਲ, ਐਲ ਏ ਪੀ ਅਤੇ ਐਚ ਐਲ-2 ਵਿੱਚ ਕਰਜ਼ਦਾਰ) : ਸ੍ਰੀ ਨਤੀਸ਼ ਪੁੱਤਰ ਜਤਿੰਦਰ ਕੁਮਾਰ ਵਾਸੀ ਜਗਜੀਤ ਕਾਲੋਨੀ, ਢਿੱਲਵਾਂ, ਜਲੰਧਰ, ਪੰਜਾਬ-144023
2. (ਐਚ ਐਲ, ਐਲ ਏ ਪੀ ਅਤੇ ਐਚ ਐਲ-2 ਵਿੱਚ ਕਰਜ਼ਦਾਰ) : ਸ੍ਰੀਮਤੀ ਬਬੀਤਾ ਪਤਨੀ ਜਤਿੰਦਰ ਕੁਮਾਰ ਵਾਸੀ ਮਕਾਨ ਨੰ. 327, ਜਗਜੀਤ ਕਾਲੋਨੀ, ਜਲੰਧਰ, ਪੰਜਾਬ-144023
3. (ਐਚ ਐਲ, ਐਲ ਏ ਪੀ ਅਤੇ ਐਚ ਐਲ-2 ਵਿੱਚ ਗਰੰਟਰ) : ਸ੍ਰੀ ਸਤਪਾਲ ਪੁੱਤਰ ਸ੍ਰੀ ਮਹਿੰਦਰ ਪਾਲ ਵਾਸੀ ਧੰਨੋਵਾਲੀ, ਡਾਕਖਾਨਾ ਧੰਨੋਵਾਲੀ, ਜ਼ਿਲ੍ਹਾ ਜਲੰਧਰ, ਪੰਜਾਬ-144010

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.08.2024 ਤੋਂ ਬਿਨ੍ਹਾ ਵਿਆਜ) |
|---|---|---|
| HL/013611001065 | Rs. 2,75,000/- | Rs. 2,92,969.90 |
| LAP/013602003324 | Rs. 3,00,000/- | Rs. 2,96,472.90 |
| HL-2/13611001069 | Rs. 4,25,000/- | Rs. 4,50,792.52 |

ਪ੍ਰਾਇਮਰੀ ਸਕਿਉਰਿਟੀ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 2022-23/186/1/2907 ਮਿਤੀ 17.06.2022 ਰਾਹੀਂ ਸ੍ਰੀਮਤੀ ਬਬੀਤਾ ਪਤਨੀ ਜਤਿੰਦਰ ਕੁਮਾਰ ਦੀ ਮਾਲਕੀ ਹੇਠ ਮਕਾਨ ਨੰ. 34-ਬੀ, ਸਿਮਰ ਇਨਕਲੇਵ, ਪਿੰਡ ਧੰਨੋਵਾਲੀ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 1 ਮਰਲਾ 194 ਵਰਗ ਫੁੱਟ (272 ਵਰਗ ਫੁੱਟ ਪ੍ਰਤੀ ਮਰਲਾ) ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ, ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐਸੇਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐਸੇਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐਸੇਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐਸੇਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐਸੇਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 ਸਥਾਨ : ਜਲੰਧਰ (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20.09.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਸਿਮਰਨਜੀਤ ਸਿੰਘ ਪੁੱਤਰ ਸ੍ਰੀ ਹਰਦੇਵ ਸਿੰਘ ਵਾਸੀ ਨਿਊ ਰਾਜ ਨਗਰ, ਬਸਤੀ ਬਾਵਾ ਖੇਲ, ਜਲੰਧਰ, ਪੰਜਾਬ-144021
2. (ਐਚ ਐਲ ਵਿੱਚ ਗਰੰਟਰ) : ਸ੍ਰੀ ਬਲਦੇਵ ਕੁਮਾਰ ਪੁੱਤਰ ਸ੍ਰੀ ਭਜਨ ਲਾਲ ਵਾਸੀ ਹੀਰਾਪੁਰ, ਜਲੰਧਰ, ਪੰਜਾਬ-144002

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| HL/013611000875 | Rs. 7,00,000/- | Rs. 8,53,213.60 |

ਪ੍ਰਾਇਮਰੀ ਸਕਿਉਰਿਟੀ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 2021-22/187/1/8248 ਮਿਤੀ 22-12-2021 ਰਾਹੀਂ ਸ੍ਰੀ ਸਿਮਰਨਜੀਤ ਸਿੰਘ ਪੁੱਤਰ ਸ੍ਰੀ ਹਰਦੇਵ ਸਿੰਘ ਦੀ ਮਾਲਕੀ ਹੇਠ ਪਿੰਡ ਖੈਰਾ ਮਾਝਾ, ਹਦਬਸਤ ਨੰ. 396, ਤਹਿ. ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 03 ਮਰਲੇ 219 ਵਰਗ ਫੁੱਟ ਦੇ ਸਾਰੇ ਹਿੱਸੇ। (ਵਰਤਮਾਨ 'ਚ : ਖੈਰਾ ਕਾਲੋਨੀ, ਪਿੰਡ ਖੈਰਾ ਮਾਝਾ, ਜਲੰਧਰ)।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ, ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐਸੇਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐਸੇਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐਸੇਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐਸੇਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐਸੇਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 ਸਥਾਨ : ਜਲੰਧਰ (ਅਧਿਕਾਰਤ ਅਫਸਰ)


## ...ਸ.ਫ਼ਾ 1 ਦੇ ਬਾਕੀ

### ਇਜ਼ਰਾਈਲੀ ਫੌਜ ...

ਜਹਾਜ਼ਾਂ 'ਤੇ ਮਿਜ਼ਾਈਲ ਨਹੀਂ ਲੱਗੀ।

ਹਾਲਾਂਕਿ ਇਜ਼ਰਾਈਲ ਨੇ ਕਿਹਾ ਹੈ ਕਿ ਅਮਰੀਕਾ ਦੀ ਮਦਦ ਨਾਲ ਉਸ ਨੇ ਬਹੁਤੀਆਂ ਮਿਜ਼ਾਈਲਾਂ ਹਵਾ ਵਿਚ ਹੀ ਤਬਾਹ ਕਰ ਦਿੱਤੀਆਂ, ਈਰਾਨ ਦਾ ਦਾਅਵਾ ਹੈ ਕਿ ਬਹੁਤੀਆਂ ਮਿਜ਼ਾਈਲਾਂ ਨਿਸ਼ਾਨੇ 'ਤੇ ਲੱਗੀਆਂ। ਕਿਸੇ ਦੇ ਮਰਨ ਜਾਂ ਜ਼ਖ਼ਮੀ ਹੋਣ ਦੀਆਂ ਕਿਸੇ ਪਾਸਿਓਂ ਰਿਪੋਰਟਾਂ ਨਹੀਂ ਹਨ। ਭਾਰਤ ਨੇ ਬੁੱਧਵਾਰ ਕਿਹਾ ਕਿ ਉਹ ਮੱਧ-ਪੂਰਬੀ ਖਿੱਤੇ ਵਿਚ ਹਾਲਾਤ ਉੱਤੇ ਕਰੀਬੀ ਨਜ਼ਰ ਰੱਖ ਰਿਹਾ ਹੈ। ਭਾਰਤ ਨੇ ਆਪਣੇ ਨਾਗਰਿਕਾਂ ਨੂੰ ਈਰਾਨ ਦੀ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ ਵੀ ਦਿੱਤੀ ਹੈ। ਇਸੇ ਤਰ੍ਹਾਂ ਈਰਾਨ ਵਿਚ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਵੀ ਚੌਕਸ ਰਹਿਣ ਅਤੇ ਤਹਿਰਾਨ ਸਥਿਤ ਭਾਰਤੀ ਸਫਾਰਤਖਾਨੇ ਨਾਲ ਰਾਬਤਾ ਬਣਾਈ ਰੱਖਣ ਦਾ ਸੱਦਾ ਦਿੱਤਾ ਹੈ। ਇਸ ਦੇ ਨਾਲ ਹੀ ਭਾਰਤ ਨੇ ਸਾਰੀਆਂ ਸੰਬੰਧਤ ਧਿਰਾਂ ਨੂੰ ਜ਼ਾਬਤੇ ਤੋਂ ਕੰਮ ਲੈਣ ਦਾ ਸੱਦਾ ਵੀ ਦਿੱਤਾ ਹੈ। ਭਾਰਤ ਨੇ ਕਿਹਾ ਕਿ ਜ਼ਰੂਰੀ ਹੈ ਕਿ ਇਸ ਤਣਾਅ ਨੂੰ ਹੋਰ ਫੈਲਣ ਤੋਂ ਰੋਕਿਆ ਜਾਵੇ।

### ਕੰਗਨਾ ਦੀ...

ਸੁਭਾਸ਼ ਚੰਦਰ ਬੋਸ ਨੇ ਦਿੱਤਾ ਸੀ ਅਤੇ ਨੇਤਾ ਜੀ ਬੋਸ ਨੇ ਭਾਰਤ ਦੇ ਆਜ਼ਾਦੀ ਅੰਦੋਲਨ ਵਿਚ ਮਹਾਤਮਾ ਗਾਂਧੀ ਦੇ ਯੋਗਦਾਨ ਨੂੰ ਸਲਾਹਿਆ ਸੀ।

ਕੰਗਨਾ ਦੀ ਇਸ ਪੋਸਟ ਉਤੇ ਸੋਸ਼ਲ ਮੀਡੀਆ ਵਿਚ ਤਿੱਖੀਆਂ ਪ੍ਰਤੀਕਿਰਿਆਵਾਂ ਆ ਰਹੀਆਂ ਹਨ ਅਤੇ ਇਸ ਤਰ੍ਹਾਂ ਭਾਜਪਾ ਦੀ ਹਿਮਾਚਲ ਪ੍ਰਦੇਸ਼ ਦੇ ਮੰਡੀ ਹਲਕੇ ਤੋਂ ਇਹ ਸੰਸਦ ਮੈਂਬਰ ਇਕ ਵਾਰੀ ਮੁੜ ਵਿਵਾਦਾਂ ਵਿਚ ਹੈ। ਹਾਲਾਂਕਿ ਇਸ ਤੋਂ ਬਾਅਦ ਪੋਸਟ ਕੀਤੀ ਇਕ ਹੋਰ ਸਟੋਰੀ ਰਾਹੀਂ ਉਸ ਨੇ ਮਹਾਤਮਾ ਗਾਂਧੀ ਦੀ ਜੈਅੰਤੀ ਮੌਕੇ ਗਾਂਧੀ ਜੀ ਦੇ ਸਵੱਛਤਾ ਸੰਬੰਧੀ ਦ੍ਰਿਸ਼ਟੀਕੋਣ ਨੂੰ ਅੱਗੇ ਤੋਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸ਼ਲਾਘਾ ਕਰਦਿਆਂ ਸਵੱਛਤਾ ਦੀ ਲੋੜ ਉਤੇ ਜ਼ੋਰ ਦਿੱਤਾ ਹੈ।

### ਮੋਦੀ ਦੀ...

ਮੋਦੀ ਦੇ ਦਫਤਰ ਨੇ ਬਿਆਨੀਏ ਨੂੰ ਕੰਟਰੋਲ ਕਰਨ ਲਈ ਸ਼ਰਤਾਂ ਲਾਈਆਂ। ਸ਼ਾਇਦ ਪ੍ਰਧਾਨ ਮੰਤਰੀ ਜਾਣਦੇ ਸਨ ਕਿ ਜੇ ਮੈਂ ਵਿਨੇਸ਼ ਨਾਲ ਗੱਲ ਕੀਤੀ ਤਾਂ ਉਹ ਪਿਛਲੇ ਦੋ ਸਾਲਾਂ 'ਚ ਹੋਏ-ਵਾਪਰੇ ਦੀ ਗੱਲ ਛੇੜ ਬੈਠੇਗੀ। ਸ਼ਾਇਦ ਇਸੇ ਕਰਕੇ ਮੈਨੂੰ ਕਿਹਾ ਗਿਆ ਕਿ ਮੇਰੇ ਵੱਲੋਂ ਕੋਈ ਫੋਨ ਕਮਰੇ ਵਿਚ ਨਹੀਂ ਹੋਵੇਗਾ ਤਾਂ ਜੋ ਉਹ ਆਪਣੀ ਮਰਜ਼ੀ ਨਾਲ ਵੀਡੀਓ ਐਡਿਟ ਕਰ ਸਕਣ ਤੇ ਮੈਂ ਅਸਲੀ ਵੀਡੀਓ ਪੋਸਟ ਨਾ ਕਰ ਸਕਾਂ।

ਵੇਲੇ ਦੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਤੇ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਣ ਸਿੰਘ ਖਿਲਾਫ ਯੌਨ ਸ਼ੋਸ਼ਣ ਦੇ ਦੋਸ਼ਾਂ ਨੂੰ ਲੈ ਕੇ ਦਿੱਲੀ ਵਿਚ ਭਲਵਾਨਾਂ ਦੇ ਧਰਨੇ ਪ੍ਰਤੀ ਪ੍ਰਧਾਨ ਮੰਤਰੀ ਦੀ ਬੇਰੁਖੀ ਤੇ ਸਰਕਾਰ ਵੱਲੋਂ ਉਸ ਖਿਲਾਫ ਕੋਈ ਕਾਰਵਾਈ ਨਾ ਕਰਨ 'ਤੇ ਖੁੱਲ੍ਹੇਆਮ ਨਾਰਾਜ਼ਗੀ ਪ੍ਰਗਟਾਉਂਦੇ ਰਹੇ ਸਨ।

### ਜੇਲ੍ਹਾਂ 'ਚ ਜਾਤੀ ਵਿਤਕਰੇ ...

ਪਟੀਸ਼ਨ ਵਿਚ ਕਿਹਾ ਗਿਆ ਹੈ ਕਿ ਜਿਹੜੇ ਆਦਤਨ ਚੋਰ, ਉਚੱਕੇ ਤੇ ਲੁਟੇਰੇ ਆਦਿ ਹਨ, ਉਨ੍ਹਾਂ ਨੂੰ ਵਰਗੀਕ੍ਰਿਤ ਕਰਕੇ ਬਾਕੀ ਮੁਜਰਮਾਂ ਤੋਂ ਵੱਖ ਰੱਖਿਆ ਜਾਣਾ ਚਾਹੀਦਾ ਹੈ।

ਪਟੀਸ਼ਨ ਵਿਚ ਦਾਅਵਾ ਕੀਤਾ ਗਿਆ ਹੈ ਕਿ ਪੱਛਮੀ ਬੰਗਾਲ ਜੇਲ੍ਹ ਕੋਡ ਵਿਚ ਕਿਹਾ ਗਿਆ ਹੈ ਕਿ ਜੇਲ੍ਹਾਂ ਵਿਚ ਕੰਮ ਜਾਤ ਮੁਤਾਬਕ ਦਿੱਤਾ ਜਾਣਾ ਚਾਹੀਦਾ ਹੈ, ਜਿਵੇਂ ਖਾਣਾ ਪਕਾਉਣ ਦਾ ਕੰਮ ਉੱਚੀਆਂ ਜਾਤਾਂ ਨਾਲ ਸੰਬੰਧਤ ਬੰਦੀਆਂ ਨੂੰ ਦਿੱਤਾ ਜਾਵੇ, ਜਦੋਂਕਿ ਸਫਾਈ ਵਰਗੇ ਕੰਮ ਕੁਝ ਖਾਸ ਜਾਤਾਂ ਦੇ ਬੰਦੀਆਂ ਤੋਂ ਕਰਵਾਏ ਜਾਣ। ਸੁਪਰੀਮ ਕੋਰਟ ਨੇ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਨੋਟਿਸ ਜਾਰੀ ਕਰਕੇ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੂੰ ਹਦਾਇਤ ਦਿੱਤੀ ਸੀ ਕਿ ਉਹ ਮਹਾਰਾਸ਼ਟਰ ਦੇ ਕਲਿਆਣ ਨਾਲ ਸੰਬੰਧਤ ਪਟੀਸ਼ਨਰ ਸੁਕੰਨਿਆ ਸ਼ਾਂਤਾ ਵੱਲੋਂ ਇਸ ਪਟੀਸ਼ਨ ਵਿਚ ਉਠਾਏ ਗਏ ਮੁੱਦਿਆਂ ਦੇ ਹੱਲ ਲਈ ਸਹਾਇਤਾ ਕਰਨ। ਅਦਾਲਤ ਨੇ ਬੀਤੇ ਜੁਲਾਈ ਮਹੀਨੇ ਦੌਰਾਨ ਸੁਣਵਾਈ ਪੂਰੀ ਹੋਣ ਪਿੱਛੋਂ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਸੀ।

## ਆਰੀਅਨਜ਼ ਦੁਆਰਾ ਸਾਲਾਨਾ ਕਲਚਰਲ ਐਕਸਟਰਾਵੈਂਜਾ 'ਰਜਨੀ' ਆਯੋਜਿਤ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਆਰੀਅਨਜ਼ ਗਰੁੱਪ ਆਫ਼ ਕਾਲਜਿਜ, ਚੰਡੀਗੜ੍ਹ ਨੇ ਆਰੀਅਨਜ਼ ਗਰੁੱਪ ਆਫ ਕਾਲਜਿਜ, ਰਾਜਪੁਰਾ, ਨੇੜੇ ਚੰਡੀਗੜ੍ਹ ਵਿਖੇ ਆਪਣੀ 18ਵੀਂ ਸੱਭਿਆਚਾਰਕ ਐਕਸਟਰਾਵੈਂਜਾ 'ਰਜਨੀ' ਦਾ ਆਯੋਜਨ ਕੀਤਾ। ਬੀ.ਟੈਕ, ਬੀ. ਫਾਰਮਾ, ਫ਼ਿਜ਼ੀਓਥੈਰੇਪੀ, ਪੈਰਾਮੈਡੀਕਲ ਐਮ.ਬੀ.ਏ, ਐਲ.ਐਲ.ਬੀ, ਬੀ.ਏ.-ਐਲ.ਐਲ.ਬੀ, ਬੀਬੀਏ, ਬੀ.ਸੀ.ਏ, ਬੀ.ਕਾਮ, ਜੀ.ਐਨ.ਐਮ, ਏ.ਐਨ.ਐਮ, ਬੀ.ਐਸ.ਸੀ (ਐਗਰੀ), ਬੀ.ਏ, ਬੀ.ਐਡ, ਐਮ.ਏ (ਐਜੂ), ਡਿਪਲੋਮਾ ਆਦਿ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ 'ਚ ਭਾਗ ਲਿਆ।

ਸਮਾਗਮ ਦੀ ਸ਼ੁਰੂਆਤ ਪੰਕਜ ਉਪਾਧਿਆਏ ਤੇ ਸਮੂਹ ਵੱਲੋਂ ਸਰਸਵਤੀ ਵੰਦਨਾ ਨਾਲ ਕੀਤੀ ਗਈ। ਵਿਦਿਆਰਥੀਆਂ ਨੇ ਵੱਖ-ਵੱਖ ਲੋਕ ਨਾਚਾਂ ਜਿਵੇਂ ਅਮਨ ਐਂਡ ਗਰੁੱਪ ਵੱਲੋਂ ਰਾਜਸਥਾਨੀ ਤੇ ਭੋਜਪੁਰੀ ਡਾਂਸ, ਚਰਨਜੀਤ ਵੱਲੋਂ ਲੋਕ ਨਾਚ, ਖੁਸ਼ਪ੍ਰੀਤ ਅਤੇ ਗਰੁੱਪ ਵੱਲੋਂ ਗਿੱਧਾ ਆਦਿ ਦੇ ਜੀਵੰਤ ਤੇ ਸ਼ਾਨਦਾਰ ਪ੍ਰਦਰਸ਼ਨ ਦੇ ਬਾਵਜੂਦ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸੋਲੋ ਡਾਂਸ ਪੇਸ਼ਕਾਰੀ, ਲੋਕ ਆਰਕੈਸਟਰਾ ਤੇ ਲੋਕ ਗੀਤ ਬਰਾਬਰ ਰੁਝੇਵੇਂ ਭਰੇ ਸਨ।

ਨਾਰਥ ਈਸਟ ਦੀ ਮਾਡਲਿੰਗ ਨੇ ਦਰਸ਼ਕਾਂ ਨੂੰ ਵਾਰ-ਵਾਰ ਤਾੜੀਆਂ ਵਜਾਉਣ ਲਈ ਮਜਬੂਰ ਕਰ ਦਿੱਤਾ। ਸਚਿਨ ਐਂਡ ਗਰੁੱਪ ਵੱਲੋਂ ਨਾਟੀ, ਜਦੋਂਕਿ ਅਮਿਤ ਤੇ ਗਰੁੱਪ ਵੱਲੋਂ ਬਿਹਾਰੀ ਡਾਂਸ ਨੇ ਦਰਸ਼ਕਾਂ ਦਾ ਮਨ ਮੋਹ ਲਿਆ।


**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 24-09-2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐਚ ਐਲ ਵਿੱਚ ਕਰਜ਼ਦਾਰ) : ਸ੍ਰੀ ਸੋਮਨਾਥ ਪੁੱਤਰ ਜੁਮਨ ਲਾਲ ਵਾਸੀ ਮਕਾਨ ਨੰ. 10, ਪੂਰਨ ਰੋਡ ਸੀ ਐਸ ਡੀ ਕਾਲੋਨੀ, ਨੇੜੇ ਸਟੇਸ਼ਨ, ਗੁਰਦੁਆਰਾ, ਜਲੰਧਰ, ਛਾਉਣੀ, ਜਲੰਧਰ, ਪੰਜਾਬ-144005
2. (ਐਚ ਐਲ 'ਚ ਕਰਜ਼ਦਾਰ) : ਸ੍ਰੀ ਸ਼ੁਭਮ ਪੁੱਤਰ ਸੋਮਨਾਥ ਵਾਸੀ ਮਕਾਨ ਨੰ. 10, ਪੂਰਨ ਰੋਡ, ਸੀ ਐਸ ਡੀ ਕਾਲੋਨੀ, ਜਲੰਧਰ, ਪੰਜਾਬ-144005
3. (ਐਚ ਐਲ 'ਚ ਗਰੰਟਰ) ਸ੍ਰੀ ਮੁਨੀਸ਼ ਗਿੱਲ ਪੁੱਤਰ ਸਤਪਾਲ ਗਿੱਲ ਵਾਸੀ ਮਕਾਨ ਨੰ. 100, ਦੀਪ ਨਗਰ, ਬੜਿੰਗ ਰੋਡ, ਜਲੰਧਰ ਛਾਉਣੀ, ਜਲੰਧਰ, ਪੰਜਾਬ-144005

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| HL/013611000784 | Rs. 7,00,000/- | Rs. 7,53,131.80 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 2019-20/186/1/212 ਮਿਤੀ 03.04.2019 ਰਾਹੀਂ ਸ੍ਰੀ ਸੋਮਨਾਥ ਪੁੱਤਰ ਜੁਮਨ ਲਾਲ ਦੀ ਮਾਲਕੀ ਹੇਠ ਪਲਾਟ ਨੰ. 4 ਪਿੰਡ ਸੰਸਾਰਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 03 ਮਰਲੇ 12 ਵਰਗ ਫੁੱਟ ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐਸੇਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐਸੇਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐਸੇਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐਸੇਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐਸੇਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 ਸਥਾਨ : ਜਲੰਧਰ (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20.09.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐਲ ਏ ਪੀ ਵਿੱਚ ਕਰਜ਼ਦਾਰ) : ਅਨੀਤਾ ਪਤਨੀ ਸ੍ਰੀ ਰਾਜ ਕੁਮਾਰ ਵਾਸੀ ਵਾਰਡ ਨੰ. 11, ਤਹਿਸੀਲ ਸ਼ਾਹਕੋਟ, ਲੋਹੀਆਂ ਖਾਸ, ਜਲੰਧਰ, ਪੰਜਾਬ-144629
2. (ਐਲ ਏ ਪੀ ਵਿੱਚ ਕਰਜ਼ਦਾਰ) : ਰਾਜ ਕੁਮਾਰ ਪੁੱਤਰ ਬਲਦੇਵ ਰਾਜ, ਵਾਸੀ ਵਾਰਡ ਨੰ. 12, ਲੋਹੀਆਂ ਖਾਸ, ਜਲੰਧਰ, ਪੰਜਾਬ-144629
3. (ਐਲ ਏ ਪੀ ਵਿੱਚ ਗਰੰਟਰ) : ਵਿਸ਼ਾਲਦੀਪ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਨਵਾਂ ਪਿੰਡ, ਖਾਲੇਵਾਲ, ਜਲੰਧਰ, ਪੰਜਾਬ-144629

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| LAP/049602000034 | Rs. 9,00,000/- | Rs. 9,39,539.80 |

ਪ੍ਰਾਇਮਰੀ ਸਕਿਉਰਿਟੀ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 46 ਮਿਤੀ 22-04-2015 ਰਾਹੀਂ ਅਨੀਤਾ ਪਤਨੀ ਰਾਜ ਕੁਮਾਰ ਦੀ ਮਾਲਕੀ ਹੇਠ ਪਿੰਡ ਲੋਹੀਆਂ, ਤਹਿ. ਸ਼ਾਹਕੋਟ, ਤਹਿ. ਅਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 3.5 ਮਰਲੇ ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਬੂਲਪੁਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐਸੇਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐਸੇਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐਸੇਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐਸੇਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐਸੇਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐਸੇਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 ਸਥਾਨ : ਜਲੰਧਰ (ਅਧਿਕਾਰਤ ਅਫਸਰ)



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**
ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਵੱਲੋਂ ਦਿੱਤਾ ਧਰਨਾ




**ਪਠਾਨਕੋਟ (ਦਵਿੰਦਰ ਸਿੰਘ)** ਮਜ਼ਦੂਰਾਂ ਕਿਸਾਨਾਂ ਪ੍ਰਤੀ ਪੰਜਾਬ ਸਰਕਾਰ ਦਾ ਵਤੀਰਾ ਬਹੁਤ ਨਿੰਦਣਯੋਗ ਹੈ, ਸਰਕਾਰ ਝੂਠਾ ਪ੍ਰਚਾਰ ਕਰ ਰਹੀ ਹੈ।ਵਾਸਤਵ ਵਿੱਚ ਸਿੱਖਿਆ ਤੇ ਸਿਹਤ ਸਹੂਲਤਾਂ ਦਾ ਭੱਠਾ ਬਹਿ ਗਿਆ ਹੈ, ਪੰਜਾਬ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਅਤੇ ਨਸ਼ਿਆਂ ਦਾ ਕਾਰੋਬਾਰ ਲਗਾਤਾਰ ਵੱਧ ਰਿਹਾ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਮਾਨ ਸਰਕਾਰ ਵੀ ਬੁਰੀ ਤਰਾਂ ਫੇਲ੍ਹ ਹੋਈ ਹੈ।ਨਿਰਮਾਣ ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਕੀਤਾ ਉਨ੍ਹਾਂ ਅੱਗੇ ਕਿਹਾ ਕਿ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਆਰਥਿਕ ਨੀਤੀਆਂ ਅਤੇ ਫਿਰਕੂ ਵੰਡਵਾਦੀ ਨੀਤੀਆਂ ਦਾ ਜਵਾਬ ਲੋਕ ਏਕਤਾ ਨਾਲ ਹੀ ਦਿੱਤਾ ਜਾ ਸਕਦਾ ਹੈ।

ਕੰਸਟ੍ਰਕਸ਼ਨ ਵਰਕਰਜ਼ ਫੈਡਰੇਸ਼ਨ ਆਫ ਇੰਡੀਆ ਦੇ ਸੱਦੇ ਤਹਿਤ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਜ਼ਿਲਾ ਪਠਾਨਕੋਟ ਵਲੋਂ ਡੀ ਸੀ ਦਫ਼ਤਰ ਮਲਕਪੁਰ ਪੁੱਡਾ ਗਰਾਉਂਡ ਵਿਖੇ ਆਜੋਜਿਤ ਵਿਸ਼ਾਲ ਧਰਨਾ-ਪ੍ਰਦਰਸ਼ਨ ਨੂੰ ਸਬੋਧਨ ਕਰਦਿਆਂ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਕਾਮਰੇਡ ਹਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਲੇਬਰ ਵਿਭਾਗ ਦਾ ਕੰਮ ਆਨਲਾਈਨ ਦੇ ਨਾਲ ਨਾਲ ਆਫਲਾਈਨ ਵੀ ਹੋਣਾ ਚਾਹਿਦਾ ਹੈ ਕਿਉਂ ਕਿ ਜਿਆਦਾਤਰ ਮਜ਼ਦੂਰ ਘੱਟ ਪੜੇ ਲਿਖੇ ਹਨ, ਨਿਰਮਾਣ ਮਜ਼ਦੂਰਾਂ ਨੂੰ ਨਵੀਂ ਰਜਿਸਟ੍ਰੇਸ਼ਨ ਤੇ ਨਵੀਨੀਕਰਨ ਕਰਾਉਣ ਲਈ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ। ਮੰਗਾਂ ਪ੍ਰਤੀ ਚਰਚਾ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਜਦੂਰਾਂ ਦੀਆਂ ਉਪਰੋਕਤ ਬਹੁਤ ਹੀ ਵਾਜਬ ਮੰਗਾਂ ਤਰੁੰਤ ਲਾਗੂ ਕੀਤੀਆਂ ਜਾਣ।

ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ, ਵਿਤ ਸਕੱਤਰ ਕਾਮਰੇਡ ਸ਼ਿਵ ਕੁਮਾਰ, ਮਾਸਟਰ ਸੁਭਾਸ਼ ਸ਼ਰਮਾ ਅਤੇ ਜਸਵੰਤ ਸਿੰਘ ਸੰਧੂ ਨੇ ਨਿਰਮਾਣ ਮਜ਼ਦੂਰਾਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਦਾ ਫੌਰੀ ਨਿਪਟਾਰਾ ਨਾ ਕੀਤਾ ਤਾਂ ਸੀ ਟੀ ਯੂ ਪੰਜਾਬ ਵਲੋਂ ਸੂਬਾਈ ਪੱਧਰ ਤੇ ਸੰਘਰਸ਼ ਦੀ ਸ਼ੁਰੂਆਤ ਕੀਤੀ ਜਾਵੇਗੀ।

ਧਰਨੇ ਦੀ ਪ੍ਰਧਾਨਗੀ ਕਾਮਰੇਡ ਰਾਮ ਬਿਲਾਸ ਠਾਕੁਰ ਅਤੇ ਕਾਮਰੇਡ ਤਿਲਕ ਰਾਜ ਜਿਆਨੀ ਨੇ ਕੀਤੀ। ਧਰਨੇ ਨੂੰ ਉਪਰੋਕਤ ਤੋਂ ਇਲਾਵਾ ਰਘਬੀਰ ਸਿੰਘ ਧਲੌਰੀਆਂ, ਨਰੋਤਮ ਸਿੰਘ, ਕੁਲਦੀਪ ਰਾਜ ਮੁੱਦੇ, ਬਲਕਾਰ ਚੰਦ, ਨਰਿੰਜਣ ਸਿੰਘ, ਸਕੱਤਰ ਸਿੰਘ, ਸੋਹਨ ਲਾਲ ਦੇਵ ਰਾਜ, ਮਨਹਰਨ, ਅਵਤਾਰ ਸਿੰਘ, ਦਰਸ਼ਨ ਸਿੰਘ, ਅਸ਼ਵਨੀ ਕੁਮਾਰ, ਯਸਪਾਲ ਅਤੇ ਹੋਰ ਸਾਥੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਰੋਸ ਪ੍ਰਦਰਸ਼ਨ ਦੀ ਅਗਵਾਈ ਕੀਤੀ।

## ਫਾਟਕ ’ਤੇ ਵਾਹਨਾਂ ਦਾ ਜਾਮ ਲੱਗਣ ’ਤੇ ਲੋਕ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**- ਰੇਲਵੇ ਫਾਟਕ ਮੰਡੀ ਗੁਰਦਾਸਪੁਰ ਵਿਖੇ ਕੋਈ ਟਰੈਫਿਕ ਕਰਮਚਾਰੀ ਤੈਨਾਤ ਨਾ ਹੋਣ ਕਾਰਨ ਗੱਡੀਆਂ ਦੇ ਆਉਣ-ਜਾਣ ਵੇਲੇ ਫਾਟਕ ਬੰਦ ਹੁੰਦੇ ਹੀ ਵਾਹਨ ਬੇਤਰਤੀਬੀ ਤਰੀਕੇ ਨਾਲ ਖੜ੍ਹੇ ਹੋਣੇ ਸ਼ੁਰੂ ਹੋ ਜਾਂਦੇ ਹਨ ਜਦਕਿ ਵਿਭਾਗ ਵੱਲੋਂ ਇੱਥੇ ਫਾਟਕ ਬੰਦ ਹੋਣ ਤੇ ਵਾਹਨਾਂ ਦੇ ਲਾਈਨਾਂ ਵਿੱਚ ਖੜ੍ਹੇ ਹੋਣ ਦੇ ਪ੍ਰਬੰਧ ਕੀਤੇ ਹੋਏ ਹਨ ਪਰ ਫਿਰ ਵੀ ਇਨ੍ਹਾਂ ਦੀ ਪਰਵਾਹ ਨਾ ਕਰਦੇ ਹੋਏ ਲੋਕ ਆਪਣੇ ਵਾਹਨ ਗਲਤ ਢੰਗ ਨਾਲ ਪਾਰਕ ਕਰ ਦਿੰਦੇ ਹਨ ਜਿਸ ਕਾਰਨ ਰੇਲ ਗੱਡੀ ਆਉਣ ਤੋਂ ਬਾਅਦ ਫਾਟਕ ਖੁੱਲ੍ਹਣ ’ਤੇ ਜਾਮ ਲੱਗ ਜਾਂਦਾ ਹੈ। ਇਸ ਦੌਰਾਨ ਸਕੂਟਰ ਆਦਿ ਚਾਲਕਾਂ ਨੂੰ ਵੀ ਕਾਫੀ ਮੁਸ਼ਕਿਲਾਂ ਆਉਂਦੀਆਂ ਹਨ। ਗੁਰਦਾਸਪੁਰ ਰੇਲਵੇ ਸਟੇਸ਼ਨ ਦੇ ਨੇੜੇ ਪਠਾਨਕੋਟ ਪੰਡੋਰੀ ਆਦਿ ਨੂੰ ਜਾਣ ਵਾਲੀ ਸੜਕ ’ਤੇ ਰੇਲਵੇ ਫਾਟਕ ਬਣਿਆ ਹੋਇਆ ਹੈ ਜੋ ਰੇਲ ਗੱਡੀਆਂ ਆਉਣ ਜਾਣ ’ਤੇ ਬੰਦ ਹੋ ਜਾਂਦਾ ਹੈ। ਇਸ ਫਾਟਕ ਦੇ ਦੋਵੇਂ ਪਾਸੇ ਵਾਹਨ ਖੜ੍ਹੇ ਹੋ ਜਾਂਦੇ ਹਨ ਅਤੇ ਸਰਕਾਰ ਵੱਲੋਂ ਤਾਂ ਇਹਨਾਂ ਵਾਹਨਾਂ ਦੇ ਲਾਈਨਾਂ ਵਿਚ ਰੁਕਣ ਲਈ ਪ੍ਰਬੰਧ ਕੀਤਾ ਹੋਇਆ ਹੈ ਪਰ ਕੁਝ ਗੈਰ ਜ਼ਿੰਮੇਵਾਰ ਵਾਹਨ ਚਾਲਕ ਆਪਣੇ ਵਾਹਨ ਨੂੰ ਫਾਟਕ ਅੱਗੇ ਬੇਤਰਤੀਬੀ ਨਾਲ ਖੜ੍ਹੇ ਕਰ ਦਿੰਦੇ ਹਨ ਜਿਸ ਨਾਲ ਸਾਰੇ ਵਾਹਨ ਚਾਲਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

ਲੋਕਾਂ ਦੀ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਟਰੈਫਿਕ ਵਿਭਾਗ ਗੁਰਦਾਸਪੁਰ ਨੂੰ ਹਦਾਇਤਾਂ ਜਾਰੀ ਕਰਕੇ ਰੇਲਵੇ ਫਾਟਕ ਮੰਡੀ ਵਿਖੇ ਪੱਕੇ ਤੌਰ ’ਤੇ ਕੋਈ ਟਰੈਫਿਕ ਕਰਮਚਾਰੀ ਤੈਨਾਤ ਕੀਤਾ ਜਾਵੇ ਤਾਂ ਜੋ ਫਾਟਕ ਖੁੱਲ੍ਹਣ ਤੋਂ ਬਾਅਦ ਵਾਹਨਾਂ ਨੂੰ ਲਾਈਨ ਸਿਰ ਲੰਘਾਇਆ ਜਾਵੇ।

# ਸਰਕਾਰਾਂ ਕੈਨੇਡਾ ’ਚ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਹੱਲ ਕਰਨ : ਐਡਵੋਕੇਟ ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ , ਕੰਵਲਜੀਤ ਸਿੰਘ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੈਨੇਡਾ ਅੰਦਰ ਭਾਰਤ ਅਤੇ ਖ਼ਾਸਕਰ ਪੰਜਾਬ ਦੇ ਵਿਦਿਆਰਥੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਵਾਸਤੇ ਭਾਰਤ ਦੇ ਵਿਦੇਸ਼ ਮੰਤਰਾਲੇ ਦੇ ਨਾਲ ਕੈਨੇਡਾ ਸਰਕਾਰ ਅਤੇ ਉੱਥੇ ਦੇ ਸਿੱਖ ਆਗੂਆਂ ਨੂੰ ਅਪੀਲ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੈਨੇਡਾ ਦੇ ਬਰੈਂਪਟਨ ਸ਼ਹਿਰ ਵਿੱਚ ਭਾਰਤੀ ਵਿਦਿਆਰਥੀਆਂ ਵੱਲੋਂ ਕੀਤੇ ਗਏ ਰੋਸ ਪ੍ਰਦਰਸ਼ਨ ਦੀ ਸੋਸ਼ਲ ਮੀਡੀਆ ’ਤੇ ਵਾਇਰਲ ਹੋਈ ਇੱਕ ਵੀਡੀਓ ਦਾ ਨੋਟਿਸ ਲੈਂਦਿਆਂ ਕਿਹਾ ਕਿ ਕੈਨੇਡਾ ਦੀ ਸਰਕਾਰ ਵੱਲੋਂ ਇੱਕ ਪਾਸੇ ਵੱਡੀ ਗਿਣਤੀ ਵਿੱਚ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਆਮਦ ਨੂੰ ਖੁੱਲ੍ਹ ਦਿੱਤੀ ਹੋਈ ਹੈ ਜਦਕਿ ਦੂਜੇ ਪਾਸੇ ਵਿਦਿਆਰਥੀਆਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸੜਕਾਂ ’ਤੇ ਉਤਰਨਾ ਪੈ ਰਿਹਾ ਹੈ। ਉਨ੍ਹਾਂ ਇਸ ਸੰਜੀਦਾ ਮਾਮਲੇ ’ਤੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐੱਸ ਜੈਸ਼ੰਕਰ ਸਮੇਤ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਅਤੇ ਉੱਥੋਂ ਦੇ ਸਿੱਖ ਆਗੂਆਂ ਤੇ ਗੁਰਦੁਆਰਾ ਕਮੇਟੀਆਂ ਨੂੰ ਦਖਲ ਦੇਣ ਲਈ ਕਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਕੈਨੇਡਾ ਅੰਦਰ ਅੰਤਰਰਾਸ਼ਟਰੀ ਵਿਦਿਆਰਥੀ ਆਪਣੇ ਦੇਸ਼ ਅਤੇ ਮਾਪਿਆਂ ਤੋਂ ਹਜ਼ਾਰਾਂ ਮੀਲ ਦੀ ਦੂਰੀ ’ਤੇ ਬੈਠੇ ਹੋਏ ਹਨ, ਜਿਨ੍ਹਾਂ ਦੇ ਜੀਵਨ ਸਰੋਕਾਰਾਂ ਨੂੰ ਸਮਝਣਾ ਅਤੇ ਸਮੱਸਿਆਵਾਂ ਦਾ ਹੱਲ ਕਰਨਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਭਾਰਤ ਦੇ ਵਿਦੇਸ਼ ਮੰਤਰੀ ਨੂੰ ਇਸ ਵਿੱਚ ਨਿਜੀ ਦਿਲਚਸਪੀ ਨਾਲ ਦਖਲ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਉਹ ਕੈਨੇਡਾ ਦੀ ਸਰਕਾਰ ਨਾਲ ਗੱਲ ਕਰਕੇ ਭਾਰਤੀ ਵਿਦਿਆਰਥੀਆਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਦੀ ਪਹਿਲਕਦਮੀ ਕਰਨ। ਐਡਵੋਕੇਟ ਧਾਮੀ ਨੇ ਕਿਹਾ ਕਿ ਕੈਨੇਡਾ ਅੰਦਰ ਵੱਡੀ ਗਿਣਤੀ ਵਿੱਚ ਸਿੱਖ ਸਰਕਾਰ ਅਤੇ ਪ੍ਰਸ਼ਾਸਨਿਕ ਆਹੁਦਿਆਂ ’ਤੇ ਕਾਰਜਸ਼ੀਲ ਹਨ, ਜਿਨ੍ਹਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਭਾਈਚਾਰੇ ਦੇ ਵਿਦਿਆਰਥੀ ਬੱਚਿਆਂ ਦੇ ਦੁਖ ਸਣਨ ਤੇ ਹੱਲ ਲਈ ਸਰਕਾਰ ਨਾਲ ਰਾਬਤਾ ਬਣਾਉਣ। ਉਨ੍ਹਾਂ ਖਾਸ ਤੌਰ ’ਤੇ ਕੈਨੇਡਾ ਦੇ ਸਿੱਖ ਸਾਂਸਦ ਸ. ਹਰਜੀਤ ਸਿੰਘ ਸੱਜਣ, ਸ. ਜਗਮੀਤ ਸਿੰਘ, ਬਰੈਂਪਟਨ ਦੇ ਡਿਪਟੀ ਮੇਅਰ ਸ. ਹਰਕੀਰਤ ਸਿੰਘ ਸਮੇਤ ਹੋਰ ਸਿੱਖ ਆਗੂਆਂ ਨੂੰ ਕਿਹਾ ਕਿ ਉਹ ਇਸ ਦਾ ਨੋਟਿਸ ਲੈਣ ਤਾਂ ਜੋ ਚਿੰਤਾਵਾਂ ਵਿੱਚ ਘਿਰੇ ਕੈਨੇਡਾ ਅੰਦਰ ਭਾਰਤ ਤੇ ਖਾਸਕਰ ਪੰਜਾਬ ਦੇ ਵਿਦਿਆਰਥੀਆਂ ਨੂੰ ਧਰਵਾਸ ਮਿਲ ਸਕੇ।

## ਕਿਸਾਨ ਕਾਂਗਰਸ ਪੰਜਾਬ ਵੱਲੋਂ ਭਿੰਦਾ ਸਵਰਗਾਪੁਰੀ ਸੂਬਾ ਵਾਈਸ ਪ੍ਰਧਾਨ ਨਿਯੁਕਤ



**ਝਬਾਲ, (ਹਰਜਿੰਦਰ ਸਿੰਘ ਸੋਨੀ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਆਦੇਸ਼ਾਂ ਤੇ ਕਿਸਾਨ ਕਾਂਗਰਸ ਪੰਜਾਬ ਦੇ ਚੇਅਰਮੈਨ ਕਿਰਨਜੀਤ ਸਿੰਘ ਮਿੱਠਾ ਵੱਲੋਂ ਕਸਬਾ ਝਬਾਲ ਤੋਂ ਕਾਂਗਰਸ ਪਾਰਟੀ ਵਿੱਚ ਬਤੌਰ ਕਿਸਾਨ ਲੰਮੇ ਸਮੇਂ ਤੋਂ ਮਿਹਨਤ ਨਾਲ ਸੇਵਾਵਾਂ ਨਿਭਾ ਰਹੇ ਆਗੂ ਭੁਪਿੰਦਰ ਸਿੰਘ ਭਿੰਦਾ ਸਵਰਗਾਪੁਰੀ ਨੂੰ ਨਿਯੁਕਤੀ ਪੱਤਰ ਦਿੰਦਿਆਂ ਕਿਸਾਨ ਕਾਂਗਰਸ ਪੰਜਾਬ ਦੇ ਵਾਇਸ ਪ੍ਰਧਾਨ ਬਣਾਇਆ ਗਿਆ।ਇਸ ਮੌਕੇ ਨਵ-ਨਿਯੁਕਤ ਵਾਇਸ ਪ੍ਰਧਾਨ ਕਿਸਾਨ ਕਾਂਗਰਸ ਪੰਜਾਬ ਭੁਪਿੰਦਰ ਸਿੰਘ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਕਿਸਾਨ ਕਾਂਗਰਸ ਪੰਜਾਬ ਦੇ ਚੇਅਰਮੈਨ ਕਿਰਨਜੀਤ ਸਿੰਘ ਮਿੱਠਾ ਦਾ ਧੰਨਵਾਦ ਕਰਦਿਆਂ ਉਨ ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਉਨਾਂ ਨਾਲ ਅਮਨਪਾਲ ਸਿੰਘ ਢਿੱਲੋਂ ਆਦਿ ਵੀ ਮੌਜੂਦ ਸਨ।

## ਸਸਸਸ ਕਾਦੀਆਂ ਦੇ ਵਿਦਿਆਰਥੀਆਂ ਖੇਡਾਂ ’ਚ ਕੀਤੀਆਂ ਜਿੱਤਾਂ ਦਰਜ



**ਕਾਦੀਆਂ ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਜਿੱਤਾਂ ਦਰਜ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰ. ਡਾ. ਸੁਨੀਤਾ ਕੌਸ਼ਲ ਨੇ ਦੱਸਿਆ ਕਿ ਸਕੂਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਆਰਿਅਨ ਮੱਟੂ ਨੇ 100 ਮੀਟਰ ਰੇਸ ਅਤੇ ਲਾਂਗ ਜੰਪ ਦੇ ਮੁਕਾਬਲਿਆਂ ਵਿੱਚੋਂ ਜ਼ਿਲੇ ਵਿੱਚੋਂ ਤੀਸਰਾ ਅਤੇ 800 ਮੀਟਰ, 1500 ਮੀਟਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ।ਇਸੇ ਤਰ ੍ਹਾਂ ਮਨਮੀਤ, ਸਨਾ, ਨਵਜੋਤ ਅਤੇ ਸੰਦੀਪ ਨੇ ਅਥਲੈਟਿਕਸ ਮੁਕਾਬਲਿਆਂ ’ਚ ਪੁਜ਼ੀਸ਼ਨਾਂ ਹਾਸਲ ਕੀਤੀਆਂ।ਸਕੂਲ ਪ੍ਰਿੰਸੀਪਲ ਡਾ. ਕੌਸ਼ਲ ਵੱਲੋਂ ਵਿਦਿਆਰਥੀਆਂ ਦੇ ਸਕੂਲ ਪਹੁੰਚਣ ’ਤੇ ਹੌਸਲਾ ਅਫਜ਼ਾਈ ਕੀਤੀ ਗਈ।ਇਸ ਮੌਕੇ ਗੁਰਟੇਕ ਸਿੰਘ, ਹਿਜਪਾਲ ਸਿੰਘ ਅਤੇ ਮਲਕੀਤ ਸਿੰਘ ਆਦਿ ਹਾਜ਼ਰ ਸਨ।

## ਡੀ ਐੱਸ ਪੀ ਦਫ਼ਤਰ ਅੱਗੇ ਲੱਗਾ ਪੱਕਾ ਮੋਰਚਾ ਦੂਸਰੇ ਦਿਨ ’ਚ ਦਾਖਲ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਦੇ ਪੱਟੀ ਜ਼ੋਨ ਅਤੇ ਭਾਈ ਝਾੜੂ ਜੀ ਵਲਟੋਹਾ ਜ਼ੋਨ ਵੱਲੋਂ ਪੱਟੀ ਡੀਐੱਸਪੀ ਦਫ਼ਤਰ ਅੱਗੇ ਲੱਗਾ ਮੋਰਚਾ ਦੂਸਰੇ ਦਿਨ ਵੀ ਜਾਰੀ ਰਿਹਾ।ਧਰਨੇ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਮੀਤ ਪ੍ਰਧਾਨ ਰੇਸ਼ਮ ਸਿੰਘ ਘੁਰਕਵਿੰਡ, ਤਰਸੇਮ ਸਿੰਘ ਧਾਰੀਵਾਲ ਨੇ ਧਰਨੇ ’ਤੇ ਬੈਠੇ ਵੱਡੇ ਇਕੱਠ ਨੂੰ ਸੰਬੋਧਨ ਕੀਤਾ। ਦੂਸਰੇ ਦਿਨ ਧਰਨੇ ਦੀ ਅਗਵਾਈ ਕਿਸਾਨ ਆਗੂ ਗੁਰਬੇਜ ਸਿੰਘ ਧਾਰੀਵਾਲ, ਸੁਖਦੇਵ ਸਿੰਘ ਦੁੱਬਲੀ, ਹਰਿੰਦਰ ਸਿੰਘ ਆਸਲ, ਦਲਬੀਰ ਸਿੰਘ ਭੂਰਾ, ਬੀਬੀ ਸਰਬਜੀਤ ਕੌਰ ਤਲਵੰਡੀ ਨੇ ਕਰਦਿਆਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਪਿੰਡ ਤਲਵੰਡੀ ਸ਼ੋਭਾ ਸਿੰਘ ਦਾ ਪੰਚਾਇਤੀ ਜ਼ਮੀਨ ਦਾ ਮਸਲਾ ਲਟਕਦਾ ਆ ਰਿਹਾ।ਸੰਬੋਧਨ ਕਰਦਿਆਂ ਕਿਸਾਨ ਆਗੂ ਮੇਹਰ ਸਿੰਘ ਤਲਵੰਡੀ ਨੇ ਕਿਹਾ ਕਿ ਹਲਕਾ ਵਿਧਾਇਕ ਸਰਵਣ ਸਿੰਘ ਧੁੰਨ ਦੇ ਇਸ਼ਾਰੇ ’ਤੇ ਪ੍ਰਸ਼ਾਸਨ ਪਿੰਡ ਤਲਵੰਡੀ ਸ਼ੋਭਾ ਸਿੰਘ ਦੀ ਪੰਚਾਇਤੀ ਜ਼ਮੀਨ ਦੀਆਂ ਸਿੱਧੀਆਂ ਪਰਚੀਆਂ ਕੱਟ ਰਿਹਾ ਸੀ ਜਿਸ ਨੂੰ ਲੈ ਕੇ ਰੇੜਕਾ ਪਿਆ ਸੀ। ਕਿਸਾਨ ਆਗੂ ਗੁਰਜੰਟ ਸਿੰਘ ਭੱਗੂਪੁਰ, ਸੁਖਬੀਰ ਸਿੰਘ ਢਿੱਲੋਂ, ਧਰਮ ਸਿੰਘ ਘਰਿਆਲੀ ਨੇ ਕਿਹਾ ਕਿ ਧਰਨਾ ਦੂਸਰੇ ਦਿਨ ਵਿੱਚ ਦਾਖਲ ਹੋ ਗਿਆ ਪਰ ਪੱਟੀ ਦੇ ਡੀਐੱਸਪੀ ਵੱਲੋਂ ਟਾਲਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਜ਼ਿਲ ੍ਹਾ ਮੀਟਿੰਗ ਲਗਾ ਕੇ ਧਰਨੇ ਦਾ ਰੂਪ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਧਰਮ ਸਿੰਘ ਘਰਿਆਲੀ, ਡਾ. ਹਰਪਾਲ ਸਿੰਘ, ਜਰਨੈਲ ਸਿੰਘ ਧਾਲੀਵਾਲ, ਖਜ਼ਾਨ ਸਿੰਘ ਕਿਰਤੋਵਾਲ, ਤਰਸੇਮ ਸਿੰਘ ਬਰਵਾਲਾ, ਚਾਨਣ ਸਿੰਘ ਦੁਬਲੀ, ਨਿਸ਼ਾਨ ਸਿੰਘ ਤਲਵੰਡੀ, ਮੇਜਰ ਸਿੰਘ ਤਲਵੰਡੀ, ਲਖਵਿੰਦਰ ਸਿੰਘ ਘਰਿਆਲੀ, ਬਾਬਾ ਨਿੰਦਰ ਸਿੰਘ ਠੱਠਾ, ਸਕੱਤਰ ਸਿੰਘ ਕੰਡਿਆਲਾ, ਸੁਖਚੈਨ ਸਿੰਘ ਪੱਟੀ, ਬਲਵਿੰਦਰ ਸਿੰਘ ਹਰੀਕੇ, ਭੁਪਿੰਦਰ ਸਿੰਘ ਫੌਜੀ, ਮਹਾਂਵੀਰ ਸਿੰਘ ਠੱਕਰਪੁਰਾ, ਜਗਪਾਲ ਸਿੰਘ ਧਾਰੀਵਾਲ, ਕਿਰਪਾਲ ਸਿੰਘ ਬੁਰਜ ਪੂਹਲਾ, ਸਰਬਜੀਤ ਸਿੰਘ, ਡਾ. ਹੀਰਾ ਸਿੰਘ ਚੂਸਲੇਵੜ, ਜਗੀਰ ਕੌਰ, ਮਹਿੰਦਰ ਕੌਰ, ਰਣਜੀਤ ਕੌਰ, ਜਸਬੀਰ ਕੌਰ, ਪਰਮਜੀਤ ਕੌਰ ਆਦਿ ਆਗੂ ਹਾਜ਼ਰ ਸਨ।



## 41ਵਾਂ ਸਾਲਾਨਾ ਧਾਰਮਿਕ ਸਮਾਗਮ 5 ਨੂੰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਬੀਬੀ ਕੌਲਾਂ ਭਲਾਈ ਕੇਂਦਰ ਟਰੱਸਟ ਦੇ 41ਵੇਂ ਸਾਲਾਨਾ ਸਮਾਗਮ ਨੂੰ ਸਮਰਪਿਤ ਭਲਾਈ ਕੇਂਦਰ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ ਜਿਸ ਵਿੱਚ ਵਿਸ਼ੇਸ਼ ਤੌਰ ’ਤੇ ਬਾਬਾ ਸੁਖਦੇਵ ਸਿੰਘ ਭੁਚੋ ਵਾਲੇ, ਭਾਈ ਮਹਿਕਪ੍ਰੀਤ ਸਿੰਘ ਭਾਈ ਗੁਰਸ਼ਰਨ ਸਿੰਘ ਲੁਧਿਆਣੇ ਵਾਲੇ, ਬੀਬੀ ਮਨੂੰਪ੍ਰੀਆ ਕੌਰ ਦਿੱਲੀ ਵਾਲੇ, ਬੀਬੀ ਕੌਲਾਂ ਬਾਲ ਫੁਲਵਾੜੀ ਜੱਥਾ ਅਤੇ ਭਲਾਈ ਕੇਂਦਰ ਦੇ ਪ੍ਰਮੁੱਖ ਜੱਥਿਆ ਤੋਂ ਇਲਾਵਾ ਭਾਈ ਗੁਰਇਕਬਾਲ ਸਿੰਘ ਨੇ ਕਥਾ ਕੀਰਤਨ ਦੀਆਂ ਹਾਜ਼ਰੀਆਂ ਭਰੀਆਂ ਭਾਈ ਗੁਰਇਕਬਾਲ ਸਿੰਘ ਨੇ ਦੱਸਿਆ ਕਿ 41ਵਾਂ ਸਾਲਾਨਾ ਸਮਾਗਮ ਨੂੰ ਸਮਰਪਿਤ 5 ਅਕਤੂਬਰ ਨੂੰ ਭਲਾਈ ਕੇਂਦਰ ਟਰੱਸਟ ਵਿਖੇ ਛੋਟੇ ਬੱਚਿਆਂ ਕੋਲੋਂ ਭੱਟ ਸਾਹਿਬਾਨਾ ਦੇ ਸਵੱਯੇ ਜ਼ੁਬਾਨੀ ਸੁਣੇ ਜਾਣਗੇ ਅਤੇ ਮੌਕੇ ਤੇ ਬੱਚਿਆਂ ਨੂੰ ਵਿਸ਼ੇਸ਼ ਇਨਾਮ ਵੀ ਦਿੱਤੇ ਜਾਣਗੇ।

## ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕੀਤਾ ਰੈੱਡ ਕਰਾਸ ਤੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ

**ਗੁਰਦਾਸਪੁਰ (ਜਨਕ ਮਹਾਜਨ)**- ਸ੍ਰੀ ਰਜਿੰਦਰ ਅਗਰਵਾਲ ਮਾਣਯੋਗ ਜ਼ਿਲ ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਵਲੋਂ ਰੈਡ ਕਰਾਸ, ਨਸ਼ਾ ਛੁਡਾਊ ਕੇਂਦਰ ਗੁਰਦਾਸਪੁਰ ਦਾ ਦੌਰਾ ਕਰਕੇ ਕੇਂਦਰ ਦੇ ਕੰਮਕਾਜ ਦਾ ਜਾਇਜ਼ਾ ਲਿਆ ਗਿਆ ਅਤੇ ਇੱਥੇ ਇਲਾਜ ਕਰਵਾ ਰਹੇ ਨੌਜਵਾਨਾਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸੀ.ਜੇ ਐੱਮ-ਕਮ-ਡੀ.ਐੱਲ.ਐੱਸ.ਏ, ਰਮਨੀਤ ਕੌਰ, ਸੀ.ਜੇ.ਐੱਮ ਆਰ.ਪੀ.ਐੱਸ. ਚੀਮਾ ਅਤੇ ਰੋਮੇਸ਼ ਮਹਾਜਨ, ਨੈਸ਼ਨਲ ਐਵਾਰਡੀ ਪ੍ਰੋਜੈਕਟ ਡਾਇਰੈਕਟਰ ਵੀ ਮੌਜੂਦ ਸਨ। ਉਨ ੍ਹਾਂ ਇਲਾਜ ਕਰਵਾ ਰਹੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਉਨ ੍ਹਾਂ ਦੀਆਂ ਦੁੱਖ-ਤਕਲੀਫ਼ਾਂ ਸੁਣੀਆਂ। ਰੋਮੇਸ਼ ਮਹਾਜਨ ਨੈਸ਼ਨਲ ਐਵਾਰਡੀ ਪ੍ਰੋਜੈਕਟ ਡਾਇਰੈਕਟਰ ਆਰ. ਸੀ.-ਆਈ. ਆਰ. ਸੀ. ਏ. ਵਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਉਨ ੍ਹਾਂ ਨੂੰ ਇਸ ਕੇਂਦਰ ਦੇ ਕੰਮਕਾਜ ਬਾਰੇ ਦੱਸਿਆ। ਮਾਣਯੋਗ ਜ਼ਿਲ ੍ਹਾ ਅਤੇ ਸੈਸ਼ਨ ਜੱਜ ਨੇ ਨੌਜਵਾਨਾਂ ਨੂੰ ਇਸ ਨਸ਼ੇ ਤੋਂ ਛੁਟਕਾਰਾ ਪਾਉਣ ਲਈ ਪ੍ਰੇਰਿਤ ਕੀਤਾ। ਉਨ ੍ਹਾਂ ਨੇ ਵਿਜ਼ਟਰ ਬੁੱਕ ਵਿੱਚ ਸ਼ਾਨਦਾਰ ਟਿੱਪਣੀਆਂ ਵੀ ਦਿੱਤੀਆਂ। ਉਨ ੍ਹਾਂ ਕਿਹਾ ਕਿ ਰੋਮੇਸ਼ ਮਹਾਜਨ ਅਤੇ ਉਨ ੍ਹਾਂ ਦੀ ਟੀਮ ਨਸ਼ੇ ਦੇ ਸ਼ਿਕਾਰ ਲੋਕਾਂ ਨੂੰ ਉਸਾਰੂ ਗਤੀਵਿਧੀਆਂ ਵਿੱਚ ਸ਼ਾਮਿਲ ਹੋਣ ਲਈ ਪ੍ਰੇਰਿਤ ਕਰਕੇ ਇੱਕ ਮਹਾਨ ਸੇਵਾ ਕਰ ਰਹੀ ਹੈ। ਇਸ ਕੇਂਦਰ ਤੋਂ ਉਨ ੍ਹਾਂ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪ੍ਰੋਗਰਾਮ ‘ਨਸ਼ਾ ਮੁਕਤੀ-ਮਨੁੱਖਤਾ ਨੂੰ ਨੁਕਸਾਨ’ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ। ਇਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਮਾਣਯੋਗ ਜ਼ਿਲ ੍ਹਾ ਅਤੇ ਸੈਸ਼ਨ ਜੱਜ ਨੇ ਨੌਜਵਾਨਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਨਿਆਂਪਾਲਿਕਾ ਦੇ ਰਾਜਦੂਤ ਬਣਨ ਲਈ ਪਹਿਲਾਂ ਆਪਣੇ ਘਰਾਂ ਅਤੇ ਫਿਰ ਆਪਣੇ ਮੁਹੱਲੇ/ਕਲੋਨੀਆਂ ਵਿੱਚ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।

## ਪਾਇਨਲੈਂਡਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿਖੇ ਗਾਂਧੀ ਜਯੰਤੀ ਮਨਾਈ

**ਝਬਾਲ (ਹਰਜਿੰਦਰ ਸਿੰਘ ਸੋਨੀ)** ਪਾਇਨਲੈਂਡਸ ਇੰਟਰਨੈਸ਼ਨਲ ਕੋਨਵੈਂਟ ਸਕੂਲ ਗੱਗੋਬੂਹਾ ਨੇੜੇ ਝਬਾਲ ਵਿਖੇ ਗਾਂਧੀ ਜੈਅੰਤੀ ਸੰਬੰਧੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਬੱਚਿਆਂ ਨੇ ਭਾਸ਼ਣ ਰਾਹੀਂ ਕਵਿਤਾ ਰਾਹੀਂ ਨਾਟਕ ਰਾਹੀਂ ਬਾਪੂ ਗਾਂਧੀ ਦੀ ਜੀਵਨ ਸ਼ੈਲੀ ਉੱਪਰ ਚਾਨਣਾ ਪਾਇਆ ਗਿਆ।ਤੀਸਰੀ ਕਲਾਸ ਦੇ ਬੱਚਿਆਂ ਨੇ ਐਕਟਿੰਗ ਰਾਹੀਂ ਪ੍ਰਭਾਵਸ਼ਾਲੀ ਸੁਨੇਹਾ ਦਿੱਤਾ ਕਿ ਸਾਨੂੰ ਗਲਤ ਗੱਲਾਂ ਵੱਲ ਧਿਆਨ ਨਹੀਂ ਦੇਣਾ ਚਾਹੀਦਾ ਆਪਣੇ ਆਲੇ ਦੁਆਲੇ ਨੂੰ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਸਾਰਿਆਂ ਨਾਲ ਪਿਆਰ ਤੇ ਮਿਲਵਰਤਨ ਨਾਲ ਰਹਿਣਾ ਚਾਹੀਦਾ ਹੈ।ਇਸ ਮੌਕੇ ਪ੍ਰਿੰਸੀਪਲ ਮੈਡਮ ਜਤਿੰਦਰ ਕੌਰ ਨੇ ਬੱਚਿਆਂ ਨੂੰ ਗਾਂਧੀ ਜੀ ਦੀਆਂ ਗੱਲਾਂ ਉੱਪਰ ਧਿਆਨ ਦੇ ਕੇ ਆਪਣੇ ਜੀਵਨ ਦਾ ਸੁਧਾਰ ਕਰਨ ਲਈ ਕਿਹਾ। ਡਾਇਰੈਕਟਰ ਅਭੈਬੀਰ ਸਿੰਘ ਨੇ ਬੱਚਿਆਂ ਨੂੰ ਮਹਾਤਮਾ ਗਾਂਧੀ ਦੇ ਜੀਵਨ ਤੋਂ ਸੇਧ ਲੈਣ ਲਈ ਪ੍ਰੇਰਿਆ ਕੀਤਾ।ਇਸ ਮੌਕੇ ਪਲਵੀ ਮੈਡਮ, ਸਿਮਰਨ ਮੈਡਮ, ਆਂਚਲ, ਸੰਗੀਤਾ, ਸ਼ੈਲੀ, ਰਮਿੰਦਰ ਕੌਰ ਤੇ ਡੀਪੀ ਰੇਸ਼ਮ ਸਿੰਘ ਛੀਨਾ ਵੀ ਹਾਜ਼ਰ ਸਨ।

# ਸ੍ਰੀ ਗੁਰੂ ਸਿੰਘ ਸਭਾ ਦੇ 151ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਸੈਮੀਨਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਚੀਫ਼ ਖ਼ਾਲਸਾ ਦੀਵਾਨ ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਗੁਰੂ ਸਿੰਘ ਸਭਾ ਵੱਲੋਂ ਸਾਂਝੇ ਤੌਰ ਤੇ ਸਿੰਘ ਸਭਾ ਦੇ 151ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਸੈਮੀਨਾਰ ਆਯੋਜਿਤ ਕੀਤਾ ਗਿਆ ਜਿਸ ਵਿਚ ਉੱਘੇ ਸਿੱਖ ਵਿਦਵਾਨ ਇੰਦਰਜੀਤ ਸਿੰਘ ਗੋਗੋਆਣੀ ਮੁੱਖ ਮਹਿਮਾਨ ਦੇ ਤੌਰ ਤੇ ਸ਼ਾਮਲ ਹੋਏ ਅਤੇ ਡਾ. ਅਮਰਜੀਤ ਸਿੰਘ (ਮੁੱਖੀ ਅਤੇ ਡਾਇਰੈਕਟਰ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਕੇਂਦਰ, ਗੁਰੂ ਨਾਨਕ ਦੇਵ ਯੂਨੀਵਰਸਿਟੀ) ਅਤੇ ਪ੍ਰਿੰਸੀਪਲ ਸਿੱਖ ਮਿਸ਼ਨਰੀ ਕਾਲਜ ਸ੍ਰੀਮਤੀ ਮਨਜੀਤ ਕੌਰ ਨੇ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਅਗਾਜ਼ ਸਕੂਲ ਸ਼ਬਦ ਨਾਲ ਕਰਨ ਉਪਰੰਤ ਸਿੰਘ ਸਭਾ ਦੇ ਜਨਰਲ ਸਕੱਤਰ ਸ੍ਰ.ਹਰਮਨਜੀਤ ਸਿੰਘ ਦੇ ਆਏ ਮਹਿਮਾਨਾਂ ਦਾ ਸੁਆਗਤ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਸ੍ਰੀ ਗੁਰੂ ਸਿੰਘ ਸਭਾ ਦੀ ਸਥਾਪਨਾ ਦਿਵਸ ਤੇ ਵਧਾਈ ਦਿੰਦਿਆਂ ਕਿਹਾ ਕਿ ਅਜੋਕੇ ਪ੍ਰਸਥਿਤੀ ਅਨੁਸਾਰ ਸਿੱਖ ਮਾਨਮਤੀ ਸੰਸਥਾਵਾਂ ਨਾਲ ਸੰਬੰਧਤ ਦਿਹਾੜੇ ਮਨਾਉਣੇ ਤਾਂ ਹੀ ਸਾਰਥਕ ਹਨ ਜੇ ਸਮੁੱਚਾ ਪੰਥ ਸਿੱਖੀ-ਸਿੱਖਿਆ ਦੇ ਪ੍ਰਚਾਰ-ਪ੍ਰਸਾਰ ਦੇ ਨਾਲ-ਨਾਲ ਪਤਿਤਪੁਣੇ, ਨਸ਼ਿਆਂ, ਪ੍ਰਦੂਸ਼ਨ ਆਦਿ ਸਮੱਸਿਆਵਾਂ ਦੇ ਹੱਲ ਲਈ ਸਿਰਜੋੜ ਕੇ ਮੰਥਨ ਕਰੇ। ਸਿੱਖ ਬੁੱਧੀਜੀਵੀ ਡਾ.ਅਮਰਜੀਤ ਸਿੰਘ ਨੇ ਆਪਣੇ ਖੋਜ ਭਰਪੂਰ ਸ਼ਬਦਾਂ ਰਾਹੀਂ ਨਵ-ਚੇਤਨਾ ਦੀ ਮੌਢੀ ਬਣਕੇ ਉਭਰੀ ਸਿੱਖ ਕੌਮ ਦੀ 151ਸਾਲ ਪੁਰਾਤਨ ਸੰਸਥਾ ਸ੍ਰੀ ਗੁਰੂ ਸਿੰਘ ਸਭਾ ਦੀ ਆਰੰਭਤਾ ਦੇ ਸਮੇਂ ਸਿੱਖਾਂ ਦੀ ਮਜ਼ਬੂਰੀ ਦਾ ਫਾਇਦਾ ਚੁੱਕ ਕੇ ਧਰਮ ਤਬਦੀਲੀ ਦੇ ਕਠਿਨ ਹਾਲਾਤਾਂ ਅਤੇ ਖ਼ਾਲਸਾ ਰਾਜ ਸਮਾਪਤੀ ਵੇਲੇ ਸਿੱਖ ਧਰਮ ਨੂੰ ਨੀਵਾਂ ਦਿਖਾਉਣ ਲਈ ਅੰਗ੍ਰੇਜ਼ਾਂ ਦੀਆਂ ਸਿੱਖ ਵਿਰੋਧੀ ਅਤੇ ਗੁਰਮਤਿ ਵਿਰੋਧੀ ਕੁਟਨੀਤੀਆਂ ਬਾਬਤ ਦੱਸਿਆ। ਉਹਨਾਂ ਸਰੋਤਿਆਂ ਨੂੰ ਸੰਸਥਾ ਦੇ ਪੰਥਕ ਏਕਤਾ ਦੇ ਉਦੇਸ਼ਾਂ, ਲੋਕ ਭਲਾਈ ਕਾਰਜਾਂ ਅਤੇ ਵਿਕਾਸ ਦੇ ਹੋਰ ਇਤਿਹਾਸਕ ਪੰਨਿਆਂ ਤੋ ਵੀ ਜਾਣੂ ਕਰਵਾਇਆ।

ਉਪਰੰਤ ਪ੍ਰਿੰਸੀਪਲ ਮਨਜੀਤ ਕੌਰ ਨੇ ਸਿੰਘ ਸਭਾ ਦੇ ਮਨੋਰਥਾਂ ਦੇ ਵਿਕਾਸ ਵਿੱਚ ਇਸਤਰੀਆਂ ਦੇ ਵੱਡਮੁੱਲੇ ਯੋਗਦਾਨ ਬਾਬਤ ਦੱਸਦਿਆਂ ਕਿਹਾ ਕਿ ਕਿਸੇ ਵੀ ਕੌਮ ਦੀ ਉਨੱਤੀ ਲਈ ਇਸਤਰੀਆਂ ਦਾ ਸਿੱਖਿਅਕ ਹੋਣਾ ਬਹੁਤ ਜ਼ਰੂਰੀ ਹੈ ਕਿਉਂਕਿ ਇਸਤਰੀ ਦੀ ਸਿੱਖਿਆ ਦਾ ਪ੍ਰਭਾਵ ਇਕ ਪਰਿਵਾਰ ਤੇ ਹੀ ਨਹੀਂ ਸਗੋਂ ਆਉਣ ਵਾਲੀਆ ਪੀੜ੍ਹੀਆਂ ਤੇ ਵੀ ਪੈਦਾ ਹੈ। ਉਹਨਾਂ ਸਿੰਘ ਸਭਾ ਵੱਲੋਂ ਇਸਤਰੀਆਂ ਦੇ ਅਕਾਦਮਿਕ, ਗੁਰਮਤਿ ਵਿਦਿਅਕ ਪੱਧਰ ਨੂੰ ਉਪਰ ਚੁੱਕਣ ਹਿੱਤ ਗੁਰੂ ਸਾਹਿਬਾਨ ਦੇ ਨਾਵਾਂ ਤੇ ਖੋਲੇ ਗਏ ਸਿੱਖ ਕੰਨਿਆਂ ਵਿਦਿਆਲੇ ਅਤੇ ਸਿੱਖ ਪੰਥ ਨੂੰ ਮੁੜ ਆਪਣੇ ਮੁੱਢ ਨਾਲ ਬੰਨਣ ਲਈ ਇਸਤਰੀਆਂ ਵੱਲੋਂ ਦਿਤੇ ਗਏ ਵਿਸ਼ੇਸ਼ ਯੋਗਦਾਨ ਬਾਰੇ ਜਾਣਕਾਰੀ ਸਾਂਝੀ ਕੀਤੀ। ਮੁੱਖ ਮਹਿਮਾਨ ਇੰਦਰਜੀਤ ਸਿੰਘ ਗੋਗੋਆਣੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਮਕਾਲੀ ਹਾਲਾਤਾਂ ਦੇ ਅਨੁਸਾਰ ਹਮੇਸ਼ਾਂ ਸਮੱਸਿਆਵਾ ਦੇ ਰੂਪ ਬਦਲਦੇ ਰਹਿੰਦੇ ਹਨ। ਉਹਨਾਂ ਪੰਥ ਦੀ ਅਜੋਕੀ ਸਥਿਤੀ ਅਨੁਸਾਰ ਆਪਣੀ ਮਾਤ ਭਾਸ਼ਾ ਨਾਲ ਪਿਆਰ ਕਰਨ, ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਪੰਥ ਨਾਲ ਜੁੜਨ ਅਤੇ ਆਪਣੇ ਪੁਰਖਿਆ ਦੇ ਵੱਡਮੁੱਲੇ ਇਤਿਹਾਸ ਨੂੰ ਸਦੀਵ ਕਾਲ ਤੱਕ ਜਾਗ੍ਰਿਤ ਰੱਖਣ ਦਾ ਸੁਨੇਹਾ ਦਿੱਤਾ। ਇਸ ਮੌਕੇ ਸ੍ਰ.ਦਲੇਰ ਸਿੰਘ ਖਿਆਲਾ ਨੇ ਸ੍ਰੀ ਗੁਰੂ ਸਿੰਘ ਸਭਾ ਅਤੇ ਚੀਫ਼ ਖ਼ਾਲਸਾ ਦੀਵਾਨ ਦੀ ਆਰੰਭਤਾ ਦੇ ਇਕ ਸਮਾਨ ਉਦੇਸ਼ਾਂ ਅਤੇ ਦੋਹਾਂ ਸੰਸਥਾਵਾਂ ਦੀ ਵਿਕਾਸ ਗਾਥਾ ਨੂੰ ਕਾਵਿ ਰੂਪ ਦੇ ਵਿਚ ਪੇਸ਼ ਕੀਤਾ। ਅੰਤ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸ੍ਰੀ ਗੁਰੂ ਸਿੰਘ ਸਭਾ ਦੀ ਆਰੰਭਤਾ ਦੇ ਉਦੇਸ਼ਾਂ ਤੇ ਚਾਨਣਾ ਪਾਇਆ। ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਅਤੇ ਬੁਲਾਰਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।


**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20-09-2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਚ ਐੱਲ ਵਿੱਚ ਕਰਜ਼ਦਾਰ) : ਸ੍ਰੀ ਅਖਿਲ ਵਰਮਾ ਪੁੱਤਰ ਸ੍ਰੀ ਅਨਿਲ ਵਰਮਾ ਵਾਸੀ ਮਕਾਨ ਨੰ. 269, ਪਠਾਨਕੋਟ ਰੋਡ, ਰਮਨੀਕ ਐਵੀਨਿਊ, ਜਲੰਧਰ-1, ਜਲੰਧਰ ਪੰਜਾਬ-144008
2. (ਐੱਚ ਐੱਲ ਵਿੱਚ ਕਰਜ਼ਦਾਰ) : ਸ੍ਰੀਮਤੀ ਰੀਨਾ ਰਾਣੀ ਪੁੱਤਰੀ ਸ੍ਰੀ ਕੁਲਦੀਪ ਮੱਲ ਵਾਸੀ ਰੰਧਾਵਾ ਮਸੰਦਾਂ, ਜਲੰਧਰ-1, ਜਲੰਧਰ, ਪੰਜਾਬ-144004
3. (ਐੱਚ ਐੱਲ ਵਿੱਚ ਗਰੰਟਰ) : ਸ੍ਰੀ ਸ਼ਿਵ ਕੁਮਾਰ ਪੁੱਤਰ ਸ੍ਰੀ ਸ਼ਾਮ ਲਾਲ ਵਾਸੀ ਮਕਾਨ ਨੰ. 79-ਏ, ਨਿਊ ਦਿਓਲ ਨਗਰ, ਐਕਸਟੈਨਸ਼ਨ, ਐੱਸ ਪੀ ਪ੍ਰਾਇਮ ਸਕੂਲ, ਮਾਡਲ ਟਾਊਨ, ਜਲੰਧਰ, ਪੰਜਾਬ-144003

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| HL/013611000876 | Rs. 25,00,000/- | Rs. 26,67,191.70 |

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 2021-22/187/1/8465 ਮਿਤੀ 24-12-2021 ਰਾਹੀਂ ਸ੍ਰੀਮਤੀ ਰੀਨਾ ਰਾਣੀ ਪਤਨੀ ਸ੍ਰੀ ਅਖਿਲ ਵਰਮਾ ਦੀ ਮਾਲਕੀ ਹੇਠ ਪਲਾਟ ਨੰ. 89, ਮਾਨ ਇਨਕਲੇਵ, ਪਿੰਡ ਨੂਰਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਵਿੱਚ ਸਥਿਤ ਜਾਇਦਾਦ ਰਕਬਾ 6 ਮਰਲੇ 269.25 ਵਰਗ ਫੁੱਟ ਦੇ ਸਾਰੇ ਹਿੱਸੇ (ਵਰਤਮਾਨ ’ਚ ਪਲਾਟ ਨੰ. 89, ਮਾਨ ਇਨਕਲੇਵ, ਪਠਾਨਕੋਟ ਰੋਡ, ਜਲੰਧਰ)

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ ’ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ. ਟੀ ਰੋਡ, ਜਲੰਧਰ ’ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ ’ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ ’ਤੇ ਤੁਹਾਡੇ ਜੋਖਮ ਅਤੇ ਲਾਗਤਾਂ ’ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ ’ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ ’ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ ’ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20-09-2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਸੀ ਸੀ ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ ਵਿੱਚ ਕਰਜ਼ਦਾਰ) : ਮੈਸ: ਛਬੀਲ ਸਿੰਘ ਐਂਡ ਸੰਨਜ਼, ਦੁਕਾਨ ਨੰ. 81/2, ਬੀ, ਨਿਊ ਗਰੇਨ ਮਾਰਕਿਟ, ਮਲੋਟ, ਰਾਹੀਂ ਇਸ ਦੇ ਮਾਲਕ ਸ੍ਰੀ ਛਬੀਲ ਸਿੰਘ।
2. (ਮੈਸ: ਛਬੀਲ ਸਿੰਘ ਐਂਡ ਸੰਨਜ਼ ਵਿੱਚ ਮਾਲਕ) : ਸ੍ਰੀ ਛਬੀਲ ਸਿੰਘ ਪੁੱਤਰ ਸ੍ਰੀ ਬਲਦੇਵ ਸਿੰਘ ਵਾਸੀ ਗਲੀ ਨੰ. 8, ਆਦਰਸ਼ ਨਗਰ, ਵਾਰਡ ਨੰ. 1, ਮਲੋਟ, ਮੁਕਤਸਰ, ਪੰਜਾਬ-152107
3. (ਸੀ ਸੀ ਵਿੱਚ ਗਰੰਟਰ) : ਸ੍ਰੀ ਦਲੀਪ ਸਿੰਘ ਪੁੱਤਰ ਸ੍ਰੀ ਸੁਖਵਿੰਦਰ ਸਿੰਘ ਵਾਸੀ ਗਲੀ ਨੰ. 8, ਆਦਰਸ਼ ਨਗਰ, ਵਾਰਡ ਨੰ. 1, ਮਲੋਟ, ਮੁਕਤਸਰ, ਪੰਜਾਬ-152107
4. (ਸੀ ਸੀ ਵਿੱਚ ਗਰੰਟਰ) : ਸ੍ਰੀ ਬਲਦੇਵ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਮਕਾਨ ਨੰ. 382, ਪਿੰਡ ਮਲੋਟ, ਤਹਿਸੀਲ ਮਲੋਟ, ਜ਼ਿਲ੍ਹਾ ਫਰੀਦਕੋਟ।

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| CC/110300000002 | Rs. 45,00,00/- | Rs. 54,24,631.66 |
| WCTL-ECLGS/110612000006 | Rs. 5,00,00/- | Rs. 3,02,112.68 |

ਪ੍ਰਾਇਮਰੀ ਸਕਿਉਰਟੀ : ਬੁੱਕ ਡੈਬਟਸ ਦਾ ਗਿਰਵੀਨਾਮਾ
ਕੋਲਾਟਰਲ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2018-19/52/759 ਮਿਤੀ 14-06-2018 ਰਾਹੀਂ ਸ੍ਰੀ ਛਬੀਲ ਸਿੰਘ ਪੁੱਤਰ ਸ੍ਰੀ ਬਲਦੇਵ ਸਿੰਘ ਦੀ ਮਾਲਕੀ ਹੇਠ ਨਿਊ ਗਰੇਨ ਮਾਰਕੀਟ, ਮਲੋਟ ਵਿਖੇ ਸਥਿਤ ਜਾਇਦਾਦ ਰਕਬਾ (1250 ਵਰਗ ਫੁੱਟ) ×10×125 ਵਰਗ ਫੁੱਟ ਦੇ ਸਾਰੇ ਹਿੱਸੇ (ਵਰਤਮਾਨ ’ਚ : ਦੁਕਾਨ ਨੰ. 81-ਬੀ, ਨਿਊ ਗਰੇਨ ਮਾਰਕਿਟ, ਮਲੋਟ, ਸ੍ਰੀ ਮੁਕਤਸਰ ਸਾਹਿਬ)

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ ’ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮਲੋਟ ’ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ ’ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ ’ਤੇ ਤੁਹਾਡੇ ਜੋਖਮ ਅਤੇ ਲਾਗਤਾਂ ’ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ ’ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ ’ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ ’ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)


## ਆੜ੍ਹਤੀ ਐਸੋਸੀਏਸ਼ਨ ਧਾਰੀਵਾਲ ਵੱਲੋਂ ਝੋਨਾ ਨਾ ਖਰੀਦਣ ਦਾ ਐਲਾਨ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਪੰਜਾਬ ਸਰਕਾਰ ਵੱਲੋਂ 1 ਅਕਤੂਬਰ ਤੋਂ ਝੋਨੇ ਦੀ ਖਰੀਦ ਸ਼ੁਰੂ ਕਰਨ ਦੇ ਆਦੇਸ਼ਾਂ ਤਹਿਤ ਭਾਵੇਂ ਮੰਡੀਆਂ ਅੰਦਰ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਪਰ ਆੜ੍ਹਤੀ ਐਸੋਸੀਏਸ਼ਨ ਵਲੋਂ ਪੂਰੇ ਸੂਬੇ ਅੰਦਰ ਆਪਣੀਆਂ ਮੰਗਾਂ ਨੂੰ ਲੈ ਕੇ ਝੋਨਾ ਨਾ ਖਰੀਦਣ ਸੰਬੰਧੀ ਅਨਮਿੱਥੇ ਸਮੇਂ ਲਈ ਹੜਤਾਲ ਕਰਨ ਦੇ ਕੀਤੇ ਗਏ ਐਲਾਨ ਤਹਿਤ ਇਥੇ ਆੜ੍ਹਤੀ ਐਸੋਸੀਏਸ਼ਨ ਧਾਰੀਵਾਲ ਦੇ ਪ੍ਰਧਾਨ ਮੰਗਲ ਸਿੰਘ ਜਫਰਵਾਲ ਦੀ ਅਗਵਾਈ ਹੇਠ ਸਮੁੱਚੇ ਆੜ੍ਹਤੀਆਂ ਵੱਲੋਂ ਮਾਰਕੀਟ ਕਮੇਟੀ ਧਾਰੀਵਾਲ ਦੇ ਸਕੱਤਰ ਜਗਰੂਪ ਸਿੰਘ ਨੂੰ ਇਕ ਮੰਗ ਪੱਤਰ ਸੌਂਪ ਕੇ ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਜਾਇਜ ਮੰਗਾਂ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ। ਇਸ ਮੌਕੇ ਪ੍ਰਧਾਨ ਮੰਗਲ ਸਿੰਘ ਜਫਰਵਾਲ, ਸਕੱਤਰ ਰੂਪ ਸਿੰਘ ਜਫਰਵਾਲ, ਕੈਸ਼ੀਅਰ ਕਰਤਾਰ ਸਿੰਘ ਭੰਗੂ, ਐਡੀਟਰ ਜਸਪਾਲ ਸਿੰਘ ਆਦਿ ਆੜ੍ਹਤੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਆੜ੍ਹਤੀ ਅਤੇ ਮੰਡੀ ਵਿੱਚ ਕੰਮ ਕਰਦੇ ਮਜ਼ਦੂਰ ਆਰਥਿਕ ਤੌਰ ਤੇ ਪੱਛੜਦੇ ਜਾ ਰਹੇ ਹਨ, ਜਦਕਿ ਸਰਕਾਰੀ ਮੁਲਾਜ਼ਮਾਂ ਦੇ ਡੀ.ਏ.ਆਦਿ ਮਹਿੰਗੀ ਨੂੰ ਮੁੱਖ ਰੱਖਦੇ ਵਧਦੇ ਰਹਿੰਦੇ ਹਨ। ਪਰ ਸਰਕਾਰ ਨੇ ਆੜ੍ਹਤੀਆਂ ਦੀ ਕਮਿਸ਼ਨ ਘੱਟ ਕਰ ਦਿੱਤੀ ਅਤੇ ਮਜ਼ਦੂਰਾਂ ਦੇ ਮਜਦੂਰੀ ਰੇਟ ਵੀ ਘੱਟ ਕਰ ਦਿੱਤੇ ਜੋ ਆੜ੍ਹਤੀਆਂ ਅਤੇ ਮਜਦੂਰਾਂ ਨਾਲ ਬੇਇਨਸਾਫੀ ਹੈ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੀ ਸੂਬਾ ਕਮੇਟੀ ਵੱਲੋਂ ਸਮੇਂ ਸਮੇਂ ’ਤੇ ਜੋ ਵੀ ਫਰਮਾਨ ਹੋਵੇਗਾ ਆੜ੍ਹਤੀ ਐਸੋਸੀਏਸ਼ਨ ਧਾਰੀਵਾਲ ਉਸ ਮੁਤਾਬਿਕ ਫੈਸਲਾ ਲਵੇਗੀ। ਇਸ ਮੌਕੇ ਮਾਰਕੀਟ ਕਮੇਟੀ ਧਾਰੀਵਾਲ ਦੇ ਸਕੱਤਰ ਜਗਰੂਪ ਸਿੰਘ ਨੇ ਆੜ੍ਹਤੀਆਂ ਨੂੰ ਭਰੋਸ਼ਾ ਦਿੱਤਾ ਕਿ ਉਹ ਆੜ੍ਹਤੀਆਂ ਦਾ ਮੰਗ ਪੱਤਰ ਆਪਣੇ ਉੱਚ ਅਧਿਕਾਰੀਆਂ ਨੂੰ ਭੇਜ ਦੇਣਗੇ। ਇਸ ਮੌਕੇ ਆੜ੍ਹਤੀ ਰੋਬਿਨ ਵੋਹਰਾ, ਮਨਜੀਤ ਸਿੰਘ ਕੰਗ, ਤਰਲੋਕ ਸਿੰਘ, ਰਵੀ ਕੁਮਾਰ, ਨੀਰਜ ਗੋਇਲ, ਸ਼ੁਭਾਸ ਜੰਬਾ, ਲਵਲੀ, ਰਾਜੂ ਬੱਲ, ਬਲਵਿੰਦਰ ਸਿੰਘ, ਮੇਜਰ ਸਿੰਘ ਸਹਾਰੀ, ਰਾਮ ਪ੍ਰਕਾਸ਼ ਸ਼ਾਸਤਰੀ ਆਦਿ ਤੋਂ ਇਲਾਵਾ ਵੀ ਆੜ੍ਹਤੀਏ ਹਾਜਰ ਸਨ।

## ਅਸਲਾ ਧਾਰਕ ਆਪਣਾ ਅਸਲਾ ਜਮ੍ਹਾਂ ਕਰਾਉਣ : ਪ੍ਰਮਜੀਤ ਸਿੰਘ ਵਿਰਦੀ

**ਝਬਾਲ,(ਹਰਜਿੰਦਰ ਸਿੰਘ ਸੋਨੀ )**- ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਪੁਲਸ ਤਰਨਤਾਰਨ ਗੌਰਵ ਤੂਰਾ ਦੇ ਆਦੇਸ਼ਾਂ ਅਤੇ ਐੱਸ ਪੀ ਹੈੱਡਕੁਆਟਰਾਂ ਪ੍ਰਮਿੰਦਰ ਕੌਰ, ਡੀ ਐਸ ਪੀ ਸਿਟੀ ਕਮਲਮੀਤ ਸਿੰਘ ਦੀਆਂ ਸਖਤ ਹਦਾਇਤਾਂ ਅਨੁਸਾਰ ਥਾਣਾ ਮੁਖੀ ਝਬਾਲ ਐਸ ਐਚ ਓ ਪ੍ਰਮਜੀਤ ਸਿੰਘ ਵਿਰਦੀ ਨੇ ਇਲਾਕੇ ਦੇ ਸਮੁੱਚੇ ਅਸਲਾ ਧਾਰਕਾ ਨੂੰ ਆਪਣਾ ਲਾਇਸੰਸੀ ਅਸਲਾ ਜਮ੍ਹਾਂ ਕਰਾਉਣ ਦੀ ਹਦਾਇਤ ਕੀਤੀ ਹੈ।ਇਸ ਮੌਕੇ ਥਾਣਾ ਮੁਖੀ ਇੰਸ ਪ੍ਰਮਜੀਤ ਸਿੰਘ ਵਿਰਦੀ ਨੇ ਕਿਹਾ ਕਿ ਮਾਣਯੋਗ ਮੁਖ ਚੋਣ ਕਮਿਸ਼ਨ ਵੱਲੋਂ ਸੂਬੇ ਅੰਦਰ ਚੋਣ ਜ਼ਾਬਤਾ ਲਾਗੂ ਕਰ ਦਿੱਤਾ ਗਿਆ ਹੈ।ਜਿਸ ਦੇ ਮੱਦੇਨਜਰ ਅਸਲਾ ਧਾਰਕ ਆਪਣਾ ਅਸਲਾ ਤਰੁੰਤ ਨਜ਼ਦੀਕੀ ਥਾਣੇ ਜਾਂ ਗੰਨ ਹਾਊਸ ਵਿਖੇ ਜਮ੍ਹਾਂ ਕਰਵਾਕੇ ਉਸਦੀ ਰਸੀਦ ਥਾਣੇ ਜਮਾਂ ਕਰਵਾਉਣ।

ਉਨ੍ਹਾਂ ਕਿਹਾ ਕਿ ਚੋਣ ਜ਼ਾਬਤੇ ਦੌਰਾਨ ਕਿਸੇ ਵੀ ਵਿਆਕਤੀ ਨੂੰ ਆਪਣੇ ਕੋਲ ਅਸਲਾ ਰੱਖਣ ਦੀ ਪੂਰੀ ਤਰਾਂ ਮਨਾਹੀ ਹੋਵੇਗੀ।ਇਸ ਮੌਕੇ ਉਨਾਂ ਅਸਲਾ ਧਾਰਕਾ ਨੂੰ ਇਹ ਵੀ ਤਾੜਨਾ ਕੀਤੀ ਕਿ ਅਸਲਾ ਨਾਂ ਜਮਾਂ ਕਰਵਾਉਣ ਦੀ ਸੂਰਤ ਅਸਲਾ ਧਾਰਕ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਸਦੇ ਅਸਲੇ ਦਾ ਲਾਇਸੈਂਸ ਕੈਂਸਲ ਕੀਤੇ ਜਾਣ ਦੀ ਸਿਫਾਰਸ਼ ਕੀਤੀ ਜਾਵੇਗੀ।


**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 24-09-2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਚ ਐੱਲ ਵਿੱਚ ਕਰਜ਼ਦਾਰ) : ਸ੍ਰੀ ਗੁਰਦੀਪ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਬਾਹਮਣੀਆਂ, ਜਲੰਧਰ-144702
ਸ੍ਰੀ ਅਮਰੀਕ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਬਾਹਮਣੀਆਂ, ਜਲੰਧਰ-144702 (ਮ੍ਰਿਤਕ) ਰਾਹੀਂ ਉਸ ਦੇ ਕਾਨੂੰਨੀ ਵਾਰਸਾਂ
2. (ਅਮਰੀਕ ਸਿੰਘ ਦਾ ਕਾਨੂੰਨੀ ਵਾਰਸ) (ਏ) ਸ੍ਰੀਮਤੀ ਗੁਰਬਖਸ਼ ਕੌਰ ਪਤਨੀ ਅਮਰੀਕ ਸਿੰਘ ਵਾਸੀ ਪਿੰਡ ਸੁੱਚੀ ਪਿੰਡ, ਜਲੰਧਰ-1, ਜਲੰਧਰ।
3. (ਐੱਚ ਐੱਲ ਵਿੱਚ ਗਰੰਟਰ) : ਸ੍ਰੀ ਅਮਰਜੀਤ ਅਮਰ ਪੁੱਤਰ ਸੀਤਲ ਦਾਸ ਵਾਸੀ ਬਾਹਮਣੀਆਂ, ਜਲੰਧਰ-144702
4. (ਐੱਚ ਐੱਲ ਵਿੱਚ ਗਰੰਟਰ) : ਸ੍ਰੀ ਬਚਨ ਲਾਲ ਪੁੱਤਰ ਸ੍ਰੀ ਡੁੰਮਣ ਮੱਲ ਵਾਸੀ ਬਾਹਮਣੀਆਂ, ਜਲੰਧਰ-144702
5. (ਐੱਚ ਐੱਲ ਵਿੱਚ ਗਰੰਟਰ) : ਸ੍ਰੀ ਤਾਰਾ ਰਾਮ ਪੁੱਤਰ ਸ਼ੇਰੂ ਵਾਸੀ ਪਿੰਡ ਬਾਹਮਣੀਆਂ, ਜਲੰਧਰ-144702

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| HL/08611000145 | Rs. 9,40,000/- | Rs. 10,17,835.50 |

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2021-22/177/1/146 ਮਿਤੀ 27.04.2021 ਰਾਹੀਂ ਸ੍ਰੀ ਗੁਰਦੀਪ ਸਿੰਘ ਅਤੇ ਸ੍ਰੀ ਅਮਰੀਕ ਸਿੰਘ ਦੀ ਮਾਲਕੀ ਹੇਠ ਬਾਹਮਣੀਆਂ, ਤਹਿਸੀਲ ਸ਼ਾਹਕੋਟ, ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 13 ਮਰਲੇ ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ ’ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਮਲਸੀਆਂ ’ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ ’ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ ’ਤੇ ਤੁਹਾਡੇ ਜੋਖਮ ਅਤੇ ਲਾਗਤਾਂ ’ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ ’ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ ’ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ ’ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20-09-2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਸੁਰਜੀਤ ਕੁਮਾਰ ਪੁੱਤਰ ਸ੍ਰੀ ਗੁਰਮੇਲ ਲਾਲ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ-144002
2. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਸੁਰਜੀਤ ਕੁਮਾਰ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ-144002
3. (ਐੱਲ ਏ ਪੀ ਵਿੱਚ ਕਰਜ਼ਦਾਰ) : ਸ੍ਰੀਮਤੀ ਸ਼ਿੰਦੋ ਪਤਨੀ ਸ੍ਰੀ ਗੁਰਮੇਲ ਲਾਲ ਉਰਫ ਗੁਰਮੇਲ ਰਾਮ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ-144002
4. (ਐੱਲ ਏ ਪੀ ਵਿੱਚ ਗਰੰਟਰ) : ਸ੍ਰੀ ਰਾਹੁਲ ਬਜਾਜ ਪੁੱਤਰ ਕੇਵਲ ਕ੍ਰਿਸ਼ਨ ਬਜਾਜ ਵਾਸੀ ਮਕਾਨ ਨੰ. 206/75, ਟਾਂਡਾ ਰੋਡ, ਨਿਊ ਲਕਸ਼ਮੀਪੁਰਾ, ਇੰਡਸਟਰੀਅਲ ਟਾਊਨ, ਜਲੰਧਰ, ਪੰਜਾਬ-144004
5. (ਐੱਲ ਏ ਪੀ ਵਿੱਚ ਗਰੰਟਰ) : ਸ੍ਰੀ ਪਰਮਜੀਤ ਪੁੱਤਰ ਸ੍ਰੀ ਰਾਮ ਮੂਰਤੀ ਵਾਸੀ ਪਿੰਡ ਤੇ ਡਾਕਖਾਨਾ ਚਮਿਆਰਾ, ਜਲੰਧਰ, ਪੰਜਾਬ-144002

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.09.2024 ਤੋਂ ਬਿਨ੍ਹਾ ਵਿਆਜ) |
|---|---|---|
| LAP/013602002367 | Rs. 13,00,000/- | Rs. 15,82,525.80 |

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 5484 ਮਿਤੀ 15.01.2014 ਰਾਹੀਂ ਸ੍ਰੀਮਤੀ ਸ਼ਿੰਦੋ ਪਤਨੀ ਸ੍ਰੀ ਗੁਰਮੇਲ ਲਾਲ ਉਰਫ ਗੁਰਮੇਲ ਰਾਮ ਦੀ ਮਾਲਕੀ ਹੇਠ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 4.5 ਮਰਲੇ ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ ’ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ. ਟੀ ਰੋਡ, ਜਲੰਧਰ ’ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ ’ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ ’ਤੇ ਤੁਹਾਡੇ ਜੋਖਮ ਅਤੇ ਲਾਗਤਾਂ ’ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਓਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਓਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਓਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਓਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਓਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਓਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ ’ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਓਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ ’ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ ’ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 01.10.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)


# 75ਵੀਂਆਂ ਜ਼ੋਨਲ ਅਥਲੈਟਿਕਸ ਖੇਡਾਂ ’ਚ ਰਿਆੜਕੀ ਸਕੂਲ ਦੇ ਬੱਚਿਆਂ ਨੇ 23 ਗੋਲਡ, 14 ਸਿਲਵਰ ਤੇ 13 ਬ੍ਰੋਨਜ਼ ਮੈਡਲ ਜਿੱਤੇ




**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- 75ਵੀਂਆਂ ਜ਼ੋਨਲ ਐਥਲੈਟਿਕਸ ਖੇਡਾਂ ਵਿੱਚ ਰਿਆੜਕੀ ਪਬਲਿਕ ਸਕੂਲ ਤੁਗਲਵਾਲ ਨੇ ਫਿਰ ਤੋਂ ਆਪਣੀ ਅਤੇ ਸੰਸਥਾ ਦੀ ਮਿਹਨਤ ਦਾ ਸਬੂਤ ਦਿੰਦਿਆਂ ਸ਼ਾਨਦਾਰ ਪ੍ਰਦਰਸਨ ਕੀਤਾ। ਵੱਖ-ਵੱਖ ਭਾਗਾਂ ਅੰਡਰ-14, ਅੰਡਰ-17 ਅਤੇ ਅੰਡਰ-19 ਦੇ ਅੰਤਰਗਤ ਵੱਖ-ਵੱਖ ਟਰੈਕ ਅਤੇ ਫੀਲਡ ਈਵੈਂਟਸ ਵਿੱਚ ਭਾਗ ਲੈ ਕੇ 23 ਗੋਲਡ, 14 ਸਿਲਵਰ ਅਤੇ 13 ਬ੍ਰੋਨਜ ਮੈਡਲ ਜਿੱਤੇ ਹਨ। ਇਸ ਸਬੰਧੀ ਸੰਸਥਾ ਦੇ ਮੁੱਖ ਪ੍ਰਬੰਧਕ ਸਰਦਾਰ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਕਿ ਹਰਜੋਤ ਸਿੰਘ ਨੇ 100 ਮੀਟਰ 200 ਮੀਟਰ ਅਤੇ ਲੌਂਗ ਜੰਪ ਵਿੱਚ ਗੋਲਡ, ਸਿਦਕਜੋਤ ਸਿੰਘ ਅਤੇ ਰੋਮਨਦੀਪ ਸਿੰਘ ਨੇ 200 ਮੀਟਰ ਅਤੇ ਰਿਲੇ ਵਿੱਚ ਕਰਮਵਾਰ ਸਿਲਵਰ ਅਤੇ ਬ੍ਰੋਨਜ ਮੈਡਲ ਹਾਸਿਲ ਕੀਤੇ। ਅਭੀਜੋਤ ਸਿੰਘ ਰਿਲੇ ਅਤੇ ਸਾਟਪੁੱਟ ਵਿੱਚ ਬ੍ਰੋਨਜ ਅਤੇ ਏਕਮਕੇਤ ਸਿੰਘ ਨੇ ਰਿਲੇ ਵਿੱਚ ਬ੍ਰੋਨਜ ਮੈਡਲ ਹਾਸਿਲ ਕੀਤਾ। ਅੰਡਰ-17 ਦੇ ਅੰਤਰਗਤ ਆਉਂਦੇ ਮੁਕਾਬਲਿਆਂ ਵਿੱਚ ਰਣਜੋਤ ਸਿੰਘ ਨੇ 1500 ਮੀਟਰ, 800 ਮੀਟਰ ਅਤੇ ਰਿਲੇ ਵਿੱਚ ਗੋਲਡ ਅਤੇ ਰੂਪਅਰਮਾਨ ਸਿੰਘ ਨਾਗਰਾ ਨੇ ਜੈਵਲੀਨ, ਡਿਸਕਸ ਥਰੋ ਅਤੇ ਰਿਲੇ ਵਿੱਚ ਗੋਲਡ ਮੈਡਲ ਉੱਪਰ ਮੱਲਾਂ ਮਾਰੀਆਂ। ਪਾਰਸ ਮਹਿਰਾ ਨੇ ਟ੍ਰਿਪਲ ਜੰਪ ਵਿੱਚ ਗੋਲਡ, 400 ਮੀਟਰ ਵਿੱਚ ਸਿਲਵਰ ਅਤੇ ਲੌਂਗ ਜੰਪ ਵਿੱਚ ਬਰੌਨਜ ਮੈਡਲ ਹਾਸਲ ਕਰਕੇ ਆਪਣੀ ਸੰਸਥਾ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ। ਮਾਧਵ ਸ਼ਰਮਾ ਨੇ ਰਿਲੇ ਵਿੱਚ ਗੋਲਡ, ਲੌਂਗ ਜੰਪ ਵਿੱਚ ਸਿਲਵਰ ਅਤੇ 100 ਮੀਟਰ ਵਿੱਚ ਬਰੌਨਜ, ਅਨਿਕੇਤ ਸਿੰਘ ਨੇ ਰਿਲੇ ਵਿੱਚ ਗੋਲਡ, ਟ੍ਰਿਪਲ ਜੰਪ ਵਿੱਚ ਸਿਲਵਰ, ਸਹਿਨੂਰਦੀਪ ਸਿੰਘ ਨੇ ਲੌਂਗ ਜੰਪ ਅਤੇ ਰਿਲੇ ਵਿੱਚ ਗੋਲਡ, ਅੰਮ੍ਰਿਤਪਾਲ ਸਿੰਘ ਨੇ 100 ਮੀਟਰ, 200 ਮੀਟਰ ਅਤੇ ਰਿਲੇ ਵਿੱਚੋਂ ਗੋਲਡ, ਪਰਮਿੰਦਰ ਸਿੰਘ ਨੇ ਜੈਵਲਿਨ ਵਿੱਚੋਂ ਗੋਲਡ, ਗੁਰਨੂਰ ਸਿੰਘ ਨੇ 100 ਮੀਟਰ ਵਿੱਚ ਦੂਜਾ ਅਤੇ ਰਿਲੇ ਵਿੱਚ ਪਹਿਲਾ, ਹੋਮਨਪ੍ਰੀਤ ਸਿੰਘ ਨੇ ਰਿਲੇ ਵਿੱਚੋਂ ਪਹਿਲਾ ਅਤੇ ਹਰਕੀਰਤ ਸਿੰਘ ਨੇ ਲੌਂਗ ਜੰਪ ਵਿੱਚ ਤੀਜਾ ਸਥਾਨ ਹਾਸਿਲ ਕੀਤਾ। ਲੜਕੀਆਂ ਦੇ ਵਰਗ ਵਿੱਚ ਅੰਡਰ-17 ਦੇ ਅੰਤਰਗਤ ਰਸ਼ਲੀਨ ਕੌਰ ਅਤੇ ਸਹਲੀਨ ਕੌਰ ਨੇ ਕਰਮਵਾਰ 100 ਮੀਟਰ ਅਤੇ 800 ਮੀਟਰ ਵਿੱਚ ਸਿਲਵਰ, ਹਰਲੀਨ ਕੌਰ ਨੇ ਸ਼ਾਟਪੁੱਟ ਅਤੇ ਡਿਸਕਸ ਥਰੋ ਵਿੱਚ ਸਿਲਵਰ, ਜਸਮੀਤ ਕੌਰ ਨੇ 1500 ਮੀਟਰ ਵਿੱਚ ਗੋਲਡ ਅਤੇ ਮਨਜੋਤ ਕੌਰ ਨੇ 400 ਮੀਟਰ ਵੀ ਵਿੱਚ ਬਰੌਨਜ ਮੈਡਲ ਪ੍ਰਾਪਤ ਕਰਕੇ ਸਫਲਤਾ ਦੀਆਂ ਪੌੜੀਆਂ ਤਿਆਰ ਕੀਤੀਆਂ। ਨਾਲ ਹੀ ਅੰਡਰ-19 ਦੇ ਅੰਤਰਗਤ ਹੋਏ ਮੁਕਾਬਲਿਆਂ ਵਿੱਚ ਅਰਸਦੀਪ ਕੌਰ ਅਤੇ ਹਰਮਨਪ੍ਰੀਤ ਕੌਰ ਨੇ ਟਰੈਕ ਈਵੈਂਟਸ ਵਿੱਚੋਂ ਸਿਲਵਰ ਅਤੇ ਲਵਲੀਨ ਕੌਰ ਨੇ ਗੋਲਡ ਤਗਮਾ ਹਾਸਿਲ ਕੀਤਾ। ਮਹਿਕਪ੍ਰੀਤ ਕੌਰ ਅਤੇ ਹਰਸਦੀਪ ਕੌਰ ਨੇ 100 ਮੀਟਰ ਅਤੇ 800 ਮੀਟਰ ਵਿੱਚੋਂ ਬਰੌਨਜ ਮੈਡਲ ਪ੍ਰਾਪਤ ਕੀਤਾ। ਇਹਨਾਂ ਉਪਲੱਬਧੀਆਂ ਤੇ ਸੰਸਥਾ ਦੇ ਮੁੱਖ ਪ੍ਰਬੰਧਕ ਸਰਦਾਰ ਗਗਨਦੀਪ ਸਿੰਘ ਵਿਰਕ ਨੇ ਜੇਤੂ ਖਿਡਾਰੀਆਂ ਨੂੰ ਹੱਲਾਸ਼ੇਰੀ ਅਤੇ ਸਾਬਾਸ ਦਿੰਦਿਆਂ ਹੋਰ ਉਪਲੱਬਧੀਆਂ ਹਾਸਲ ਕਰਨ ਦੀਆਂ ਦੁਆਵਾਂ ਦਿੱਤੀਆਂ ਅਤੇ ਇਹਨਾਂ ਖੇਤਰਾਂ ਵਿੱਚ ਹੋਰ ਰਸਤਿਆਂ ਬਾਰੇ ਜਾਗਰੂਕ ਵੀ ਕੀਤਾ। ਕੋਚ ਜਤਿੰਦਰ ਕੁਮਾਰ ਅਤੇ ਕੋਚ ਮੈਡਮ ਰਾਜਵਿੰਦਰ ਕੌਰ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਮੇਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ, ਕੋਆਰਡੀਨੇਟਰ ਸਾਹਿਬਾਨ ਅਤੇ ਸਮੂਹ ਸਟਾਫ ਮੈਂਬਰ ਹਾਜਰ ਸਨ।

3-Oct-PAGE-4.qxd 10/2/2024 10:35 PM Page 1



# ਗਡਕਰੀ ਦੇ ਬਿਆਨ

ਕੇਂਦਰੀ ਮੰਤਰੀ ਤੇ ਭਾਜਪਾ ਦੇ ਸਾਬਕਾ ਪ੍ਰਧਾਨ ਨਿਤਿਨ ਗਡਕਰੀ ਆਏ ਦਿਨ ਸਰਕਾਰ ਬਾਰੇ ਜਿਸ ਤਰ੍ਹਾਂ ਦੀਆਂ ਟਿੱਪਣੀਆਂ ਕਰ ਰਹੇ ਹਨ, ਉਸ ਤੋਂ ਇਹ ਕਿਆਸ-ਅਰਾਈਆਂ ਤੇਜ਼ ਹੁੰਦੀਆਂ ਜਾ ਰਹੀਆਂ ਹਨ ਕਿ ਉਹ ਅਜਿਹਾ ਆਰ ਐੱਸ ਐੱਸ ਦੇ ਕਹਿਣ 'ਤੇ ਕਰ ਰਹੇ ਹਨ, ਕਿਉਂਕਿ ਭਾਜਪਾ ਦੀ ਅਸਲੀ ਹਾਈਕਮਾਨ ਮੋਦੀ-ਸ਼ਾਹ ਜੋੜੀ ਤੋਂ ਆਰ ਐੱਸ ਐੱਸ ਨਰਾਜ਼ ਹੈ। ਦੀਵਾਲੀ ਤੋਂ ਬਾਅਦ ਮਹਾਰਾਸ਼ਟਰ ਦੀਆਂ ਅਸੰਬਲੀ ਚੋਣਾਂ ਦੇ ਮੌਕੇ ਸੂਬਾ ਸਰਕਾਰ ਦੀ ਵੋਟ-ਬਟੋਰੂ ਯੋਜਨਾ 'ਮੁੱਖ ਮੰਤਰੀ ਮਾਝੀ ਲੜਕੀ ਬਹਿਨ ਯੋਜਨਾ' ਅਤੇ ਸੂਬੇ ਦੀ ਵਿੱਤੀ ਹਾਲਤ ਬਾਰੇ ਗਡਕਰੀ ਨੇ ਸੋਮਵਾਰ ਇਕ ਜਨਤਕ ਪ੍ਰੋਗਰਾਮ ਵਿਚ ਕਿਹਾ ਕਿ ਕੀ ਨਿਵੇਸ਼ਕਾਂ ਨੂੰ ਸਮੇਂ 'ਤੇ ਸਬਸਿਡੀ ਮਿਲੇਗੀ? ਕੌਣ ਜਾਣਦਾ ਹੈ? ਸਾਨੂੰ ਲੜਕੀ ਬਹਿਨ ਯੋਜਨਾ ਲਈ ਵੀ ਫੰਡ ਦੇਣਾ ਪੈਣਾ। ਦੂਜੇ ਸ਼ਬਦਾਂ ਵਿਚ ਗਡਕਰੀ ਨੂੰ ਡਰ ਹੈ ਕਿ ਪਹਿਲੀਆਂ ਸਬਸਿਡੀਆਂ ਦੇ ਨਹੀਂ ਹੋ ਰਹੀਆਂ ਤੇ ਨਵੀਆਂ ਦਾ ਜੁਗਾੜ ਕਿੱਥੋਂ ਕਰਨਾ।

ਗਡਕਰੀ ਦੇ ਬਿਆਨਾਂ ਤੋਂ ਬਾਅਦ ਆਪੋਜ਼ੀਸ਼ਨ ਦੇ ਮਹਾਰਾਸ਼ਟਰ ਦੀ ਸ਼ਿਵ ਸੈਨਾ-ਭਾਜਪਾ-ਐੱਨ ਸੀ ਪੀ ਸਰਕਾਰ 'ਤੇ ਹਮਲੇ ਤੇਜ਼ ਹੁੰਦੇ ਜਾ ਰਹੇ ਹਨ। ਕਾਂਗਰਸ ਦਾ ਕਹਿਣਾ ਹੈ ਕਿ ਕੇਂਦਰੀ ਮੰਤਰੀ ਗਡਕਰੀ ਜਨਤਕ ਤੌਰ 'ਤੇ ਮੰਨ ਰਹੇ ਹਨ ਕਿ ਸੂਬਾ ਮਾਲੀ ਸੰਕਟ ਵਿੱਚੋਂ ਲੰਘ ਰਿਹਾ ਹੈ। ਫੰਡ ਦੀ ਕਮੀ ਕਾਰਨ ਖੁਦਕੁਸ਼ੀ ਕਰਨ ਵਾਲੇ ਕਿਸਾਨਾਂ ਦੇ ਪਰਵਾਰਾਂ ਲਈ ਸਹਾਇਤਾ ਰੋਕ ਦਿੱਤੀ ਗਈ। ਜਦੋਂ ਆਪੋਜ਼ੀਸ਼ਨ ਨੇ ਰੌਲਾ ਪਾਇਆ ਤਾਂ ਬਹਾਲ ਕੀਤੀ। ਸੂਬੇ 'ਤੇ ਕੁਲ ਕਰਜ਼ਾ 7 ਲੱਖ ਕਰੋੜ ਰੁਪਏ ਤੱਕ ਪੁੱਜ ਚੁੱਕਾ ਹੈ, ਜੋ ਸੂਬੇ ਦੀ ਕੁਲ ਘਰੇਲੂ ਪੈਦਾਵਾਰ (ਜੀ ਡੀ ਪੀ) ਦਾ ਲਗਭਗ 20 ਫੀਸਦੀ ਹੈ। 'ਮੁੱਖ ਮੰਤਰੀ ਮਾਝੀ ਲੜਕੀ ਬਹਿਨ ਯੋਜਨਾ' ਤਹਿਤ 21-65 ਸਾਲ ਦੀਆਂ ਮਹਿਲਾਵਾਂ ਨੂੰ 1500 ਰੁਪਏ ਮਹੀਨਾ ਦਿੱਤੇ ਜਾਣੇ ਹਨ, ਭਾਵੇਂ ਉਹ ਵਿਆਹੀਆਂ ਹਨ ਜਾਂ ਨਹੀਂ। ਇਸ ਨਾਲ ਖਜ਼ਾਨੇ 'ਤੇ 46 ਹਜ਼ਾਰ ਕਰੋੜ ਦਾ ਭਾਰ ਪੈਣਾ ਹੈ। ਇਸ ਯੋਜਨਾ ਨੂੰ ਚੋਣਾਂ ਦੇ ਮੱਦੇਨਜ਼ਰ ਫਟਾਫਟ ਲਾਗੂ ਕੀਤਾ ਗਿਆ ਹੈ, ਇਹ ਹਿਸਾਬ ਲਾਏ ਬਿਨਾਂ ਕਿ ਪੈਸੇ ਦਾ ਪ੍ਰਬੰਧ ਕਿੱਥੋਂ ਕਰਨਾ ਹੈ। ਗਡਕਰੀ ਇਸ ਤੋਂ ਪਹਿਲਾਂ ਪੁਣੇ ਵਿਚ ਇਹ ਕਹਿ ਚੁੱਕੇ ਹਨ ਕਿ ਜਿਸ ਫਾਈਲ 'ਤੇ ਪੈਸੇ ਰੱਖੇ ਹੁੰਦੇ ਹਨ, ਉਹ ਸਾਡੇ ਸਿਸਟਮ ਵਿਚ ਤੇਜ਼ੀ ਨਾਲ ਚਲਦੀ ਹੈ। ਉਹ ਸਿਆਸਤ ਨੂੰ ਕੈਰੀਅਰ ਬਣਾਉਣ ਲਈ ਵਰਤਣ ਦਾ ਵੀ ਵਿਰੋਧ ਕਰਦੇ ਰਹਿੰਦੇ ਹਨ।

ਦਰਅਸਲ ਜਦੋਂ ਤੋਂ ਭਾਜਪਾ ਪ੍ਰਧਾਨ ਜੇ ਪੀ ਨੱਢਾ ਨੇ ਕਿਹਾ ਹੈ ਕਿ ਭਾਜਪਾ ਹੁਣ ਏਨੀ ਤਕੜੀ ਹੋ ਗਈ ਹੈ ਕਿ ਚੋਣਾਂ ਜਿੱਤਣ ਲਈ ਉਸ ਨੂੰ ਆਰ ਐੱਸ ਐੱਸ ਦੀ ਪਹਿਲਾਂ ਵਰਗੀ ਲੋੜ ਨਹੀਂ ਰਹੀ, ਆਰ ਐੱਸ ਐੱਸ ਖਿਝਿਆ ਹੋਇਆ ਹੈ। ਉਸ ਦੇ ਵਰਕਰਾਂ ਵੱਲੋਂ ਲੋਕ ਸਭਾ ਚੋਣਾਂ ਵਿਚ ਖੁੱਲ੍ਹ ਕੇ ਹਿੱਸਾ ਨਾ ਲੈਣ ਕਾਰਨ ਭਾਜਪਾ ਸਪੱਸ਼ਟ ਬਹੁਮਤ ਹਾਸਲ ਨਹੀਂ ਸੀ ਕਰ ਸਕੀ। ਆਰ ਐੱਸ ਐੱਸ ਮੋਦੀ-ਸ਼ਾਹ ਜੋੜੀ ਦੀਆਂ ਮਨਮਾਨੀਆਂ ਤੋਂ ਵੀ ਨਾਰਾਜ਼ ਹੈ। ਮੋਦੀ ਵਿਰੁੱਧ ਕੋਈ ਵੱਡਾ ਫੈਸਲਾ ਲੈਣ ਤੋਂ ਪਹਿਲਾਂ ਉਹ ਭਾਜਪਾ, ਜਿਸ ਨੂੰ ਉਸ ਦੀ ਔਲਾਦ ਮੰਨਿਆ ਜਾਂਦਾ ਹੈ, ਉੱਤੇ ਪੂਰਾ ਕੰਟਰੋਲ ਕਰਨਾ ਚਾਹੁੰਦਾ ਹੈ। ਇਸ ਲਈ ਉਹ ਗਡਕਰੀ ਜਾਂ ਉਸ ਵਰਗੇ ਕਿਸੇ ਆਗੂ ਨੂੰ ਮੁੜ ਪ੍ਰਧਾਨ ਬਣਾਉਣਾ ਚਾਹੁੰਦਾ ਹੈ, ਜੋ ਆਰ ਐੱਸ ਐੱਸ ਦਾ ਕਹਿਣਾ ਮੰਨੇ।

## ਪਾਠਕ-ਸੱਥ

### ਜਾਲ੍ਹੀ ਡਿਗਰੀਆਂ 'ਤੇ ਸ਼ਿਕੰਜਾ

ਜਲੰਧਰ ਪੁਲਸ ਨੇ ਬੀਤੇ ਦਿਨੀਂ ਛਾਪਾ ਮਾਰ ਕੇ ਜਾਲ੍ਹੀ ਡਿਗਰੀਆਂ ਦਾ ਕਾਰੋਬਾਰ ਕਰਨ ਵਾਲੇ ਗਰੋਹ ਦਾ ਪਰਦਾ ਫਾਸ਼ ਕਰਦੇ ਹੋਏ ਸਿੱਖਿਆ ਦੇ ਖ਼ੇਤਰ ਵਿੱਚ ਹੋ ਰਹੀ, ਧਾਂਦਲੀਆਂ ਨੂੰ ਫ਼ਿਰ ਉਜ਼ਾਗਰ ਕਰ ਦਿੱਤਾ ਹੈ। ਜਾਲ੍ਹੀ ਡਿਗਰੀਆਂ ਦਾ ਕਾਰੋਬਾਰ ਜਿਥੇ ਸਿੱਖਿਆ ਦੇ ਖ਼ੇਤਰ ਨੂੰ ਖ਼ੋਰਾ ਲਾ ਰਿਹਾ ਹੈ, ਉਥੇ ਵਿਦਿਆਰਥੀਆਂ ਦੇ ਭਵਿੱਖ ਨਾਲ਼ ਖਿਲਵਾੜ ਕਰਦਾ ਹੋਇਆ ਉਹਨਾਂ ਨੂੰ ਕੁਰਾਹੇ ਪਾ ਕੇ ਉਹਨਾਂ ਦੇ ਕੀਮਤੀ ਪੈਸੇ ਅਤੇ ਭਵਿੱਖ ਨੂੰ ਵੀ ਬਰਬਾਦ ਕਰ ਰਿਹਾ ਹੈ । ਸਮੇਂ-ਸਮੇਂ ਸਰਕਾਰਾਂ ਵੱਲੋਂ ਜਾਲ੍ਹੀ ਡਿਗਰੀਆਂ ਦਾ ਕਾਰੋਬਾਰ ਕਰਨ ਵਾਲਿਆਂ ਦੀ ਪੈੜ ਨੱਪੀ ਜਾਂਦੀ ਰਹੀ ਹੈ, ਪ੍ਰੰਤੂ ਇਸ ਨੂੰ ਜੜ੍ਹੋਂ ਪੁੱਟਣਾ ਅਜੇ ਮੁਸ਼ਕਲ ਜਾਪਦਾ ਹੈ । ਵਿਦਿਆਰਥੀਆਂ ਨੂੰ ਇਹ ਸਮਝਣਾ ਹੋਵੇਗਾ ਕਿ ਜ਼ਿੰਦਗੀ ਵਿੱਚ ਕਾਮਯਾਬ ਹੋਣ ਦਾ ਕੋਈ ਸ਼ਾਰਟਕੱਟ ਰਸਤਾ ਨਹੀਂ, ਇੱਕ ਹੀ ਰਸਤਾ ਹੈ ਉਹ ਹੈ ਮਿਹਨਤ-ਮੁਸ਼ੱਕਤ ਨਾਲ਼ ਲਗਾਤਾਰ ਪੜ੍ਹਨ ਦਾ ।ਘਰ ਬੈਠਿਆਂ ਨੂੰ ਡਿਗਰੀਆਂ ਦੇਣ ਵਾਲੇ ਆਪਣੀਆਂ ਜੇਬਾਂ ਤਾਂ ਭਰ ਲੈਂਦੇ ਹਨ, ਪ੍ਰੰਤੂ ਵਿਦਿਆਰਥੀ ਇਹਨਾਂ ਡਿਗਰੀਆਂ ਦੇ ਸਿਰ 'ਤੇ ਨੌਕਰੀ ਨਹੀਂ ਲੈ ਸਕਦੇ, ਜ਼ੇਕਰ ਕਦੇ ਕੋਈ ਅੱਖਾਂ ਦੇ ਵਿੱਚ ਘੱਟਾ ਪਾ ਕੇ ਨੌਕਰੀ ਲੈ ਵੀ ਲੈਂਦਾ ਹੈ ਤਾਂ ਉਹ ਜੇਕਰ ਕਦੇ ਫੜਿਆ ਜਾਵੇ ਤਾਂ ਚਾਰ ਸੌ ਵੀਹ ਦੇ ਕੇਸ ਵਿੱਚ ਸਜ਼ਾ ਦਾ ਗੁਨਾਹਗਾਰ ਬਣ ਕੇ ਸਾਰੀ ਉਮਰ ਕਿਸੇ ਕੰਮ ਦਾ ਨਹੀਂ ਰਹਿੰਦਾ।ਇਸ ਤਰ੍ਹਾਂ ਪੈਸਾ ਵੀ ਗਿਆ ਅਤੇ ਕੀਮਤੀ ਸਮਾਂ ਵੀ ਹੱਥੋਂ ਜਾਂਦਾ ਰਿਹਾ। ਇਹਨਾਂ ਪ੍ਰੇਸ਼ਾਨੀਆਂ ਤੋਂ ਨਿਜਾਤ ਪਾਉਣ ਲਈ ਨੌਜਵਾਨ ਨਸ਼ੇ ਅਤੇ ਖੁਦਕੁਸ਼ੀ ਵਰਗੇ ਕਦਮ ਚੁੱਕਣ ਲਈ ਮਜਬੂਰ ਹੋ ਜਾਂਦੇ ਹਨ । ਜਾਲ੍ਹੀ ਡਿਗਰੀਆਂ ਦੇ ਦੇਸ਼ ਵਿੱਚ ਚੱਲ ਰਹੇ ਗੋਰਖਧੰਦੇ ਨੂੰ ਨਕੇਲ ਪਾਉਣ ਲਈ ਬਣੇ ਕਾਨੂੰਨ ਸਖ਼ਤੀ ਨਾਲ ਲਾਗੂ ਕਰਦੇ ਹੋਏ ਆਮ ਆਦਮੀ ਨੂੰ ਵੀ ਇਹਨਾਂ ਡਿਗਰੀਆਂ ਦੇ ਸੌਦਾਗਰਾਂ ਤੋਂ ਸੁਚੇਤ ਰਹਿਣ ਦੀ ਲੋੜ ਹੈ, ਤਾਂ ਜੋ ਪੈਸੇ ਦੇ ਨਾਲ-ਨਾਲ ਨੌਜਵਾਨਾਂ ਦਾ ਕੀਮਤੀ ਭਵਿੱਖ ਬਚਾ ਕੇ ਉਹਨਾਂ ਨੂੰ ਸਹੀ ਦਿਸ਼ਾ ਦਿੱਤੀ ਜਾ ਸਕੇ।

**-ਰਜਵਿੰਦਰ ਪਾਲ ਸ਼ਰਮਾ, ਸੰਪਰਕ : 70873-67969**

### ਨਾ ਲਾਈਏ ਪਰਾਲੀ ਨੂੰ ਅੱਗ

ਕੁਦਰਤ ਨੇ ਸੋਹਣੀ ਕਾਇਨਾਤ ਦੀ ਸਿਰਜਣਾ ਕੀਤੀ ਹੈ। ਸਵੇਰੇ ਉੱਠਦਿਆਂ ਹੀ ਅਸੀਂ ਪੰਛੀਆਂ ਦੀਆਂ ਚਹਿ-ਚਹਾਉਣ ਦੀਆਂ ਆਵਾਜ਼ਾਂ ਸੁਣਦੇ ਹਾਂ। ਪੈਸੇ ਦੀ ਹੋੜ ਕਰਕੇ ਅੱਜ ਮਨੁੱਖ ਲਗਾਤਾਰ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ। ਮਨੁੱਖ ਦੀ ਲਗਾਤਾਰ ਦਖਲ-ਅੰਦਾਜ਼ੀ ਕਰਕੇ ਕੁਦਰਤ ਬਾਰ-ਬਾਰ ਮਨੁੱਖ ਨੂੰ ਇਸ਼ਾਰੇ ਕਰ ਰਹੀ ਹੈ, ਪਰ ਜੋ ਇਨਸਾਨ ਹੈ, ਉਸ ਨੂੰ ਸਮਝ ਨਹੀਂ ਆ ਰਹੀ। ਕੁਝ ਦਿਨਾਂ ਬਾਅਦ ਹੀ ਝੋਨੇ ਦੀ ਕਟਾਈ ਸ਼ੁਰੂ ਹੋ ਜਾਏਗੀ । ਕਿੱਥੇ ਕਿੱਥੇ ਤਾਂ ਕਟਾਈ ਸੁਰੂ ਹੋ ਚੁੱਕੀ ਹੈ। ਕਈਆਂ ਥਾਵਾਂ 'ਤੇ ਨਾੜ ਨੂੰ ਸਾੜਨ ਦੀਆਂ ਖਬਰਾਂ ਵੀ ਆ ਰਹੀਆਂ ਹਨ। ਉਥੋਂ ਦੇ ਪ੍ਰਸ਼ਾਸਨ ਨੇ ਬਣਦੀ ਕਾਰਵਾਈ ਵੀ ਕੀਤੀ। ਕੋਈ ਸਮਾਂ ਸੀ ਜਦੋਂ ਕਿਸਾਨ ਦਾਤੀ ਨਾਲ ਹੀ ਫਸਲਾਂ ਦੀ ਕਟਾਈ ਕਰਦੇ ਸਨ। ਅੱਜਕੱਲ੍ਹ ਮਸ਼ੀਨਾਂ (ਕੰਬਾਈਨਾਂ) ਰਾਹੀਂ ਝੋਨੇ ਦੀ ਕਟਾਈ ਕੀਤੀ ਜਾਂਦੀ ਹੈ। ਹਰ ਸਾਲ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਆ ਜਾਂਦਾ ਹੈ।

ਕਿਸਾਨਾਂ ਦਾ ਕਹਿਣਾ ਹੈ ਕਿ ਪਰਾਲੀ ਸਾੜਨ ਤੋਂ ਇਲਾਵਾ ਉਨ੍ਹਾਂ ਕੋਲ ਹੋਰ ਕੋਈ ਚਾਰਾ ਨਹੀਂ। ਸਾਲ 2020 ਵਿਚ ਅਸੀਂ ਦੇਖਿਆ ਸੀ ਕਿ ਜਦੋਂ ਕੋਰੋਨਾ ਕਰਕੇ ਪੂਰੇ ਭਾਰਤ ਵਿਚ ਲਾਕਡਾਊਨ ਲੱਗਾ ਤਾਂ ਵਾਤਾਵਰਣ ਸਾਫ ਹੋ ਚੁੱਕਿਆ ਸੀ। ਕਸ਼ਮੀਰ ਤੋਂ ਲੈ ਕੇ ਕੰਨਿਆ ਕੁਮਾਰੀ ਤੱਕ ਹਵਾ ਸਾਫ ਹੋ ਚੁੱਕੀ ਸੀ। ਗੰਗਾ, ਜਮਨਾ ਤੋਂ ਲੈ ਕੇ ਬਿਆਸ ਦਰਿਆ ਵਿੱਚ ਪੰਛੀ ਅਠਖੇਲੀਆਂ ਕਰਦੇ ਨਜ਼ਰ ਆਏ ।ਆਪਣੇ ਨਿੱਜੀ ਸਵਾਰਥਾਂ ਖਾਤਰ ਮਨੁੱਖ ਕੁਦਰਤ ਨਾਲ ਲਗਾਤਾਰ ਖਿਲਵਾੜ ਕਰ ਰਿਹਾ ਹੈ, ਜਿਸ ਦਾ ਖਮਿਆਜ਼ਾ ਉਸ ਨੂੰ ਹਮੇਸ਼ਾ ਭੁਗਤਣਾ ਪੈਂਦਾ ਹੈ। ਇਨਸਾਨ ਫਿਰ ਵੀ ਨਹੀਂ ਸੁਧਰਿਆ। ਕੁਦਰਤ ਲਗਾਤਾਰ ਇਨਸਾਨ ਨੂੰ ਇਸ਼ਾਰੇ ਕਰ ਰਹੀ ਹੈ। ਫੈਕਟਰੀਆਂ ਦੀ ਰਹਿੰਦ-ਖੂੰਹਦ ਨੂੰ ਦਰਿਆਵਾਂ ਵਿੱਚ ਸੁੱਟਿਆ ਜਾ ਰਿਹਾ ਹੈ। ਦਰਿਆ ਪ੍ਰਦੂਸ਼ਣ ਦੀ ਸਮੱਸਿਆ ਗੰਭੀਰ ਹੁੰਦੀ ਜਾ ਰਹੀ ਹੈ। ਫੈਕਟਰੀਆਂ ਦੀਆਂ ਚਿਮਨੀਆਂ ਵਿੱਚੋਂ ਨਿਕਲਣ ਵਾਲਾ ਜ਼ਹਿਰੀਲਾ ਧੂੰਆਂ ਵੀ ਪ੍ਰਦੂਸ਼ਣ ਦਾ ਮੁੱਖ ਕਾਰਨ ਹੈ। ਧੂੰਏਂ ਕਾਰਨ ਵਾਤਾਵਰਨ ਵਿੱਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ। ਜਦੋਂ ਖੇਤਾਂ ਵਿੱਚ ਨਾੜ ਨੂੰ ਅੱਗ ਲਗਾਈ ਜਾਂਦੀ ਹੈ, ਤਾਂ ਇਹ ਧੂੰਆਂ ਫੇਫੜਿਆਂ ਲਈ ਨੁਕਸਾਨਦਾਇਕ ਹੁੰਦਾ ਹੈ, ਜਿਸ ਕਾਰਨ ਲੋਕ ਫੇਫੜਿਆਂ ਤੇ ਦਿਲ ਦੇ ਮਰੀਜ਼ ਬਣ ਜਾਂਦੇ ਹਨ। ਜਦੋਂ ਖੇਤਾਂ ਵਿੱਚ ਪਰਾਲੀ ਦੇ ਨਾੜ ਨੂੰ ਫੂਕਿਆ ਜਾਂਦਾ ਹੈ ਤਾਂ ਕਈ ਲੋਕ ਸੜਕ ਦੁਰਘਟਨਾਵਾਂ ਦੇ ਸ਼ਿਕਾਰ ਹੋ ਜਾਂਦੇ ਹਨ। ਸੜਕਾਂ 'ਤੇ ਧੂੰਆਂ ਹੀ ਧੂੰਆਂ ਪਸਰ ਜਾਂਦਾ ਹੈ। ਪਿਛਲੇ ਸਾਲ ਬਹੁਤ ਮੌਤਾਂ ਹੋਈਆਂ ।ਜਦੋਂ ਨਾੜ ਨੂੰ ਅੱਗ ਲਗਾਈ ਜਾਂਦੀ ਹੈ ਤਾਂ ਖੇਤਾਂ ਵਿੱਚ ਹਰੇ-ਭਰੇ ਦਰੱਖਤ ਵੀ ਸੜ ਜਾਂਦੇ ਹਨ, ਜ਼ਮੀਨ ਦੀ ਉਪਜਾਊ ਸਕਤੀ ਵੀ ਘਟ ਜਾਂਦੀ ਹੈ। 4 ਕੁ ਸਾਲ ਪਹਿਲਾਂ ਪੰਜਾਬ ਅਤੇ ਹਰਿਆਣਾ ਸਰਕਾਰ ਨੇ ਕਿਸਾਨਾਂ ਨੂੰ 2500 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਸੀ, ਪਰ ਅਜੇ ਤੱਕ ਇਹ ਮੁਆਵਜ਼ਾ ਕਿਸਾਨਾਂ ਤੱਕ ਨਹੀਂ ਪਹੁੰਚਿਆ। ਕੇਂਦਰ ਅਤੇ ਸੂਬਾ ਸਰਕਾਰ ਦੋਵੇਂ ਹੀ ਪਰਾਲੀ ਦਾ ਹੱਲ ਲੱਭਣ ਵਿਚ ਨਾਕਾਮ ਸਿੱਧ ਹੋਈਆਂ ਹਨ। ਪੰਜਾਬ ਸਰਕਾਰ ਨੇ ਸਬਸਿਡੀ 'ਤੇ ਕਿਸਾਨਾਂ ਨੂੰ ਮਸ਼ੀਨਾਂ ਵੀ ਮੁਹੱਈਆ ਕਰਵਾਈਆਂ ਹਨ। ਛੋਟੇ ਕਿਸਾਨ ਪਰਾਲੀ ਨੂੰ ਨਸ਼ਟ ਕਰਨ ਵਾਲੀਆਂ ਮਸ਼ੀਨਾਂ ਨਹੀਂ ਖਰੀਦ ਸਕਦੇ। ਚੰਗਾ ਹੋਵੇ ਜੇ ਸਰਕਾਰਾਂ ਰਾਹੀਂ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ, ਤਾਂ ਜੋ ਉਹ ਪਰਾਲੀ ਨੂੰ ਅੱਗ ਨਾ ਲਾਉਣ। ਜੁਰਮਾਨਾ ਤੇ ਸਜ਼ਾ ਕੋਈ ਮਸਲੇ ਦਾ ਹੱਲ ਨਹੀਂ।

**-ਸੰਜੀਵ ਸਿੰਘ ਸੈਣੀ, ਮੋਹਾਲੀ, 78889-66168**

# ਜੰਗਾਂ ਦੇ ਦੌਰ 'ਚ ਗੁੱਟ-ਨਿਰਲੇਪ ਅੰਦੋਲਨ ਨੂੰ ਯਾਦ ਕਰਦਿਆਂ



ਡਾ. ਅਰੁਣ ਮਿੱਤਰਾ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਗੱਲਬਾਤ ਬਿਨਾਂ ਕਿਸੇ ਨਤੀਜੇ, ਵਚਨਬੱਧਤਾ ਜਾਂ ਇੱਥੋਂ ਤੱਕ ਕਿ ਮੱਧ ਪੂਰਬ ਵਿੱਚ ਯੁੱਧ ਖਤਮ ਕਰਨ ਦੀ ਉਮੀਦ ਤੋਂ ਬਿਨਾਂ ਰਹੀ। ਐਕਸ ਤੇ ਆਪਣੇ ਹਵਾਲੇ ਵਿੱਚ ਸ੍ਰੀ ਮੋਦੀ ਨੇ ਕਿਹਾ ਹੈ ਕਿ ਉਨ੍ਹਾਂ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੂੰ ਕਿਹਾ, ਸਾਡੀ ਦੁਨੀਆ ਵਿੱਚ ਅੱਤਵਾਦ ਦੀ ਕੋਈ ਥਾਂ ਨਹੀਂ ਹੈ। ਖੇਤਰੀ ਤਣਾਅ ਨੂੰ ਰੋਕਣਾ ਅਤੇ ਸਾਰੇ ਬੰਧਕਾਂ ਦੀ ਸੁਰੱਖਿਅਤ ਰਿਹਾਈ ਨੂੰ ਯਕੀਨੀ ਬਣਾਉਣਾ ਮਹੱਤਵਪੂਰਨ ਹੈ। ਭਾਰਤ ਸ਼ਾਂਤੀ ਅਤੇ ਸਥਿਰਤਾ ਦੀ ਛੇਤੀ ਬਹਾਲੀ ਲਈ ਯਤਨਾਂ ਦਾ ਸਮਰਥਨ ਕਰਨ ਲਈ ਵਚਨਬੱਧ ਹੈ। ਕਿਤੇ ਵੀ ਉਹਨਾਂ ਨੇ ਇਜ਼ਰਾਈਲੀ ਹਮਰੁਤਬਾ ਨੂੰ ਗਾਜ਼ਾ ਅਤੇ ਹੁਣ ਲੇਬਨਾਨ ਵਿੱਚ ਹਮਲਾ ਅਤੇ ਨਸਲਕੁਸ਼ੀ ਰੋਕਣ ਲਈ ਕਿਹਾ ਹੈ। ਪਹਿਲੇ ਹੀ ਵਾਕ ਵਿਚ ਉਹਨਾਂ ਨੇ ਉਹੀ ਬਿਆਨਬਾਜ਼ੀ ਦੁਹਰਾਈ ਹੈ ਕਿ ਅੱਤਵਾਦ ਦੀ ਸਾਡੀ ਦੁਨੀਆ ਵਿਚ ਕੋਈ ਥਾਂ ਨਹੀਂ ਹੈ। ਇਹ ਹਮਾਸ ਅਤੇ ਹਿਜ਼ਬੁੱਲਾ ਦਾ ਸਿੱਧਾ ਸੰਦਰਭ ਹੈ, ਜਿਨ੍ਹਾਂ ਨੂੰ ਇਜ਼ਰਾਈਲੀ ਸਰਕਾਰ ਦੁਆਰਾ ਵਾਰ-ਵਾਰ ਅੱਤਵਾਦੀ ਸੰਗਠਨਾਂ ਵਜੋਂ ਗਰਦਾਨਿਆ ਜਾ ਰਿਹਾ ਹੈ । ਸ੍ਰੀ ਮੋਦੀ ਦਾ ਐਕਸ 'ਤੇ ਹਵਾਲਾ ਫੌਜੀ ਕਾਰਵਾਈ ਰਾਹੀਂ ਅੱਤਵਾਦੀਆਂ ਨਾਲ ਨਜਿੱਠਣ ਲਈ ਇਜ਼ਰਾਈਲ ਨੂੰ ਅਸਿੱਧੇ ਸਮਰਥਨ ਦੀ ਝਲਕ ਦਿੰਦਾ ਹੈ।

ਪਿਛਲੇ ਸਾਲ 7 ਅਕਤੂਬਰ ਨੂੰ ਬੇਕਸੂਰ ਨਾਗਰਿਕਾਂ ਨੂੰ ਮਾਰਨ ਅਤੇ ਉਨ੍ਹਾਂ ਨੂੰ ਬੰਧਕ ਬਣਾਉਣ ਦੀ ਹਮਾਸ ਦੀ ਕਾਰਵਾਈ ਕਤਈ ਵਾਜਬ ਨਹੀਂ ਹੈ। ਹਾਲਾਂਕਿ ਜੇਕਰ ਅਸੀਂ 24 ਅਕਤੂਬਰ 2023 ਨੂੰ ਸੁਰੱਖਿਆ ਪ੍ਰੀਸ਼ਦ ਨੂੰ ਸੰਬੋਧਨ ਕਰਦੇ ਹੋਏ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਟੇਰੇਸ ਦੀ ਗੱਲ ਕਰੀਏ, ਜਿਨ੍ਹਾਂ ਨੇ ਕਿਹਾ ਸੀ ਕਿ ਹਮਾਸ ਦੁਆਰਾ ਕੀਤੇ ਗਏ ਹਮਲੇ ਇੱਕ ਖਲਾਅ ਵਿੱਚ ਨਹੀਂ ਹੋਏ ਹਨ। ਫਲਸਤੀਨੀ ਲੋਕ 56 ਸਾਲਾਂ ਤੋਂ ਦਮ ਘੁਟਣ ਵਾਲੇ ਕਬਜ਼ੇ ਦੇ ਅਧੀਨ ਹਨ। ਉਨ੍ਹਾਂ ਨੇ ਆਪਣੀ ਜ਼ਮੀਨ ਨੂੰ ਬਸਤੀਆਂ ਦੁਆਰਾ ਨਿਗਲਦੇ ਅਤੇ ਹਿੰਸਾ ਨਾਲ ਗ੍ਰਸਤ ਦੇਖਿਆ ਹੈ; ਉਨ੍ਹਾਂ ਦੀ ਆਰਥਿਕਤਾ ਠੱਪ ਹੋ ਗਈ; ਉਨ੍ਹਾਂ ਦੇ ਲੋਕ ਉਜਾੜੇ ਗਏ ਅਤੇ ਉਨ੍ਹਾਂ ਦੇ ਘਰ ਢਾਹ ਦਿੱਤੇ ਗਏ। ਉਨ੍ਹਾਂ ਦੀ ਦੁਰਦਸ਼ਾ ਦੇ ਸਿਆਸੀ ਹੱਲ ਦੀ ਉਨ੍ਹਾਂ ਦੀਆਂ ਉਮੀਦਾਂ ਖ਼ਤਮ ਹੋ ਗਈਆਂ ਹਨ, ਪਰ ਫਲਸਤੀਨੀ ਲੋਕਾਂ ਦੀਆਂ ਸ਼ਿਕਾਇਤਾਂ ਹਮਾਸ ਦੇ ਭਿਆਨਕ ਹਮਲਿਆਂ ਨੂੰ ਜਾਇਜ਼ ਨਹੀਂ ਠਹਿਰਾ ਸਕਦੀਆਂ । ਅਤੇ ਉਹ ਭਿਆਨਕ ਹਮਲੇ ਫਲਸਤੀਨੀ ਲੋਕਾਂ ਦੀ ਸਮੂਹਿਕ ਸਜ਼ਾ ਨੂੰ ਜਾਇਜ਼ ਨਹੀਂ ਠਹਿਰਾ ਸਕਦੇ ।

ਐਕਸ 'ਤੇ ਆਪਣੇ ਹਵਾਲੇ ਵਿੱਚ ਸ੍ਰੀ ਨਰੇਂਦਰ ਮੋਦੀ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਦੇ ਜਵਾਬ ਦਾ ਜ਼ਿਕਰ ਨਹੀਂ ਕੀਤਾ ਹੈ । ਇਸ ਦਾ ਸਪੱਸ਼ਟ ਮਤਲਬ ਹੈ ਕਿ ਸ੍ਰੀ ਨੇਤਨਯਾਹੂ ਨੇ ਯੁੱਧ ਦੀ ਸਥਿਤੀ ਨੂੰ ਘਟਾਉਣ ਲਈ ਸਾਡੇ ਪ੍ਰਧਾਨ ਮੰਤਰੀ ਦੇ ਸੁਝਾਅ ਵੱਲ ਕੋਈ ਧਿਆਨ ਨਹੀਂ ਦਿੱਤਾ। ਇਜ਼ਰਾਈਲ ਪਹਿਲਾਂ ਹੀ ਹਮਲਾਵਰਤਾ ਵਧਾਉਣ ਦਾ ਆਪਣਾ ਇਰਾਦਾ ਦਿਖਾ ਚੁੱਕਾ ਹੈ ਅਤੇ ਪੂਰੇ ਮੱਧ ਪੂਰਬ ਨੂੰ ਧਮਕੀ ਵੀ ਦੇ ਚੁੱਕਾ ਹੈ । ਉਸ ਨੇ ਯੂ ਐੱਨ ਓ ਦੀਆਂ ਸਾਰੀਆਂ ਅਪੀਲਾਂ, ਇੰਟਰਨੈਸ਼ਨਲ ਕੋਰਟ ਆਫ਼ ਜਸਟਿਸ (ਆਈ ਸੀ ਜੇ) ਅਤੇ ਇੰਟਰਨੈਸ਼ਨਲ ਕ੍ਰਿਮੀਨਲ ਕੋਰਟ (ਆਈ ਸੀ ਸੀ) ਦੇ ਫੈਸਲਿਆਂ ਨੂੰ ਰੱਦ ਕਰ ਦਿੱਤਾ ਹੈ । ਉਸ ਨੇ ਅਮਰੀਕਾ ਦੇ ਰਾਸ਼ਟਰਪਤੀ ਜੋ ਬਾਈਡਨ ਦੁਆਰਾ ਜੰਗ ਵਿੱਚ ਠੱਲ ਪਾਉਣ ਦੀ ਅਪੀਲ ਦੀ ਪਰਵਾਹ ਨਹੀਂ ਕੀਤੀ ਹੈ, ਹਾਲਾਂਕਿ ਅਸੀਂ ਅਮਰੀਕੀ ਸਰਕਾਰ ਦੇ ਦੋਹਰੇ ਮਾਪਦੰਡਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਾਂ, ਕਿਉਂਕਿ ਉਹ ਹੀ ਹਨ, ਜਿਨ੍ਹਾਂ ਨੇ ਇਜ਼ਰਾਈਲ ਨੂੰ ਭਾਰੀ ਮਾਤਰਾ ਵਿੱਚ ਹਥਿਆਰਬੰਦ ਕੀਤਾ ਹੈ ਅਤੇ ਅੱਜ ਵੀ ਉਨ੍ਹਾਂ ਨੂੰ ਬੰਬ ਅਤੇ ਖੁਫੀਆ ਜਾਣਕਾਰੀ ਪ੍ਰਦਾਨ ਕਰ ਰਹੇ ਹਨ। ਇੱਕ ਅਮਰੀਕੀ ਸੈਨੇਟਰ ਨੇ ਮੰਨਿਆ ਹੈ ਕਿ ਲੇਬਨਾਨ ਵਿੱਚ ਹਿਜ਼ਬੁੱਲਾ ਮੁਖੀ ਹਸਨ ਨਸਰੱਲ੍ਹਾ ਨੂੰ ਮਾਰਨ ਲਈ ਵਰਤਿਆ ਗਿਆ 2000 ਪੌਂਡ ਦਾ ਬੰਬ ਅਮਰੀਕਾ ਦੁਆਰਾ ਸਪਲਾਈ ਕੀਤਾ ਗਿਆ ਸੀ । ਅਮਰੀਕਾ ਨੇ ਖੁੱਲ੍ਹੇਆਮ ਕਿਹਾ ਹੈ ਕਿ ਜੇਕਰ ਈਰਾਨ ਇਜ਼ਰਾਈਲ ਵਿਰੁੱਧ ਜੰਗ ਵਿੱਚ ਸ਼ਾਮਲ ਹੁੰਦਾ ਹੈ ਤਾਂ ਉਹ ਇਜ਼ਰਾਈਲ ਦੇ ਨਾਲ ਖੜ੍ਹਾ ਹੋਵੇਗਾ।

ਕੋਈ ਹੈਰਾਨੀ ਦੀ ਗੱਲ ਨਹੀਂ ਕਿ ਇਸ ਖੇਤਰ ਵਿੱਚ ਅਮਰੀਕਾ ਦੇ ਰਣਨੀਤਕ ਅਤੇ ਆਰਥਿਕ ਹਿੱਤ ਹਨ । ਇਹ ਮੰਦਭਾਗਾ ਹੈ ਕਿ ਨਾ ਤਾਂ ਅਮਰੀਕਾ ਅਤੇ ਨਾ ਹੀ ਇਜ਼ਰਾਈਲ ਨੂੰ ਜੰਗ ਦੇ ਨਤੀਜੇ ਵਜੋਂ ਸਿਹਤ ਅਤੇ ਮਾਨਵਤਾਵਾਦੀ ਸੰਕਟ ਦੀ ਕੋਈ ਚਿੰਤਾ ਹੈ। ਇਹ ਹੋਰ ਵੀ ਨਿਰਾਸ਼ਾਜਨਕ ਹੈ ਕਿ ਭਾਰਤੀ ਪ੍ਰਧਾਨ ਮੰਤਰੀ ਨੇ ਆਪਣੇ ਐਕਸ ਹਵਾਲੇ ਵਿੱਚ ਗਾਜ਼ਾ ਵਿੱਚ ਮਾਰੀਆਂ ਜਾ ਰਹੀਆਂ ਔਰਤਾਂ ਅਤੇ ਬੱਚਿਆਂ ਪ੍ਰਤੀ ਕੋਈ ਹਮਦਰਦੀ ਨਹੀਂ ਦਿਖਾਈ। ਇਹ ਵੀ ਦੱਸਣਯੋਗ ਹੈ ਕਿ ਭਾਰਤ ਸਰਕਾਰ ਨੇ ਕਾਮਿਆਂ ਨੂੰ ਇਜ਼ਰਾਈਲ ਤਾਂ ਭੇਜਿਆ ਹੈ, ਪਰ ਆਪਣੇ ਨਾਗਰਿਕਾਂ ਨੂੰ ਲੇਬਨਾਨ ਖਾਲੀ ਕਰਨ ਲਈ ਕਿਹਾ ਹੈ। ਇਹ ਵੀ ਹੁਣ ਪੂਰੀ ਤਰ੍ਹਾਂ ਸਪੱਸ਼ਟ ਹੋ ਗਿਆ ਹੈ ਕਿ ਇਜ਼ਰਾਇਲ ਦੇ ਮੌਜੂਦਾ ਜਾਇਨਵਾਦੀ ਸ਼ਾਸਨ ਨੂੰ ਬੰਧਕਾਂ ਦੀ ਰਿਹਾਈ ਵਿੱਚ ਕੋਈ ਦਿਲਚਸਪੀ ਨਹੀਂ ਹੈ। ਉਨ੍ਹਾਂ ਦਾ ਇੱਕੋ-ਇੱਕ ਉਦੇਸ਼ ਫਲਸਤੀਨੀਆਂ ਨੂੰ ਖ਼ਤਮ ਕਰਨਾ ਅਤੇ ਆਪਣੇ ਅਧੀਨ ਖੇਤਰ ਨੂੰ ਵਧਾਉਣਾ ਹੈ।

ਵਾਸਤਵ ਵਿੱਚ ਯੁੱਧ ਨੂੰ ਖਤਮ ਕਰਨ ਦੇ ਸਮੂਹਿਕ ਫੈਸਲੇ ਨੂੰ ਲਾਗੂ ਕਰਨ ਲਈ ਭਰੋਸੇਯੋਗ ਪ੍ਰਮਾਣ ਪੱਤਰਾਂ ਦੇ ਨਾਲ ਕੋਈ ਮਜ਼ਬੂਤ ਤਾਕਤ/ਸੰਗਠਨ ਅੱਜ ਦੁਨੀਆ ਵਿੱਚ ਨਹੀਂ ਹੈ । ਸੰਯੁਕਤ ਰਾਸ਼ਟਰ ਸੰਘ 'ਤੇ ਤਾਂ ਅਮਰੀਕਾ ਤੇ ਉਸ ਦੇ ਸਹਿਯੋਗੀਆਂ ਦਾ ਕਬਜ਼ਾ ਹੈ। ਇਹ ਇਸ ਸੰਦਰਭ ਵਿੱਚ ਹੈ ਕਿ ਸਾਨੂੰ ਗੁੱਟ ਨਿਰਲੇਪ ਅੰਦੋਲਨ (NAM) ਦੀ ਯਾਦ ਆਉਂਦੀ ਹੈ, ਜੋ ਕਿ ਵਿਕਾਸਸ਼ੀਲ ਦੇਸ਼ਾਂ ਦੀ ਸਮੂਹਿਕ ਆਵਾਜ਼ ਸੀ ਜਿਨ੍ਹਾਂ ਨੇ ਲੰਬੇ ਸੰਘਰਸ਼ਾਂ ਤੋਂ ਬਾਅਦ ਬਸਤੀਵਾਦੀ ਸ਼ਾਸਨ ਤੋਂ ਆਜ਼ਾਦੀ ਪ੍ਰਾਪਤ ਕੀਤੀ ਸੀ। ਇਨ੍ਹਾਂ ਦੇਸ਼ਾਂ ਨੂੰ ਹਮੇਸ਼ਾ ਆਸ ਰਹੀ ਕਿ ਭਾਰਤ ਉਨ੍ਹਾਂ ਦੇ ਨਾਲ ਖੜ੍ਹਾ ਹੋਵੇਗਾ ।

ਇਸ ਸੰਦਰਭ ਵਿੱਚ ਅਪ੍ਰੈਲ, 1955 ਵਿਚ ਹੋਈ ਬਾਂਡੁੰਗ ਕਾਨਫਰੰਸ ਨੂੰ ਧਿਆਨ ਵਿਚ ਰੱਖਣਾ ਉਚਿਤ ਹੋਵੇਗਾ, ਜਿਸ ਵਿਚ ਏਸ਼ਿਆਈ ਅਤੇ ਅਫ਼ਰੀਕੀ ਦੇਸ਼ਾਂ ਦੀਆਂ 29 ਸਰਕਾਰਾਂ ਦੇ ਪ੍ਰਤੀਨਿਧੀ ਇੰਡੋਨੇਸ਼ੀਆ ਦੇ ਨਗਰ ਬਾਂਡੁੰਗ ਵਿਚ ਸ਼ਾਂਤੀ ਲਈ ਤੀਜੀ ਦੁਨੀਆ ਦੀ ਭੂਮਿਕਾ ਬਾਰੇ ਚਰਚਾ ਕਰਨ ਲਈ ਇਕੱਠੇ ਹੋਏ ਸਨ। ਕਾਨਫਰੰਸ ਦੇ ਦੱਸੇ ਗਏ ਉਦੇਸ਼ ਐਫਰੋ-ਏਸ਼ੀਅਨ ਆਰਥਿਕ ਅਤੇ ਸੱਭਿਆਚਾਰਕ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਅਤੇ ਕਿਸੇ ਵੀ ਦੇਸ਼ ਦੁਆਰਾ ਬਸਤੀਵਾਦ ਜਾਂ ਨਵ-ਬਸਤੀਵਾਦ ਦਾ ਵਿਰੋਧ ਕਰਨਾ ਸੀ। ਇਸ ਕਾਨਫਰੰਸ ਨੇ ਗੁੱਟ ਨਿਰਲੇਪ ਅੰਦੋਲਨ (NAM) ਦੀ, ਜੋ ਕਿ ਰਸਮੀ ਤੌਰ 'ਤੇ 1 ਸਤੰਬਰ 1961 ਨੂੰ ਬੇਲਗ੍ਰੇਡ, (ਉਸ ਸਮੇਂ ਯੂਗੋਸਲਾਵੀਆ, ਹੁਣ ਸਰਬੀਆ) ਵਿੱਚ ਹੋਂਦ ਵਿੱਚ ਆਇਆ, ਦੀ ਨੀਂਹ ਰੱਖੀ ।

ਇਸ ਵਿੱਚ ਯੂਗੋਸਲਾਵੀਆ ਦੇ ਜੋਸਿਪ ਬ੍ਰੋਜ਼ ਟੀਟੋ, ਮਿਸਰ ਦੇ ਜਮਾਲ ਅਬਦੇਲ ਨਾਸਰ, ਭਾਰਤ ਦੇ ਜਵਾਹਰ ਲਾਲ ਨਹਿਰੂ, ਘਾਨਾ ਦੇ ਕਵਾਮੇ ਨਕਰੁਮਾ, ਇੰਡੋਨੇਸ਼ੀਆ ਦੇ ਸੁਕਾਰਨੋ ਨੇ ਅਗਵਾਈ ਕੀਤੀ । ਇਸ ਦੀ ਸਥਾਪਨਾ ਸ਼ੀਤ ਯੁੱਧ ਦੇ ਟਕਰਾਅ ਦੇ ਸੰਦਰਭ ਵਿੱਚ ਵਿਕਾਸਸ਼ੀਲ ਦੇਸ਼ਾਂ ਦੇ ਹਿੱਤਾਂ ਨੂੰ ਅੱਗੇ ਵਧਾਉਣ ਦੇ ਦ੍ਰਿਸ਼ਟੀਕੋਣ ਨਾਲ ਕੀਤੀ ਗਈ ਸੀ। ਆਪਣੇ ਪਹਿਲੇ ਤਿੰਨ ਦਹਾਕਿਆਂ ਵਿੱਚ ਅੰਦੋਲਨ ਨੇ ਉਪਨਿਵੇਸ਼ੀਕਰਨ, ਨਵੇਂ ਸੁਤੰਤਰ ਰਾਜਾਂ ਦੇ ਗਠਨ ਅਤੇ ਅੰਤਰ-ਰਾਸ਼ਟਰੀ ਸਬੰਧਾਂ ਦੇ ਲੋਕਤੰਤਰੀਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ।

ਅੰਦੋਲਨ ਸ਼ਾਂਤੀ ਅਤੇ ਜਮਹੂਰੀਅਤ ਲਈ ਇੱਕ ਸਕਾਰਾਤਮਕ ਸ਼ਕਤੀ ਬਣ ਗਿਆ। ਇਹ ਫ਼ਲਸਤੀਨੀ ਲੋਕਾਂ ਦੇ ਨਿਆਂਪੂਰਨ ਸੰਘਰਸ਼ ਦੇ ਨਾਲ ਖੜ੍ਹਾ ਸੀ ਅਤੇ ਦੱਖਣੀ ਅਫ਼ਰੀਕਾ ਵਿੱਚ ਨਸਲੀ ਵਿਤਕਰੇ ਵਿਰੁੱਧ ਸੰਘਰਸ਼ ਦਾ ਸਮਰਥਨ ਕਰਦਾ ਸੀ । ਇਸ ਨੇ ਨਿਸ਼ਸਤਰੀਕਰਨ ਅਤੇ ਪ੍ਰਮਾਣੂ ਹਥਿਆਰਾਂ ਦੇ ਖਾਤਮੇ ਦੀ ਵੀ ਜ਼ੋਰਦਾਰ ਗੱਲ ਕੀਤੀ । ਸਾਨੂੰ 1983 ਵਿੱਚ ਦਿੱਲੀ ਵਿੱਚ ਹੋਏ 7ਵਾਂ ਗੁੱਟ ਨਿਰਲੇਪ ਸਿਖਰ ਸੰਮੇਲਨ ਯਾਦ ਹੈ, ਜਿਸ ਵਿੱਚ ਫ਼ਲਸਤੀਨੀ ਲੋਕਾਂ ਦੇ ਨਿਰਵਿਵਾਦ ਨੇਤਾ ਯਾਸਰ ਅਰਾਫਾਤ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ ਸੀ । NAM ਵਿੱਚ ਆਗੂ ਵਜੋਂ ਭਾਰਤ ਸਰਕਾਰ ਕਦੇ ਵੀ ਇਜ਼ਰਾਈਲ ਦੀ ਜ਼ਿਆਨਵਾਦੀ ਸ਼ਾਸਨ ਦੇ ਨਾਲ ਖੁੱਲ੍ਹ ਕੇ ਜਾਂ ਲੁਕਵੇਂ ਰੂਪ ਵਿੱਚ ਖੜ੍ਹੀ ਨਹੀਂ ਹੋਈ।

ਬਦਕਿਸਮਤੀ ਨਾਲ ਸੋਵੀਅਤ ਯੂਨੀਅਨ ਦੇ ਢਹਿ ਜਾਣ ਤੋਂ ਬਾਅਦ, ਜਿਸ ਨੇ ਹਮੇਸ਼ਾ NAM ਦੇ ਉਦੇਸ਼ਾਂ ਦਾ ਸਮਰਥਨ ਕੀਤਾ, ਹਥਿਆਰਾਂ ਦੀ ਦੌੜ ਅਤੇ ਹਮਲਾਵਰਤਾ ਨੂੰ ਉਤਸ਼ਾਹਿਤ ਕਰਨ ਵਾਲੀਆਂ ਤਾਕਤਾਂ ਮਜ਼ਬੂਤ ਹੋ ਗਈਆਂ।

ਸਮਾਂ ਕਦੇ ਵੀ ਨਹੀਂ ਖੁੰਝਦਾ । ਅੱਜ ਜਦੋਂ ਦੁਨੀਆ ਦੇ ਕਈ ਹਿੱਸੇ ਗੰਭੀਰ ਟਕਰਾਅ ਦੇ ਅਧੀਨ ਹਨ, ਖਾਸ ਤੌਰ 'ਤੇ ਨਾਟੋ ਦੇ ਸਪੱਸ਼ਟ ਸਮਰਥਨ ਨਾਲ ਯੂਕਰੇਨ ਵਿੱਚ ਯੁੱਧ ਅਤੇ ਇਜ਼ਰਾਈਲੀ ਹਮਲੇ ਦੇ ਨਤੀਜੇ ਵਜੋਂ ਨਿਰਦੋਸ਼ਾਂ ਦੀ ਨਸਲਕੁਸ਼ੀ ਹੋ ਰਹੀ ਹੈ, NAM ਇਹਨਾਂ ਤਣਾਅ ਨੂੰ ਘੱਟ ਕਰਨ ਵਿੱਚ ਇੱਕ ਸਕਾਰਾਤਮਕ ਭੂਮਿਕਾ ਨਿਭਾਅ ਸਕਦਾ ਸੀ।

ਭਾਰਤ ਨੂੰ ਇਜ਼ਰਾਈਲ ਨਾਲ ਹਥਿਆਰਾਂ ਦਾ ਸੌਦਾ ਕਰਨ ਅਤੇ ਯੁੱਧ ਕਰਨ ਵਾਲਿਆਂ ਦਾ ਪੱਖ ਲੈਣ ਦੀ ਬਜਾਏ ਸਕਾਰਾਤਮਕ ਰਵੱਈਏ ਨਾਲ ਵਿਕਾਸਸ਼ੀਲ ਦੇਸ਼ਾਂ ਨੂੰ ਇਕਜੁੱਟ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

**# ਸੰਪਰਕ : 94170-00360**

# ਹੱਸੋ ਜ਼ਰੂਰ, ਪਰ ਕਿਸੇ ਦੇ ਮਨ ਨੂੰ ਠੇਸ ਨਾ ਪੁਚਾਓ....

**ਡਾਕਟਰ ਨਰਿੰਦਰ ਭੱਪਰ ਝਬੇਲਵਾਲੀ**

ਸਿਆਣੇ ਕਹਿੰਦੇ ਹਨ ਹੱਸਦਿਆਂ ਦੇ ਘਰ ਵਸਦੇ । ਕਈ ਵਾਰੀ ਅਸੀਂ ਹੱਸਦੇ-ਹੱਸਦੇ ਕਿਸੇ ਨਾਲ ਇਹੋ ਜਿਹਾ ਮਜ਼ਾਕ ਕਰ ਲੈਂਦੇ ਹਾਂ ਕਿ ਉਸ ਦੇ ਮਨ ਨੂੰ ਠੇਸ ਪਹੁੰਚ ਜਾਂਦੀ ਹੈ ।ਅੱਜਕੱਲ੍ਹ ਦੀ ਜ਼ਿੰਦਗੀ ਵਿਚ ਹਾਸਾ ਨਾਂਅ ਦੀ ਚੀਜ਼ ਮਨਫ਼ੀ ਹੋ ਗਈ ਹੈ । ਸਾਡੇ ਤਨ ਅਤੇ ਮਨ ਨੂੰ ਉਦਾਸੀ, ਚਿੰਤਾ, ਪਰੇਸ਼ਾਨੀ, ਤਣਾਅ ਅਤੇ ਡਿਪ੍ਰੈਸ਼ਨ ਨੇ ਉਲਝਾ ਰੱਖਿਆ ਹੈ ।ਅੱਜਕੱਲ੍ਹ ਸਾਡੇ ਕੋਲ ਕਿਸੇ ਨੂੰ ਮਜ਼ਾਕ ਕਰਨ ਦਾ ਸਮਾਂ ਨਹੀਂ ਹੈ, ਨਾ ਹੀ ਕੋਈ ਅੱਜਕੱਲ੍ਹ ਮਜ਼ਾਕ ਸਹਿੰਦਾ ਹੈ ।ਇਸ ਲਈ ਸਾਨੂੰ ਮਾਨਸਿਕ ਬਿਮਾਰੀਆਂ ਘੇਰ ਰਹੀਆਂ ਹਨ ।ਅਸੀਂ ਮੱਥੇ 'ਤੇ ਤਿਊੜੀਆਂ ਪਾ ਕੇ ਰੱਖਦੇ ਹਾਂ ।ਹਾਸਾ ਹੁਣ ਮੁੱਲ, ਵਿਕਦੀ ਚੀਜ਼ ਬਣਦਾ ਜਾ ਰਿਹਾ ਹੈ । ਡਾਕਟਰਾਂ ਅਨੁਸਾਰ ਸਾਨੂੰ ਭੁੱਲਣਾ ਨਹੀਂ ਚਾਹੀਦਾ ਕਿ ਹਾਸੇ-ਮਜ਼ਾਕ ਦੌਰਾਨ ਨਾ ਸਿਰਫ ਸਾਨੂੰ ਚਿੰਤਾਵਾਂ ਤੋਂ ਰਾਹਤ ਮਿਲਦੀ ਹੈ, ਸਗੋਂ ਮੁਸਕਰਾਉਂਦੀ ਜ਼ਿੰਦਗੀ ਵੀ ਮਿਲਦੀ ਹੈ । ਹਾਸੇ-ਮਜ਼ਾਕ ਨਾਲ ਅਸੀਂ ਤਣਾਅ ਮੁਕਤ ਹੋ ਜਾਂਦੇ ਹਾਂ, ਪਰ ਕਿਸੇ ਨਾਲ ਮਜ਼ਾਕ ਕਰਦੇ ਸਮੇਂ ਕਈ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ ।ਮਜ਼ਾਕ ਇਹੋ ਜਿਹਾ ਹੋਣਾ ਚਾਹੀਦਾ ਹੈ, ਜੋ ਕਿ ਕਿਸੇ ਦੇ ਦਿਲ ਨੂੰ ਠੇਸ ਨਾ ਪੁਚਾਵੇ ।ਕਈ ਵਾਰ ਕਿਸੇ ਨੂੰ ਮਜ਼ਾਕ ਬੁਰਾ ਲੱਗ ਜਾਵੇ ਤਾਂ ਲੜਾਈ-ਝਗੜਾ ਸ਼ੁਰੂ ਹੋ ਜਾਂਦਾ ਹੈ ।ਇਹ ਅਕਸਰ ਵੇਖਿਆ ਜਾਂਦਾ ਹੈ ਕਿ ਕਈ ਲੋਕ ਮਖੌਲੀਏ ਸੁਭਾਅ ਦੇ ਹੁੰਦੇ ਹਨ । ਉਹ ਗੱਲ-ਗੱਲ 'ਤੇ ਮਜ਼ਾਕ ਕਰ ਲੈਂਦੇ ਹਨ, ਪਰ ਜਦੋਂ ਗੱਲ ਉਹਨਾਂ 'ਤੇ ਆਉਂਦੀ ਹੈ, ਤਾਂ ਉਨ੍ਹਾਂ ਨੂੰ ਛੋਟਾ ਮਜ਼ਾਕ ਵੀ ਬਹੁਤ ਵੱਡਾ ਲੱਗਦਾ ਹੈ ।ਕਈ ਵਾਰ ਤਾਂ ਛਿੱਤਰੋ-ਛਿੱਤਰੀ ਵੀ ਹੋ ਜਾਂਦੇ ਹਨ ।

ਸਾਡੇ ਵਿੱਚੋਂ ਬਹੁਤ ਸਾਰੇ ਲੋਕ ਮਜ਼ਾਕੀਆ ਸੁਭਾਅ ਦੇ ਹੁੰਦੇ ਹਨ । ਉਨ੍ਹਾਂ ਦੀਆਂ ਗੱਲਾਂ ਦਾ ਸਿਲਸਿਲਾ ਜੇ ਇਕ ਵਾਰੀ ਸ਼ੁਰੂ ਹੋ ਜਾਵੇ ਤਾਂ ਉਹ ਆਪਣੀ ਗੱਲ ਨੂੰ ਮਜ਼ਾਕ ਦੀ ਚਾਸ਼ਨੀ ਵਿੱਚ ਲਪੇਟ ਲੈਂਦੇ ਹਨ ਕਿ ਸੁਣਨ ਵਾਲੇ ਦਾ ਚੰਗਾ ਮਨੋਰੰਜਨ ਹੋ ਜਾਂਦਾ ਹੈ। ਉਹ ਮਖੌਲ ਕਰਨ ਵਾਲੇ ਦੀ ਫਰਾਖਦਿਲੀ, ਜਿੰਦਾਦਿਲੀ ਤੇ ਮਜ਼ਾਕੀਆ ਸੁਭਾਅ ਦੀ ਤਰੀਫ਼ ਕਰਦੇ ਹਨ। ਉਹ ਸੋਚਦੇ ਹਨ ਕਿ ਉਹਨਾ ਵਿੱਚ ਵੀ ਇਹੋ ਜਿਹਾ ਗੁਣ ਹੁੰਦਾ, ਜਿਸ ਨਾਲ ਉਹ ਆਪਣੀਆਂ ਗੱਲਾਂ ਦੇ ਢੰਗ-ਤਰੀਕੇ ਨਾਲ ਸਭ ਨੂੰ ਮੋਹ ਲੈਂਦੇ।

ਇਸ ਗੱਲ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਆਪਸੀ ਗੱਲਬਾਤ ਵਿੱਚ ਮਜ਼ਾਕ ਕੀਤਾ ਜਾਂਦਾ ਹੈ, ਤਾਂ ਮਜ਼ਾਕ ਦਾ ਉਦੇਸ਼ ਇਕ-ਦੂਜੇ ਨੂੰ ਹਸਾਉਣਾ ਤੇ ਆਪ ਹੱਸਣਾ ਹੁੰਦਾ ਹੈ । ਨਾ ਕਿ ਉਸ ਦੇ ਮਨ ਨੂੰ ਠੇਸ ਪੁਚਾਉਣਾ ਜਾਂ ਉਸ ਦੀ ਕਿਸੇ ਕਮਜ਼ੋਰੀ 'ਤੇ ਵਿਅੰਗ ਕਰਨਾ । ਮਖੌਲ ਇਸ ਤਰ੍ਹਾਂ ਕਰਨਾ ਚਾਹੀਦਾ ਹੈ, ਜਿਸ ਨਾਲ ਗੱਲਬਾਤ ਵਿੱਚ ਹਿੱਸਾ ਲੈਣ ਵਾਲੇ ਦਾ ਦਿਲ ਖੁਸ਼ ਹੋ ਜਾਵੇ ਅਤੇ ਹਾਸੇ ਦਾ ਮਾਹੌਲ ਬਣਿਆ ਰਹੇ । ਮਜ਼ਾਕ ਦੀ ਵੀ ਇੱਕ ਸੀਮਾ ਹੋਣੀ ਚਾਹੀਦੀ ਹੈ। ਲੋੜ ਤੋਂ ਵੱਧ ਮਜ਼ਾਕ ਨਹੀਂ ਕਰਨਾ ਚਾਹੀਦਾ, ਕਿਉਂਕਿ ਸਾਰਿਆਂ ਦੀ ਸ਼ਹਿਣ ਸ਼ਕਤੀ ਇਕੋ ਜਿਹੀ ਨਹੀਂ ਹੁੰਦੀ ।

ਮਨੋਵਿਗਿਆਨੀਆਂ ਅਤੇ ਵਿਦਵਾਨ ਲੋਕਾਂ ਦਾ ਮੰਨਣਾ ਹੈ ਕਿ ਹਾਸਾ ਤਣਾਅ ਘੱਟ ਕਰਦਾ ਹੈ। ਚਿੰਤਾ ਮੁਕਤ ਕਰਦਾ ਹੈ ।ਮੂਡ ਨੂੰ ਚੜ੍ਹਦੀ ਕਲਾ ਵਿੱਚ ਰੱਖਦਾ ਹੈ ।ਇਹੋ ਕਾਰਨ ਹੈ ਕਿ ਅੱਜ-ਕੱਲ੍ਹ ਵੱਡੇ-ਵੱਡੇ ਸ਼ਹਿਰਾਂ ਵਿਚ ਉੱਚੀ-ਉੱਚੀ ਹੱਸਣ ਬਾਰੇ ਆਖਿਆ ਜਾਂਦਾ ਹੈ । ਇਸ ਨਾਲ ਸਾਡੇ ਸਰੀਰ ਦੀ ਵਰਜਿਸ਼ ਹੋ ਜਾਂਦੀ ਹੈ । ਅੱਜ-ਕੱਲ੍ਹ ਵੱਡੇ-ਵੱਡੇ ਸ਼ਹਿਰਾਂ ਵਿੱਚ ਲਾਫ਼ਟਰ ਕਲੱਬ ਬਣਾਏ ਹੋਏ ਹਨ, ਪਰ ਇਹ ਸਭ ਠੀਕ ਨਹੀਂ । ਸਾਨੂੰ ਹਾਸਾ ਸੁਭਾਵਕ ਹੀ ਆਉਣਾ ਚਾਹੀਦਾ ਹੈ ।ਸਾਨੂੰ ਲਾਫ਼ਟਰ ਕਲੱਬਾਂ ਦੀ ਸਹਾਇਤਾ ਨਹੀਂ ਲੈਣੀ ਚਾਹੀਦੀ । ਬਣਾਉਟੀ ਹਾਸਾ ਨਹੀਂ ਚਾਹੀਦਾ, ਹਾਸਾ-ਮਜ਼ਾਕ ਕਰਦੇ ਸਮੇਂ ਯਾਦ ਰੱਖਣ ਵਾਲੀ ਗੱਲ ਹੈ ਕਿ ਆਮ ਗੱਲਬਾਤ 'ਚੋਂ ਇੱਕ-ਦੂਜੇ ਨੂੰ ਮਜ਼ਾਕ ਕਰਨਾ ਠੀਕ ਹੈ ਪਰ ਕਿਸੇ 'ਤੇ ਵਿਅੰਗ ਨਾ ਕਰੋ ।ਉਸ ਨੂੰ ਤਾਹਨੇ-ਮਿਹਣੇ ਮਾਰੋ । ਉਸ ਦੀਆਂ ਕਮਜ਼ੋਰੀਆਂ ਨਾ ਗਿਣਾਓ ।

ਹਾਸਾ ਖੁੱਲ੍ਹ ਕੇ ਹੱਸਣਾ ਤੇ ਚੰਗੀ ਗੱਲਬਾਤ ਕਰਨੀ ਚਾਹੀਦੀ ਹੈ । ਕਿਸੇ 'ਤੇ ਵਿਅੰਗ ਨਹੀਂ ਕਰਨਾ ਚਾਹੀਦਾ। ਕਿਸੇ ਹੱਦ ਤੱਕ ਸੀਮਤ ਹੁੰਦਾ ਹੈ । ਹੱਸਦੇ-ਹੱਸਦੇ ਢਿੱਡੀਂ ਪੀੜਾਂ ਪੈਂਦੀਆਂ ਹਨ ਤਾਂ ਕਈ ਬਿਮਾਰੀਆਂ ਦਾ ਇਲਾਜ ਹੋ ਜਾਂਦਾ ਹੈ ।ਲੰਮੀ ਉਮਰ ਦਾ ਰਾਜ ਹਾਸਾ ਹੈ ।ਜੋ ਸਾਡੇ ਤੋਂ ਦੂਰ ਹੁੰਦਾ ਜਾ ਰਿਹਾ ਹੈ ।ਤਾਹੀਓਂ ਸਿਆਣੇ ਕਹਿੰਦੇ ਹਨ ਹੱਸਦਿਆਂ ਦੇ ਘਰ ਵਸਦੇ । ਸੋ ਸਾਨੂੰ ਰੋਂਦਿਆਂ ਵਰਗਾ ਮੂੰਹ ਨਹੀਂ ਬਣਾਉਣਾ ਚਾਹੀਦਾ ਅਤੇ ਹੱਸਦੇ ਰਹਿਣਾ ਚਾਹੀਦਾ ਹੈ।

**# ਸੰਪਰਕ : 62841-45349**

# ਗ੍ਰਾਮ ਪੰਚਾਇਤ ਚੋਣਾਂ 'ਚ ਭਾਈਚਾਰਕ ਸਾਂਝ ਨੂੰ ਕਾਇਮ ਰੱਖਣਾ ਜ਼ਰੂਰੀ



ਜਸਵਿੰਦਰ ਪਾਲ ਸ਼ਰਮਾ

ਗ੍ਰਾਮ ਪੰਚਾਇਤ ਚੋਣਾਂ ਭਾਰਤ ਦੇ ਪੇਂਡੂ ਲੋਕਤੰਤਰ ਦੀ ਨੀਂਹ ਵਜੋਂ ਕੰਮ ਕਰਦੀਆਂ ਹਨ, ਸਥਾਨਕ ਭਾਈਚਾਰਿਆਂ ਨੂੰ ਆਪਣੇ ਆਪ ਨੂੰ ਸ਼ਾਸਨ ਕਰਨ ਅਤੇ ਉਨ੍ਹਾਂ ਦੀਆਂ ਵਿਕਾਸ ਸੰਬੰਧੀ ਲੋੜਾਂ ਨੂੰ ਪੂਰਾ ਕਰਨ ਲਈ ਸ਼ਕਤੀ ਪ੍ਰਦਾਨ ਕਰਦੀਆਂ ਹਨ । ਹਾਲਾਂਕਿ ਚੋਣਾਂ ਵੰਡ ਦਾ ਇੱਕ ਸਰੋਤ ਵੀ ਬਣ ਸਕਦੀਆਂ ਹਨ, ਖਾਸ ਕਰਕੇ ਜੇ ਸਮਾਜਿਕ ਏਕਤਾ ਦੀ ਕੀਮਤ 'ਤੇ ਵਿਕਾਸ 'ਤੇ ਧਿਆਨ ਦਿੱਤਾ ਜਾਂਦਾ ਹੈ। ਪਿੰਡਾਂ ਦੇ ਵਿਕਾਸ ਅਤੇ ਭਾਈਚਾਰਕ ਭਾਵਨਾ ਨੂੰ ਕਾਇਮ ਰੱਖਣ ਵਿਚ ਸਹੀ ਸੰਤੁਲਨ ਕਾਇਮ ਕਰਨਾ ਨਾ ਸਿਰਫ਼ ਤਰੱਕੀ ਨੂੰ ਯਕੀਨੀ ਬਣਾਉਣ ਲਈ, ਸਗੋਂ ਇਕਸੁਰਤਾ ਅਤੇ ਸਮਾਵੇਸ਼ ਨੂੰ ਵੀ ਯਕੀਨੀ ਬਣਾਉਣ ਲਈ ਮਹੱਤਵਪੂਰਨ ਹੈ।

**ਪਿੰਡ ਦੇ ਵਿਕਾਸ ਵਿੱਚ ਗ੍ਰਾਮ ਪੰਚਾਇਤ ਦੀ ਭੂਮਿਕਾ** : ਗ੍ਰਾਮ ਪੰਚਾਇਤ ਭਾਰਤ ਦੀ ਪੰਚਾਇਤੀ ਰਾਜ ਪ੍ਰਣਾਲੀ ਦਾ ਸਭ ਤੋਂ ਹੇਠਲਾ ਪੱਧਰ ਹੈ, ਜਿਸ ਨੂੰ ਪੇਂਡੂ ਵਿਕਾਸ ਪ੍ਰੋਗਰਾਮਾਂ ਦੀ ਯੋਜਨਾਬੰਦੀ ਅਤੇ ਲਾਗੂ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਦੀਆਂ ਜ਼ਿੰਮੇਵਾਰੀਆਂ ਵਿੱਚ ਸਾਫ਼ ਪਾਣੀ, ਸੈਨੀਟੇਸ਼ਨ, ਸਿੱਖਿਆ, ਸਿਹਤ ਸੰਭਾਲ, ਸੜਕਾਂ ਅਤੇ ਬਿਜਲੀ ਵਰਗੇ ਬੁਨਿਆਦੀ ਢਾਂਚੇ ਤੱਕ ਪਹੁੰਚ ਨੂੰ ਯਕੀਨੀ ਬਣਾਉਣਾ ਸ਼ਾਮਲ ਹੈ। ਗ੍ਰਾਮ ਪੰਚਾਇਤਾਂ ਦੀ ਜ਼ਮੀਨੀ ਪੱਧਰ ਤੱਕ ਨੇੜਤਾ ਉਨ੍ਹਾਂ ਨੂੰ ਪਿੰਡ ਵਾਸੀਆਂ ਦੀਆਂ ਲੋੜਾਂ ਨੂੰ ਸਿੱਧੇ ਤੌਰ 'ਤੇ ਸਮਝਣ ਅਤੇ ਜਵਾਬ ਦੇਣ ਦੇ ਯੋਗ ਹੋਣ ਦਾ ਵਿਲੱਖਣ ਫਾਇਦਾ ਦਿੰਦੀ ਹੈ।

ਮਨਰੇਗਾ (ਮਹਾਤਮਾ ਗਾਂਧੀ ਰਾਸ਼ਟਰੀ ਗ੍ਰਾਮੀਣ ਰੁਜ਼ਗਾਰ ਗਾਰੰਟੀ ਐਕਟ), (ਪ੍ਰਧਾਨ ਮੰਤਰੀ ਆਵਾਸ ਯੋਜਨਾ) ਅਤੇ ਸਵੱਛ ਭਾਰਤ ਮਿਸ਼ਨ ਵਰਗੇ ਪ੍ਰੋਗਰਾਮਾਂ ਨੇ ਗ੍ਰਾਮ ਪੰਚਾਇਤਾਂ ਨੂੰ ਗ੍ਰਾਮੀਣ ਜੀਵਨ ਪੱਧਰ ਨੂੰ ਸੁਧਾਰਨ ਲਈ ਮਹੱਤਵਪੂਰਨ ਜ਼ਿੰਮੇਵਾਰੀਆਂ ਸੌਂਪੀਆਂ ਹਨ। ਇਹ ਪ੍ਰੋਗਰਾਮ ਪ੍ਰਭਾਵਸ਼ਾਲੀ ਸਥਾਨਕ ਸ਼ਾਸਨ 'ਤੇ ਟਿਕੇ ਹੋਏ ਹਨ, ਜੋ ਵਿਕਾਸ ਨੂੰ ਗਤੀ ਦੇਣ ਵਿੱਚ ਗ੍ਰਾਮ ਪੰਚਾਇਤਾਂ ਦੀ ਭੂਮਿਕਾ ਨੂੰ ਮਹੱਤਵਪੂਰਨ ਬਣਾਉਂਦੇ ਹਨ ।

ਹਾਲਾਂਕਿ ਵਿਕਾਸ ਨੂੰ ਇਕੱਲਿਆਂ ਨਹੀਂ ਦੇਖਿਆ ਜਾ ਸਕਦਾ। ਬੁਨਿਆਦੀ ਢਾਂਚਾ ਬਣਾਉਣਾ, ਸਹੂਲਤਾਂ ਵਿੱਚ ਸੁਧਾਰ ਕਰਨਾ ਅਤੇ ਆਰਥਿਕ ਮੌਕੇ ਪੈਦਾ ਕਰਨਾ ਜ਼ਰੂਰੀ ਹੈ, ਪਰ ਇਸ ਤਰ੍ਹਾਂ ਸਮਾਜਿਕ ਤਾਣੇ-ਬਾਣੇ ਨੂੰ ਸੁਰੱਖਿਅਤ ਰੱਖਣਾ ਹੈ, ਜੋ ਪਿੰਡ ਦੇ ਭਾਈਚਾਰੇ ਨੂੰ ਜੋੜਦਾ ਹੈ।

**ਵਿਕਾਸ 'ਤੇ ਪੂਰਾ ਧਿਆਨ ਕੇਂਦਰਤ ਕਰਨ ਦੀਆਂ ਚੁਣੌਤੀਆਂ** : ਗ੍ਰਾਮ ਪੰਚਾਇਤ ਚੋਣਾਂ ਦੌਰਾਨ ਉਮੀਦਵਾਰ ਅਕਸਰ ਤੇਜ਼ ਵਿਕਾਸ ਦੇ ਵਾਅਦਿਆਂ, ਬੁਨਿਆਦੀ ਢਾਂਚੇ, ਸੇਵਾਵਾਂ ਅਤੇ ਨੌਕਰੀਆਂ ਵਿੱਚ ਸੁਧਾਰ ਦੇ ਵਾਅਦੇ ਕਰਦੇ ਹਨ ।ਹਾਲਾਂਕਿ ਵਿਕਾਸ 'ਤੇ ਇੱਕ ਤੰਗ ਫੋਕਸ ਨਵੇਂ ਸਮਾਜਿਕ ਤਣਾਅ ਪੈਦਾ ਕਰ ਸਕਦਾ ਹੈ ਜਾਂ ਮੌਜੂਦਾ ਤਣਾਅ ਨੂੰ ਵਧਾ ਸਕਦਾ ਹੈ, ਖਾਸ ਤੌਰ 'ਤੇ ਜੇਕਰ ਫੈਸਲੇ ਲੈਣ ਜਾਂ ਸਰੋਤ ਵੰਡਣ ਵਿੱਚ ਖਾਸ ਸਮੂਹਾਂ ਦਾ ਪੱਖ ਪੂਰਿਆ ਜਾਂਦਾ ਹੈ।

ਬਹੁਤ ਸਾਰੇ ਪਿੰਡਾਂ ਵਿੱਚ ਜਾਤ, ਧਰਮ ਜਾਂ ਰਾਜਨੀਤਿਕ ਮਾਨਤਾ ਪ੍ਰਭਾਵਿਤ ਕਰਦੇ ਹਨ ਕਿ ਲੋਕ ਕਿਵੇਂ ਵੋਟ ਪਾਉਂਦੇ ਹਨ ਅਤੇ ਕਿਹੜੇ ਉਮੀਦਵਾਰ ਜਿੱਤਦੇ ਹਨ । ਇਹ ਗਤੀਸ਼ੀਲਤਾ ਫੁੱਟ ਪਾ ਸਕਦੀ ਹੈ, ਨੇਤਾ ਸੰਭਾਵੀ ਤੌਰ 'ਤੇ ਦੂਜਿਆਂ ਦੀ ਕੀਮਤ 'ਤੇ ਆਪਣੇ ਸਮਰਥਕਾਂ ਦੀਆਂ ਜ਼ਰੂਰਤਾਂ ਨੂੰ ਤਰਜੀਹ ਦਿੰਦੇ ਹਨ। ਨਤੀਜਾ ਅਕਸਰ ਸਮਾਜਿਕ ਵੰਡ ਹੁੰਦਾ ਹੈ, ਜੋ ਸਮੂਹਿਕ ਭਲੇ ਲਈ ਇਕੱਠੇ ਕੰਮ ਕਰਨ ਦੀ ਕਮਿਊਨਿਟੀ ਦੀ ਯੋਗਤਾ ਨੂੰ ਕਮਜ਼ੋਰ ਕਰਦਾ ਹੈ।

ਕਮਿਊਨਿਟੀ ਦੇ ਅੰਦਰ ਵੰਡੀਆਂ ਨਾ ਸਿਰਫ਼ ਵਿਕਾਸ ਵਿੱਚ ਰੁਕਾਵਟ ਪਾਉਂਦੀਆਂ ਹਨ, ਬਲਕਿ ਲੰਬੇ ਸਮੇਂ ਲਈ ਨਾਰਾਜ਼ਗੀ ਵੀ ਪੈਦਾ ਕਰ ਸਕਦੀਆਂ ਹਨ ਅਤੇ ਸਥਾਨਕ ਸ਼ਾਸਨ ਵਿੱਚ ਵਿਸ਼ਵਾਸ ਨੂੰ ਘਟਾ ਸਕਦੀਆਂ ਹਨ। ਏਕਤਾ ਤੋਂ ਬਿਨਾਂ ਵਿਕਾਸ ਪ੍ਰੋਜੈਕਟਾਂ ਨੂੰ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਰੁਕ ਸਕਦੀਆਂ ਹਨ, ਤਰੱਕੀ ਵਿੱਚ ਹੋਰ ਦੇਰੀ ਹੋ ਸਕਦੀ ਹੈ।

**ਸੰਤੁਲਨ ਦੀ ਲੋੜ** : ਭਾਈਚਾਰਕ ਏਕਤਾ ਨਾਲ ਵਿਕਾਸ : ਗ੍ਰਾਮ ਪੰਚਾਇਤਾਂ ਲਈ ਭਾਈਚਾਰਕ ਸਾਂਝ ਨੂੰ ਕਾਇਮ ਰੱਖਦੇ ਹੋਏ ਪਿੰਡ ਦੇ ਵਿਕਾਸ ਦੀ ਸਫਲਤਾਪੂਰਵਕ ਅਗਵਾਈ ਕਰਨ ਲਈ ਇੱਕ ਸੰਤੁਲਿਤ ਪਹੁੰਚ ਜ਼ਰੂਰੀ ਹੈ। ਨਿਮਨਲਿਖਤ ਰਣਨੀਤੀਆਂ ਇਹ ਯਕੀਨੀ ਬਣਾਉਣ ਵਿੱਚ ਮਦਦ ਕਰ ਸਕਦੀਆਂ ਹਨ ਕਿ ਵਿਕਾਸ ਪਹਿਲਕਦਮੀਆਂ ਸ਼ਾਮਲ ਹਨ ਅਤੇ ਭਾਈਚਾਰੇ ਦੀ ਭਾਵਨਾ ਬਰਕਰਾਰ ਹੈ।

**ਸਮੂਹਿਕ ਸ਼ਾਸਨ ਅਤੇ ਫੈਸਲੇ ਲੈਣਾ** : ਸਮਾਵੇਸ਼ੀ ਸ਼ਾਸਨ ਇਹ ਯਕੀਨੀ ਬਣਾਉਣ ਦੀ ਕੁੰਜੀ ਹੈ ਕਿ ਵਿਕਾਸ ਸਮੁੱਚੇ ਭਾਈਚਾਰੇ ਨੂੰ ਲਾਭ ਪਹੁੰਚਾਉਂਦਾ ਹੈ। ਪੰਚਾਇਤੀ ਨੇਤਾਵਾਂ ਨੂੰ ਫੈਸਲਾ ਲੈਣ ਦੀਆਂ ਪ੍ਰਕਿਰਿਆਵਾਂ ਵਿੱਚ ਪਿੰਡ ਦੇ ਸਾਰੇ ਵਰਗਾਂ ਨੂੰ ਸਰਗਰਮੀ ਨਾਲ ਸ਼ਾਮਲ ਕਰਨਾ ਚਾਹੀਦਾ ਹੈ, ਜਿਸ ਵਿੱਚ ਹਾਸ਼ੀਏ 'ਤੇ ਰਹਿ ਗਏ ਸਮੂਹਾਂ, ਔਰਤਾਂ ਅਤੇ ਨੀਵੀਂ ਜਾਤੀ ਦੇ ਭਾਈਚਾਰਿਆਂ ਨੂੰ ਸ਼ਾਮਲ ਕਰਨਾ ਚਾਹੀਦਾ ਹੈ। ਇਹ ਨਿਯਮਤ ਗ੍ਰਾਮ ਸਭਾਵਾਂ (ਪਿੰਡ ਮੀਟਿੰਗਾਂ) ਦੁਆਰਾ ਕੀਤਾ ਜਾ ਸਕਦਾ ਹੈ, ਜਿੱਥੇ ਨਿਵਾਸੀਆਂ ਨੂੰ ਉਹਨਾਂ ਦੀਆਂ ਲੋੜਾਂ ਅਤੇ ਚਿੰਤਾਵਾਂ ਨੂੰ ਆਵਾਜ਼ ਦੇਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਪ੍ਰੋਜੈਕਟਾਂ ਦੀ ਯੋਜਨਾਬੰਦੀ ਅਤੇ ਅਮਲ ਵਿੱਚ ਸਾਰਿਆਂ ਨੂੰ ਸ਼ਾਮਲ ਕਰਕੇ ਪੰਚਾਇਤ ਨੇਤਾ ਇਹ ਯਕੀਨੀ ਬਣਾਉਂਦੇ ਹਨ ਕਿ ਕੋਈ ਵੀ ਸਮੂਹ ਆਪਣੇ-ਆਪ ਨੂੰ ਛੱਡਿਆ ਜਾਂ ਵਿਤਕਰਾ ਮਹਿਸੂਸ ਨਾ ਕਰੇ। ਪਾਰਦਰਸ਼ੀ ਫੈਸਲੇ ਲੈਣ ਨਾਲ ਕਮਿਊਨਿਟੀ ਅਤੇ ਇਸ ਦੇ ਨੇਤਾਵਾਂ ਵਿਚਕਾਰ ਵਿਸ਼ਵਾਸ ਵਧਦਾ ਹੈ, ਵਿਕਾਸ ਪ੍ਰੋਜੈਕਟਾਂ ਦੀ ਸਮੂਹਿਕ ਮਾਲਕੀ ਦੀ ਭਾਵਨਾ ਪੈਦਾ ਹੁੰਦੀ ਹੈ।

**ਸਮਾਨਤਾ ਵਾਲੇ ਵਿਕਾਸ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰਨਾ** : ਪੰਚਾਇਤੀ ਨੇਤਾਵਾਂ ਨੂੰ ਖਾਸ ਸਮੂਹਾਂ ਜਾਂ ਵਿਅਕਤੀਆਂ ਦਾ ਪੱਖ ਲੈਣ ਦੀ ਬਜਾਏ ਪੂਰੇ ਪਿੰਡ ਨੂੰ ਲਾਭ ਪਹੁੰਚਾਉਣ ਵਾਲੇ ਵਿਕਾਸ ਪ੍ਰੋਜੈਕਟਾਂ 'ਤੇ ਧਿਆਨ ਦੇਣਾ ਚਾਹੀਦਾ ਹੈ । ਪ੍ਰੋਜੈਕਟ ਜੋ ਵਿਸ਼ਵ-ਵਿਆਪੀ ਲੋੜਾਂ ਨੂੰ ਸੰਬੋਧਿਤ ਕਰਦੇ ਹਨ, ਜਿਵੇਂ ਕਿ ਪਾਣੀ ਦੀ ਸਪਲਾਈ, ਸੈਨੀਟੇਸ਼ਨ, ਸਿਹਤ ਸੰਭਾਲ ਅਤੇ ਸਿੱਖਿਆ -ਇਹ ਯਕੀਨੀ ਬਣਾਉਣ ਵਿੱਚ ਮਦਦ ਕਰਦੇ ਹਨ ਕਿ ਸਮੁੱਚਾ ਭਾਈਚਾਰਾ ਵਿਕਾਸ ਦੇ ਲਾਭਾਂ ਦਾ ਅਨੁਭਵ ਕਰਦਾ ਹੈ । ਸਾਂਝੇ ਸੰਸਾਧਨਾਂ ਅਤੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਵਾਲੇ ਪ੍ਰੋਜੈਕਟਾਂ ਨੂੰ ਤਰਜੀਹ ਦੇਣ ਨਾਲ ਪਿੰਡਾਂ ਦੇ ਲੋਕਾਂ ਨੂੰ ਇਕੱਠਾ ਕੀਤਾ ਜਾ ਸਕਦਾ ਹੈ, ਜਿਸ ਨਾਲ ਸਾਂਝੇ ਉਦੇਸ਼ ਦੀ ਭਾਵਨਾ ਪੈਦਾ ਹੁੰਦੀ ਹੈ । ਉਦਾਹਰਨ ਲਈ, ਇੱਕ ਕਮਿਊਨਿਟੀ ਸੈਂਟਰ ਦਾ ਨਿਰਮਾਣ ਕਰਨਾ ਜਾਂ ਸੜਕਾਂ ਅਤੇ ਸਕੂਲਾਂ ਵਿੱਚ ਸੁਧਾਰ ਕਰਨਾ ਹਰ ਕਿਸੇ ਨੂੰ ਲਾਭ ਪਹੁੰਚਾਉਂਦਾ ਹੈ, ਚਾਹੇ ਉਹ ਕਿਸੇ ਵੀ ਜਾਤ ਜਾਂ ਰਾਜਨੀਤਕ ਸਬੰਧਾਂ ਦੇ ਹੋਣ।

**ਸੱਭਿਆਚਾਰਕ ਅਤੇ ਸਮਾਜਿਕ ਪਹਿਲਕਦਮੀਆਂ ਦੁਆਰਾ ਸਮਾਜਿਕ ਏਕਤਾ ਨੂੰ ਮਜ਼ਬੂਤ** : ਵਿਕਾਸ ਸਿਰਫ ਬੁਨਿਆਦੀ ਢਾਂਚੇ ਜਾਂ ਆਰਥਿਕ ਤਰੱਕੀ ਤੱਕ ਸੀਮਤ ਨਹੀਂ ਹੈ। ਸਮਾਜ ਦੇ ਅੰਦਰ ਬੰਧਨਾਂ ਦੀ ਮਜ਼ਬੂਤੀ ਸਮੇਤ ਸਮਾਜਿਕ ਵਿਕਾਸ ਵੀ ਬਰਾਬਰ ਮਹੱਤਵਪੂਰਨ ਹੈ। ਗ੍ਰਾਮ ਪੰਚਾਇਤ ਦੇ ਨੇਤਾਵਾਂ ਨੂੰ ਸੱਭਿਆਚਾਰਕ ਅਤੇ ਸਮਾਜਿਕ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ, ਜੋ ਵੱਖ-ਵੱਖ ਸਮੂਹਾਂ ਨੂੰ ਇਕੱਠੇ ਕਰਦੇ ਹਨ । ਤਿਉਹਾਰ ਮਨਾਉਣਾ, ਖੇਡ ਸਮਾਗਮਾਂ ਦਾ ਆਯੋਜਨ ਕਰਨਾ ਜਾਂ ਗੱਲਬਾਤ ਲਈ ਪਲੇਟਫਾਰਮ ਬਣਾਉਣਾ ਤਣਾਅ ਨੂੰ ਘਟਾਉਣ ਅਤੇ ਏਕਤਾ ਦੀ ਭਾਵਨਾ ਨੂੰ ਵਧਾਉਣ ਵਿੱਚ ਮਦਦ ਕਰ ਸਕਦਾ ਹੈ। ਸੱਭਿਆਚਾਰਕ ਅਤੇ ਸਮਾਜਿਕ ਸਮਾਗਮਾਂ ਵਿੱਚ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਕੇ ਇਹ ਯਕੀਨੀ ਬਣਾਉਂਦਾ ਹੈ ਕਿ ਚੋਣ ਦੇ ਮੌਸਮ ਦੌਰਾਨ ਵੀ ਪਿੰਡ ਇਕਜੁੱਟ ਰਹੇ ।

**ਜਵਾਬਦੇਹੀ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ**: ਜਵਾਬਦੇਹੀ ਚੰਗੇ ਸ਼ਾਸਨ ਦਾ ਆਧਾਰ ਹੈ । ਗ੍ਰਾਮ ਪੰਚਾਇਤਾਂ ਨੂੰ ਪਾਰਦਰਸ਼ੀ ਹੋਣਾ ਚਾਹੀਦਾ ਹੈ ਕਿ ਉਹ ਜਨਤਕ ਫੰਡਾਂ ਦੀ ਵਰਤੋਂ ਕਿਵੇਂ ਕਰਦੀਆਂ ਹਨ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਕਿਵੇਂ ਲਾਗੂ ਕਰਦੀਆਂ ਹਨ। ਵਿਕਾਸ ਦੀਆਂ ਪਹਿਲਕਦਮੀਆਂ ਦੀ ਪ੍ਰਗਤੀ ਬਾਰੇ ਨਿਯਮਤ ਰਿਪੋਰਟਿੰਗ ਅਤੇ ਖੁੱਲ੍ਹੇ ਵਿਚਾਰ-ਵਟਾਂਦਰੇ ਪੱਖਪਾਤ ਦੇ ਸ਼ੱਕ ਜਾਂ ਦੋਸ਼ਾਂ ਨੂੰ ਰੋਕ ਸਕਦੇ ਹਨ। ਜਨਤਕ ਜਵਾਬਦੇਹੀ ਲਈ ਵਿਧੀਆਂ ਦੀ ਸਥਾਪਨਾ ਕਰਨਾ-ਜਿਵੇਂ ਕਿ ਫੰਡਾਂ ਦੀ ਵਰਤੋਂ ਬਾਰੇ ਚਰਚਾ ਕਰਨ ਲਈ ਸਮਾਜਿਕ ਆਡਿਟ ਜਾਂ ਪਿੰਡ ਦੀਆਂ ਮੀਟਿੰਗਾਂ-ਇਹ ਯਕੀਨੀ ਬਣਾਉਂਦਾ ਹੈ ਕਿ ਭਾਈਚਾਰਾ ਸੂਚਿਤ ਅਤੇ ਸ਼ਾਮਲ ਰਹੇ। ਇਹ ਪਾਰਦਰਸ਼ਤਾ ਭਰੋਸੇ ਨੂੰ ਬਣਾਈ ਰੱਖਣ ਵਿੱਚ ਮਦਦ ਕਰਦੀ ਹੈ ਅਤੇ ਸਰੋਤਾਂ ਦੀ ਵੰਡ ਨੂੰ ਲੈ ਕੇ ਟਕਰਾਅ ਦੀ ਸੰਭਾਵਨਾ ਨੂੰ ਘਟਾਉਂਦੀ ਹੈ।

**ਏਕਤਾ ਅਤੇ ਵਿਕਾਸ 'ਤੇ ਕੇਂਦ੍ਰਿਤ ਲੀਡਰਸ਼ਿਪ ਦਾ ਨਿਰਮਾਣ** : ਸਮਾਜਿਕ ਸਦਭਾਵਨਾ ਦੀ ਲੋੜ ਦੇ ਨਾਲ ਵਿਕਾਸ ਦੀਆਂ ਲੋੜਾਂ ਨੂੰ ਸੰਤੁਲਿਤ ਕਰਨ ਵਾਲੇ ਆਗੂ ਪ੍ਰਭਾਵਸ਼ਾਲੀ ਸ਼ਾਸਨ ਲਈ ਜ਼ਰੂਰੀ ਹਨ । ਗ੍ਰਾਮ ਪੰਚਾਇਤ ਦੇ ਅਹੁਦਿਆਂ ਲਈ ਚੋਣ ਲੜ ਰਹੇ ਉਮੀਦਵਾਰਾਂ ਨੂੰ ਸਮੁੱਚੇ ਪਿੰਡ ਦੀ ਭਲਾਈ ਲਈ ਸ਼ਮੂਲੀਅਤ, ਪਾਰਦਰਸ਼ਤਾ ਅਤੇ ਵਚਨਬੱਧਤਾ 'ਤੇ ਜ਼ੋਰ ਦੇਣਾ ਚਾਹੀਦਾ ਹੈ। ਚੋਣ ਮੁਹਿੰਮ ਨੂੰ ਸਿਆਸੀ ਲਾਭ ਲਈ ਮੌਜੂਦਾ ਵੰਡਾਂ ਦਾ ਸ਼ੋਸ਼ਣ ਕਰਨ ਦੀ ਬਜਾਏ ਲੋਕਾਂ ਨੂੰ ਇਕੱਠੇ ਕਰਨ 'ਤੇ ਧਿਆਨ ਦੇਣਾ ਚਾਹੀਦਾ ਹੈ। ਸਮੂਹਿਕ ਤਰੱਕੀ ਦੇ ਵਿਚਾਰ ਦੇ ਆਲੇ-ਦੁਆਲੇ ਆਪਣੀਆਂ ਮੁਹਿੰਮਾਂ ਦਾ ਨਿਰਮਾਣ ਕਰਨ ਵਾਲੇ ਨੇਤਾ ਚੋਣਾਂ ਖਤਮ ਹੋਣ ਤੋਂ ਬਾਅਦ ਭਾਈਚਾਰਕ ਏਕਤਾ ਨੂੰ ਕਾਇਮ ਰੱਖਣ ਦੀ ਜ਼ਿਆਦਾ ਸੰਭਾਵਨਾ ਰੱਖਦੇ ਹਨ।

**ਵਿਕਾਸ ਅਤੇ ਨਾਗਰਿਕ ਜ਼ਿੰਮੇਵਾਰੀ ਬਾਰੇ ਵੋਟਰਾਂ ਨੂੰ ਸਿੱਖਿਅਤ ਕਰਨਾ** : ਨਾਗਰਿਕ ਸਿੱਖਿਆ ਇਹ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ ਕਿ ਵੋਟਰ ਸੂਚਿਤ ਫੈਸਲੇ ਲੈਣ। ਪਿੰਡਾਂ ਦੇ ਲੋਕਾਂ ਨੂੰ ਅਜਿਹੇ ਆਗੂਆਂ ਦੀ ਚੋਣ ਕਰਨ ਦੀ ਮਹੱਤਤਾ ਨੂੰ ਸਮਝਣਾ ਚਾਹੀਦਾ ਹੈ, ਜੋ ਨਾ ਸਿਰਫ਼ ਵਿਕਾਸ ਨੂੰ ਤਰਜੀਹ ਦਿੰਦੇ ਹਨ, ਸਗੋਂ ਸਮਾਜ ਦੀ ਸਮੁੱਚੀ ਭਲਾਈ ਨੂੰ ਵੀ ਤਰਜੀਹ ਦਿੰਦੇ ਹਨ। ਪ੍ਰੋਗਰਾਮ ਜੋ ਨਾਗਰਿਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ, ਪੰਚਾਇਤ ਦੀਆਂ ਜ਼ਿੰਮੇਵਾਰੀਆਂ ਅਤੇ ਉਨ੍ਹਾਂ ਦੀਆਂ ਵੋਟਾਂ ਦੇ ਲੰਬੇ ਸਮੇਂ ਦੇ ਪ੍ਰਭਾਵ ਬਾਰੇ ਜਾਗਰੂਕ ਕਰਦੇ ਹਨ, ਪਛਾਣ ਦੀ ਰਾਜਨੀਤੀ ਅਤੇ ਥੋੜ੍ਹੇ ਸਮੇਂ ਦੇ ਵਾਅਦਿਆਂ ਦੇ ਪ੍ਰਭਾਵ ਨੂੰ ਘਟਾਉਣ ਵਿੱਚ ਮਦਦ ਕਰ ਸਕਦੇ ਹਨ ।

ਜਦੋਂ ਵੋਟਰ ਵਿਅਕਤੀਗਤ ਜਾਂ ਜਾਤ-ਆਧਾਰਤ ਵਫ਼ਾਦਾਰੀ ਦੀ ਬਜਾਏ ਸੰਮਲਿਤ ਅਤੇ ਟਿਕਾਊ ਵਿਕਾਸ ਪ੍ਰਦਾਨ ਕਰਨ ਦੀ ਆਪਣੀ ਯੋਗਤਾ ਦੇ ਆਧਾਰ 'ਤੇ ਉਮੀਦਵਾਰਾਂ ਦੀ ਚੋਣ ਕਰਦੇ ਹਨ ਤਾਂ ਸਮੁੱਚੇ ਤੌਰ 'ਤੇ ਭਾਈਚਾਰੇ ਨੂੰ ਲਾਭ ਹੁੰਦਾ ਹੈ।

**ਸਿੱਟਾ** : ਗ੍ਰਾਮ ਪੰਚਾਇਤ ਚੋਣਾਂ ਵਿੱਚ, ਚੁਣੌਤੀ ਸਿਰਫ ਅਜਿਹੇ ਨੇਤਾਵਾਂ ਦੀ ਚੋਣ ਕਰਨ ਦੀ ਨਹੀਂ ਹੈ, ਜੋ ਵਿਕਾਸ ਪ੍ਰਦਾਨ ਕਰ ਸਕਦੇ ਹਨ, ਸਗੋਂ ਇਹ ਵੀ ਯਕੀਨੀ ਬਣਾਉਣਾ ਹੈ ਕਿ ਵਿਕਾਸ ਸੰਮਲਿਤ ਹੋਵੇ ਅਤੇ ਸਮਾਜ ਦੇ ਟੁਕੜੇ ਨਾ ਕਰੇ। ਪਾਰਦਰਸ਼ੀ, ਬਰਾਬਰੀ ਵਾਲੇ ਸ਼ਾਸਨ 'ਤੇ ਧਿਆਨ ਕੇਂਦਰਤ ਕਰਨਾ, ਸਮਾਜਿਕ ਏਕਤਾ ਨੂੰ ਉਤਸ਼ਾਹਿਤ ਕਰਨਾ ਅਤੇ ਫੈਸਲੇ ਲੈਣ ਵਿੱਚ ਸੰਮਿਲਿਤ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਤਰੱਕੀ ਨੂੰ ਚਲਾਉਂਦੇ ਹੋਏ ਭਾਈਚਾਰਕ ਏਕਤਾ ਬਣਾਈ ਰੱਖਣ ਲਈ ਜ਼ਰੂਰੀ ਰਣਨੀਤੀਆਂ ਹਨ । ਪਿੰਡਾਂ ਦੇ ਵਿਕਾਸ ਦੀ ਸਫ਼ਲਤਾ ਆਖਰਕਾਰ ਆਗੂਆਂ ਅਤੇ ਵੋਟਰਾਂ ਦੀ ਸਮੂਹਿਕ ਭਲਾਈ ਨੂੰ ਤਰਜੀਹ ਦੇਣ ਦੀ ਯੋਗਤਾ 'ਤੇ ਨਿਰਭਰ ਕਰਦੀ ਹੈ। ਇਹ ਯਕੀਨੀ ਬਣਾ ਕੇ ਕਿ ਵਿਕਾਸ ਸਮਾਜ ਨੂੰ ਸੁਰੱਖਿਅਤ ਰੱਖਣ ਅਤੇ ਮਜ਼ਬੂਤ ਕਰਨ ਦੇ ਯਤਨਾਂ ਨਾਲ ਸੰਤੁਲਿਤ ਹੋਵੇ, ਗ੍ਰਾਮ ਪੰਚਾਇਤਾਂ ਪਿੰਡਾਂ ਨੂੰ ਟਿਕਾਊ ਵਿਕਾਸ, ਸਾਰਿਆਂ ਲਈ ਸਦਭਾਵਨਾ ਅਤੇ ਖੁਸ਼ਹਾਲੀ ਵੱਲ ਲਿਜਾ ਸਕਦੀਆਂ ਹਨ।

**# ਸੰਪਰਕ : 79860-27454**

# ਗੈਸ ਕਟਰ ਨਾਲ ਏ ਟੀ ਐੱਮ ਭੰਨ ਕੇ ਲੁੱਟਣ ਵਾਲੇ ਚਾਰ ਲੁਟੇਰੇ ਪੁਲਸ ਨੇ ਕੀਤੇ ਕਾਬੂ



ਜਗਰਾਉਂ (ਅਮਿਤ ਖੰਨਾ) ਪਿਛਲੇ ਮਹੀਨੇ 17 ਤੇ 18 ਸਤੰਬਰ ਦੀ ਦਰਮਿਆਨੀ ਰਾਤ ਨੂੰ ਥਾਣਾ ਹਠੂਰ ਅਧੀਨ ਪੈਂਦੇ ਪਿੰਡ ਲੰਮਾ ਵਿਖੇ ਪੰਜਾਬ ਨੈਸ਼ਨਲ ਬੈਂਕ ਦੇ ਇੱਕ ਏਟੀਐਮ ਦਾ ਸਟਰ ਗੈਸ ਕਟਰ ਨਾਲ ਕੱਟ ਕੇ ਉਸ ਵਿੱਚੋਂ 17 ਲੱਖ 14500 ਰੁਪਏ ਚੋਰੀ ਹੋ ਗਏ ਸਨ।ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਆਈਪੀਐਸ ਵੱਲੋਂ ਇਸ ਚੋਰੀ ਨੂੰ ਟਰੇਸ ਕਰਨ ਲਈ ਪੁਲਸ ਦੀਆਂ ਅਲੱਗ-ਅਲੱਗ ਟੀਮਾਂ ਬਣਾ ਕੇ ਚੋਰਾਂ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ ਗਈ ਸੀ ਤੇ ਕੁਝ ਦਿਨ ਪਹਿਲਾਂ ਹੀ ਚੋਰਾਂ ਨੂੰ ਪਨਾਹ ਦੇਣ ਵਾਲੀਆਂ ਦੋ ਔਰਤਾਂ ਹਰਪ੍ਰੀਤ ਕੌਰ ਉਰਫ਼ ਹਣੀ ਪਤਨੀ ਗੁਰਲਾਲ ਸਿੰਘ ਵਾਸੀ ਰਾਜਸਥਾਨ ਹਾਲ ਵਾਸੀ ਮਹੱਲਾ ਸੰਤ ਬਿਹਾਰ ਹੈਬੋਵਾਲ ਲੁਧਿਆਣਾ ਅਤੇ ਵੀਰਪਾਲ ਕੌਰ ਉਰਫ਼ ਜੋਤੀ ਪਤਨੀ ਗੁਰਪ੍ਰੀਤ ਸਿੰਘ ਵਾਸੀ ਮੋਗਾ ਹਾਲ ਕਿਰਾਏਦਾਰ ਕ੍ਰਿਸ਼ਨਾ ਨਗਰ ਲੁਧਿਆਣਾ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

ਐਸ ਐਸ ਪੀ ਨਵਨੀਤ ਸਿੰਘ ਬੈਂਸ ਨੇ ਦੱਸਿਆ ਕਿ ਗੈਸ ਕਟਰ ਨਾਲ ਏਟੀਐਮ ਦਾ ਸ਼ਟਰ ਭੰਨ ਕੇ ਚੋਰੀ ਕਰਨ ਵਾਲੇ ਚਾਰ ਚੋਰਾਂ ਨੂੰ ਵੀ ਕਾਬੂ ਕਰ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁਕੱਦਮੇ ਨੂੰ ਟਰੇਸ ਕਰਨ ਲਈ ਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਪਰਮਿੰਦਰ ਸਿੰਘ ਪੀਪੀਐਸ ਪੁਲਸ ਕਪਤਾਨ ਡੀ ਲੁਧਿਆਣਾ ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਤੇ ਗੁਰਇਕਬਾਲ ਸਿੰਘ ਪੀਪੀਐਸ ਡੀਐਸਪੀ ਡੀ ਲੁਧਿਆਣਾ ਦਿਹਾਤੀ ਤੇ ਹਰਜਿੰਦਰ ਸਿੰਘ ਪੀਪੀਐਸ ਡੀਐਸਪੀ ਰਾਏਕੋਟ ਦੀ ਨਿਗਰਾਨੀ ਹੇਠ ਇੰਸਪੈਕਟਰ ਕਿੱਕਰ ਸਿੰਘ ਇੰਚਾਰਜ ਸੀਆਈਏ ਸਟਾਫ਼ ਜਗਰਾਓਂ ਤੇ ਇੰਸਪੈਕਟਰ ਗੁਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਹਠੂਰ ਦੀ ਪੁਲਸ ਪਾਰਟੀ ਵੱਲੋਂ ਮਨਪ੍ਰੀਤ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਪ੍ਰੀਤ ਨਗਰ ਮੋਗਾ, ਰਾਜਵਿੰਦਰ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਬੱਲੂਆਣਾ ਜਿਲਾ ਬਠਿੰਡਾ, ਸੰਦੀਪ ਸਿੰਘ ਉਰਫ਼ ਸੀਪੂ ਪੁੱਤਰ ਕਰਮਜੀਤ ਸਿੰਘ, ਹਰਵਿੰਦਰ ਸਿੰਘ ਉਰਫ਼ ਰੂਬੀ ਪੁੱਤਰ ਜਸਵਿੰਦਰ ਸਿੰਘ ਵਾਸੀ ਸਰਾਭਾ ਨੂੰ ਕਾਬੂ ਕੀਤਾ ਗਿਆ ਹੈ।

ਐਸਐਸਪੀ ਨੇ ਦੱਸਿਆ ਕਿ ਇਨ੍ਹਾਂ ਲੁਟੇਰਿਆਂ ਵੱਲੋਂ ਵਾਰਦਾਤ ਵਿੱਚ ਵਰਤਿਆ ਗਿਆ ਇੱਕ ਬੁਲਟ ਮੋਟਰਸਾਈਕਲ ਨੰਬਰ ਪੀਬੀ 10 ਜੇ ਐਲ 5403, ਇੱਕ ਐਕਟਵਾ ਨੰਬਰ ਪੀਬੀ 10 ਜੀ ਯੂ 5385 ਅਤੇ 6 ਲੱਖ ਰੁਪਏ ਦੀ ਨਕਦੀ ਬਰਾਮਦ ਕੀਤੀ ਗਈ ਹੈ।ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦਾ ਮਾਨਯੋਗ ਅਦਾਲਤ ਵਿੱਚ ਪੁਲਸ ਰਿਮਾਂਡ ਹਾਸਲ ਕਰਕੇ ਇਨ੍ਹਾਂ ਲੁਟੇਰਿਆਂ ਕੋਲੋਂ ਵਾਰਦਾਤ ਵਿੱਚ ਵਰਤੇ ਹੋਏ ਗੈਸ ਸਿਲੰਡਰ ਤੇ ਹੋਰ ਔਜ਼ਾਰ ਵੀ ਬਰਾਮਦ ਕੀਤੇ ਗਏ ਹਨ।

# ਮਾਤਾ ਗੁਰਮੇਲ ਕੌਰ ਮਾਂਗਟ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਉੱਘੇ ਸਮਾਜ ਸੇਵੀ, ਆੜ੍ਹਤੀਆ ਹਰਦਿਆਲ ਸਿੰਘ ਮਾਂਗਟ ਦੇ ਮਾਤਾ ਗੁਰਮੇਲ ਕੌਰ ਮਾਂਗਟ ਨਮਿਤ ਪਾਠ ਦੇ ਭੋਗ ਉਪਰੰਤ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਦੇ ਰਾਗੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ।ਵਿਸ਼ਾਲ ਸ਼ਰਧਾਂਜਲੀ ਸਮਾਗਮ ਵਿੱਚ ਸਾਬਕਾ ਵਿਧਾਇਕਾ ਬੀਬੀ ਹਰਚੰਦ ਕੌਰ ਘਨੌਰੀ ਭਾਜਪਾ ਆਗੂ, ਸਾਬਕਾ ਵਿਧਾਇਕ ਕਾਮਰੇਡ ਚੰਦ ਸਿੰਘ ਚੋਪੜਾ ਨੇ ਸ਼ਰਧਾਂਜਲੀ ਭੇਟ ਕਰਦਿਆ ਕਿਹਾ ਕਿ ਮਾਤਾ ਗੁਰਮੇਲ ਕੌਰ ਮਾਂਗਟ ਦੀ ਸੁਚੱਜੀ ਅਗਵਾਈ ਹੇਠ ਮਾਂਗਟ ਪਰਵਾਰ ਦੇਸ਼, ਵਿਦੇਸ਼ ਵਿੱਚ ਨਾਂਅ ਰੌਸ਼ਨ ਕਰਦਾ ਹੋਇਆ ਬੁਲੰਦੀਆਂ ਨੂੰ ਛੂਹ ਰਿਹਾ ਹੈ।

ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਮਾਂਗਟ ਪਰਵਾਰ ਵੱਲੋਂ ਰਾਜਨੀਤਕ ਤੇ ਸਮਾਜ ਸੇਵਾ ਦੇ ਖੇਤਰ 'ਚ ਪਾਏ ਅਹਿਮ ਯੋਗਦਾਨ ਦੀ ਸ਼ਲਾਘਾ ਕਰਦਿਆ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਵੱਲੋਂ ਸ਼ਰਧਾਂਜਲੀ ਭੇਟ ਕੀਤੀ।ਜਥੇਦਾਰ ਗੁਰਪ੍ਰੀਤ ਸਿੰਘ ਲਖਮੀਰਵਾਲਾ ਨੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਸਾਬਕਾ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਵੱਲੋਂ ਸ਼ਰਧਾਂਜਲੀ ਅਰਪਿਤ ਕੀਤੀ।ਸਾਥੀ ਨਰਾਇਣ ਦੱਤ, ਨਾਥ ਸਿੰਘ ਹਮੀਦੀ ਨੇ ਮਾਤਾ ਗੁਰਮੇਲ ਕੌਰ ਤੇ ਮਾਂਗਟ ਪਰਿਵਾਰ ਨਾਲ ਜੁੜੀਆਂ ਯਾਦਾਂ ਨੂੰ ਸਾਂਝਾ ਕਰਦਿਆ ਕਿਹਾ ਕਿ ਅੱਜ ਦਾ ਵਿਸ਼ਾਲ ਇਕੱਠ ਮਾਂਗਟ ਪਰਵਾਰ ਦੀ ਹਰ ਵਰਗ 'ਚ ਹਰਮਨਪਿਆਰਤਾ ਦੀ ਗਵਾਹੀ ਭਰਦਾ ਹੈ।ਉਨ੍ਹਾਂ ਵੱਡੀ ਗਿਣਤੀ ਵਿੱਚ ਪਹੁੰਚਣ 'ਤੇ ਸਾਰਿਆਂ ਦਾ ਧੰਨਵਾਦ ਕੀਤਾ।

ਅਖੀਰ ਵਿੱਚ ਮਾਂਗਟ ਪਰਵਾਰ ਵਲੋਂ ਮਾਤਾ ਗੁਰਮੇਲ ਕੌਰ ਦੀ ਯਾਦ ਵਿੱਚ 5 ਲੱਖ ਰੁਪਏ ਗਊਆਂ ਦੀ ਸੇਵਾ ਸੰਭਾਲ ਲਈ ਦੇਣ ਤੋਂ ਇਲਾਵਾ ਹੋਰ ਵੱਖ-ਵੱਖ ਧਾਰਮਿਕ, ਸਮਾਜਿਕ, ਵਿੱਦਿਅਕ ਸੰਸਥਾਵਾਂ ਨੂੰ ਰਾਸ਼ੀ ਦਾਨ ਵਜੋਂ ਭੇਟ ਕੀਤੀ ਗਈ।



# 'ਸਵੱਛਤਾ ਹੀ ਸੇਵਾ' ਅਭਿਆਨ ਨੂੰ ਬਣਾਉਣਾ ਚਾਹੀਦਾ ਜ਼ਿੰਦਗੀ ਦਾ ਹਿੱਸਾ : ਐੱਸ ਡੀ ਐੱਮ



ਮਲੋਟ, (ਗੁਰਮੀਤ ਸਿੰਘ ਮੱਕੜ) ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਤੇ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਤ੍ਰਿਪਾਠੀ ਦੇ ਦਿਸ਼ਾਂ-ਨਿਰਦੇਸ਼ਾਂ ਅਨੁਸਾਰ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਬਠਿੰਡਾ ਚੌਂਕ ਤੋਂ ਤਹਿਸੀਲ ਰੋਡ ਤੱਕ ਦੋਨੋਂ ਸਾਈਡਾਂ 'ਤੇ ਸਫ਼ਾਈ ਦੀ ਸ਼ੁਰੂਆਤ ਐਸ.ਡੀ.ਐਮ. ਮਲੋਟ ਡਾ. ਸੰਜੀਵ ਕੁਮਾਰ ਵੱਲੋਂ ਕੀਤੀ ਗਈ।

ਐਸ.ਡੀ.ਐਮ. ਵੱਲੋਂ ਜਿਨ੍ਹਾਂ ਥਾਵਾਂ 'ਤੇ ਇਹ ਸਫਾਈ ਅਭਿਆਨ ਚੱਲ ਰਿਹਾ ਸੀ, ਉਨ੍ਹਾਂ ਉੱਥੇ ਪਹੁੰਚ ਹਰੇਕ ਸੰਸਥਾ ਦੀ ਹੌਂਸਲਾ ਅਫ਼ਜ਼ਾਈ ਕੀਤੀ। ਇਸ ਮੁਹਿੰਮ ਦੌਰਾਨ ਸਕੂਲ ਦੇ ਬੱਚਿਆਂ ਨੇ ਵੀ ਉਚੇਚੇ ਤੌਰ 'ਤੇ ਭਾਗ ਲਿਆ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਨਾਲ-ਨਾਲ ਸਾਨੂੰ ਵੱਡਿਆਂ ਨੂੰ ਵੀ ਅੱਜ ਦੇ ਇਸ ਸਫ਼ਾਈ ਅਭਿਆਨ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾ ਲੈਣਾ ਚਾਹੀਦਾ ਹੈ ਤੇ ਸਾਫ਼-ਸਫਾਈ ਨਾਲ ਹੀ ਅਸੀਂ ਬਿਮਾਰੀਆਂ ਤੋਂ ਨਿਜ਼ਾਤ ਪਾ ਸਕਦੇ ਹਾਂ।

ਉਨ੍ਹਾਂ ਸਾਰੀਆਂ ਵਪਾਰਕ ਸੰਸਥਾਵਾਂ ਨੂੰ ਅਪੀਲ ਕੀਤੀ ਤੋਂ ਉਨ੍ਹਾਂ ਦੇ ਸਹਿਯੋਗ ਨਾਲ ਹੀ ਜੀ.ਟੀ. ਰੋਡ ਦੇ ਦੋਵੇਂ ਸਾਈਡਾਂ ਨੂੰ ਇੱਕ ਵੱਖਰੀ ਦਿੱਖ ਮਿਲ ਸਕਦੀ ਹੈ ਅਤੇ ਮਲੋਟ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਇਆ ਜਾ ਸਕਦਾ ਹੈ। ਇਸ ਮੌਕੇ 'ਤੇ ਸੋਸ਼ਲ ਵਰਕਰਜ਼ ਐਸੋਸ਼ੀਏਸ਼ਨ, ਪੰਜਾਬ ਦੇ ਪ੍ਰਧਾਨ ਡਾ. ਸ਼੍ਰੀ ਗੁਰਸ਼ਮਿੰਦਰ ਸਿੰਘ ਨੇ ਦੱਸਿਆ ਕਿ ਐਸੋਸ਼ੀਏਸ਼ਨ ਵੱਲੋਂ ਵਿਸ਼ੇਸ਼ ਉੱਦਮ ਕਰਦੇ ਹੋਏ ਜੀ.ਟੀ. ਰੋਡ ਦੇ ਦੋਨੋਂ ਸਾਈਡਾਂ 'ਤੇ ਬਣਾਏ ਗਏ 29 ਪੁਆਇੰਟਾਂ ਨੂੰ ਸਮਾਜ ਸੇਵੀ ਸੰਸਥਾਵਾਂ, ਸਰਕਾਰੀ ਸਕੂਲਾਂ, ਪ੍ਰਾਈਵੇਟ ਸਕੂਲਾਂ, ਕਾਲਜਾਂ, ਵਪਾਰ ਮੰਡਲ, ਰੈਡੀਮੇਡ ਗਾਰਮੈਂਟਸ ਐਸੋਸ਼ੀਏਸ਼ਨ, ਨਗਰ ਕੌਂਸਲ ਦੇ ਸਫ਼ਾਈ ਕ੍ਰਮਚਾਰੀਆਂ ਤੇ ਨਰੇਗਾ ਕਰਮਚਾਰੀਆਂ ਦੀ ਸਹਾਇਤਾ ਨਾਲ ਸਫ਼ਾਈ ਕੀਤੀ ਗਈ। ਇਸ ਮੌਕੇ ਉਨ੍ਹਾਂ ਐਸ.ਡੀ.ਐਮ. ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿਚ ਹਰੇਕ ਸੰਸਥਾ ਨੂੰ ਅਲਾਂਟ ਕੀਤੀ ਗਈ ਜਗ੍ਹਾ ਨੂੰ ਸਾਰੀਆਂ ਸੰਸਥਾਵਾਂ ਦੇ ਸਹਿਯੋਗ ਨਾਲ ਲਗਾਤਾਰ ਦੇਖ-ਰੇਖ ਵਿਚ ਰੱਖਿਆ ਜਾਵੇਗਾ ਤੇ ਸਾਫ-ਸਫਾਈ ਯਕੀਨੀ ਬਣਾਈ ਜਾਵੇਗੀ।

## ਕਾਤਰਾਂ

### ਮੈਡੀਕਲ ਸਟੋਰ ਤੋਂ ਨਕਦੀ ਤੇ ਮੋਬਾਈਲ ਲੁੱਟ ਕੇ ਫਰਾਰ 3 ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ

ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ) ਥਾਣਾ ਸਿਟੀ ਫ਼ਿਰੋਜ਼ਪੁਰ ਦੀ ਪੁਲਿਸ ਨੇ ਬੀਤੇ ਦਿਨ ਕਸੂਰੀ ਗੇਟ ਵਿਖੇ ਇੱਕ ਮੈਡੀਕਲ ਸਟੋਰ ਨੂੰ ਲੁੱਟਣ ਤੋਂ ਬਾਅਦ ਫਰਾਰ ਹੋਏ ਤਿੰਨ ਅਣਪਛਾਤੇ ਵਿਅਕਤੀਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਥਾਣਾ ਸਿਟੀ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਰੋਹਿਤ ਢੀਂਗਰਾ ਪੁੱਤਰ ਰਮੇਸ਼ ਕੁਮਾਰ ਵਾਸੀ ਮੁਲਤਾਨੀ ਗੇਟ ਫ਼ਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ ਉਸ ਦੀ ਦੁਕਾਨ ਕਸੂਰੀ ਗੇਟ ਸਥਿਤ ਸ਼ਿਵ ਮੈਡੀਕੋਜ਼ ਕੋਲ 3 ਦਿਨ ਪਹਿਲਾਂ ਅਣਪਛਾਤੇ ਵਿਅਕਤੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਉਸ ਦੀ ਦੁਕਾਨ 'ਤੇ ਆਏ ਤੇ ਉਸ ਨੂੰ ਪਿਸਤੌਲ ਦਿਖਾ ਕੇ ਉਸ ਤੋਂ 8 ਹਜ਼ਾਰ ਰੁਪਏ ਦੀ ਨਕਦੀ ਅਤੇ ਮੋਬਾਈਲ ਖੋਹ ਕੇ ਫ਼ਰਾਰ ਹੋ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੁਖੀ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

### ਸਵੱਛ ਭਾਰਤ ਦਿਵਸ ਮਨਾਇਆ

ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ) ਭਾਰਤੀ ਰੇਲਵੇ ਵਿੱਚ 17 ਸਤੰਬਰ ਤੋਂ 02 ਅਕਤੂਬਰ ਤੱਕ 'ਸਵੱਛਤਾ ਹੀ ਸੇਵਾ' ਦਾ ਆਯੋਜਨ ਕੀਤਾ ਗਿਆ ਸੀ।ਇਸ ਦੀ ਸ਼ੁਰੂਆਤ 17 ਸਤੰਬਰ ਨੂੰ ਫ਼ਿਰੋਜ਼ਪੁਰ ਡਵੀਜ਼ਨ ਵਿੱਚ ਡਿਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਨੇ ਸਾਰੇ ਰੇਲਵੇ ਕਰਮਚਾਰੀਆਂ ਨੂੰ ਸਫ਼ਾਈ ਦੀ ਸਹੁੰ ਚੁਕਾਈ ਅਤੇ 2 ਅਕਤੂਬਰ ਨੂੰ ਰਾਸ਼ਟਰ ਮਹਾਤਮਾ ਗਾਂਧੀ ਪਿਤਾ ਜੀ ਦੇ ਜਨਮ ਦਿਨ ਦੇ ਮੌਕੇ 'ਤੇ 'ਹੈਲਥ ਫਾਰ ਰਨ' ਪ੍ਰੋਗਰਾਮ ਨਾਲ ਸਮਾਪਤ ਹੋਈ, ਜਿਸ ਵਿੱਚ ਡਵੀਜ਼ਨਲ ਰੇਲਵੇ ਮੈਨੇਜਰ ਦੀ ਅਗਵਾਈ ਵਿੱਚ 200 ਤੋਂ ਵੱਧ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

### ਭਾਰਤੀ ਕਿਸਾਨ ਯੂਨੀ: ਏਕਤਾ ਉਗਰਾਹਾਂ ਦੀ ਮੀਟਿੰਗ ਹੋਈ



ਚੀਮਾ ਮੰਡੀ (ਰਵਿੰਦਰ ਚੀਮਾ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਸੰਗਰੂਰ ਦੀ ਤਰਫ਼ੋਂ ਪੰਚਾਇਤੀ ਚੋਣਾਂ ਦੇ ਵਿਸ਼ੇ 'ਤੇ ਸਿੱਖਿਆ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਅਧੀਨ ਹੋਈ। ਮੀਟਿੰਗ ਉਗਰਾਹਾਂ ਵਿਖੇ ਹੋਈ। ਸਟੇਜ ਦੀ ਕਾਰਵਾਈ ਦੀ ਡਿਊਟੀ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ ਨੇ ਨਿਭਾਈ। ਮੀਟਿੰਗ ਸਮੇਂ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਕਲਾਂ ਮੁੱਖ ਬੁਲਾਰੇ ਰਹੇ। ਕਿਸਾਨ ਆਗੂਆਂ ਨੇ ਸਮੂਹ ਕਿਰਤੀਆਂ, ਮਜ਼ਦੂਰਾਂ, ਕਿਸਾਨਾਂ ਅਤੇ ਭੈਣਾਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਪੰਚਾਇਤੀ ਚੋਣਾਂ ਜਲਦੀ ਹੋਣ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਚਾਇਤੀ ਚੋਣਾਂ ਸਾਡੇ ਆਪਸੀ ਭਾਈਚਾਰੇ ਨੂੰ ਪਾੜ ਪਾਉਂਦੀਆਂ ਹਨ, ਇਨ੍ਹਾਂ ਚੋਣਾਂ ਸਮੇਂ ਸ਼ਰੇਆਮ ਧੱਕਾ ਕੀਤਾ ਜਾਂਦਾ ਹੈ। ਐਤਕੀਂ ਇਸ ਗੱਲ ਤੋਂ ਗੁਰੇਜ਼ ਕੀਤਾ ਜਾਵੇ।

# ਮੁਕਤਸਰ ਵਿਕਾਸ ਮਿਸ਼ਨ ਨੇ ਤਾਨੀਆ ਗੁਪਤਾ ਦਾ ਕੀਤਾ ਸਨਮਾਨ



ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ) ਗਰਗ ਪਰਵਾਰ ਦੇ ਮੁਖੀ ਸਾਧੂ ਰਾਮ ਗਰਗ ਤੇ ਉਨ੍ਹਾਂ ਦੀ ਧਰਮ ਪਤਨੀ ਨੀਸ਼ੂ ਗਰਗ ਦੀ ਸਪੁੱਤਰੀ ਤਾਨੀਆ ਗੁਪਤਾ ਨੇ ਦੇਸ਼ ਭਰ ਵਿਚ ਇਲਾਕੇ ਦਾ ਨਾਂਅ ਚਮਕਾ ਦਿੱਤਾ ਹੈ।ਤਾਨੀਆ ਗੁਪਤਾ ਦੇਸ਼ ਦੀ ਸਭ ਤੋਂ ਅਹਿਮ ਸੰਸਥਾ ਇੰਡੀਅਨ ਸਪੇਸ ਰਿਸਰਚ ਆਰਗੇਨਾਈਜੇਸ਼ਨ (ਇਸਰੋ) ਲਈ ਬਤੌਰ ਸਾਇੰਸਦਾਨ ਚੁਣੀ ਗਈ ਹੈ।ਬੇਹੱਦ ਕਠਿਨ ਮੁਕਾਬਲੇ ਦੌਰਾਨ ਹੋਈ ਇਸ ਚੋਣ ਦੌਰਾਨ ਤਾਨੀਆ ਨੇ ਸਮੁੱਚੇ ਭਾਰਤ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਦੀ ਵਿਦਿਆਰਥਣ ਰਹੀ ਤਾਨੀਆ ਨੇ 2016 ਵਿਚ ਬਾਰ੍ਹਵੀਂ ਦੀ ਪ੍ਰੀਖਿਆ ਵਿਚ ਮੈਰਿਟ ਵਿਚ ਸਥਾਨ ਪ੍ਰਾਪਤ ਕੀਤਾ ਸੀ।ਇਸੇ ਤਰ੍ਹਾਂ ਬਾਅਦ ਵਿਚ ਉਸ ਨੇ ਬੀ.ਐਸ.ਸੀ. ਤੇ ਐਮ.ਐਸ.ਸੀ. (ਫਿਜ਼ਿਕਸ) ਦੀ ਪ੍ਰੀਖਿਆ ਵਿਚ ਵੀ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ।ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਵਫਦ ਨੇ ਗਰਗ ਪਰਵਾਰ ਦੇ ਗ੍ਰਹਿ ਵਿਖੇ ਪਹੁੰਚ ਕੇ ਤਾਨੀਆ ਗੁਪਤਾ ਤੇ ਉਸਦੇ ਮਾਪਿਆਂ ਨਾਲ ਮੁਲਾਕਾਤ ਕੀਤੀ।

ਵਫ਼ਦ 'ਚ ਮਿਸ਼ਨ ਗਾਈਡ ਇੰਜ. ਅਸ਼ੋਕ ਕੁਮਾਰ, ਪੈਟਰਨ ਡਾ. ਸੁਰਿੰਦਰ ਗਿਰਧਰ, ਮੁੱਖ ਸਲਾਹਕਾਰ ਜਗਦੀਸ਼ ਚੰਦਰ ਧਵਾਲ, ਸੀਨੀਅਰ ਆਗੂ ਬਲਜੀਤ ਸਿੰਘ ਕੋਆਪਰੇਟਿਵ ਅਤੇ ਮਿਸ਼ਨ ਫੋਟੋਗ੍ਰਾਫਰ ਨਰਿੰਦਰ ਕਾਕਾ ਆਦਿ ਸ਼ਾਮਲ ਸਨ। ਪਰਿਵਾਰ ਨਾਲ ਮੁਲਾਕਾਤ ਦੌਰਾਨ ਤਾਨੀਆ ਦੇ ਮਾਤਾ-ਪਿਤਾ ਤੋਂ ਇਲਾਵਾ ਚਾਚਾ ਵਿਵੇਕ ਗਰਗ, ਚਾਚੀ ਸਿਮਰਨ ਗਰਗ, ਭਰਾ ਰਜਿਤ ਗਰਗ, ਵਿਸ਼ਨੂੰ ਗਰਗ, ਬਾਸੂ ਗਰਗ ਅਤੇ ਹੋਰ ਪਰਿਵਾਰਕ ਮੈਂਬਰ ਮੌਜੂਦ ਸਨ।ਢੋਸੀਵਾਲ ਨੇ ਮਿਸ਼ਨ ਵੱਲੋਂ ਗਰਗ ਪਰਿਵਾਰ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਬੇਟੀ ਤਾਨੀਆ ਗੁਪਤਾ ਸਮੁੱਚੇ ਸਮਾਜ ਦੇ ਅਨਮੋਲ ਹੀਰਾ ਹੈ, ਜਿਸਨੇ ਆਪਣੀ ਇਸ ਮਾਣਮੱਤੀ ਪ੍ਰਾਪਤੀ ਨਾਲ ਪਰਵਾਰ, ਇਲਾਕੇ ਅਤੇ ਸਮੁੱਚੇ ਪੰਜਾਬ ਦੇ ਮਾਣ ਵਧਾਇਆ ਹੈ।ਮੁਲਾਕਾਤ ਸਮੇਂ ਤਾਨੀਆ ਦੇ ਪਿਤਾ ਸ੍ਰੀ ਗਰਗ ਨੇ ਮਿਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਪ੍ਰਸ਼ੰਸਾ ਕਰਦੇ ਹੋਏ ਪ੍ਰਧਾਨ ਢੋਸੀਵਾਲ ਨੇ ਵਧਾਈ ਦਿੱਤੀ।

ਨਵ-ਨਿਯੁਕਤ ਸਾਇੰਸਦਾਨ ਤਾਨੀਆ ਗੁਪਤਾ ਨੇ ਇਸ ਮੌਕੇ ਮਿਸ਼ਨ ਦੇ ਸਮੂਹ ਮੈਂਬਰਾਂ ਦਾ ਸਵਾਗਤ ਅਤੇ ਧੰਨਵਾਦ ਕੀਤਾ।ਉਨ੍ਹਾਂ ਨੌਜਵਾਨ ਵਰਗ ਨੂੰ ਸਮਾਜਿਕ ਕੁਰੀਤੀਆਂ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦੇ ਹੋਏ ਉਨ੍ਹਾਂ ਨੂੰ ਆਪਣੇ ਜੀਵਨ ਵਿਚ ਵਧੀਆ ਨਿਸ਼ਾਨਾ ਚੁਣ ਕੇ ਉਸ ਨੂੰ ਸਫਲਤਾਪੂਰਵਕ ਪੂਰਾ ਕਰਨ ਦੀ ਪ੍ਰੇਰਨਾ ਦਿੱਤੀ।

ਢੋਸੀਵਾਲ ਨੇ ਦੱਸਿਆ ਹੈ ਕਿ ਤਾਨੀਆ ਗੁਪਤਾ ਦੀ ਸਾਇੰਸਦਾਨ ਵਜੋਂ ਚੋਣ ਹੋਣ ਦੀ ਮਾਣਮੱਤੀ ਪ੍ਰਾਪਤੀ ਲਈ ਮਿਸ਼ਨ ਵੱਲੋਂ ਉਨ੍ਹਾਂ ਨੂੰ ਸ਼ਾਨਦਾਰ ਯਾਦਗਾਰੀ ਸਨਮਾਨ ਚਿੰਨ੍ਹ ਵੀ ਭੇਟ ਕੀਤਾ ਗਿਆ।

# ਪ੍ਰਵਾਸੀ ਭਾਈਚਾਰੇ ਵੱਲੋਂ ਜਥੇਬੰਦੀ ਦਾ ਗਠਨ

**ਅਵਦੇਸ਼ ਕੁਮਾਰ ਸ਼ਰਮਾ ਪ੍ਰਧਾਨ, ਸੁਰੇਸ਼ ਕੁਮਾਰ ਬਣੇ ਜਨਰਲ ਸਕੱਤਰ**

ਮਾਨਸਾ (ਆਤਮਾ ਸਿੰਘ ਪਮਾਰ) ਬਿਹਾਰ, ਯੂ.ਪੀ. ਆਦਿ ਸੂਬਿਆਂ ਤੋਂ ਮਾਨਸਾ ਜ਼ਿਲ੍ਹੇ 'ਚ ਰਹਿੰਦੇ ਪ੍ਰਵਾਸੀ ਭਾਈਚਾਰੇ ਦੀ ਮੀਟਿੰਗ ਅਵਦੇਸ਼ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਬਾਲ ਭਵਨ ਵਿਖੇ ਹੋਈ।

ਮੀਟਿੰਗ ਵਿੱਚ ਪੰਜਾਬ ਪ੍ਰਵਾਸੀ ਯੂਨੀਅਨ ਨਾਂਅ ਦੀ ਜਥੇਬੰਦੀ ਦਾ ਗਠਨ ਕੀਤਾ ਗਿਆ। ਸਰਬਸੰਮਤੀ ਨਾਲ ਜਥੇਬੰਦੀ ਦੀ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਅਵਦੇਸ ਕੁਮਾਰ ਸ਼ਰਮ , ਚੇਅਰਮੈਨ ਲਾਲ ਚੰਦ ਯਾਦਵ, ਸੀਨੀਅਰ ਮੀਤ ਪ੍ਰਧਾਨ ਅਸ਼ੋਕ ਕੁਮਾਰ, ਮੀਤ ਪ੍ਰਧਾਨ ਰਾਮ ਦਾਸ, ਜਨਰਲ ਸਕੱਤਰ ਸੁਰੇਸ ਕੁਮਾਰ ਮਾਨਸਾ, ਸਕੱਤਰ ਹਰਪਾਲ, ਖ਼ਜ਼ਾਨਚੀ ਰਾਕੇਸ਼ ਕੁਮਾਰ ਨਿੱਕੀ, ਸਹਾਇਕ ਖ਼ਜ਼ਾਨਚੀ ਰਾਮਜੀਤ ਮੁਨਸ਼ੀ, ਪ੍ਰੈਸ ਸਕੱਤਰ ਸੰਜੀਤ ਕੁਮਾਰ, ਪ੍ਰਚਾਰ ਸਕੱਤਰ ਰਾਮ ਨਰੇਸ਼, ਭੀਮ ਸਿੰਘ ਚੌਹਾਨ ਸਮੇਤ ਕਾਰਜਕਾਰੀ ਕਮੇਟੀ ਵਿੱਚ ਜਗਤ ਪਾਲ, ਬਚਈ ਰਾਮ, ਅਸ਼ੋਕ ਕੁਮਾਰ, ਮੀਰ ਚੰਦ, ਰਾਮੇਸ਼ ਚੌਹਾਨ ਤੇ ਮੁਲਖਾਨ ਚੰਦ ਨੂੰ ਚੁਣਿਆ ਗਿਆ।

# ਪਰਾਲੀ ਦੇ ਨਿਪਟਾਰੇ ਲਈ ਸਹਿਕਾਰੀ ਸਭਾਵਾਂ ਤੇ ਖੇਤੀ ਮਸ਼ੀਨਰੀ ਦੀ ਵਰਤੋਂ ਛੋਟੇ ਕਿਸਾਨਾਂ ਲਈ ਹੋਵੇਗੀ ਮੁਫ਼ਤ



ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ) ਜ਼ਿਲ੍ਹਾ ਫ਼ਰੀਦਕੋਟ ਵਿੱਚ ਸਾਲ 2024-25 ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ 'ਤੇ ਲਿਆਉਣ ਦੇ ਮਿੱਥੇ ਟੀਚੇ ਨੂੰ ਪੂਰਾ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਇਸ ਵਾਰ ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਕੋਲ ਮੌਜੂਦ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਵਾਲੇ ਛੋਟੇ ਕਿਸਾਨਾਂ ਤੋਂ ਮਸ਼ੀਨਰੀ ਦਾ ਕੋਈ ਕਿਰਾਇਆ ਨਹੀਂ ਵਸੂਲਿਆ ਜਾਵੇਗਾ ਤਾਂ ਜੁ ਛੋਟੇ ਕਿਸਾਨਾਂ ਨੂੰ ਪਰਾਲੀ ਸੰਭਾਲਣ ਵਿੱਚ ਕੋਈ ਮੁਸ਼ਕਲ ਨਾ ਆਵੇ।

ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਛੋਟੇ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਾਇਤਾਂ ਨੂੰ ਪਰਾਲੀ ਸਾਂਭਣ ਲਈ ਖੇਤੀ ਮਸ਼ੀਨਰੀ 80% ਫ਼ੀਸਦੀ ਸਬਸਿਡੀ 'ਤੇ ਮੁਹੱਈਆ ਕਰਾਈ ਗਈ ਹੈ ਤਾਂ ਜੁ ਛੋਟੇ ਕਿਸਾਨ ਇਨ੍ਹਾਂ ਦੀ ਵਰਤੋਂ ਕਰਕੇ ਝੋਨੇ ਦੀ ਪਰਾਲੀ ਦੀ ਸੰਭਾਲ ਕਰ ਸਕਣ। ਉਨ੍ਹਾਂ ਦੱਸਿਆ ਕਿ ਫ਼ਰੀਦਕੋਟ ਦੀਆਂ ਸਹਿਕਾਰੀ ਸਭਾਵਾਂ ਵਿੱਚ ਕੁੱਲ 644 ਮਸ਼ੀਨਾ ਮੌਜੂਦ ਹਨ। ਇਸ ਤੋਂ ਇਲਾਵਾ 51 ਗ੍ਰਾਮ ਪੰਚਾਇਤਾਂ ਕੋਲ 144 ਖੇਤੀ ਮਸ਼ੀਨਾਂ ਹਨ, ਜਿਸ 'ਤੇ ਵੀ ਇਹੀ ਨਿਯਮ ਲਾਗੂ ਹੋਵੇਗਾ। ਉਨ੍ਹਾਂ ਕਿਹਾ ਕਿ ਕੀਤੇ ਗਏ ਫ਼ੈਸਲੇ ਅਨੁਸਾਰ 2.5 ਏਕੜ ਮਾਲਕੀ ਵਾਲੇ ਕਿਸਾਨਾਂ ਕੋਲੋਂ ਕੋਈ ਕਿਰਾਇਆ ਨਹੀਂ ਵਸੂਲਿਆ ਜਾਵੇਗਾ, 2.5 ਤੋਂ 5 ਏਕੜ ਵਾਲੇ ਕਿਸਾਨਾਂ ਤੋਂ ਵੀ ਕੋਈ ਕਿਰਾਇਆ ਨਹੀਂ ਵਸੂਲਿਆ ਜਾਵੇਗਾ, ਪਰ ਜੇਕਰ ਉਹ ਨਾਲ ਟਰੈਕਟਰ ਲੈ ਕੇ ਜਾਂਦੇ ਹਨ ਤਾਂ ਉਸ ਦੇ ਡੀਜ਼ਲ ਦੀ ਕੀਮਤ ਵਸੂਲੀ ਜਾਵੇਗੀ ਅਤੇ 5 ਏਕੜ ਤੋਂ ਵੱਧ ਮਾਲਕੀ ਵਾਲੇ ਕਿਸਾਨਾਂ ਲਈ ਸਰਕਾਰੀ ਰੇਟ ਵਾਲਾ ਕਿਰਾਇਆ ਵਸੂਲਿਆ ਜਾਵੇਗਾ।

ਉਨ੍ਹਾਂ ਛੋਟੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜਿਸ ਹਾਲਤ ਵਿੱਚ ਕਣਕ ਦੀ ਬਿਜਾਈ ਕਰਨ ਲਈ ਮਸ਼ੀਨ ਲੈ ਕੇ ਜਾਣ, ਉਸੇ ਹਾਲਤ ਵਿੱਚ ਮਸ਼ੀਨ ਵਾਪਸ ਕਰਨ ਤਾਂ ਜੁ ਹੋਰ ਛੋਟੇ ਕਿਸਾਨ ਵੀ ਇਸ ਨੂੰ ਵਰਤ ਸਕਣ। ਉਨ੍ਹਾਂ ਕਿਹਾ ਕਿ ਕਿਸਾਨ ਵੀਰ ਜ਼ਿਲ੍ਹਾ ਫ਼ਰੀਦਕੋਟ ਨੂੰ ਪ੍ਰਦੂਸਣ ਮੁਕਤ ਜ਼ਿਲ੍ਹਾ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਿੱਥੇ ਟੀਚੇ ਦੀ ਪੂਰਤੀ ਲਈ ਸਹਿਯੋਗ ਕਰਨ ਤੇ ਕਿਸੇ ਵੀ ਹਾਲਤ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ।

# ਜ਼ਿਲ੍ਹਾ ਕਚਹਿਰੀਆਂ 'ਚ ਕੰਪਲੈਕਸ ਦੀ ਸਫ਼ਾਈ ਕਰਾਈ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੀਰਇੰਦਰ ਅਗਰਵਾਲ ਦੀ ਰਹਿਨੁਮਾਈ ਹੇਠ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਅਨੁਰਾਧਾ ਵੱਲੋਂ ਸਵੱਛਤਾ ਹੀ ਸੇਵਾ ਮੁਹਿੰਮ-2024 ਦੇ ਤਹਿਤ ਜੁਡੀਸ਼ੀਅਲ ਸਟਾਫ਼ ਤੇ ਸਫ਼ਾਈ ਵਰਕਰਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਕਚਹਿਰੀਆਂ ਫ਼ਿਰੋਜ਼ਪੁਰ ਵਿੱਚ ਸਾਫ਼-ਸਫ਼ਾਈ ਦਾ ਕੰਮ ਕਰਾਇਆ ਗਿਆ।

ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਖੁਦ ਇਸ ਸਾਫ਼-ਸਫ਼ਾਈ ਵਿੱਚ ਸ਼ਾਮਲ ਹੋ ਕੇ ਸਵੱਛ ਭਾਰਤ ਬਣਾਉਣ ਦੀ ਮਿਸਾਲ ਪੇਸ਼ ਕੀਤੀ।ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕਿਹਾ ਕਿ ਭਾਰਤ ਸਾਡਾ ਸਾਰਿਆਂ ਦਾ ਸਾਂਝਾ ਦੇਸ਼ ਹੈ ਅਤੇ ਬਤੌਰ ਭਾਰਤ ਦਾ ਨਾਗਰਿਕ ਅਤੇ ਸਿਟੀਜ਼ਨ ਹੋਣ ਨਾਤੇ ਸਾਡੀ ਇਹ ਸਭ ਦੀ ਡਿਊਟੀ ਬਣਦੀ ਹੈ ਕਿ ਅਸੀਂ ਆਪਣੇ ਦੇਸ਼ ਨੂੰ ਸਾਫ ਸੁਥਰਾ ਰੱਖਣ ਵਿੱਚ ਸਹਿਯੋਗ ਦੇਈਏ।ਇਸ ਦੇ ਨਾਲ ਹੀ ਤਹਿਸੀਲ ਜ਼ੀਰਾ ਅਤੇ ਗੁਰੂਹਰਸਹਾਏ ਵਿੱਚ ਵੀ ਸਵੱਛਤਾ ਅਭਿਆਨ ਤਹਿਤ ਸਾਫ ਸਫਾਈ ਦਾ ਕੰਮ ਕਰਾਇਆ ਗਿਆ।ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕਿਹਾ ਕਿ ਪਲਾਸਟਿਕ ਲਿਫ਼ਾਫ਼ੇ ਤੇ ਪਲਾਸਟਿਕ ਬੈਗ ਦੀ ਵਰਤੋਂ ਨਾ ਕਰਕੇ ਉਸ ਦੀ ਥਾਂ ਕੱਪੜੇ ਦਾ ਥੈਲਾ ਹੀ ਵਰਤੋਂ ਵਿੱਚ ਲਿਆਂਦਾ ਜਾਵੇ।ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਕੱਪੜੇ ਦੇ ਥੈਲੇ ਬਣਵਾਏ ਗਏ ਹਨ ਤੇ ਉਨ੍ਹਾਂ ਉੱਪਰ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਸਬੰਧੀ ਜਾਰੀ ਟੋਲ ਫ੍ਰੀ ਨੰਬਰ 15100 ਵੀ ਖੁਦਵਾਇਆ ਗਿਆ ਹੈ ਤਾਂ ਜੁ ਲੋਕਾਂ ਨੂੰ ਪਲਾਸਟਿਕ ਬੈਗ ਦੀ ਵਰਤੋਂ ਕਰਨ ਦੀ ਬਜਾਏ ਕੱਪੜੇ ਦੇ ਥੈਲੇ ਦੀ ਵਰਤੋਂ ਲਈ ਪ੍ਰੇਰਤ ਹੋਣ।

# ਡੀ ਸੀ ਤੇ ਐੱਸ ਐੱਸ ਪੀ ਨੇ ਛੁੱਟੀ ਵਾਲੇ ਦਿਨ ਕੀਤਾ ਪਿੰਡਾਂ ਦਾ ਦੌਰਾ

ਸੰਗਰੂਰ, (ਪ੍ਰਵੀਨ ਸਿੰਘ) ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਤੇ ਐਸਐਸਪੀ ਸਰਤਾਜ ਸਿੰਘ ਚਾਹਲ ਨੇ ਛੁੱਟੀ ਹੋਣ ਦੇ ਬਾਵਜੂਦ ਸਬ ਡਵੀਜ਼ਨ ਸੰਗਰੂਰ ਦੇ ਵੱਖ-ਵੱਖ ਪਿੰਡਾਂ ਬਡਰੁੱਖਾਂ, ਉਭਾਵਾਲ, ਚੱਠੇ ਸੇਖਵਾਂ, ਉਪਲੀ ਆਦਿ ਦਾ ਦੌਰਾ ਕਰਦੇ ਹੋਏ ਭਰਵੇਂ ਇਕੱਠਾਂ ਦੌਰਾਨ ਕਿਸਾਨਾਂ ਤੇ ਜ਼ਿਮੀਦਾਰਾਂ ਨੂੰ ਪਰਾਲੀ ਦੇ ਯੋਗ ਪ੍ਰਬੰਧਨ ਲਈ ਪ੍ਰੇਰਤ ਕੀਤਾ।

ਪਿੰਡਾਂ ਦੀਆਂ ਸਾਂਝੀਆਂ ਥਾਂਵਾਂ ਉੱਤੇ ਇਕੱਤਰ ਹੋਏ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਕਿਹਾ ਕਿ ਵਾਤਾਵਰਣ ਦੀ ਸਾਂਭ ਸੰਭਾਲ ਲਈ ਹਰੇਕ ਨਾਗਰਿਕ ਨੂੰ ਪੂਰੀ ਸ਼ਿੱਦਤ ਦੇ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਲੋੜ ਹੈ ਤੇ ਇਸ ਸੀਜ਼ਨ ਦੌਰਾਨ ਆਪਾਂ ਸਾਰਿਆਂ ਨੂੰ ਇਹ ਪ੍ਰਣ ਲੈਣਾ ਚਾਹੀਦਾ ਹੈ ਕਿ ਆਪਾਂ ਮਨੁੱਖਤਾ, ਬਨਸਪਤੀ ਅਤੇ ਜੀਵ-ਜੰਤੂਆਂ ਦੇ ਭਲੇ ਨੂੰ ਯਕੀਨੀ ਬਣਾਉਣ ਲਈ ਆਪਣੇ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਾਂਗੇ ਤੇ ਪਰਾਲੀ ਨੂੰ ਸਾੜਨ ਦੀ ਬਜਾਏ ਯੋਗ ਪ੍ਰਬੰਧਨ ਨੂੰ ਤਰਜ਼ੀਹ ਦੇਵਾਂਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੌਜੂਦਾ ਸੀਜ਼ਨ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਪੰਜਾਬ ਸਰਕਾਰ ਵੱਲੋਂ ਲਗਭਗ 11, 200 ਮਸ਼ੀਨਾਂ ਸਬਸਿਡੀ 'ਤੇ ਮੁਹੱਈਆ ਕਰਾਈਆਂ ਗਈਆਂ ਹਨ ਅਤੇ ਇਹ ਗਿਣਤੀ ਪਿਛਲੇ ਸਾਲ ਨਾਲੋਂ ਜ਼ਿਆਦਾ ਹੈ, ਜਿਨ੍ਹਾਂ ਵਿੱਚ ਬੇਲਰ, ਹੈਪੀ ਸੀਡਰ, ਸੁਪਰ ਸੀਡਰ, ਚੌਪਰ ਸਟਰਾਅ ਰਿਪਰ ਆਦਿ ਵੀ ਸ਼ਾਮਲ ਹਨ।ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਇਸ ਵਾਰ ਖੇਤੀ ਮਸ਼ੀਨਰੀ ਪ੍ਰਾਪਤ ਕਰਨ ਪੱਖੋਂ ਕਿਸੇ ਵੀ ਕਿਸਾਨ ਨੂੰ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਕਿਹਾ ਕਿ ਪੰਜਾਬ ਸਰਕਾਰ, ਕਿਸਾਨਾਂ ਤੇ ਜਿਮੀਂਦਾਰਾਂ ਦੀ ਭਲਾਈ ਲਈ ਨਿਰੰਤਰ ਕਾਰਜਸ਼ੀਲ ਹੈ ਤੇ ਇਸ ਸੀਜ਼ਨ ਦੌਰਾਨ ਵੀ ਖੇਤੀਬਾੜੀ ਵਿਭਾਗ ਤੇ ਸਹਿਕਾਰਤਾ ਵਿਭਾਗ ਦੇ ਅਧਿਕਾਰੀ, ਪਿੰਡਾਂ ਵਿੱਚ ਸਹਿਕਾਰੀ ਸਭਾਵਾਂ ਕੋਲ ਉਪਲਬਧ ਮਸ਼ੀਨਰੀ ਬਾਰੇ ਸੂਚਨਾ, ਪਿੰਡਾਂ ਦੀਆਂ ਸਾਂਝੀਆਂ ਥਾਵਾਂ 'ਤੇ ਚਸਪਾ ਕਰ ਰਹੇ ਹਨ ਤਾਂ ਜੁ ਕਿਸਾਨ ਆਪਣੀ ਲੋੜ ਮੁਤਾਬਕ ਸਬਸਿਡੀ 'ਤੇ ਖੇਤੀ ਮਸ਼ੀਨਰੀ ਹਾਸਲ ਕਰਕੇ ਉਸ ਦੀ ਵਰਤੋਂ ਨੂੰ ਯਕੀਨੀ ਬਣਾ ਸਕਣ।

# 'ਨਵੀਂਆਂ ਕਲਮਾਂ, ਨਵੀਂ ਉਡਾਣ' ਕਾਨਫਰੰਸ ਲਈ ਲਾਮਬੰਦੀ

ਸਮਰਾਲਾ (ਸੁਰਜੀਤ ਸਿੰਘ) ਪੰਜਾਬ ਵਿੱਚ 'ਨਵੀਂਆਂ ਕਲਮਾਂ, ਨਵੀਂ ਉਡਾਣ' ਦੇ ਨਾਂਅ ਹੇਠ ਨਵੰਬਰ ਮਹੀਨੇ 'ਚ ਹੋਣ ਵਾਲੀ ਰਾਜ ਪੱਧਰੀ ਕਾਨਫਰੰਸ ਪੰਜਾਬੀ ਦੇ ਬਾਲੜੇ ਲੇਖਕਾਂ ਨੂੰ ਜਿੱਥੇ ਇੱਕ ਵਿਸ਼ਾਲ ਮੰਚ ਦੇਵੇਗੀ, ਉੱਥੇ ਸਕੂਲੀ ਵਿਦਿਆਰਥੀਆਂ ਅੰਦਰ ਛੁਪੀ ਸਾਹਿਤਕ ਪ੍ਰਤਿਭਾ ਨੂੰ ਵੀ ਲੋਕਾਂ 'ਚ ਉਜਾਗਰ ਕਰੇਗੀ। ਅਕਾਲ ਕਾਲਜ ਆਫ਼ ਫ਼ਿਜ਼ੀਕਲ ਮਸਤੂਆਣਾ ਦੇ ਸੰਤ ਤੇਜਾ ਸਿੰਘ ਯਾਦਗਾਰੀ ਹਾਲ ਵਿਖੇ 16 ਤੇ 17 ਨਵੰਬਰ ਨੂੰ ਹੋਣ ਵਾਲੀ ਇਸ ਕਾਨਫਰੰਸ 'ਚ ਸਾਹਿਤਕ ਰੁਚੀਆਂ ਨਾਲ ਜੁੜੇ ਉਹ ਸਕੂਲੀ ਬੱਚੇ ਭਾਗ ਲੈਣਗੇ, ਜਿਨ੍ਹਾਂ ਦੀ ਪ੍ਰਤਿਭਾ ਨੂੰ ਲੱਭਣ ਲਈ ਉਸ ਵਿਦੇਸ਼ੀ ਧਰਤੀ ਕੈਨੇਡਾ ਤੋਂ ਉਪਰਾਲੇ ਹੋ ਰਹੇ ਹਨ।

ਸਰੀ 'ਚ ਸਥਾਪਤ ਪੰਜਾਬ ਭਵਨ ਦੇ ਮੁੱਖ ਪ੍ਰਬੰਧਕ ਸੁੱਖੀ ਬਾਠ ਦੀ ਅਗਵਾਈ 'ਚ ਇਸ ਟੀਮ ਦਾ ਉਪਰਾਲਾ ਸੁਣ ਕੇ ਹਰ ਪੰਜਾਬੀ ਤੇ ਸਰਕਾਰਾਂ ਵੀ ਹੈਰਾਨ ਹੋ ਜਾਣਗੀਆਂ ਕਿ ਜਦੋਂ ਨਵੀਂ ਪੀੜ੍ਹੀ 'ਚ ਲਿਖਣ ਤੇ ਪੜ੍ਹਨ ਦੀਆਂ ਰੁਚੀਆਂ ਮਰ ਜਾਣ ਜਾਂ ਕੰਪਿਊਟਰ ਦੇ ਕੀ ਬੋਰਡ ਜਾਂ ਟੱਚ ਸਕਰੀਨ ਮਹਿੰਗੇ ਮੋਬਾਇਲ ਫੋਨਾਂ 'ਤੇ ਹੀ ਜਵਾਨੀ ਦੇ ਉਂਗਲਾਂ ਚਲਾਉਣ ਦਾ ਦੋਸ਼ ਮੜ੍ਹ ਕੇ ਹਰ ਕੋਈ ਪੱਲਾ ਝਾੜ ਰਿਹਾ ਤੇ ਯਤਨਾਂ ਤੋਂ ਕਿਨਾਰਾ ਕਰ ਰਿਹਾ। ਉਸ ਸਮੇਂ ਪੰਜਾਬ ਭਵਨ ਕੈਨੇਡਾ ਦੀ ਟੀਮ ਪੰਜਾਬ ਦੇ ਸਕੂਲਾਂ 'ਚੋਂ ਹਜ਼ਾਰਾਂ ਸਾਹਿਤਕ ਰੁਚੀਆਂ ਵਾਲੀਆਂ ਕਲਮਾਂ ਨੂੰ ਉਡਾਣ ਦਿੱਤੀ ਹੈ, ਭਾਵ ਅਨੇਕਾਂ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਰਚਨਾਵਾਂ ਇਕੱਠੀਆਂ ਕਰਕੇ ਉਨ੍ਹਾਂ ਨੂੰ 'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਨਾਂਅ ਹੇਠ ਕਿਤਾਬਾਂ 'ਚ ਪਰੋਇਆ। ਪ੍ਰਵਾਸੀ ਪੰਜਾਬੀ ਸੁੱਖੀ ਬਾਠ ਜਿਹੜੇ ਕੈਨੇਡਾ ਦੇ ਵੱਡੇ ਬਿਜ਼ਨਸਮੈਨ ਹਨ ਤੇ ਉਨ੍ਹਾਂ ਵੱਲੋਂ ਕੈਨੇਡਾ 'ਚ ਪੰਜਾਬ ਭਵਨ ਦੀ ਉਸਾਰੀ ਕਰਕੇ ਇਥੇ ਪੁੱਜਦੇ ਲੇਖਕਾਂ, ਪੱਤਰਕਾਰਾਂ ਤੇ ਪੰਜਾਬੀ ਸੱਭਿਆਚਾਰ ਦੀਆਂ ਵੱਖ-ਵੱਖ ਵੰਨਗੀਆਂ ਨਾਲ ਜੁੜੇ ਕਲਾਕਾਰਾਂ ਨੂੰ ਜਿਥੇ ਇਕ ਮੰਚ ਤੇ ਮਾਣ-ਸਨਮਾਨ ਦਿੱਤਾ ਜਾਂਦਾ, ਉਥੇ ਹਰ ਸਾਲ ਸਰੀ 'ਚ ਵਿਸ਼ਵ ਪੱਧਰੀ ਪੰਜਾਬੀ ਕਾਨਫਰੰਸ ਕਰਾ ਕੇ ਦੁਨੀਆਂ ਭਰ 'ਚ ਬੈਠੇ ਪੰਜਾਬੀ ਦੇ ਅਦੀਬਾਂ ਦੀ ਇੱਕ ਵਿਸ਼ਾਲ ਮਹਿਫ਼ਲ ਵੀ ਸਜਾਈ ਜਾਂਦੀ ਹੈ, ਜਿਥੇ ਮਾਂ ਬੋਲੀ ਨੂੰ ਪ੍ਰਫੁੱਲਤ ਕਰਨ ਲਈ ਕਈ ਦੇਸ਼ਾਂ ਤੋਂ ਸਾਹਿਤਕਾਰ ਪੁੱਜ ਕੇ ਸਿਰ ਜੋੜ ਬੈਠਦੇ ਹਨ।

# ਪਰਾਲੀ ਨੂੰ ਅੱਗ ਨਾ ਲਾਉਣ ਸੰਬੰਧੀ ਕਿਸਾਨਾਂ ਨੂੰ ਕੀਤਾ ਜਾਗਰੂਕ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਸਾਉਣੀ ਦੇ ਸੀਜ਼ਨ ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਕਰਕੇ ਵਾਤਾਵਰਣ ਦੇ ਹੋ ਰਹੇ ਨੁਕਸਾਨਾਂ ਤੋਂ ਜਾਣੂ ਕਰਾਉਣ ਦੇ ਮਕਸਦ ਨਾਲ ਤਹਿਸੀਲਦਾਰ ਪਾਤੜਾਂ ਹਰਮਨਜੀਤ ਸਿੰਘ ਨੇ ਪਿੰਡ ਮੌਲਵੀਵਾਲਾ ਤੇ ਹਾਮਝੇੜੀ ਵਿਖੇ ਕਿਸਾਨਾਂ ਨਾਲ ਮੀਟਿੰਗਾਂ ਕਰਕੇ ਪਰਾਲੀ ਨੂੰ ਅੱਗ ਨਾ ਲਾਉਣ ਸੰਬੰਧੀ ਜਾਗਰੂਕ ਕੀਤਾ।ਇਸ ਦੌਰਾਨ ਜਿਹੜੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਤਹਿਸੀਲਦਾਰ ਹਰਮਨਜੀਤ ਸਿੰਘ ਨੇ ਕਿਹਾ ਕਿ ਗਲੋਬਲ ਵਾਰਮਿੰਗ ਦੇ ਚੱਲਦਿਆਂ ਵਾਤਾਵਰਣ ਵਿੱਚ ਆ ਰਹੇ ਬਦਲਾਅ ਕਰਕੇ ਸਰਦੀ ਤੇ ਗ਼ਰਮੀ ਦੇ ਮੌਸਮਾਂ ਵਿੱਚ ਵਿਗੜ ਪੈਦਾ ਹੋ ਰਿਹਾ ਹੈ, ਜਿਸ ਦਾ ਮਨੁੱਖੀ ਸਿਹਤ ਉੱਤੇ ਬਹੁਤ ਵੱਡਾ ਪ੍ਰਭਾਵ ਦੇਖਣ ਨੂੰ ਨਜ਼ਰ ਆ ਰਿਹਾ ਹੈ।ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਤੋਂ ਪ੍ਰਹੇਜ਼ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਸਿਰਫ਼ ਜ਼ਮੀਨ ਦੀ ਸਿਹਤ ਖਰਾਬ ਹੁੰਦੀ ਹੈ, ਸਗੋਂ ਇਸ ਦੇ ਮਾਰੂ ਪ੍ਰਭਾਵ ਮਨੁੱਖੀ ਸਿਹਤ ਉੱਤੇ ਵੀ ਪੈ ਰਹੇ ਹਨ। ਪਸ਼ੂ ਪੰਛੀਆਂ ਦਾ ਵੱਡੇ ਪੱਧਰ ਉੱਤੇ ਨੁਕਸਾਨ ਹੋ ਰਿਹਾ ਹੈ, ਜਿਸ ਕਰਕੇ ਵਾਤਾਵਰਣ ਦਾ ਸੰਤੁਲਨ ਗੜਬੜਾਉਂਦਾ ਜਾ ਰਿਹਾ ਹੈ।

# ਕਾਂਗਰਸ ਭਵਨ 'ਚ ਮਨਾਈ ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਦੀ ਜੈਅੰਤੀ



ਬਠਿੰਡਾ (ਪਰਵਿੰਦਰ ਜੀਤ ਸਿੰਘ) ਕਾਂਗਰਸ ਭਵਨ ਵਿਖੇ ਦੇਸ਼ ਦੇ ਰਾਸ਼ਟਰਪਤੀ ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਜੀ ਦੀ ਜੈਯੰਤੀ ਸ਼ਰਧਾ ਪੂਰਵਕ ਮਨਾਈ ਗਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ ਦੀ ਅਗਵਾਈ ਵਿੱਚ ਇਕੱਠੇ ਹੋਏ ਸਮੁੱਚੇ ਲੀਡਰ ਸਾਹਿਬਾਨ, ਵੱਖ-ਵੱਖ ਵਿੰਗਾਂ ਦੇ ਅਹੁਦੇਦਾਰ ਸਾਹਿਬਾਨ, ਕੌਂਸਲਰ ਸਾਹਿਬਾਨ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਵੱਲੋਂ ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਜੀ ਨੂੰ ਸ਼ਰਧਾ ਫੁੱਲ ਭੇਟ ਕੀਤੇ ਗਏ।

ਸਮਾਗਮ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਰਾਜਨ ਗਰਗ, ਕਾਰਜਕਾਰੀ ਮੇਅਰ ਅਸ਼ੋਕ ਕੁਮਾਰ ਬਲਾਕ ਪ੍ਰਧਾਨ ਬਲਰਾਜ ਪੱਕਾ, ਹਰਵਿੰਦਰ ਲੱਡੂ, ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਠੇਕੇਦਾਰ ਨੇ ਕਿਹਾ ਕਿ ਪੂਰੇ ਦੇਸ਼ ਵਿੱਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਦੀ ਜੈਅੰਤੀ ਮਨਾਈ ਜਾ ਰਹੀ ਹੈ ਤੇ ਉਨ੍ਹਾਂ ਵੱਲੋਂ ਪਾਏ ਯੋਗਦਾਨ ਨੂੰ ਯਾਦ ਕੀਤਾ ਜਾ ਰਿਹਾ ਹੈ।

ਕਾਂਗਰਸੀ ਆਗੂਆਂ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਜੀਵਨ ਸੱਚਾਈ, ਸਦਭਾਵਨਾ ਤੇ ਸਮਾਨਤਾ ਤੇ ਆਧਾਰਤ ਆਦਰਸ਼ ਦੇਸ਼ ਵਾਸੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗਾ।ਆਗੂਆਂ ਨੇ ਕਿਹਾ ਕਿ ਲਾਲ ਬਹਾਦਰ ਸ਼ਾਸਤਰੀ ਜੀ ਦੇਸ਼ ਦੇ ਦੂਜੇ ਪ੍ਰਧਾਨ ਮੰਤਰੀ ਵਜੋਂ ਦੇਸ਼ ਨੂੰ ਆਰਥਿਕਤਾ ਲਈ ਅੱਗੇ ਲਿਜਾਣ ਲਈ ਅਹਿਮ ਭੂਮਿਕਾ ਨਿਭਾਅ ਚੁੱਕੇ ਹਨ, ਜਿਸ ਕਰਕੇ ਅੱਜ ਵੀ ਪੂਰਾ ਦੇਸ਼ ਉਨ੍ਹਾਂ ਨੂੰ ਸ਼ਰਧਾ ਭੇਟ ਕਰਦੇ ਹੋਏ ਯਾਦ ਕਰਦਾ ਹੈ।ਬਲਾਕ ਪ੍ਰਧਾਨ ਦਰਸ਼ਨ ਸਿੰਘ, ਸੀਨੀਅਰ ਮਹਿਲਾ ਕਾਂਗਰਸੀ ਆਗੂ ਅਮਰਤਾ ਗਿੱਲ ,ਮੀਤ ਪ੍ਰਧਾਨ ਰੁਪਿੰਦਰ ਬਿੰਦਰਾ, ਕਮਲਜੀਤ ਸਿੰਘ ਭੰਗੂ, ਜਸਵੀਰ ਸਿੰਘ ਜੱਸਾ, ਸੁਰਿੰਦਰਜੀਤ ਸਿੰਘ ਸਾਹਨੀ, ਸਾਧੂ ਸਿੰਘ ਸਮੇਤ ਕੌਂਸਲਰਾਂ ਵੱਲੋਂ ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਨੂੰ ਸ਼ਰਧਾ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਅਗਵਾਈ ਵਿੱਚ ਦੇਸ਼ ਨੇ ਤਰੱਕੀ ਵੱਲ ਕਦਮ ਉਠਾਏ, ਪਰ ਅਫ਼ਸੋਸ ਅੱਜ ਦੇ ਹਾਲਾਤ ਮਾੜੇ ਬਣੇ ਹੋਏ ਹਨ, ਕਿਉਂਕਿ ਕੇਂਦਰ ਦੀ ਸਰਕਾਰ ਮਹਿੰਗਾਈ ਨੂੰ ਨੱਥ ਪਾਉਣ ਵਿੱਚ ਫੇਲ੍ਹ ਹੋਈ ਹੈ, ਜਦੋਂਕਿ ਕਾਂਗਰਸ ਦੀ ਸਰਕਾਰ ਵੇਲੇ ਹਮੇਸ਼ਾ ਹੀ ਲੋਕ ਮੁੱਦਿਆਂ ਨੂੰ ਪਹਿਲ ਦਿੱਤੀ ਜਾਂਦੀ ਸੀ ਤਾਂ ਜੁ ਗ਼ਰੀਬਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਮੁਹਈਆ ਹੋ ਸਕੇ।

# ਕਿਰਾਏ 'ਤੇ ਮਕਾਨ ਲੈ ਕੇ ਧੋਖਾਧੜੀ ਕਰਨ ਵਾਲੇ 4 ਖ਼ਿਲਾਫ਼ ਮਾਮਲਾ ਦਰਜ

ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ) ਥਾਣਾ ਸਦਰ ਫ਼ਿਰੋਜ਼ਪੁਰ ਦੀ ਪੁਲਸ ਨੇ ਇੱਕ ਔਰਤ ਦਾ ਮਕਾਨ ਕਿਰਾਏ 'ਤੇ ਲੈ ਕੇ ਜਾਅਲੀ ਕਿਰਾਇਆਨਾਮਾ ਤਿਆਰ ਕਰਨ ਵਾਲੇ 4 ਵਿਅਕਤੀਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।

ਥਾਣਾ ਸਦਰ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਔਰਤ ਕਮਲੇਸ਼ ਭੰਡਾਰੀ ਪਤਨੀ ਸਵਰਗੀ ਰਾਜਨ ਭੰਡਾਰੀ ਵਾਸੀ ਮਕਾਨ ਨੰਬਰ 178 ਬੇਦੀ ਕਾਲੋਨੀ ਸਿਟੀ ਫ਼ਿਰੋਜ਼ਪੁਰ ਹਾਲ ਵਾਸੀ ਅਮਰੀਕਾ ਨੇ ਦੱਸਿਆ ਕਿ ਕਥਿਤ ਦੋਸ਼ੀ ਜਰਨੈਲ ਸਿੰਘ ਪੁੱਤਰ ਚੰਨਣ ਸਿੰਘ, ਇੰਦਰਜੀਤ ਸਿੰਘ ਪੁੱਤਰ ਲਖਵਿੰਦਰ ਸਿੰਘ, ਹਰਬੰਸ ਸਿੰਘ ਵਾਸੀ ਸਾਧੂ ਸ਼ਾਹ ਵਾਲਾ ਤੇ ਰਾਜੇਸ਼ ਖੁਮਾਰ, ਅਰਜੁਨ ਲਾਲ ਖੰਨਾ ਵਾਸੀ ਕੂਚਾ ਲਕਸ਼ਮਣ ਦਾਸ ਸਿਟੀ ਫ਼ਿਰੋਜ਼ਪੁਰ ਨੇ ਉਸ ਨਾਲ ਠੱਗੀ ਮਾਰੀ ਹੈ।ਉਸ ਦੀ ਮਿਲੀਭੁਗਤ ਨਾਲ ਉਸ ਦਾ ਮਕਾਨ ਕਿਰਾਏ 'ਤੇ ਲੈ ਕੇ ਜਾਅਲੀ ਕਿਰਾਇਆਨਾਮਾ ਤਿਆਰ ਕਰ ਲਿਆ। ਮਾਮਲੇ ਦੀ ਜਾਂਚ ਕਰ ਰਹੇ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ਼ੇਰ ਸਿੰਘ ਗਾਗੋਵਾਲ ਦੀ ਬਰਸੀ ਸਮੇਂ ਸ਼ਰਧਾਂਜਲੀਆਂ



ਮਾਨਸਾ (ਆਤਮਾ ਸਿੰਘ ਪਮਾਰ) ਕਾਂਗਰਸ ਕਮੇਟੀ ਮਾਨਸਾ ਵੱਲੋਂ ਸਾਬਕਾ ਮੰਤਰੀ ਸ਼ੇਰ ਸਿੰਘ ਗਾਗੋਵਾਲ ਦੀ ਅੱਠਵੀਂ ਬਰਸੀ ਸਮਾਗਮ ਮੌਕੇ ਬੀਬੀ ਗੁਰਪ੍ਰੀਤ ਕੌਰ ਗਾਗੋਵਾਲ ਦੀ ਅਗਵਾਈ ਹੇਠ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ।

ਉਨ੍ਹਾਂ ਆਖਿਆ ਕਿ ਇਹੋ ਜਿਹੇ ਮਹਾਨ ਆਗੂ ਦੀ ਬਦੌਲਤ ਹੀ ਸਮਾਜ ਤਰੱਕੀ ਕਰਦਾ ਹੈ ਤੇ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ। ਸੋ ਸਾਨੂੰ ਉਨ੍ਹਾਂ ਦੀ ਸੋਚ 'ਤੇ ਪਹਿਰਾ ਦੇਣਾ ਚਾਹੀਦਾ ਹੈ। ਸਮਾਗਮ ਵਿੱਚ ਬਲਾਕ ਪ੍ਰਧਾਨ ਸੁਖਦਰਸ਼ਨ ਸਿੰਘ ਖਾਰਾ, ਨੇਮ ਚੰਦ ਚੌਧਰੀ, ਗੁਰਦੀਪ ਸਿੰਘ ਦੀਪਾ, ਸਤੀਸ਼ ਮਹਿਤਾ, ਰੋਹਤਾਸ ਕੁਮਾਰ, ਰਮੇਸ਼ ਕੁਮਾਰ, ਚੰਦਰ ਸੇਖਰ ਨੰਦੀ, ਅੰਮ੍ਰਿਤਪਾਲ ਗੋਗਾ, ਬਿੱਟੂ ਸਰਮਾ ਭੁਪਾਲ, ਸੁਰੇਸ਼ ਕੁਮਾਰ ਨੰਦਗੜ੍ਹੀਆ, ਐਡਵੋਕੇਟ ਮੁਕੇਸ਼ ਕੁਮਾਰ ਵਿੱਕੀ, ਅੰਮ੍ਰਿਤ ਪਾਲ ਸਿੰਘ ਕੂਕਾ, ਜਸਵੰਤ ਟੈਨੀ, ਵਿਜੇ ਜੈਨ, ਕਰਨੈਲ ਸਿੰਘ, ਪਰਮਜੀਤ ਸਿੰਘ ਗਾਗੋਵਾਲ, ਚਰਨਜੀਤ ਸਿੰਘ, ਸੰਦੀਪ ਸ਼ਰਮਾ, ਹਰਵਿੰਦਰ ਭਾਰਦਵਾਜ, ਰਾਏ ਸਿੰਘ ਗੁਰਥੜੀ ਆਦਿ ਵੀ ਹਾਜ਼ਰ ਸਨ।

# 'ਪੰਚ ਦੀ ਚੋਣ ਲੜਨ ਵਾਲੇ ਵਿਅਕਤੀਆਂ ਲਈ ਲੋੜੀਂਦੇ ਦਸਤਾਵੇਜ਼ ਨਾਲ ਲਾਉਣੇ ਜ਼ਰੂਰੀ'

ਜਲਾਲਾਬਾਦ, (ਜੀਤ ਕੁਮਾਰ) ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਭਾਸ਼ ਚੰਦਰ ਨੇ ਆਮ ਜਨਤਾ ਨੂੰ ਸੂਚਿਤ ਕੀਤਾ ਹੈ ਕਿ ਗ੍ਰਾਮ ਪੰਚਾਇਤਾਂ ਦੀਆਂ ਹੋ ਰਹੀਆਂ ਚੋਣਾਂ ਲਈ ਪੰਚ, ਸਰਪੰਚਾਂ ਦੇ ਉਮੀਦਵਾਰਾਂ ਨੂੰ ਨਾਮਜ਼ਦਗੀਆਂ ਭਰਨ ਦੇ ਚਾਹਵਾਨਾਂ ਨੂੰ ਉਨ੍ਹਾਂ ਦੀ ਸਹੂਲਤ ਲਈ ਦੱਸਿਆ ਜਾਂਦਾ ਹੈ ਕਿ ਜੇਕਰ ਉਸ ਨੇ ਪੰਚ ਦੀ ਚੋਣ ਲੜਨੀ ਹੈ ਤਾਂ ਉਹ ਪਿੰਡ ਦਾ ਵੋਟਰ ਹੋਣਾ ਜ਼ਰੂਰੀ ਹੈ ਪ੍ਰੰਤੂ ਉਸ ਵੱਲੋਂ ਭਰੀ ਜਾਣ ਵਾਲੀ ਨਾਮਜ਼ਦਗੀ ਦੇ ਫਾਰਮ ਨੰ: 4 ਵਿੱਚ ਤਜਵੀਜ਼ਕਰਤਾ ਤੇ ਸਕੈਂਡਰ ਉਸੇ ਵਾਰਡ ਦੇ 2 ਵਿਅਕਤੀਆਂ ਵੱਲੋਂ ਕੀਤਾ ਜਾਣਾ ਜ਼ਰੂਰੀ ਹੈ, ਜਿਹੜੇ ਕਿ ਉਸੇ ਵਾਰਡ ਦੇ ਵੋਟਰ ਹੋਣ।

ਉਨ੍ਹਾਂ ਦੱਸਿਆ ਕਿ ਇਸ ਮੰਤਵ ਲਈ ਨਾਮਜ਼ਦਗੀ ਫਾਰਮ ਨੰ: 4 ਤੇ ਅਨੁਲੱਗ 1 ਵੀ ਭਰਨਾ ਹੋਵੇਗਾ। ਇਸ ਤੋਂ ਬਿਨਾਂ ਉਮੀਦਵਾਰ ਨੂੰ ਫੌਜਦਾਰੀ ਕੇਸਾਂ ਸਬੰਧੀ ਬਿਆਨ ਹਲਫੀਆ ਜੋ ਨੋਟਰੀ ਤੋਂ ਤਸਦੀਕਸ਼ੁਦਾ ਹੋਣਾ ਚਾਹੀਦਾ ਹੈ, ਪੇਸ਼ ਕਰਨਾ ਹੋਵੇਗਾ। ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਤੋਂ ਨੋ ਡਿਊ ਸਰਟੀਫਿਕੇਟ ਵੀ ਹੋਣਾ ਜ਼ਰੂਰੀ ਹੈ, ਪ੍ਰੰਤੂ ਜੇਕਰ ਇਹ ਉਪਲਬਧ ਨਹੀਂ ਹੈ ਤਾਂ ਉਸ ਦੀ ਜਗ੍ਹਾ 'ਤੇ ਨੋਟਰੀ ਪਬਲਿਕ ਤੋਂ ਇਸ ਸਬੰਧੀ ਬਿਆਨ ਹਲਫੀਆ ਤਸਦੀਕ ਕਰਾ ਕੇ ਵੀ ਲਾਇਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਇਸ ਤੋਂ ਬਿਨ੍ਹਾਂ ਜੋ ਤਜਵੀਜ਼ਕਰਤਾ ਵਿਅਕਤੀ ਹਨ, ਉਨ੍ਹਾਂ ਵੱਲੋਂ ਵੀ ਘੋਸ਼ਣਾ ਪੱਤਰ ਲੱਗੇਗਾ ਕਿ ਉਸ ਨੇ ਕਿਸੇ ਹੋਰ ਉਮੀਦਵਾਰ ਨੂੰ ਤਾਇਦ ਨਹੀਂ ਕੀਤਾ। ਫਾਰਮ ਨੰ: 1 ਵਿੱਚ ਉਸ ਵੱਲੋਂ ਦਿੱਤੀ ਜਾਣ ਵਾਲੀ ਅੰਡਰਟੇਕਿੰਗ ਲਈ ਜੋ ਵੀ ਫਾਰਮ ਦੇ ਵਿੱਚ, ਜਿਵੇਂ ਆਮਦਨ, ਜ਼ਮੀਨੀ ਜਾਇਦਾਦ, ਨਕਦ, ਚੱਲ ਅਤੇ ਅਚੱਲ ਸੰਪਤੀ ਜਾਂ ਬੈਂਕ ਖਾਤਿਆਂ ਸਬੰਧੀ ਜਾਣਕਾਰੀ ਦਿੱਤੀ ਗਈ ਹੈ ਤਾਂ ਉਸ ਦੇ ਸਬੂਤ ਵੀ ਨਾਲ ਲਾਉਣੇ ਪੈਂਦੇ ਹਨ। ਜੇਕਰ ਉਮੀਦਵਾਰ ਰਿਜ਼ਰਵ ਕੈਟਾਗਿਰੀ ਅਧੀਨ ਚੋਣ ਲੜ ਰਿਹਾ ਹੈ ਤਾਂ ਉਸ ਦਾ ਸਬੂਤ ਲਾਉਣਾ ਹੋਵੇਗਾ।



ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਭਾਸ਼ ਚੰਦਰ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਫ਼ਾਜ਼ਿਲਕਾ ਜ਼ਿਲ੍ਹੇ ਦੇ ਬਲਾਕ ਵਿਕਾਸ ਅਤੇ ਪੰਚਾਇਤਾਂ ਅਫਸਰਾਂ ਦੇ ਦਫਤਰ 3 ਅਕਤੂਬਰ ਨੂੰ ਵੀ ਛੁੱਟੀ ਵਾਲੇ ਦਿਨਾਂ ਦੌਰਾਨ ਵੀ ਖੁੱਲ੍ਹੇ ਰਹਿਣਗੇ ਤਾਂ ਜੁ ਲੋਕਾਂ ਨੂੰ ਐਨਓਸੀ ਲੈਣ ਵਿੱਚ ਕੋਈ ਦਿੱਕਤ ਨਾ ਆਵੇ। ਜ਼ਿਲ੍ਹੇ ਦੇ ਪੰਜਾਂ ਬਲਾਕਾਂ ਦੇ ਦਫਤਰ ਬੁੱਧਵਾਰ ਤੇ ਵੀਰਵਾਰ ਨੂੰ ਆਮ ਵਾਂਗ ਖੁੱਲ੍ਹਣਗੇ ਅਤੇ ਲੋਕ ਪੰਚਾਇਤ ਚੋਣਾਂ ਸਬੰਧੀ ਨਾਮਜ਼ਦਗੀ ਪਰਚੇ ਦਾਖਲ ਕਰਨ ਲਈ ਲੋੜੀਂਦੀ ਐਨਓਸੀ ਇਨ੍ਹਾਂ ਦਫਤਰਾਂ ਤੋਂ ਪ੍ਰਾਪਤ ਕਰ ਸਕਦੇ ਹਨ।

3-OCT-PAGE-7.qxd 10/2/2024 10:32 PM Page 1



## ਸ਼੍ਰੀਮਦ ਭਗਵਤ ਕਥਾ



**ਦੋਰਾਹਾ, (ਹਰਮਿੰਦਰ ਸੇਠ)** ਸ੍ਰੀ ਸ਼ਿਵਦਿਆਲਾ ਮੰਦਿਰ ਅੜੈਚਾਂ ਰੋਡ ਦੋਰਾਹਾ ਵਿਖੇ 23 ਤੋਂ 29 ਸਤੰਬਰ ਤੱਕ ਸ੍ਰੀਮਦ ਭਗਵਤ ਕਥਾ ਦਾ ਆਯੋਜਨ ਕੀਤਾ ਗਿਆ।ਇਸ ਤੋਂ ਪਹਿਲਾਂ 22 ਸਤੰਬਰ ਨੂੰ ਵਿਸ਼ਾਲ ਕਲਸ਼ ਯਾਤਰਾ ਮੰਦਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੀ ਪਰਕਰਮਾ ਕਰਦੀ ਹੋਈ ਮੰਦਰ ਵਿੱਚ ਆਈ।ਸ਼ਿਵਦਿਆਲਾ ਮੰਦਰ ਵਿਖੇ ਕਥਾ ਸੁਣਨ ਲਈ ਸਹਿਰ ਵਾਸੀ ਵੱਡੀ ਗਿਣਤੀ ਵਿੱਚ ਪਹੁੰਚੇ।ਇਸ ਮੌਕੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਚੇਅਰਮੈਨ ਪਵਨ ਕੁਮਾਰ ਸ਼ਰਮਾ, ਰਾਕੇਸ਼ ਸ਼ਰਮਾ, ਸੁਰੇਸ਼ ਰਤਨ, ਮੁਕੇਸ਼ ਮੰਨੂ, ਗੋਲਡੀ ਗੋਇਲ, ਪੁਨਿਤ ਮਹਿਤਾ, ਪਵਨ ਵਿੱਜ, ਪ੍ਰਧਾਨ ਸੁਦਰਸ਼ਨ ਸ਼ਰਮਾ, ਅਨੀਲ ਪੂਰੀ, ਰਾਮਪਾਲ ਡਾ. ਰਮਨ ਕਾਲੀ, ਰਮਨ ਰੋਮੀ, ਰਾਜੇਸ਼ ਭੂਸ਼ਨ, ਵਨੀਤ ਮਕੌਲ, ਮਨਦੀਪ ਮਾਂਗਟ, ਰਾਮਪ੍ਰਕਾਸ਼ ਪੱਪੂ, ਆਦਿ ਮੌਜੂਦ ਸਨ।

## ਸ਼ਹੀਦ ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ



**ਦੋਰਾਹਾ (ਹਰਮਿੰਦਰ ਸੇਠ)** ਡਾਕਟਰ ਅਦਿਤੀ ਬੈਕਟਰ ਨੇ ਦੋਰਾਹਾ ਦਾਣਾ ਮੰਡੀ ਵਿਖੇ ਸ਼ਹੀਦ ਭਗਤ ਸਿੰਘ ਦੇ ਸਮਾਰਕ ਤੇ ਮੋਮਬੱਤੀਆਂ ਜਗ੍ਹਾ ਕੇ ਦੇਸ਼ ਦੇ ਮਹਾਨ ਸ਼ਹੀਦ ਭਗਤ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਵਿਸ਼ੇਸ਼ ਸ਼ਰਧਾ ਦੇ ਫੁੱਲ ਭੇਟ ਕੀਤੇ।ਉਨ੍ਹਾਂ ਕਿਹਾ ਕਿ ਦੇਸ਼ ਜੋ ਅੱਜ ਆਜ਼ਾਦੀ ਦਾ ਨਿੱਘ ਮਾਣ ਰਿਹਾ ਹੈ, ਇਸ ਵਿੱਚ ਸਾਡੇ ਮਹਾਨ ਸੂਰਵੀਰ ਯੋਧੇ ਦੇਸ਼ ਭਗਤ ਗਦਰੀ ਬਾਬੇ ਉਹਨਾਂ ਤਮਾਮ ਜਾਰੂ ਆਜ਼ਾਦੀ ਘੁਲਾਟੀਆਂ ਦਾ ਹੱਥ ਹੈ ਜਿਨ੍ਹਾਂ ਨੇ ਆਪਣੀ ਜਾਨ ਤਲੀ 'ਤੇ ਰੱਖ ਕੇ ਦੇਸ਼ ਨੂੰ ਆਜ਼ਾਦ ਕਰਾਇਆ, ਪਰ ਜੋ ਉਸ ਟਾਈਮ ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਦਾ ਇਕ ਸੁਪਨਾ ਸੰਜੋਇਆ ਸੀ, ਉਹ ਅੱਜ ਦੇ ਭ੍ਰਿਸ਼ਟਾਚਾਰ ਤੰਤਰ, ਮੌਕਾਪ੍ਰਸਤੀ, ਦਲਬਦਲੂ ਟੁੱਕੜ ਬੋਚ ਨੇਤਾਵਾਂ ਨੇ ਉਨ੍ਹਾਂ ਸੁਪਨਿਆਂ ਨੂੰ ਚਕਨਾਚੂਰ ਕਰ ਦਿੱਤਾ।

# ਮੂੰਮ 'ਚ ਡਰਾਅ ਪਰਚੀ ਰਾਹੀਂ ਕੀਤੀ ਪੰਚ ਦੀ ਚੋਣ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਮੂੰਮ (ਬਰਨਾਲਾ) ਵਿਖੇ ਇੱਕ ਵਾਰਡ ਮੈਂਬਰ ਦੀ ਚੋਣ 'ਚ ਕੀਤੀ ਗਈ। ਸਰਬਸੰਮਤੀ ਉਸ ਸਮੇਂ ਵਿਵਾਦਾਂ 'ਚ ਘਿਰ ਗਈ, ਜਦੋਂ ਇਕ ਧਿਰ ਨੇ ਪਰਚੀਆਂ ਪਾ ਕੇ ਚੁਣੇ ਪੰਚ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ।ਬੀ.ਡੀ.ਪੀ.ਓ. ਦਫ਼ਤਰ ਕੰਪਲੈਕਸ ਵਿਖੇ ਕਾਗ਼ਜ਼ ਦਾਖ਼ਲ ਕਰਨ ਪੁੱਜੇ ਉਮੀਦਵਾਰ ਮਨਪ੍ਰੀਤ ਕੌਰ ਦੇ ਸਮਰਥਕ ਜਗਰਾਜ ਸਿੰਘ ਮੂੰਮ ਤੇ ਬਾਬਾ ਗੁਰਚਰਨ ਸਿੰਘ ਚਾਂਦੀ ਨੇ ਕਿਹਾ ਕਿ ਮਨਪ੍ਰੀਤ ਕੌਰ ਨੂੰ ਸਾਰੇ ਐਸ.ਸੀ. ਭਾਈਚਾਰੇ ਦੇ ਲੋਕਾਂ ਵੱਲੋਂ ਸਰਬਸੰਮਤੀ ਨਾਲ ਪਹਿਲਾਂ ਚੁਣਿਆ ਸੀ।ਸਭ ਨੇ ਇਸ ਮੈਂਬਰ 'ਤੇ ਗੁਰਦੁਆਰਾ ਸਾਹਿਬ ਅੰਦਰ ਸਹਿਮਤੀ ਪ੍ਰਗਟ ਕੀਤੀ ਸੀ।ਪਰ ਬਾਅਦ 'ਚ ਪਿੰਡ ਦੇ ਕੁਝ ਵਿਅਕਤੀ ਵਲੋਂ ਸਾਰੀ ਪੰਚਾਇਤ ਪਰਚੀਆਂ ਪਾ ਕੇ ਚੁਣਨ ਦਾ ਐਲਾਨ ਕੀਤਾ ਗਿਆ।ਜਦੋਂ ਵਾਰਡ ਨੰਬਰ 1 ਦੀ ਪਰਚੀ ਕੱਢੀ ਗਈ ਤਾਂ ਉਸ 'ਚ ਮਨਪ੍ਰੀਤ ਕੌਰ ਦੀ ਬਜਾਏ ਵਿਰੋਧੀ ਉਮੀਦਵਾਰ ਦੀ ਪਰਚੀ ਨਿਕਲ ਆਈ, ਜਿਸ 'ਤੇ ਐਸ.ਸੀ. ਭਾਈਚਾਰੇ ਦੇ ਲੋਕਾਂ ਨੇ ਇਤਰਾਜ਼ ਜਤਾਇਆ ਕਿ ਅਸੀਂ ਪਹਿਲਾਂ ਤੋਂ ਚੁਣੀ ਹੋਈ ਉਮੀਦਵਾਰ ਮਨਪ੍ਰੀਤ ਕੌਰ ਦੇ ਨਾਲ ਡਟ ਕੇ ਖੜੇ ਹਾਂ।ਪਿੰਡ ਦੇ ਇੱਕ ਸਾਬਕਾ ਪੁਲਿਸ ਕਰਮੀ ਵਲੋਂ ਪਰਚੀ ਰਾਹੀਂ ਚੁਣੀ ਪੰਚ ਨਾਲ ਸਹਿਮਤ ਨਾ ਹੋਣ ਵਾਲਿਆਂ ਦੇ ਸਮਾਜਿਕ ਬਾਈਕਾਟ ਸਬੰਧੀ ਅਨਾਊਂਸਮੈਂਟ ਕਰ ਦਿੱਤੀ, ਜਿਸ ਤੋਂ ਐਸ.ਸੀ.ਭਾਈਚਾਰੇ ਦੇ ਲੋਕਾਂ 'ਚ ਗੁੱਸਾ ਹੋਰ ਭੜਕ ਗਿਆ।

ਦੋ ਦਰਜਨ ਦੇ ਕਰੀਬ ਸਮਰਥਕਾਂ ਨਾਲ ਮਨਪ੍ਰੀਤ ਕੌਰ ਨੇ ਪਿੰਡ ਮੂੰਮ ਦੇ ਵਾਰਡ ਨੰਬਰ 1 ਤੋਂ ਪੰਚ ਦੀ ਚੋਣ ਲਈ ਕਾਗਜ਼ ਦਾਖ਼ਲ ਕਰ ਦਿੱਤੇ।ਬਾਬਾ ਗੁਰਚਰਨ ਸਿੰਘ ਚਾਂਦੀ ਨੇ ਕਿਹਾ ਕਿ ਸਾਰੇ ਵਾਰਡ ਦੇ ਲੋਕ ਇਹ ਚੋਣ ਸੰਵਿਧਾਨਕ ਪ੍ਰਕਿਰਿਆ ਰਾਹੀਂ ਕਰਨੀ ਚਾਹੁੰਦੇ ਹਨ।ਡਰਾਅ ਪਰਚੀ ਰਾਹੀਂ ਸਰਬਸੰਮਤੀ ਹੋਣ ਦੀ ਸੂਰਤ 'ਚ ਪੰਚ ਪਾਸੋਂ ਵਾਰਡ ਦੇ ਵਿਕਾਸ ਲਈ ਭਰਵਾਏ ਜਾਣ ਵਾਲੇ 50 ਹਜ਼ਾਰ ਰੁਪਏ ਦੇਣ ਤੋਂ ਅਸਮਰੱਥ ਹਨ।ਡਾ. ਜਗਰਾਜ ਸਿੰਘ ਮੂੰਮ ਨੇ ਐਸ.ਸੀ.ਭਾਈਚਾਰੇ ਨਾਲ ਧੱਕੇਸ਼ਾਹੀ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ।ਇਸ ਸਮੇਂ ਵਿਸਾਖਾ ਸਿੰਘ, ਬੁੱਧ ਸਿੰਘ, ਸਵਰਨ ਸਿੰਘ, ਜੋਤ ਸਿੰਘ, ਰਾਮ ਆਸਰਾ ਸਿੰਘ, ਗਗਨ ਸਿੰਘ, ਗੁਰਚਰਨ ਸਿੰਘ, ਕੇਵਲ ਸਿੰਘ, ਭਜਨ ਕੌਰ, ਰਾਜ ਕੌਰ, ਕਿਰਨ ਕੌਰ, ਪਰਮਜੀਤ ਕੌਰ, ਸੁਖਵਿੰਦਰ ਕੌਰ, ਬਿੰਦਰ ਕੌਰ, ਮਨਜੀਤ ਕੌਰ, ਸਰਬਜੀਤ ਕੌਰ, ਲੱਛਮੀ ਕੌਰ ਆਦਿ ਹਾਜ਼ਰ ਹੋ।

ਦੂਜੀ ਧਿਰ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਾਸੋਂ ਸਰਬਸੰਮਤੀ ਕਰਨ ਵਾਲੇ ਪਿੰਡਾਂ ਨੂੰ ਮਿਲਣ ਵਾਲੀ ਵਿਸ਼ੇਸ਼ ਗ੍ਰਾਂਟ ਤੇ ਹੋਰ ਲਾਭ ਲੈਣ ਲਈ ਉਨ੍ਹਾਂ ਨੇ ਇਹ ਉਪਰਾਲਾ ਕੀਤਾ ਸੀ। ਸਰਪੰਚ ਸਮੇਤ ਬਾਕੀ ਸਾਰੇ ਪੰਚਾਂ ਦੀ ਚੋਣ ਸਰਬਸੰਮਤੀ ਨਾਲ ਹੋ ਚੁੱਕੀ ਹੈ।ਇਸ ਮਾਮਲੇ ਸਬੰਧੀ ਵਾਰਡ ਨੰਬਰ 1 ਦੇ ਵਾਸੀਆਂ ਨਾਲ ਗੱਲਬਾਤ ਜਾਰੀ ਹੈ, ਜਲਦ ਹੀ ਪਿੰਡ ਪੱਧਰ 'ਤੇ ਬੈਠ ਕੇ ਮਾਮਲਾ ਨਿਪਟਾ ਲਿਆ ਜਾਵੇਗਾ।

# ਪੁਲਸ ਨੇ ਲੁੱਟਾਂ-ਖੋਹ ਕਰਨ ਵਾਲਾ ਗਰੋਹ ਨੂੰ ਅਸਲੇ ਸਮੇਤ ਕੀਤਾ ਕਾਬੂ



**ਮੋਗਾ, (ਇਕਬਾਲ ਸਿੰਘ ਖਹਿਰਾ)** ਐਸ.ਐਸ.ਪੀ ਮੋਗਾ ਅਜੇ ਗਾਂਧੀ ਵੱਲੋ ਲੁੱਟਾਂ ਖੋਹਾਂ ਤੇ ਡਕੈਤੀ ਕਰਨ ਵਾਲੇ ਗਿਰੋਹ ਨੂੰ ਗ੍ਰਿਫ਼ਤਾਰ ਕਰਨ ਸਬੰਧੀ ਵਿੱਢੀ ਮੁਹਿੰਮ ਨੂੰ ਉਸ ਸਮੇਂ ਸਫ਼ਲਤਾ ਹਾਸਲ ਹੋਈ, ਜਦੋਂ ਬਾਲ ਕ੍ਰਿਸ਼ਨ ਸਿੰਗਲਾ ਐਸ.ਪੀ (ਡੀ) ਮੋਗਾ, ਰਮਨਦੀਪ ਸਿੰਘ ਡੀ.ਐਸ.ਪੀ ਧਰਮਕੋਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਮਰਜੀਤ ਸਿੰਘ ਮੁੱਖ ਅਫ਼ਸਰ ਥਾਣਾ ਮੈਹਿਣਾ ਸਮੇਤ ਪੁਲਸ ਪਾਰਟੀ ਨੇ 30.09.2024 ਗਸ਼ਤ ਤੇ ਚੈਕਿੰਗ ਸ਼ੱਕੀ ਵਿਅਕਤੀਆਂ ਦੇ ਸਬੰਧ ਵਿੱਚ ਬੱਸ ਅੱਡਾ ਮੈਹਿਣਾ ਮੌਜੂਦ ਸੀ ਤਾਂ ਮੁਖਬਰ ਨੇ ਐਸ.ਐਚ.ਓ ਅਮਰਜੀਤ ਸਿੰਘ ਨੂੰ ਇਤਲਾਹ ਦਿੱਤੀ ਕਿ ਗੁਰਦਾਸ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਬਹਿਮਣ, ਜੱਸਾ ਸਿੰਘ ਜ਼ਿਲ੍ਹਾ ਬਠਿੰਡਾ, ਗਗਨਦੀਪ ਸਿੰਘ ਉਰਫ ਗਗਨਾ ਪੁੱਤਰ ਬਲਵਿੰਦਰ ਸਿੰਘ ਵਾਸੀ ਕਿਲੀ ਚਾਹਲਾਂ ਜ਼ਿਲ੍ਹਾ ਮੋਗਾ, ਹਰਦੀਪ ਸਿੰਘ ਉਰਫ਼ ਸੁੱਖ ਪੁੱਤਰ ਕੁਲਜੀਤ ਸਿੰਘ ਵਾਸੀ ਨੇੜੇ ਗਊਸ਼ਾਲਾ ਸ਼ਾਸ਼ਤਰੀ ਨਗਰ ਜਗਰਾਓਂ ਜ਼ਿਲ੍ਹਾ ਲੁਧਿਆਣਾ, ਹਰਦੀਪ ਸਿੰਘ ਉਰਫ਼ ਹੈਪੀ ਪੁੱਤਰ ਪਰਮਜੀਤ ਸਿੰਘ ਵਾਸੀ ਧੂੰਮਣ ਮੁਹੱਲਾ, ਜਗਰਾਓ ਜ਼ਿਲ੍ਹਾ ਲੁਧਿਆਣਾ ਅਤੇ ਜੱਗਪ੍ਰੀਤ ਸਿੰਘ ਉਰਫ ਲੀਚੀ ਵਾਸੀ ਤਲਵੰਡੀ ਭੰਗੇਰੀਆਂ ਜ਼ਿਲ੍ਹਾ ਮੋਗਾ, ਜੋ ਪਿੰਡ ਡਾਲਾ ਦੀ ਦਾਣਾ ਮੰਡੀ ਨਜ਼ਦੀਕ ਬਣੇ ਖਸਤਾ ਹਾਲਤ ਕਮਰਿਆਂ ਸੁੰਨਸਾਨ ਜਗ੍ਹਾ ਵਿੱਚ, ਜਿਨ੍ਹਾਂ ਪਾਸ ਨਜਾਇਜ਼ ਅਸਲਾ ਹੈ, ਮੋਗਾ ਫ਼ਰੀਦਕੋਟ ਤੇ ਸ੍ਰੀ ਮੁਕਤਸਰ ਸਾਹਿਬ ਸਾਈਡ ਤੋਂ ਉਗਰਾਹੀ ਕਰਕੇ ਲੁਧਿਆਣਾ ਸਾਈਡ ਤੋਂ ਆਉਦੇ ਜਾਂਦੇ ਵਪਾਰੀਆਂ ਨਾਲ ਲੁੱਟ ਖੋਹ ਤੇ ਡਕੈਤੀ ਕਰਨ ਦੀ ਯੋਜਨਾ ਬਣਾ ਰਹੇ ਹਨ।

ਇਤਲਾਹ ਹੋਣ ਕਰਕੇ ਉਸ ਜਗ੍ਹਾ 'ਤੇ ਰੇਡ ਕਰਕੇ ਗੁਰਦਾਸ ਸਿੰਘ, ਗਗਨਦੀਪ ਸਿੰਘ ਉਰਫ ਗਗਨਾ, ਹਰਦੀਪ ਸਿੰਘ ਉਰਫ਼ ਸੁੱਖ, ਹਰਦੀਪ ਸਿੰਘ ਉਰਫ ਹੈਪੀ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ ਦੋ ਪਿਸਟਲ ਦੇਸੀ 32 ਬੋਰ ਸਮੇਤ ਮੈਗ਼ਜ਼ੀਨ ਸਮੇਤ 04 ਰੌਂਦ ਜ਼ਿੰਦਾ 32 ਬੋਰ, ਇੱਕ ਕਿਰਪਾਨ, ਇੱਕ ਖੰਡਾ ਬਰਾਮਦ ਕੀਤਾ। ਦੋਸ਼ੀ ਜਗਪ੍ਰੀਤ ਸਿੰਘ ਉਰਫ਼ ਲੀਚੀ ਮੌਕਾ ਤੋ ਭੱਜ ਗਿਆ, ਜਿਸ 'ਤੇ ਉਕਤ ਵਿਅਕਥੀਆਂ ਕਿਸਾਨ ਮੁਕੱਦਮਾ ਨੰਬਰ 78 ਮਿਤੀ 30.09.2024 ਅ/ਧ 111, 310 (4), 310 (5) ਬੀ.ਐਨ.ਐਸ 25-54-59 ਏ ਐਕਟ ਥਾਣਾ ਮਹਿਣਾ ਦਰਜ ਕੀਤਾ ਗਿਆ। ਦੋਸ਼ੀ ਗੁਰਦਾਸ ਸਿੰਘ ਦੇ ਖਿਲਾਫ ਮੁਕੱਦਮਾ ਨੰਬਰ 184 ਮਿਤੀ 28.09.2021 ਅ/ਧ:- 306, 506, 149 ਆਈ.ਪੀ.ਸੀ. ਥਾਣਾ ਤਲਵੰਡੀ ਸਾਬੋ ਬਠਿੰਡਾ, ਮੁਕੱਦਮਾ ਨੰਬਰ 55 ਮਿਤੀ 27.04.2024 ਅ/ਧ:- 153ਭ, 120ਬੀ ਆਈ.ਪੀ.ਸੀ ਥਾਣਾ ਸਿਵਲ ਲਾਈਨ ਬਠਿੰਡਾ ਤੇ ਮੁਕੱਦਮਾ ਨੰਬਰ 06 ਮਿਤੀ 09.01.2024 ਅ\ਧ-25/94/59 ਏ ਐਕਟ, 394, 120-ਬੀ, 411 ਆਈ.ਪੀ.ਸੀ. ਥਾਣਾ ਕਨਾਲ ਕਲੋਨੀ ਬਠਿੰਡਾ ਦਰਜ ਹਨ ਤੇ ਗੁਰਦਾਸ ਸਿੰਘ ਵਿਦੇਸ਼ ਬੈਠੇ ਖਾਲਿਸਤਾਨ ਸਮਰਥਕ ਗੁਰਵੰਤ ਸਿੰਘ ਪੰਨੂ ਦੇ ਕਹਿਣ 'ਤੇ ਪਹਿਲਾਂ ਵੀ ਕਈ ਵਾਰ ਸਰਕਾਰੀ ਇਮਾਰਤਾਂ 'ਤੇ ਦੇਸ਼ ਵਿਰੋਧੀ ਨਾਅਰੇ ਲਿਖ ਚੁੱਕਾ ਹੈ ਤੇ ਦੇਸ਼ ਵਿਰੋਧੀ ਗਤੀਵਿਧੀਆਂ ਕਰਨ ਦਾ ਆਦੀ ਹੈ।ਗਗਨਦੀਪ ਸਿੰਘ ਉਰਫ਼ ਗਗਨਾ 'ਤੇ ਪਹਿਲਾ ਵੀ ਮੁਕੱਦਮਾ ਨੰਬਰ 35 ਮਿਤੀ 25.02.2024 ਅ/ਧ 302, 427, 148, 149 ਆਈ.ਪੀ.ਸੀ ਥਾਣਾ ਧਰਮਕੋਟ ਦਰਜ ਹੈ। ਇਨ੍ਹਾਂ ਪਾਸੋਂ ਪੁੱਛਗਿੱਛ ਜਾਰੀ ਹੈ। ਇਸ ਤੋਂ ਇਲਾਵਾ ਸੁਦਾਗਰ ਸਿੰਘ ਉਰਫ਼ ਸਾਗਰ ਪੁੱਤਰ ਗੁਰਦੇਵ ਸਿੰਘ ਅਤੇ ਸੁਖਜੀਤ ਸਿੰਘ ਉਰਫ ਗੋਗੀ ਪੁੱਤਰ ਬਲਜੀਤ ਸਿੰਘ ਵਾਸੀ ਮੰਡੀ ਖੁਰਦ ਜ਼ਿਲ੍ਹਾ ਬਠਿੰਡਾ ਨੂੰ 28.09.2024 ਨੂੰ ਗਸ਼ਤ ਦੌਰਾਨ ਕਾਬੂ ਕਰਕੇ 01 ਪਿਸਤੌਲ 32 ਬੋਰ, 02 ਜ਼ਿੰਦਾ ਕਾਰਤੂਸ 32 ਬੋਰ ਅਤੇ 01 ਕਾਰ ਅਲਟੋ ਰੰਗ ਚਿੱਟਾ ਨੰਬਰੀ ਪੀ.ਬੀ. 64ਏ 0200 ਬਰਾਮਦ ਕਰਕੇ ਮੁਕੱਦਮਾ ਨੰਬਰ 77 ਮਿਤੀ 28:09.2024 ਅ/ਧ-25/54/59 ਏ, ਐਕਟ ਦਰਜ ਕੀਤਾ ਗਿਆ।

## ਸ੍ਰੀ ਸੁਧਾਂਸ਼ੂ ਜੀ ਮਹਾਰਾਜ ਦੇ ਸਤਿਸੰਗ ਲਈ ਭੂਮੀ ਪੂਜਨ ਸੰਪੂਰਨ



**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)** ਹਾਲ ਹੀ ਵਿੱਚ ਰਾਣਾ ਹੈਰੀਟੇਜ, ਸਰਹਿੰਦ ਵਿਖੇ ਗੁਰੂ ਜੀ ਸ਼੍ਰੀ ਸੁਧਾਂਸ਼ੂ ਜੀ ਮਹਾਰਾਜ ਦੇ ਆ ਰਹੇ ਸਤਿਸੰਗ ਲਈ ਭੂਮੀ ਪੂਜਨ ਸਮਾਗਮ ਕਰਾਇਆ ਗਿਆ।ਇਸ ਰਸਮ ਨੇ ਅਧਿਆਤਮਕ ਸਮਾਗਮ ਦੀਆਂ ਤਿਆਰੀਆਂ ਦੀ ਸ਼ੁਰੂਆਤ ਕੀਤੀ, ਜੋ 3 ਤੋਂ 6 ਅਕਤੂਬਰ ਤੱਕ ਹੋਵੇਗੀ। ਪੂਜਾ ਡੂੰਘੀ ਸ਼ਰਧਾ ਨਾਲ ਕੀਤੀ ਗਈ, ਧਰਤੀ ਨੂੰ ਅਸੀਸ ਦਿੱਤੀ ਗਈ ਤੇ ਸਤਿਸੰਗ ਲਈ ਸਕਾਰਾਤਮਕ, ਬ੍ਰਹਮ ਊਰਜਾ ਸਥਾਪਤ ਕੀਤੀ ਗਈ। ਭੂਮੀ ਪੂਜਨ ਮੌਕੇ ਵਿਸ਼ਵ ਜਾਗ੍ਰਿਤੀ ਮਿਸ਼ਨ ਦੇ ਵੱਖ-ਵੱਖ ਮੈਂਬਰਾਂ ਦੇ ਨਾਲ-ਨਾਲ ਵੱਖ-ਵੱਖ ਸੰਗਠਨਾਂ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ। ਇਹ ਸਮਾਰੋਹ ਇਸ ਸਾਰਥਕ ਸਮਾਗਮ ਲਈ ਇਕੱਠੇ ਕੰਮ ਕਰਨ ਵਾਲਿਆਂ ਦੀ ਏਕਤਾ ਅਤੇ ਸਾਂਝੇ ਉਦੇਸ਼ ਨੂੰ ਦਰਸਾਉਂਦਾ ਹੈ। ਸਮਾਗਮ ਵਿੱਚ ਡਾ: ਰਘੁਬੀਰ ਸੂਰੀ, ਸ: ਦੀਦਾਰ ਸਿੰਘ ਭੱਟੀ, ਅਜੇ ਅਲੀਪੁਰੀਆ, ਸ਼ਅਸ਼ਵਨੀ ਗਰਗ, ਪਰਦੀਪ ਗਰਗ, ਡਾ. ਹਿਤੇਂਦਰ ਸੂਰੀ, ਪਰਵੀਨ ਗਰਗ, ਜਗਦੀਸ਼ ਵਰਮਾ, ਦਵਿੰਦਰ ਪਰਾਸ਼ਰ ਤੇ ਹਰੀ ਓਮ ਵਰਮਾ ਆਦਿ ਮੌਜੂਦ ਸਨ। ਉਨ੍ਹਾਂ ਦੀ ਭਾਗੀਦਾਰੀ ਨੇ ਸ਼ਰਧਾ ਤੇ ਵਚਨਬੱਧਤਾ ਦੀ ਭਾਵਨਾ ਨੂੰ ਜੋੜਿਆ, ਜੋ ਸਤਿਸੰਗ ਦਾ ਉਦੇਸ਼ ਹੈ।

## ਗੁਰੂ ਨਾਨਕ ਕਾਲਜ 'ਚ ਡੀ ਬੀ ਟੀ ਸਟਾਰ ਕਾਲਜ ਸਕੀਮ ਅਧੀਨ ਪ੍ਰਸਾਰ ਭਾਸ਼ਣ



**ਸ੍ਰੀ ਮੁਕਤਸਰ (ਸ਼ਮਿੰਦਰ ਪਾਲ/ਪੂਜਾ)** ਗੁਰੂ ਨਾਨਕ ਕਾਲਜ ਦੇ ਕੈਮਿਸਟਰੀ, ਫਿਜ਼ਿਕਸ ਅਤੇ ਕਾਮਰਸ ਵਿਭਾਗ ਵੱਲੋਂ ਸਟਾਰ ਕਾਲਜ ਸਕੀਮ, ਡੀ.ਬੀ.ਟੀ, ਨਵੀਂ ਦਿੱਲੀ, ਜੀ ਓ ਆਈ ਦੇ ਤਹਿਤ ਦਵਾਈਆਂ ਦੀ ਖੋਜ ਅਤੇ ਵਿਕਾਸ ਵਿੱਚ ਰਸਾਇਣ ਵਿਗਿਆਨ ਦਾ ਯੋਗਦਾਨ, ਬੌਧਿਕ ਸੰਪੱਤੀ ਅਧਿਕਾਰ ਰਚਨਾਤਮਕਤਾ ਅਤੇ ਨਵੀਨਤਾ ਦੀ ਰੱਖਿਆ ਵਿਸ਼ਿਆਂ 'ਤੇ ਪ੍ਰਸਾਰ ਭਾਸ਼ਣ ਦਾ ਆਯੋਜਨ ਕੀਤਾ ਗਿਆ।ਇਸ ਭਾਸ਼ਣ ਦੇ ਮੁੱਖ ਵਕਤਾ ਪ੍ਰੋ: ਵਿਨੋਦ ਕੁਮਾਰ, ਕੈਮਿਸਟਰੀ ਵਿਭਾਗ, ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ ਬਠਿੰਡਾ ਨੇ ਐਂਟੀਬਾਇਓਟਿਕਸ ਦੀ ਨਿਯਮਤ ਵਰਤੋਂ ਦੇ ਦੁਰਪ੍ਰਭਾਵ, ਕੈਂਸਰ ਵਿਰੋਧੀ ਦਵਾਈਆਂ ਤੇ ਉਨ੍ਹਾਂ ਦੇ ਮਾੜੇ ਪ੍ਰਭਾਵਾਂ, ਮਨੁੱਖੀ ਪ੍ਰਣਾਲੀ ਵਿੱਚ ਦਵਾਈਆਂ ਦਾ ਕੰਮ ਕਰਨਾ ਸਬੰਧੀ ਵਿਸਥਾਰ ਨਾਲ ਸਮਝਾਇਆ ਗਿਆ।ਇਸ ਤੋਂ ਇਲਾਵਾ ਡਾ. ਰਾਕੇਸ਼ ਕੁਮਾਰ, ਸਹਾਇਕ ਪ੍ਰੋਫ਼ੈਸਰ, ਕੈਮਿਸਟਰੀ ਵਿਭਾਗ, ਕੇਂਦਰੀ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਨੇ ਬੌਧਿਕ ਸੰਪੱਤੀ ਦੇ ਅਧਿਕਾਰ : ਪ੍ਰੋਟੈਕਟਿੰਗ ਕ੍ਰਿਏਟੀਵਿਟੀ ਤੇ ਇਨੋਵੇਸ਼ਨ, ਜਿਸ ਵਿੱਚ ਬੌਧਿਕ ਸੰਪੱਤੀ ਆਈ.ਪੀ. ਦੀਆਂ ਕਿਸਮਾਂ, ਵਪਾਰਕ ਅਤੇ ਸਾਹਿਤਕ ਅਤੇ ਕਲਾਤਮਕ ਕਾਰਜ ਸੰਪੱਤੀ ਬਾਰੇ ਭਾਸ਼ਣ ਦਿੱਤਾ।ਕਾਲਜ ਪ੍ਰਿੰਸੀਪਲ ਡਾ: ਨੀਨਾ ਮਹਿਤਾ ਨੇ ਆਏ ਮਹਿਮਾਨਾਂ ਨੂੰ ਸਨਮਾਨਤ ਕੀਤਾ ਅਤੇ ਵਿਭਾਗਾਂ ਦੇ ਮੁਖੀ ਪ੍ਰੋ. ਕਿਰਨਦੀਸ਼ ਕੌਰ, ਡਾ. ਅਨੀਤਾ ਤੇ ਡਾ. ਜਗਮੀਤ ਕੌਰ ਅਤੇ ਵਿਭਾਗ ਦੇ ਅਧਿਆਪਕ ਸਾਹਿਬਾਨਾਂ ਨੂੰ ਇਸ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਮੁਬਾਰਕਬਾਦ ਦਿੱਤੀ।

## ਗਾਂਧੀ ਜੈਅੰਤੀ 'ਤੇ ਲੋੜਵੰਦਾਂ ਨੂੰ ਦਿੱਤੀ ਸਹਾਇਤਾ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਬਿਨਾਂ ਕਿਸੇ ਵੀ ਤਰ੍ਹਾਂ ਦੇ ਭੇਦ-ਭਾਵ ਤੋਂ ਜਾਰੀ ਹੈ। ਜਦੋਂ ਵੀ ਕਿਤੇ ਮਾਨਵਤਾ 'ਤੇ ਕੋਈ ਵੀ ਮੁਸੀਬਤ ਆਉਂਦੀ ਹੈ ਤਾਂ ਡਾਕਟਰ ਓਬਰਾਏ ਮਸੀਹਾ ਬਣ ਕੇ ਪਹੁੰਚਦੇ ਹਨ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੀ ਰਹਿਨੁਮਾਈ ਹੇਠ ਗਾਂਧੀ ਜੈਅੰਤੀ ਨੂੰ ਸਮਰਪਤ ਸ੍ਰੀ ਮੁਕਤਸਰ ਸਾਹਿਬ ਵਿਖੇ ਕੰਮ ਕਰਨ ਤੋਂ ਅਸਮਰਥ ਲੋਕਾਂ ਨੂੰ ਵਿੱਤੀ ਸਹਾਇਤਾ ਰਾਸ਼ੀ ਦਿੱਤੀ ਗਈ ਹੈ ਤਾਂ ਜੁ ਇਹ ਲੋਕ ਅਪਣਾ ਗੁਜ਼ਾਰਾ ਕਰ ਸਕਣ।ਸਹਾਇਤਾ ਰਾਸ਼ੀ ਲੈਣ ਉਪਰੰਤ ਇਨ੍ਹਾਂ ਲੋੜਵੰਦ ਲੋਕਾਂ ਨੇ ਡਾਕਟਰ ਓਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮੇਂ ਵਿੱਚ ਸਾਡੇ ਅਪਣੇ ਵੀ ਸਾਥ ਛੱਡ ਚੁੱਕੇ ਹਨ, ਇਨ੍ਹਾਂ ਹਲਾਤਾਂ ਵਿੱਚ ਡਾਕਟਰ ਓਬਰਾਏ ਵਲੋਂ ਸਾਡੀ ਬਾਂਹ ਫੜੀ ਹੋਈ ਹੈ।

## ਨਗਰ ਪੰਚਾਇਤ ਵੱਲੋਂ ਮਹਾਤਮਾ ਗਾਂਧੀ ਦੀ ਜੈਅੰਤੀ ਮਨਾਈ




**ਮੱਖੂ (ਰਛਪਾਲ ਸਿੰਘ ਸੰਧੂ)** ਨਗਰ ਪੰਚਾਇਤ ਮੱਖੂ ਦੇ ਕਾਰਜ ਸਾਧਕ ਅਫਸਰ ਸ਼੍ਰੀਮਤੀ ਸ਼ਰਨਜੀਤ ਕੌਰ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਨਗਰ ਪੰਚਾਇਤ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਦੀ ਅਗਵਾਈ 'ਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ 155ਵੀਂ ਜੈਅੰਤੀ ਮਨਾਈ ਗਈ।ਮਹਾਤਮਾ ਗਾਂਧੀ ਦੀ 155ਵੀਂ ਜੈਅੰਤੀ ਮਨਾਉਣ ਮੌਕੇ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਸੱਜਣ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ, ਸ਼ਹਿਰ ਵਾਸੀ, ਸਟਾਫ ਤੇ ਸਫਾਈ ਸੇਵਕ ਪਹੁੰਚੇ ਹੋਏ ਸਨ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਲਾਸਟਿਕ ਦੇ ਲਿਫਾਫੇ ਅਤੇ ਹੋਰ ਪਲਾਸਟਿਕ, ਥਰਮੋਕੋਲ ਦੀ ਵਰਤੋਂ ਨਾ ਕਰਨ ਤੇ ਕੂੜਾ ਨਾ ਸਾੜਨ, ਇਹ ਸਿਹਤ ਲਈ ਬਹੁਤ ਹੀ ਹਾਨੀਕਾਰਕ ਹੈ।ਉਨ੍ਹਾਂ ਸ਼ਹਿਰਾਂ ਵਾਸੀਆਂ ਨੂੰ ਅਪੀਲ ਕੀਤੀ ਕਿ ਸ਼ਹਿਰ ਨੂੰ ਸਾਫ਼ ਸੁਥਰਾ ਬਣਾਉਣ ਵਿੱਚ ਨਗਰ ਪੰਚਾਇਤ ਦਾ ਸਹਿਯੋਗ ਦੇਣ ਅਤੇ ਉਹ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣ ਇਹੀ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਸੱਚੀ ਸ਼ਰਧਾਂਜਲੀ ਭੇਟ ਹੋਵੇਗੀ।ਸ਼ਹਿਰ ਵਾਸੀਆਂ ਨੇ ਕਿਹਾ ਕਿ ਨਗਰ ਪੰਚਾਇਤ ਮਖੂ ਵੱਲੋਂ ਸਫਾਈ ਮੁਹਿੰਮ ਤਾਂ ਪੂਰੇ ਜ਼ੋਰਾਂ ਨਾਲ ਚਲਾਈ ਜਾ ਰਹੀ ਹੈ, ਪਰ ਕਈ ਮੁਹੱਲਿਆਂ ਵਿੱਚ ਸਫ਼ਾਈ ਪੂਰੀ ਤਰ੍ਹਾਂ ਨਹੀਂ ਹੋ ਰਹੀ, ਜਿਸ ਕਾਰਨ ਲੋਕਾਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਲਈ ਨਗਰ ਪੰਚਾਇਤ ਸਫਾਈ ਵੱਲ ਹੋਰ ਵਿਸ਼ੇਸ਼ ਧਿਆਨ ਦੇਵੇ। ਇਸ ਮੌਕੇ ਨਗਰ ਪੰਚਾਇਤ ਮਖੂ ਦੇ ਅਧਿਕਾਰੀਆਂ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਦੇ ਨਾਲ ਸਵੱਛਤਾ ਹੀ ਸੇਵਾ ਵਿੱਚ ਯੋਗਦਾਨ ਪਾਉਣ ਵਾਲੇ ਪਤਵੰਤੇ ਸੱਜਣ, ਸਮਾਜ ਸੇਵਕਾਂ ਅਤੇ ਸਫਾਈ ਸੇਵਕਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਪੰਜਾਬ ਸਰਕਾਰ ਦੇ ਝੋਨੇ ਦੀ ਖਰੀਦ ਦੇ ਪ੍ਰਬੰਧ ਨਾਕਾਫ਼ੀ : ਪਾਲ ਮਾਜਰਾ/ਢੀਂਡਸਾ

**ਸਮਰਾਲਾ (ਸੁਰਜੀਤ ਸਿੰਘ)** ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਕਿਸਾਨਾਂ ਅਤੇ ਮਜ਼ਦੂਰਾਂ ਲਈ ਸੁਹਿਰਦ ਨਹੀਂ।ਕੋਈ ਵੀ ਫਸਲੀ ਸੀਜ਼ਜਨ ਆਉਣ 'ਤੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਸੰਘਰਸ਼ ਕਰਕੇ ਕੰਮ ਚਾਲੂ ਕਰਾਉਣ ਲਈ ਮਜ਼ਬੂਰ ਹੋਣਾ ਪੈਂਦਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀ.ਕੇ.ਯੂ. (ਲੱਖੋਵਾਲ) ਦੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਲਮਾਜਰਾ ਤੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਦੁਆਰਾ ਕੀਤਾ ਗਿਆ। ਉਨ੍ਹਾਂ ਅੱਗੇ ਆਖਿਆ ਕਿ ਤਕਰੀਬਨ ਇੱਕ ਮਹੀਨੇ ਤੋਂ ਬਾਸਮਤੀ 1509 ਪੱਕ ਕੇ ਕਟਾਈ ਸ਼ੁਰੂ ਹੋ ਚੁੱਕੀ ਹੈ।ਇਸ ਦੀ ਕੋਈ ਖਰੀਦ ਸਹੀ ਭਾਅ ਤੇ ਨਹੀਂ ਹੋਈ, ਵਪਾਰੀ ਆਪਣੀ ਮਰਜ਼ੀ ਨਾਲ ਰੇਟ ਲਾ ਰਹੇ ਹਨ, ਕਿਸਾਨਾਂ ਨੂੰ ਮਜ਼ਬੂਰੀਵੱਸ ਆਪਣੀ ਫਸਲ 2400-2500 ਪ੍ਰਤੀ ਕੁਇੰਟਲ ਵੇਚਣ ਲਈ ਮਜ਼ਬੂਰ ਹੋਣਾ ਪਿਆ, ਜਦੋਂ ਹੁਣ ਸਾਰੀ ਫਸਲ ਵਪਾਰੀ ਕੋਲ ਚਲੀ ਗਈ ਤਾਂ ਹੁਣ ਇਸ ਫਸਲ ਦਾ ਭਾਅ 3000 ਰੁਪਏ ਕੁਇੰਟਲ ਹੋ ਗਿਆ, ਜੋ ਸਰਾਸਰ ਕਿਸਾਨਾਂ ਨਾਲ ਧੱਕਾ ਹੈ।ਪਰਮਿੰਦਰ ਸਿੰਘ ਪਾਲਮਾਜਰਾ ਨੇ ਕਿਹਾ ਕਿ ਹੁਣ ਦੂਸਰੀਆਂ ਕਿਸਮਾਂ ਵੀ ਪੱਕ ਕੇ ਤਿਆਰ ਹਨ, ਇੱਕ ਅਕਤੂਬਰ ਤੋਂ ਸਰਕਾਰੀ ਖਰੀਦ ਸ਼ੁਰੂ ਹੋ ਚੁੱਕੀ ਹੈ, ਸਰਕਾਰ ਵੱਲੋਂ ਮੰਡੀਆਂ ਵਿੱਚ ਖਰੀਦ ਦਾ ਕੋਈ ਪ੍ਰਬੰਧ ਨਹੀਂ ਕੀਤਾ।ਨਾ ਹੀ ਸ਼ੈਲਰਾਂ ਨੂੰ ਅਲਾਟਮੈਂਟ ਹੋਈ ਹੈ, ਨਾ ਹੀ ਪੁਰਾਣਾ ਚੌਲ ਚੁਕਿਆ ਗਿਆ ਹੈ ਤੇ ਨਾ ਹੀ ਮੰਡੀਆਂ ਵਿੱਚ ਆਈ ਫਸਲ ਖਰੀਦੀ ਜਾ ਰਹੀ ਹੈ।ਮਨਜੀਤ ਸਿੰਘ ਢੀਂਡਸਾ ਨੇ ਕਿਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀ ਹੀ ਨੂੰ ਸੈਂਟਰ ਸਰਕਾਰ ਨੂੰ ਚਿੱਠੀ ਲਿਖੀ ਹੈ ਕਿ ਚੌਲਾਂ ਦਾ ਪ੍ਰਬੰਧ ਕੀਤਾ ਜਾਵੇ।

# ਖੁਦਕੁਸ਼ੀ ਮਾਮਲੇ 'ਚ ਮ੍ਰਿਤਕ ਦੀ ਪਤਨੀ, ਸਾਲੇ ਤੇ ਸਹੁਰੇ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਕਰੀਬ ਦੋ ਮਹੀਨੇ ਪਹਿਲਾਂ ਭਾਖੜਾ ਨਹਿਰ 'ਚ ਛਾਲ ਮਾਰ ਕੇ ਖੁਦਕਸ਼ੀ ਕਰ ਗਏ ਖਮਾਣੋਂ ਦੇ ਇੱਕ ਨੌਜਵਾਨ ਦੀ ਮੌਤ ਦੇ ਮਾਮਲੇ 'ਚ ਪੁਲਸ ਵੱਲੋਂ ਕਨੇਡਾ 'ਚ ਰਹਿ ਰਹੀ ਮ੍ਰਿਤਕ ਦੀ ਪਤਨੀ, ਸਾਲੇ ਤੇ ਸਹੁਰੇ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਨੂੰ ਦਿੱਤੀ ਦਰਖਾਸਤ ਵਿੱਚ ਜਸਵਿੰਦਰ ਸਿੰਘ ਵਾਸੀ ਖਮਾਣੋਂ ਨੇ ਦੋਸ਼ ਲਾਏ ਸਨ ਕਿ ਕਰੀਬ ਪੰਜ ਸਾਲ ਪਹਿਲਾਂ ਉਸ ਦੇ ਲੜਕੇ ਕਰਨਪ੍ਰੀਤ ਸਿੰਘ ਦਾ ਵਿਆਹ ਸਿਮਰਨਪ੍ਰੀਤ ਕੌਰ ਨਾਲ ਹੋਇਆ ਸੀ, ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਕਰੀਬ 26 ਲੱਖ ਰੁਪਏ ਖਰਚ ਕਰਕੇ ਸਿਮਰਪ੍ਰੀਤ ਕੌਰ ਨੂੰ ਸਟੱਡੀ ਵੀਜ਼ੇ 'ਤੇ ਕਨੇਡਾ ਭੇਜਿਆ ਗਿਆ, ਜਿਸ ਤੋਂ ਕਰੀਬ ਦੋ ਸਾਲ ਬਾਅਦ ਉਸਦਾ ਲੜਕਾ ਕਰਨਪ੍ਰੀਤ ਸਿੰਘ ਵੀ ਕਨੇਡਾ ਚਲਾ ਗਿਆ, ਜਿੱਥੇ ਪਹੁੰਚਣ 'ਤੇ ਕਰਨਪ੍ਰੀਤ ਸਿੰਘ ਦੀ ਪਤਨੀ ਸਿਮਰਨਪ੍ਰੀਤ ਕੌਰ ਜੋ ਆਪਣੇ ਪਤੀ ਦੀ ਬਜਾਏ ਕਿਸੇ ਦੋਸਤ ਲੜਕੇ ਦੇ ਨਾਲ ਰਹਿਣਾ ਚਾਹੁੰਦੀ ਸੀ, ਨੇ ਕਰਨਪ੍ਰੀਤ ਨੂੰ ਘਰੋਂ ਕੱਢ ਦਿੱਤਾ, ਜਿਸ ਤੋਂ ਬਾਅਦ ਸਿਮਰਨਪ੍ਰੀਤ ਕੌਰ ਤੇ ਕਨੇਡਾ ਵਿੱਚ ਹੀ ਰਹਿ ਰਿਹਾ ਉਸਦਾ ਭਰਾ ਪ੍ਰੀਤਇੰਦਰ ਸਿੰਘ ਕਰਨਪ੍ਰੀਤ ਨੂੰ ਇਹ ਕਹਿ ਕੇ ਤੰਗ ਪ੍ਰੇਸ਼ਾਨ ਕਰਨ ਲੱਗ ਪਏ ਕਿ ਤੂੰ ਇੰਡੀਆ ਵਾਪਸ ਚਲਾ ਜਾਹ, ਨਹੀਂ ਤਾਂ ਤੇਰੀ ਝੂਠੀ ਕੰਪਲੇਂਟ ਕਰਕੇ ਤੈਨੂੰ ਇੱਥੋਂ ਡਿਪੋਰਟ ਕਰਾ ਦੇਵਾਂਗੇ।

ਇਹ ਵਿਅਕਤੀ ਜਦੋਂ ਜ਼ਿਆਦਾ ਤੰਗ ਪ੍ਰੇਸ਼ਾਨ ਕਰਨ ਲੱਗ ਪਏ ਤਾਂ ਕਰਨਪ੍ਰੀਤ ਸਿੰਘ ਪ੍ਰੇਸ਼ਾਨੀ ਦੀ ਹਾਲਤ ਵਿੱਚ 22/6/24 ਨੂੰ ਭਾਰਤ ਆਪਣੇ ਘਰ ਆ ਗਿਆ, ਜਿਸ ਨੇ ਉਕਤ ਵਿਅਕਤੀਆਂ ਤੋਂ ਤੰਗ ਆ ਕੇ ਮਿਤੀ 22/7/4 ਨੂੰ ਖੰਟ ਨਜ਼ਦੀਕ ਭਾਖੜਾ ਨਹਿਰ 'ਚ ਛਾਲ ਮਾਰ ਕੇ ਖੁਦਕਸ਼ੀ ਕਰ ਲਈ।ਦਰਖਾਸਤ ਦੀ ਪੜਤਾਲ ਡੀ.ਐਸ.ਪੀ. ਖਮਾਣੋਂ ਵੱਲੋਂ ਕੀਤੀ ਗਈ, ਜਿਨ੍ਹਾਂ ਦੀ ਪੜਤਾਲੀਆ ਰਿਪੋਰਟ ਦੇ ਆਧਾਰ 'ਤੇ ਥਾਣਾ ਖਮਾਣੋਂ ਦੀ ਪੁਲਿਸ ਨੇ ਸਿਮਰਨਪ੍ਰੀਤ ਕੌਰ, ਪ੍ਰੀਤਇੰਦਰ ਸਿੰਘ ਤੇ ਸਰਬਜੀਤ ਸਿੰਘ ਵਿਰੁੱਧ ਅ/ਧ 108, 3(5) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਆੜ੍ਹਤੀਆਂ ਤੇ ਮਜ਼ਦੂਰਾਂ ਨੇ ਹੜਤਾਲ ਕਰਕੇ ਸਰਕਾਰ ਖਿਲਾਫ਼ ਕੀਤੀ ਨਾਅਰੇਬਾਜ਼ੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਆੜ੍ਹਤੀਆਂ ਅਤੇ ਮਜ਼ਦੂਰਾਂ ਨੇ ਹੱਕੀ ਮੰਗਾਂ ਨੂੰ ਲੈ ਕੇ ਅਨਾਜ ਮੰਡੀ ਪਾਤੜਾਂ ਵਿੱਚ ਹੜਤਾਲ ਕਰਕੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਮਾਰਕਿਟ ਕਮੇਟੀ ਦੇ ਸਕੱਤਰ ਨੂੰ ਸਰਕਾਰ ਦੇ ਨਾਮ ਮੰਗ ਪੱਤਰ ਦਿੱਤਾ ਹੈ। ਇਸੇ ਦੌਰਾਨ ਬਾਸਮਤੀ ਲੈ ਕੇ ਮੰਡੀ ਵਿੱਚ ਬੈਠੇ ਕਿਸਾਨਾਂ ਨੇ ਸਰਕਾਰ ਵੱਲੋਂ ਸਮੇਂ ਸਿਰ ਪ੍ਰਬੰਧ ਨਾ ਕੀਤੇ ਜਾਣ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਅਲੋਚਨਾ ਕੀਤੀ ਹੈ । ਜਦੋਂ ਕਿ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਨੇ ਪ੍ਰਬੰਧ ਪੂਰੇ ਕਰ ਲਏ ਜਾਣ ਦਾ ਦਾਅਵਾ ਕੀਤਾ ਹੈ।ਆੜ੍ਹਤੀ ਐਸੋਸੀਏਸ਼ਨ ਪਾਤੜਾਂ ਦੇ ਪ੍ਰਧਾਨ ਸੁਰਿੰਦਰ ਕੁਮਾਰ ਪੈਂਦ ਅਤੇ ਅਨਾਜ ਮੰਡੀ ਦੀ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਮਦਨਪਾਲ ਖਟਕੜ ਅਤੇ ਰਿੰਕੂ ਦਾਨਵ ਦੀ ਅਗਵਾਈ ਵਿੱਚ ਰੋਸ ਮਾਰਚ ਕੀਤਾ । ਉਪ੍ਰੰਤ ਮਾਰਕਿਟ ਕਮੇਟੀ ਪਾਤੜਾਂ ਦੇ ਦਫ਼ਤਰ ਪੁੱਜੇ ਪ੍ਰਧਾਨ ਸੁਰਿੰਦਰ ਕੁਮਾਰ ਪੈਂਦ ਅਤੇ ਤੇਜਪਾਲ ਸ਼ਰਮਾ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਵੇਲੇ ਢਾਈ ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਦਿਤੀ ਜਾਂਦੀ ਆੜ੍ਹਤ ਘਟਾ ਕੇ 2 ਰੁਪਏ ਕਰ ਦਿੱਤੀ ਹੈ। ਜਦੋਂ ਕਿ ਆੜ੍ਹਤੀਆਂ ਦੇ ਖ਼ਰਚਿਆਂ ਵਿੱਚ ਭਾਰੀ ਵਾਧਾ ਹੋਇਆ ਹੈ । ਉਨ੍ਹਾਂ ਕਿਹਾ ਹੈ ਕਿ ਆੜ੍ਹਤੀ ਐਸੋਸੀਏਸ਼ਨ ਪੰਜਾਬ ਨੇ ਕਾਨਫਰੰਸ ਕਰਕੇ ਮੰਗਾਂ ਨਾ ਮੰਨੇ ਜਾਣ ਤੱਕ ਦਾ 1 ਅਕਤੂਬਰ ਤੋਂ ਹੜਤਾਲ ਕੀਤੇ ਜਾਣ ਦਾ ਅਲਟੀਮੇਟਮ ਦਿੱਤਾ ਹੈ । ਮਜ਼ਦੂਰ ਯੂਨੀਅਨ ਦੇ ਉਕਤ ਆਗੂਆਂ ਨੇ ਕਿਹਾ ਕਿ ਢਾਈ ਸਾਲ ਪਹਿਲਾਂ ਸਰਕਾਰ ਨੇ ਮਜ਼ਦੂਰੀ 25 ਫ਼ੀਸਦੀ ਵਧਾਉਣ ਦਾ ਐਲਾਨ ਕੀਤਾ ਸੀ । ਕੇਂਦਰ ਸਰਕਾਰ ਨੇ ਤਾਂ ਵਾਧਾ ਕਰ ਦਿੱਤਾ ਹੈ ਪਰ ਪੰਜਾਬ ਸਰਕਾਰ ਭੱਜ ਰਹੀ ਹੈ। ਉਨ੍ਹਾਂ ਕਿਹਾ ਹੈ ਕਿ ਹਰਿਆਣਾ ਵਿੱਚ ਢਾਈ ਰੁਪਏ ਪ੍ਰਤੀ ਥੈਲਾ ਮਜ਼ਦੂਰੀ ਪੰਜਾਬ ਨਾਲੋਂ ਵੱਧ ਹੈ। ਉਨ੍ਹਾਂ 5 ਰੁਪਏ ਪ੍ਰਤੀ ਥੈਲਾ ਮਜ਼ਦੂਰੀ ਕਰਨ ਦੀ ਮੰਗ ਕੀਤੀ ਹੈ ।

## ਡੀ ਸੀ ਵੱਲੋਂ ਸ਼ੈਲਰ ਮਾਲਕ, ਆੜ੍ਹਤੀਏ, ਕਿਸਾਨਾਂ ਤੇ ਕੰਬਾਇਨ ਮਾਲਕਾਂ ਨਾਲ ਮੀਟਿੰਗ



**ਮਾਨਸਾ, (ਆਤਮਾ ਸਿੰਘ ਪਮਾਰ)** ਸ਼ੈਲਰ ਮਾਲਕਾਂ ਨੂੰ ਸਟੋਰੇਜ਼ ਲਈ ਜਗ੍ਹਾ ਅਤੇ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਆ ਰਹੀਆਂ ਹੋਰ ਸਮੱਸਿਆਵਾਂ ਦਾ ਜਲਦ ਹੀ ਯੋਜਨਾਬੱਧ ਹੱਲ ਕੀਤਾ ਜਾਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਸ਼ੈਲਰ ਮਾਲਕ, ਆੜ੍ਹਤੀਏ, ਕਿਸਾਨਾਂ ਤੇ ਕੰਬਾਇਨ ਮਾਲਕਾਂ ਨਾਲ ਮੀਟਿੰਗ ਕਰਦਿਆਂ ਕੀਤਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਸਰਕਾਰ ਨੂੰ ਲਿਖ ਕੇ ਭੇਜਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਸੀਜ਼ਨ ਨਾਲ ਜੁੜੇ ਕਿਸੇ ਵੀ ਵਰਗ ਨੂੰ ਕੋਈ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਸਮੂਹ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਸਾਰੇ ਆਪਸ ਵਿੱਚ ਇਕ ਦੂਜੇ 'ਤੇ ਨਿਰਭਰ ਹਾਂ।ਸਾਨੂੰ ਸਾਰਿਆਂ ਨੂੰ ਰਲ-ਮਿਲ ਕੇ ਚੱਲਣਾ ਚਾਹੀਦਾ ਹੈ ਤਾਂ ਜੁ ਕਿਸੇ ਵੀ ਵਰਗ ਨੂੰ ਆ ਰਹੀ ਸਮੱਸਿਆ ਦਾ ਢੁੱਕਵਾਂ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਸਾਨਾਂ ਤੇ ਕੰਬਾਇਨ ਮਾਲਕਾਂ ਨੂੰ ਕਿਹਾ ਕਿ ਉਹ ਗਿੱਲੇ ਝੋਨੇ ਦੀ ਕਟਾਈ ਨਾ ਕਰਨ ਤਾਂ ਜੁ ਉਨ੍ਹਾਂ ਨੂੰ ਮੰਡੀਆਂ ਵਿਚ ਆਪਣੀ ਫ਼ਸਲ ਵੇਚਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ।

ਕੁਲਵੰਤ ਸਿੰਘ ਨੇ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਤੋਂ ਗੁਰੇਜ਼ ਕਰਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਝੋਨੇ ਦੀ ਪਰਾਲੀ ਦਾ ਯੋਗ ਪ੍ਰਬੰਧਨ ਕੀਤਾ ਜਾਵੇ।ਉਨ੍ਹਾਂ ਇਸ ਦੌਰਾਨ ਹਾਜ਼ਰ ਸਮੂਹ ਕਿਸਾਨਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਤੋਂ ਸੁਝਾਅ ਵੀ ਮੰਗੇ ਅਤੇ ਉਨ੍ਹਾਂ ਦੀ ਸਮੱਸਿਆਵਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ।

## ਮੁੱਖ ਮੰਤਰੀ ਬੁੱਢੇ ਨਾਲੇ 'ਚ ਸੁੱਟੇ ਜਾਣ ਵਾਲੇ ਗੰਦ ਨੂੰ ਰੋਕਣ ਦੀ ਜ਼ਿੰਮੇਵਾਰੀ ਨਿਭਾਉਣ : ਮਾਨ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਭਗਵੰਤ ਸਿੰਘ ਮਾਨ ਦੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਹੋਂਦ 'ਚ ਆਇਆ ਢਾਈ ਸਾਲ ਦਾ ਸਮਾਂ ਬੀਤ ਚੁੱਕਿਆ ਹੈ, ਪਰ ਪੰਜਾਬੀਆਂ ਦੇ ਅਹਿਮ ਗੰਭੀਰ ਮਸਲੇ ਜਿਉਂ ਦੇ ਤਿਉਂ ਖੜੇ ਹਨ।ਕਿਸੇ ਵੀ ਮਸਲੇ ਨੂੰ ਸੰਜੀਦਗੀ ਨਾਲ ਹੱਲ ਕਰਨ ਤੇ ਪੰਜਾਬੀਆਂ ਦੇ ਮਨ ਵਿਚ ਉੱਠੇ ਰੋਹ ਨੂੰ ਸ਼ਾਂਤ ਕਰਨ ਲਈ ਅਜੇ ਤੱਕ ਨਾ ਤਾਂ ਕੋਈ ਅਮਲ ਹੋਇਆ ਹੈ, ਨਾ ਬੇਰੁਜ਼ਗਾਰੀ ਦੂਰ ਕਰਨ ਵਿੱਚ ਕੋਈ ਪਾਲਿਸੀ ਬਣਾਈ ਗਈ ਹੈ, ਨਾ ਮੁਲਾਜ਼ਮਾਂ, ਖੇਤ ਮਜ਼ਦੂਰਾਂ, ਕਿਸਾਨਾਂ, ਦਿਹਾੜੀਦਾਰਾਂ, ਵਿਦਿਆਰਥੀਆਂ ਦੀਆਂ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਕੋਈ ਅਸਰਦਾਇਕ ਯੋਜਨਾ ਬਣਾਈ ਗਈ ਹੈ, ਜਿਸ ਕਾਰਨ ਪੰਜਾਬੀਆਂ ਤੇ ਸਿੱਖ ਕੌਮ ਵਿੱਚ ਪੰਜਾਬ ਸਰਕਾਰ ਵਿਰੁੱਧ ਇੱਕ ਵੱਡਾ ਰੋਹ ਹੈ। ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਆਪਣੇ ਸਰੀਰਕ ਇਲਾਜ ਉਪਰੰਤ ਸਿਹਤਯਾਬ ਹੋ ਕੇ ਆਏ ਹਨ।ਹੁਣ ਉਨ੍ਹਾਂ ਨੂੰ ਆਪਣੀ ਸਥਿਤੀ ਨੂੰ ਪੰਜਾਬੀਆਂ ਵਿੱਚ ਸਹੀ ਕਰਨ ਹਿੱਤ ਸਭ ਤੋਂ ਪਹਿਲੇ ਲੁਧਿਆਣੇ ਦੇ ਬੁੱਢੇ ਨਾਲੇ ਵਿਚ ਫੈਕਟਰੀਆਂ ਵੱਲੋਂ ਸੁੱਟੇ ਜਾ ਰਹੇ ਗੰਦੇ ਪਾਣੀ ਦੀ ਬਦੌਲਤ ਫੈਲ ਰਹੀਆਂ ਖ਼ਤਰਨਾਕ ਬਿਮਾਰੀਆਂ ਦੀ ਰੋਕਥਾਮ ਲਈ ਇਨ੍ਹਾਂ ਫੈਕਟਰੀਆਂ ਵਿਚ ਟਰੀਟਮੈਂਟ ਪਲਾਟ ਲਾ ਕੇ ਫਿਰ ਪਾਣੀ ਦੀ ਸਪਲਾਈ ਜਾਰੀ ਕਰਨੀ ਚਾਹੀਦੀ ਹੈ।ਦੂਜਾ ਜੋ ਚੱਪੜਚਿੜੀ ਦੇ ਮਹਾਨ ਇਤਿਹਾਸਿਕ ਸਥਾਨ ਵਿਖੇ ਅੰਤਰਰਾਸਟਰੀ ਹਵਾਈ ਅੱਡਾ ਬਣਿਆ ਹੈ, ਜਿਸਦਾ ਨਾਂਅ ਭਗਤ ਸਿੰਘ ਦੇ ਨਾਂਅ 'ਤੇ ਰਖਵਾਇਆ ਗਿਆ ਹੈ, ਇਹ ਉਸ ਸਥਾਨ ਦੇ ਇਤਿਹਾਸ ਨੂੰ ਨਜ਼ਰਅੰਦਾਜ਼ ਕਰਨ ਦੀ ਕਾਰਵਾਈ ਕੀਤੀ ਗਈ ਹੈ।ਇਸ ਲਈ ਜੇਕਰ ਇਸ ਹਵਾਈ ਅੱਡੇ ਦਾ ਨਾਂਅ ਵੀ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਂਅ 'ਤੇ ਤਬਦੀਲ ਕਰਨ ਦੀ ਜ਼ਿੰਮੇਵਾਰੀ ਨਿਭਾਈ ਜਾਵੇ ਤਾਂ ਪੰਜਾਬ ਸਰਕਾਰ ਤੇ ਭਗਵੰਤ ਸਿੰਘ ਮਾਨ ਦੀ ਸ਼ਖ਼ਸੀਅਤ ਉਤੇ ਉੱਠਣ ਵਾਲੇ ਪ੍ਰਸ਼ਨਾਂ ਨੂੰ ਰੋਕਿਆ ਜਾ ਸਕਦਾ ਹੈ।

ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਭਗਵੰਤ ਸਿੰਘ ਮਾਨ ਨੂੰ ਆਪਣੇ ਵੱਲੋਂ ਲਿਖੇ ਇਕ ਪੱਤਰ ਵਿਚ ਦੋਵੇਂ ਮੁੱਦਿਆਂ ਉੱਤੇ ਸਹੀ ਦਿਸ਼ਾ ਵੱਲ ਅਮਲ ਕਰਨ ਦੀ ਜ਼ੋਰਦਾਰ ਗੁਜ਼ਾਰਿਸ਼ ਕਰਦੇ ਹੋਏ ਅਤੇ ਪੰਜਾਬ ਦੇ ਮਹਾਨ ਇਤਿਹਾਸ ਨੂੰ ਉਜਾਗਰ ਕਰਨ ਦੀ ਜ਼ਿੰਮੇਵਾਰੀ ਪੂਰਨ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।

## ਮੰਗਾਂ ਸੰਬੰਧੀ ਦਾਣਾ ਮੰਡੀ ਦੇ ਮਜ਼ਦੂਰਾਂ ਨੇ ਕੀਤੀ ਹੜਤਾਲ



**ਮਲੋਟ, (ਗੁਰਮੀਤ ਸਿੰਘ ਮੱਕੜ)** ਪੂਰੇ ਪੰਜਾਬ ਦੇ ਵਿਚ ਸਰਕਾਰ ਨੇ ਝੋਨੇ ਦੀ ਖਰੀਦ ਸ਼ੁਰੂ ਕੀਤੀ ਹੈ। ਮੰਡੀਆਂ ਵਿਚ ਝੋਨਾ ਆਉਣਾ ਸ਼ੁਰੂ ਨਹੀਂ ਹੋਇਆ। ਉਸ ਤੋਂ ਪਹਿਲਾਂ ਹੀ ਦਾਣਾ ਵਿਚ ਕੰਮ ਕਰ ਰਹੇ ਮਜ਼ਦੂਰਾਂ ਨੇ ਪੂਰੇ ਪੰਜਾਬ ਵਿਚ ਹੜਤਾਲ ਕਰ ਦਿੱਤੀ। ਮਲੋਟ ਦੀ ਦਾਣਾ ਮੰਡੀ ਵਿਚ ਕੰਮ ਕਰ ਰਹੇ ਮਜ਼ਦੂਰਾਂ ਨੇ ਦਾਣਾ ਮੰਡੀ ਵਿਚ ਰੋਸ ਮਾਰਚ ਕੱਢਿਆ ਤੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਦੋ ਸਾਲ ਪਹਿਲਾਂ ਸਾਡੇ ਨਾਲ 25 ਫੀਸਦੀ ਮਜ਼ਦੂਰੀ ਵਧਾਉਣ ਦਾ ਵਾਅਦਾ ਕੀਤਾ ਸੀ, ਪਰ ਸਰਕਾਰ ਨੇ ਆਪਣਾ ਵਾਅਦਾ ਪੂਰਾ ਨਹੀਂ ਕੀਤਾ। ਉਨ੍ਹਾਂ ਦੱਸਿਆ ਕਿ ਹੁਣ ਦੋ ਦਿਨ ਪਹਿਲਾਂ ਸਾਡੀ ਮੀਟਿੰਗ ਹੋਈ ਸੀ, ਜਿਸ ਵਿਚ ਨਾਲ ਲੱਗਦੇ ਸੂਬੇ ਹਰਿਆਣੇ ਜਿੰਨੀ ਮਜ਼ਦੂਰੀ ਦੇਣ ਲਈ ਕਿਹਾ ਗਿਆ ਸੀ, ਜਿਸ ਉਹ ਸਹਿਮਤ ਹੋਏ ਸਨ, ਪਰ ਹੁਣ ਉਨ੍ਹਾਂ ਨੂੰ 40 ਪੈਸੇ ਹੀ ਵਧਾਉਣ ਦਾ ਕਹਿ ਰਹੇ ਹਨ, ਜਿਸ ਨਾਲ ਉਹ ਸਹਿਮਤ ਨਹੀਂ ਹਨ। ਉਨ੍ਹਾਂ ਕਿਹਾ ਕਿ ਇਨ੍ਹੀ ਮਹਿੰਗਾਈ ਵਿੱਚ ਮਜ਼ਦੂਰ ਦੀ ਦਿਹਾੜੀ ਵਧਾਉਣੀ ਜ਼ਰੂਰੀ ਹੈ, ਪਰ ਸਰਕਾਰ ਉਨ੍ਹਾਂ ਦੀ ਗੱਲ ਨਹੀਂ ਸੁਣ ਰਹੀ। ਉਨ੍ਹਾਂ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੋਣਗੀਆਂ, ਉਦੋਂ ਦਾਣਾ ਮੰਡੀ ਵਿਚ ਕੰਮ ਬੰਦ ਰਹੇਗਾ।

## 'ਸਵੱਛਤਾ ਹੀ ਸੇਵਾ' ਪ੍ਰੋਗਰਾਮ ਅਧੀਨ ਕੈਂਪ

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ. ਮਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਜ ਸਾਧਕ ਅਫ਼ਸਰ ਜਗਸੀਰ ਸਿੰਘ ਦੀ ਰਹਿਨੁਮਾਈ ਹੇਠ ਨਗਰ ਕੌਂਸਲ ਵੱਲੋਂ ਸਿਹਤ ਵਿਭਾਗ ਨਾਲ ਮਿਲ ਕੇ ਸਵੱਛਤਾ ਹੀ ਸੇਵਾ ਪ੍ਰੋਗਰਾਮ ਅਧੀਨ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਅਧੀਨ ਸਫਾਈ ਕ੍ਰਮਚਾਰੀਆਂ ਤੇ ਸੀਵਰਮੈਨਾਂ ਦੀ ਸਿਹਤ ਦੀ ਜਾਂਚ ਕਰਾਈ ਗਈ ਅਤੇ ਸਫ਼ਾਈ ਸੇਵਕਾਂ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਗਰੂਕ ਕੀਤਾ ਗਿਆ।ਕੈਂਪ ਵਿੱਚ ਸਿਵਲ ਸਰਜਨ ਡਾਕਟਰ ਐਰਿਕ ਵਿਸ਼ੇਸ਼ ਤੌਰ 'ਤੇ ਪਹੁੰਚੇ।ਨਗਰ ਕੌਂਸਲ ਦੇ ਸੁਪਰਡੈਂਟ ਨਰੇਸ਼ ਖੇੜਾ ਨੇ ਦੱਸਿਆ ਕਿ ਸਫ਼ਾਈ ਸੇਵਕ, ਜੋ ਦਿਨ-ਰਾਤ ਮਿਹਨਤ ਕਰਦਿਆਂ ਸ਼ਹਿਰਾਂ ਦੀ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕੰਮ ਕਰਦੇ ਹਨ, ਉਨ੍ਹਾਂ ਦੀ ਸਿਹਤ ਤੇ ਸੁਰੱਖਿਆ ਪ੍ਰਤੀ ਵਿਭਾਗ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਵਿਭਾਗ ਸਮੇਂ-ਸਮੇਂ 'ਤੇ ਕੈਂਪ ਲਾ ਕੇ ਸਫਾਈ ਸੇਵਕਾਂ ਲਈ ਸਰਕਾਰ ਵੱਲੋਂ ਚਲਾਈਆਂ ਜਾਂਦੀਆਂ ਸਕੀਮਾਂ ਬਾਰੇ ਜਾਣਕਾਰੀ ਦੇ ਰਿਹਾ ਹੈ।

ਡਾਕਟਰ ਸੁਖਮਨੀ ਕੌਰ ਵੱਲੋਂ ਸਫਾਈ ਸੇਵਕਾਂ ਨੂੰ ਬਲੱਡ ਡੋਨੇਟ ਬਾਰੇ ਦਿਵੇਸ਼ ਕੁਮਾਰ ਵੱਲੋਂ ਆਯੁਸ਼ਮਾਨ ਕਾਰਡ ਬਾਰੇ, ਰਵਿੰਦਰ ਸ਼ਰਮਾ ਤੇ ਸਵਰਨ ਸਿੰਘ ਵੱਲੋਂ ਡੇਂਗੂ ਮਲੇਰੀਆ ਬਾਰੇ ਅਤੇ ਸੁਧੀਰ ਛਾਬੜਾ ਵੱਲੋਂ ਸੈਲਫ ਹੈਲਪ ਗਰੁੱਪ ਬਾਰੇ ਵਢਮੁੱਲੀ ਜਾਣਕਾਰੀ ਸਫਾਈ ਕ੍ਰਮਚਾਰੀਆਂ ਨੂੰ ਦਿੱਤੀ ਗਈ ਅਤੇ ਮੈਡਮ ਪੁਸ਼ਪਾ ਅਤੇ ਰੀਨਾ ਵੱਲੋਂ ਐਚ ਆਈ ਵੀ ਬਾਰੇ ਜਾਣਕਾਰੀ ਦਿੱਤੀ ਗਈ।

## ਗੁਰਦੁਆਰਾ ਚਰਨ ਕੰਵਲ ਸਾਹਿਬ 'ਚ ਗੁਰਮਤਿ ਸਮਾਗਮ ਕਰਾਇਆ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਦੋ ਦਿਨਾਂ ਵਿਸ਼ੇਸ਼ ਗੁਰਮਤਿ ਸਮਾਗਮ ਕਰਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਪ੍ਰਕਾਸ਼ ਪੁਰਬ ਮੌਕੇ 4, 5 ਤੇ 6 ਨਵੰਬਰ ਨੂੰ ਕਰਾਏ ਜਾ ਰਹੇ ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਨੂੰ ਸਮਰਪਤ ਇਹ ਦੋ ਦਿਨਾ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਉਨ੍ਹਾਂ ਦੱਸਿਆ ਕਿ ਸਮਾਗਮ ਦੇ ਦੂਜੇ ਦਿਨ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਵੱਲੋਂ ਆਪਣੇ ਸਾਥੀਆਂ ਸਮੇਤ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਉਪਰੰਤ ਲੁਧਿਆਣਾ ਤੋਂ ਆਏ ਪ੍ਰਸਿੱਧ ਕਥਾਵਾਚਕ ਭਾਈ ਸਰਬਜੀਤ ਸਿੰਘ ਨੇ ਕਥਾ ਪ੍ਰਵਾਹ ਚਲਾਇਆ ਅਤੇ ਸੰਗਤ ਨੂੰ ਗੁਰੂ ਇਤਿਹਾਸ ਸਰਵਣ ਕਰਾਇਆ। ਸਮਾਗਮ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਗੁਰਬਖ਼ਸ ਸਿੰਘ ਵੱਲੋਂ ਵੀ ਭਾਰੀ ਗਿਣਤੀ ਸੰਗਤਾਂ ਨਾਲ ਸ਼ਮੂਲੀਅਤ ਕੀਤੀ। ਪ੍ਰਬੰਧਕਾਂ ਵੱਲੋਂ ਭਾਈ ਸਰਬਜੀਤ ਸਿੰਘ ਅਤੇ ਭਾਈ ਜਬਰਤੋੜ ਸਿੰਘ ਦੇ ਜੱਥੇ ਦਾ ਸਿਰੋਪਾਓ ਪਾ ਕੇ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਹਰਜਿੰਦਰ ਕੌਰ ਪਵਾਤ, ਰਣਜੀਤ ਸਿੰਘ ਮੰਗਲੀ, ਸਰਬੰਸ ਸਿੰਘ ਮਾਣਕੀ (ਤਿੰਨੋ ਸ਼੍ਰੋਮਣੀ ਕਮੇਟੀ ਮੈਂਬਰ), ਸੀਨੀਅਰ ਅਕਾਲੀ ਆਗੂ ਹਰਜਤਿੰਦਰ ਸਿੰਘ ਬਾਜਵਾ, ਬਾਬਾ ਮੋਹਣ ਸਿੰਘ, ਬਾਬਾ ਵਰਿੰਦਰ ਵਾਸੂ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਜਸਵੀਰ ਸਿੰਘ ਢਿੱਲੋਂ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਕਥਾਵਾਚਕ ਇਕਨਾਮ ਸਿੰਘ ਵੀ ਮੌਜੂਦ ਸਨ।

# 'ਮਾਸਟਰ ਜੀ' ਨਾਟਕ ਨੇ ਦਰਸ਼ਕ ਕੀਲੇ



**ਧੂਰੀ (ਸੁਖਦੇਵ ਧੂਰੀ)** 'ਲੋਕ ਮਨ ਪੰਜਾਬ' ਦੀ ਅਗਵਾਈ ਹੇਠ ਧੂਰੀ ਦੇ ਮਹੇਸ਼ ਬਿਰਧ ਆਸ਼ਰਮ ਵਿਖੇ ਧੂਰੀ ਦੇ ਜੰਮਪਲ ਨਾਮਵਰ ਅਦਾਕਾਰ ਤੇ ਲੇਖਕ ਰਾਣਾ ਰਣਬੀਰ ਦੇ ਨਾਟਕ 'ਮਾਸਟਰ ਜੀ' ਦੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਤਕਰੀਬਨ ਦੋ ਘੰਟੇ ਦੇ ਦੋ ਪਾਤਰੀ ਨਾਟਕ ਨੂੰ ਭਰੇ ਪੰਡਾਲ ਦੇ ਸੈਂਕੜੇ ਦਰਸ਼ਕਾਂ ਵੱਲੋਂ ਬਿਨਾ ਪਲਕ ਝਮਕਿਆਂ ਟਿਕਟਿਕੀ ਲਗਾਕੇ ਵੇਖਣਾ ਰਾਣੇ ਦੀ ਪਰਪੱਕ ਕਲਾ ਦਾ ਜਾਦੂ ਹੀ ਕਿਹਾ ਜਾ ਸਕਦਾ ਹੈ। ਇਹ ਬਹੁ-ਪਰਤੀ ਨਾਟਕ ਗੰਭੀਰ ਮੁੱਦਿਆਂ ਨੂੰ ਵਿਅੰਗ ਦੀ ਪੁੱਠ ਚਾੜ੍ਹਕੇ ਠੇਠ ਮਲਵਈ ਬੋਲੀ 'ਚ ਦਰਸ਼ਕਾਂ ਦੇ ਮਨਾਂ 'ਤੇ ਗੂੜਾ ਉੱਕਰਨ ਦੇ ਨਾਲ-ਨਾਲ ਹਰ ਮਨੁੱਖ ਦੇ ਜੀਵਨ 'ਚ ਆਉਂਦੀਆਂ ਅਨੇਕਾਂ ਔਕੜਾਂ ਤੇ ਦੁਸ਼ਵਾਰੀਆਂ ਦੇ ਬਾਵਜੂਦ 'ਜ਼ਿੰਦਗੀ ਜ਼ਿੰਦਬਾਦ' ਦਾ ਹਾਂ-ਪੱਖੀ ਸੁਨੇਹਾਂ ਦੇਣ 'ਚ ਸਫ਼ਲ ਰਿਹਾ। ਇਸ ਪ੍ਰੋਗਰਾਮ ਵਿੱਚ ਆਪ ਆਗੂ ਤੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਤੇ ਉਨ੍ਹਾਂ ਦੀ ਪਤਨੀ ਬੀਬਾ ਸਿਮਰਤ ਖੰਗੂੜਾ ਨੇ ਮੁੱਖ ਮਹਿਮਾਨ ਸ਼ਿਰਕਤ ਵਜੋਂ ਸ਼ਿਰਕਤ , ਜਦੋਂ ਕਿ ਲੋਕ ਗਾਇਕ ਤੇ ਕਮਾਡੈਂਟ ਰਛਪਾਲ ਸਿੰਘ, ਗੀਤਕਾਰ ਬਾਬਾ ਬੇਲੀ, ਉਘੇ ਕਲਾਕਾਰ ਬਲਵਿੰਦਰ ਬੁਲਟ, ਸਾਹਿਤਕਾਰ ਗੁਰਦਿਆਲ ਨਿਰਮਾਣ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਟੇਜ ਸਕੱਤਰ ਦੇ ਫਰਜ਼ ਨਿਭਾ ਰਹੀ ਲੋਕ ਮਨ ਟੀਮ ਦੀ ਮੋਹਰੀ ਮੈਂਬਰ ਅਮਨਦੀਪ ਕੌਰ ਬਾਠ ਦੇ ਸੱਦੇ 'ਤੇ ਜਿਉਂ ਹੀ ਰਾਣਾ ਰਣਬੀਰ ਤੇ ਉਸ ਦੇ ਸਹਿਯੋਗੀ ਨੇ ਸਟੇਜ 'ਤੇ ਕਾਬਜ਼ ਹੁੰਦਿਆਂ ਨਾਟਕ ਦਾ ਆਗਾਜ਼ ਕੀਤਾ ਤਾਂ ਨਾਟਕ ਦਾ ਦੋ ਘੰਟਿਆਂ ਦਾ ਸਮਾਂ ਮਿੰਟਾਂ ਵਾਂਗ ਗੁਜ਼ਰ ਗਿਆ। ਰੰਗਮੰਚ ਦੀਆਂ ਬਾਰੀਕੀਆਂ ਤੋਂ ਭਲੀਭਾਂਤ ਵਾਕਿਫ਼ ਰਾਣਾ ਰਣਬੀਰ ਨੇ ਮਾਸਟਰ ਗੁਰਮੁਖ ਸਿੰਘ ਦੇ ਰੋਲ 'ਚ ਜਾਤ, ਗੋਤ, ਮਜ਼ਹਬ, ਹੈਂਕੜਪੁਣਾ, ਅਫਸਰਸ਼ਾਹੀ ਦੀ ਧੌਂਸ, ਸਿਆਸੀ ਕੁਰਸੀਆਂ ਦਾ ਨਸ਼ਾ, ਤਿਆਗਕੇ ਚੰਗੇ ਇਨਸਾਨ ਬਣਕੇ ਵਿਚਰਨ ਸਮਾਜਿਕ ਜ਼ਿਮੇਵਾਰੀਆਂ ਨਿਭਾਉਣ ਦਾ ਸੀਸ਼ਾ ਦਿਖਾਇਆ । ਪ੍ਰੋਗਰਾਮ ਦੀ ਸਫਲਤਾ ਲਈ ਰਜਿੰਦਰ ਰਾਜੂ, ਗੁਰਪ੍ਰੀਤ ਸਿੰਘ ਸਮਰਾ , ਸੰਦੀਪ ਬਾਦਸ਼ਾਹਪੁਰੀ , ਕਰਨਦੀਪ ਸਿੰਘ ਚੈਰੀ , ਮਨਜ਼ੂਰ ਅਹਿਮਦ , ਵਿਕਰਮਜੀਤ ਸਿੰਘ ਅਤੇ ਮਾਸਟਰ ਮਨਪ੍ਰੀਤ ਸਿੰਘ ਦਾ ਅਹਿਮ ਯੋਗਦਾਨ ਰਿਹਾ । ਸਟੇਜ ਸਕੱਤਰ ਦੀ ਭੂਮਿਕਾ ਅਮਨਦੀਪ ਕੌਰ ਨੇ ਬਾਖ਼ੂਬੀ ਨਿਭਾਈ ।

ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਮਾਨ ਤੋਂ ਧੂਰੀ 'ਚ ਆਡੀਟੋਰੀਅਮ ਬਣਾਉਣ ਦੀ ਮੰਗ ਉਠਾਈ ਗਈ। ਰਾਣਾ ਰਣਬੀਰ, ਸਾਬਕਾ ਵਿਧਾਇਕ ਗੋਲਡੀ 'ਖੰਗੂੜਾ' ਅਤੇ ਲੋਕ ਮਨ ਦੀ ਪ੍ਰਬੰਧਕੀ ਟੀਮ ਵੱਲੋਂ ਅਮਨਦੀਪ ਕੌਰ ਬਾਠ ਨੇ ਸਾਂਝੇ ਤੌਰ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਧੂਰੀ 'ਚ ਪੰਜ ਸੌ ਸੀਟਾਂ ਵਾਲਾ ਆਡੀਟੋਰੀਅਮ ਬਣਾਉਣ ਦੀ ਮੰਗ ਰੱਖੀ, ਜਿਸ ਨੂੰ ਹਜ਼ਾਰਾਂ ਸਰੋਤਿਆਂ ਨੇ ਹੱਥ ਖੜ੍ਹੇ ਕਰਕੇ ਸਹਿਮਤੀ ਦਿੱਤੀ।

# ਪੰਜਾਬ ਰੋਡਵੇਜ਼, ਪਨਬਸ ਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਦੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** ਪੰਜਾਬ ਰੋਡਵੇਜ਼, ਪਨਬਸ ਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਡਿਪੂ ਸ੍ਰੀ ਮੁਕਤਸਰ ਸਾਹਿਬ 25/11 ਦੀ ਮੀਟਿੰਗ ਬੀਤੇ ਦਿਨੀਂ ਹੋਈ।ਜਥੇਬੰਦੀ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਗੁਰਪ੍ਰੀਤ ਸਿੰਘ ਢਿੱਲੋਂ ਨੂੰ ਸੂਬਾ ਆਗੂ, ਚੇਅਰਮੈਨ ਤਰਸੇਮ ਸਿੰਘ, ਡਿਪੂ ਪ੍ਰਧਾਨ ਜਗਸੀਰ ਸਿੰਘ ਮਾਣਕ, ਉਪ ਪ੍ਰਧਾਨ ਮਲਕੀਤ ਸਿੰਘ, ਸੀ. ਮੀਤ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਮੀਤ ਪ੍ਰਧਾਨ ਮਨਪ੍ਰੀਤ ਸਿੰਘ ਨਿੱਝਰ, ਗੁਰਵਿੰਦਰ ਸਿੰਘ, ਮਨਜੀਤ ਸਿੰਘ, ਇਕਬਾਲ ਸਿੰਘ, ਜਰਨਲ ਸਕੱਤਰ ਗੁਰਸੇਵਕ ਸਿੰਘ, ਜੁਆਇੰਟ ਸਕੱਤਰ ਮਨਪ੍ਰੀਤ ਸਿੰਘ, ਗੁਰਬਾਜ ਸਿੰਘ, ਸਹਾਇਕ ਸਕੱਤਰ ਲਖਵੀਰ ਸਿੰਘ, ਮੁੱਖ ਸਲਾਹਕਾਰ ਪ੍ਰਤਾਪ ਸਿੰਘ ਕਾਨੂੰਨੀ ਸਲਾਹਕਾਰ ਬੇਅੰਤ ਸਿੰਘ, ਮੁੱਖ ਸਲਾਹਕਾਰ ਸੁਰਿੰਦਰਪਾਲ, ਪ੍ਰੋਪੇਗੰਡਾ ਸਕੱਤਰ ਗੁਰਦੀਪ ਸਿੰਘ ਰਣਜੀਤ ਸਿੰਘ, ਦਫ਼ਤਰੀ ਸਕੱਤਰ ਹਰਪ੍ਰੀਤ ਸਿੰਘ ਨੂੰ ਬਣਾਇਆ ਗਿਆ, ਜਦੋਂਕਿ ਵਰਕਸ਼ਾਪ ਪ੍ਰਧਾਨ ਗੁਰਵਿੰਦਰ ਸਿੰਘ, ਮਕੈਨਿਕ ਸਕੱਤਰ ਗੁਰਪ੍ਰੀਤ ਸਿੰਘ, ਕਾਨੂੰਨੀ ਸਲਾਹਕਾਰ ਕਰਨਪ੍ਰੀਤ ਸਿੰਘ, ਖ਼ਜ਼ਾਨਚੀ ਗੁਰਵਿੰਦਰ ਸਿੰਘ, ਸਹਾਇਕ ਖ਼ਜ਼ਾਨਚੀ ਨਛੱਤਰ ਸਿੰਘ, ਪ੍ਰੈਸ ਸਕੱਤਰ ਗੁਰਭੇਜ ਸਿੰਘ ਮੁੱਖ ਬੁਲਾਰਾ ਗੁਰਪਾਲ ਸਿੰਘ ਤੇ ਗੁਰਜੰਟ ਸਿੰਘ, ਲੱਖਾ ਸਿੰਘ, ਰਾਜਵੀਰ ਸਿੰਘ, ਗੁਰਸੇਵਕ ਸਿੰਘ, ਕਰਮਜੀਤ ਸਿੰਘ, ਹਰਮੀਤ ਸਿੰਘ, ਗੁਰਮੀਤ ਸਿੰਘ ਅਤੇ ਅਮਨਦੀਪ ਸਿੰਘ ਨੂੰ ਬਣਾਇਆ ਗਿਆ।

# 'ਸ੍ਰੀ ਗੁਰੂ ਰਾਮਦਾਸ ਜੀ : ਜੀਵਨ, ਬਾਣੀ ਤੇ ਉਪਦੇਸ਼' ਵਿਸ਼ੇ 'ਤੇ ਸੈਮੀਨਾਰ ਕਰਾਇਆ



**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 'ਸ੍ਰੀ ਗੁਰੂ ਰਾਮਦਾਸ ਜੀ : ਜੀਵਨ ਬਾਣੀ ਅਤੇ ਉਪਦੇਸ਼' ਵਿਸ਼ੇ 'ਤੇ ਕੌਮੀ ਸੈਮੀਨਾਰ ਕੀਤਾ ਗਿਆ।ਸੈਮੀਨਾਰ ਵਿੱਚ ਬਤੌਰ ਮੁੱਖ ਮਹਿਮਾਨ ਯੂਨੀਵਰਸਿਟੀ ਦੇ ਪ੍ਰੋ. ਚਾਂਸਲਰ ਪ੍ਰੋਫ਼ੈਸਰ ਅਜਾਇਬ ਸਿੰਘ ਬਰਾੜ ਨੇ ਸ਼ਮੂਲੀਅਤ ਕੀਤੀ।ਉਨ੍ਹਾਂ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਗੁਰਬਾਣੀ ਤੇ ਗੁਰ ਇਤਿਹਾਸ ਸਬੰਧੀ ਡੂੰਘੇ ਅਧਿਐਨ ਦੀ ਲੋੜ ਹੈ।ਉਨ੍ਹਾਂ ਜ਼ੋਰ ਦਿੱਤਾ ਕਿ ਗੁਰਬਾਣੀ ਦੀ ਪ੍ਰੇਰਨਾ ਸਦਕਾ ਸਮੁੱਚੇ ਸੰਸਾਰ ਦਾ ਉਜਲ ਭਵਿੱਖ ਸਿਰਜਿਆ ਜਾ ਸਕਦਾ ਹੈ। ਵਾਈਸ ਚਾਂਸਲਰ ਪ੍ਰੋਫ਼ੈਸਰ ਪ੍ਰੀਤਪਾਲ ਸਿੰਘ ਨੇ ਦੱਸਿਆ ਕਿ ਇਹ ਸੈਮੀਨਾਰ ਸ੍ਰੀ ਗੁਰੂ ਰਾਮਦਾਸ ਜੀ ਦੇ 450ਵੇਂ ਗੁਰਿਆਈ ਪੁਰਬ ਨੂੰ ਸਮਰਪਤ ਹੈ।ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਕਰਾਏ ਇਸ ਸੈਮੀਨਾਰ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ, ਹਰਿਆਣਾ ਤੇ ਦਿੱਲੀ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਤੇ ਕਾਲਜਾਂ ਤੋਂ ਦੋ ਦਰਜਨ ਵਿਦਵਾਨ ਖੋਜੀ ਪਰਚੇ ਪੇਸ਼ ਕਰ ਰਹੇ ਹਨ, ਜਿਨ੍ਹਾਂ ਨੂੰ ਪੁਸਤਕ ਰੂਪ ਵਿੱਚ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਤ ਕੀਤਾ ਜਾਵੇਗਾ।ਸੈਮੀਨਾਰ ਦਾ ਉਦਘਾਟਨੀ ਭਾਸ਼ਣ ਕਰਦਿਆਂ ਪ੍ਰੋਫ਼ੈਸਰ ਹਰਭਜਨ ਸਿੰਘ ਸੇਵਾ ਮੁਕਤ ਪ੍ਰੋਫ਼ੈਸਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਸਮਾਂ ਸਿੱਖ ਪ੍ਰੰਪਰਾ ਤੇ ਸੰਸਥਾਵਾਂ ਦੇ ਇਤਿਹਾਸ ਵਿੱਚ ਵਿਲੱਖਣ ਥਾਂ ਰੱਖਦਾ ਹੈ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਰਾਹੀਂ ਰਾਜ ਤੇ ਯੋਗ ਦੇ ਸਿੱਖ ਸੰਕਲਪ ਨੇ ਸੰਸਥਾਈ ਰੂਪ ਧਾਰਨ ਕੀਤਾ।ਸੈਮੀਨਾਰ ਦਾ ਵਿਦਾਇਗੀ ਭਾਸ਼ਣ ਪੇਸ਼ ਕਰਦਿਆਂ ਪ੍ਰੋਫ਼ੈਸਰ ਸਰਬਜਿੰਦਰ ਸਿੰਘ, ਚੇਅਰਪਰਸਨ, ਗੁਰੂ ਨਾਨਕ ਸੈਂਟਰ ਫਾਰ ਇੰਟਰਫੇਥ ਸਟਡੀਜ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਧਰਮ ਅਧਿਐਨ ਵਿਭਾਗ ਨੂੰ ਵਧਾਈ ਦਿੰਦਿਆਂ ਆਖਿਆ ਕਿ ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਤੇ ਜੀਵਨ ਵਿੱਚੋਂ ਸਮਕਾਲੀ ਸੰਸਾਰ ਲਈ ਵਡਮੁੱਲੀ ਸੇਧ ਪ੍ਰਾਪਤ ਹੁੰਦੀ ਹੈ।

ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਡੀਨ ਅਕਾਦਮਿਕ ਮਾਮਲੇ ਪ੍ਰੋਫ਼ੈਸਰ ਸੁਖਵਿੰਦਰ ਸਿੰਘ ਬਲਿੰਗ ਨੇ ਗੁਰੂ ਸਾਹਿਬ ਦੇ ਜੀਵਨ ਦੇ ਵੱਖ-ਵੱਖ ਪਹਿਲੂਆਂ ਉੱਪਰ ਚਾਨਣਾ ਪਾਇਆ।ਉਨ੍ਹਾਂ ਆਖਿਆ ਕਿ ਅਜਿਹੇ ਸਮਾਗਮ ਨਾ ਸਿਰਫ ਵਿਦਿਆਰਥੀਆਂ ਲਈ ਸਗੋਂ ਖੋਜਾਰਥੀ ਤੇ ਵਿਦਵਾਨਾਂ ਲਈ ਵੀ ਨਵੀਆਂ ਅੰਤਰ-ਦ੍ਰਿਸ਼ਟੀਆਂ ਪ੍ਰਦਾਨ ਕਰਨ ਵਿੱਚ ਸਹਾਈ ਸਾਬਿਤ ਹੁੰਦੇ ਹਨ।ਮਹਿਮਾਨਾਂ ਦਾ ਸਵਾਗਤ ਕਰਦਿਆਂ ਵਿਭਾਗ ਮੁਖੀ ਡਾ ਹਰਦੇਵ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਤੇ ਬਾਣੀ ਨੂੰ ਅਕਾਦਮਿਕ ਅਤੇ ਭਾਵਨਾਤਮਿਕ ਦੋਹਾਂ ਪੱਖਾਂ ਤੋਂ ਵੇਖੇ ਜਾਣ ਦੀ ਲੋੜ ਤੇ ਜੋਰ ਦਿੱਤਾ।ਵਿਭਾਗ ਦੇ ਸੀਨੀਅਰ ਪ੍ਰੋਫ਼ੈਸਰ ਡਾ ਜਸਪਾਲ ਕੌਰ ਕਾਂਗ ਨੇ ਧੰਨਵਾਦ ਕਰਦਿਆਂ ਖੋਜ ਪਰਚੇ ਪੇਸ਼ ਕਰਨ ਵਾਲੇ ਵਿਦਵਾਨਾਂ ਦੇ ਅਹਿਮ ਨੁਕਤਿਆਂ ਨੂੰ ਸਾਰ ਰੂਪ ਵਿੱਚ ਪੇਸ਼ ਕੀਤਾ।

ਸੈਮੀਨਾਰ ਦੇ ਵੱਖ-ਵੱਖ ਚਾਰ ਅਕਾਦਮਿਕ ਸੈਸ਼ਨਾਂ ਵਿੱਚ ਪ੍ਰੋਫ਼ੈਸਰ ਹਰਭਜਨ ਸਿੰਘ, ਪ੍ਰੋਫ਼ੈਸਰ ਸਰਬਜਿੰਦਰ ਸਿੰਘ, ਪ੍ਰੋਫ਼ੈਸਰ ਜਮਸ਼ੀਦ ਅਲੀ ਖਾਨ, ਰਾਜਨੀਤੀ ਸ਼ਾਸਤਰ ਵਿਭਾਗ, ਪ੍ਰੋਫ਼ੈਸਰ ਹਰਿੰਦਰ ਸਿੰਘ ਭੱਟੀ, ਸਮਾਜ ਸ਼ਾਸ਼ਤਰ ਵਿਭਾਗ, ਪ੍ਰੋਫ਼ੈਸਰ ਜਸਪਾਲ ਕੌਰ ਕਾਂਗ ਨੇ ਬਤੌਰ ਵਿਸ਼ਾ ਮਾਹਰ ਸ਼ਿਰਕਤ ਕੀਤੀ।ਇਨ੍ਹਾਂ ਨਾਲ ਪ੍ਰੋਫ਼ੈਸਰ ਤੇਜਬੀਰ ਸਿੰਘ, ਰਜਿਸਟਰਾਰ, ਗੁਰਦੀਪ ਸਿੰਘ ਕੰਗ, ਮੈਨੇਜਰ, ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੇ ਡਾ ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਿਲ ਹੋਏ।

ਸੈਸ਼ਨਾਂ ਦੀ ਪ੍ਰਧਾਨਗੀ ਕਰਦਿਆਂ ਵਿਸ਼ਾ ਮਾਹਿਰਾਂ ਵੱਲੋਂ ਪਰਚਾ ਪੇਸ਼ਕਾਰਾਂ ਨੂੰ ਅਹਿਮ ਸੁਝਾਅ ਦਿੱਤੇ ਗਏ ਤੇ ਦੋ ਹਫਤਿਆਂ ਵਿੱਚ ਮੁਕੰਮਲ ਪੇਪਰ ਸਬਮਿਟ ਕਰਨ ਲਈ

3-Oct-PAGE-8.qxd 10/2/2024 10:43 PM Page 1



# ਗੁਰੂ ਨਾਨਕ ਦੇਵ ਜੀ ਦੇ 485ਵੇਂ ਜੋਤੀ ਜੋਤਿ ਦਿਹਾੜੇ ਮੌਕੇ ਰਸੂਲਪੁਰ ਸਮਾਗਮ 'ਚ ਪਹੁੰਚੇ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਡਾਂਡੀਆਂ ਵਿਖੇ ਤੱਪ ਅਸਥਾਨ 108 ਸੰਤ ਬਾਬਾ ਹੀਰਾ ਦਾਸ ਜੀ ਨਾਗਿਆਂ ਦਾ ਡੇਰਾ ਸੱਚਖੰਡ ਡਾਂਡੀਆਂ ਵਿਖੇ ਨਿਰੰਕਾਰੀ ਜੋਤ, ਜਗਤ ਗੁਰੂ ਧੰਨ ਧੰਨ ਨਾਨਕ ਦੇਵ ਜੀ ਦੇ 485ਵੇਂ ਜੋਤੀ ਜੋਤਿ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ ਦੀ ਅਗਵਾਈ ਹੇਠ ਕਰਵਾਏ ਗਏ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਦੀਵਾਨ ਹਾਲ ਵਿੱਚ ਸੰਤ ਸਮਾਗਮ ਅਤੇ ਧਾਰਮਿਕ ਸਮਾਗਮ ਕਰਵਾਏ ਗਏ। ਜਿਸ ਵਿੱਚ ਇਲਾਕੇ ਭਰ ਤੋਂ ਸਾਧੂ, ਸੰਤ ਮਹਾਂਪੁਰਸ਼, ਰਾਗੀ, ਢਾਡੀ, ਕਵੀਸ਼ਰ ਜੱਥਿਆ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਮਾਗਮ ਦੌਰਾਨ ਉਘੇ ਸਮਾਜ ਸੇਵਕ, ਸੀਨੀਅਰ ਕਾਂਗਰਸੀ ਆਗੂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਚੱਬੇਵਾਲ ਕੁਲਵਿੰਦਰ ਸਿੰਘ ਰਸੂਲਪੁਰ ਨੇ ਆਪਣੇ ਸਾਥੀਆਂ ਸਮੇਤ ਪੁੱਜ ਕੇ ਹਾਜ਼ਰੀ ਭਰੀ।ਇਸ ਮੌਕੇ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ ਨੇ ਆਏ ਹੋਏ ਸੰਤ ਮਹਾਂਪੁਰਸ਼ਾਂ, ਰਾਗੀ ਜਥੇ ਪ੍ਰਮੁੱਖ ਸਖਸ਼ੀਅਤਾਂ, ਸਿਆਸੀ ਆਗੂਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ, ਸੰਤ ਬਾਬਾ ਮਹਿੰਦਰ ਪਾਲ ਪੰਡਵਾ, ਸੰਤ ਬਾਬਾ ਜਸਵੀਰ ਸਿੰਘ ਸ਼੍ਰੀ ਚਮਕੌਰ ਸਾਹਿਬ, ਜਥੇਦਾਰ ਦਲਜੀਤ ਸਿੰਘ ਸੋਢੀ ਮਾਹਿਲਪੁਰ, ਹਲਕਾ ਇੰਚਾਰਜ ਚੱਬੇਵਾਲ ਕੁਲਵਿੰਦਰ ਸਿੰਘ ਰਸੂਲਪੁਰ, ਚੋਧਰੀ ਗੁਰਪ੍ਰੀਤ ਸਿੰਘ ਚੱਬੇਵਾਲ, ਹਰਜਿੰਦਰ ਸਿੰਘ ਰਸੂਲਪੁਰ, ਬੀਬੀ ਹਰਬੰਸ ਕੌਰ ਮਹਿਲਾ ਪ੍ਰਧਾਨ, ਜਸਵੀਰ ਕੌਰ ਮਹਿਲਾ ਪ੍ਰਧਾਨ, ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਪੰਕਜ ਪਾਲੀ, ਰਾਹੁਲ, ਰਾਕੇਸ਼ ਕੁਮਾਰ ਰਾਣਾ, ਅਰਜਨ, ਕਮਲ, ਸੰਤੋਖ ਸਿੰਘ, ਲਾਡੀ, ਹਰਮੇਸ਼ ਕੁਮਾਰ ਆਦਿ ਹਾਜ਼ਰ ਸਨ।

# ਆੜ੍ਹਤੀ ਯੂਨੀਅਨ ਭੁਲੱਥ ਵੱਲੋਂ ਮੰਡੀਆਂ 'ਚ ਦੂਜੇ ਦਿਨ ਵੀ ਹੜਤਾਲ



**ਭੁਲੱਥ, (ਮਨਪ੍ਰੀਤ ਸਿੰਘ)** ਸਬ ਡਵੀਜ਼ਨ ਕਸਬਾ ਭੁਲੱਥ 'ਚ ਆੜਤੀ ਯੂਨੀਅਨ ਭੁਲੱਥ ਵੱਲੋਂ ਦੂਜੇ ਦਿਨ ਵੀ ਹੜਤਾਲ ਜਾਰੀ ਰਹੀ।ਹੜਤਾਲ ਕਰਕੇ ਮੰਡੀਆਂ 'ਚ ਸੁੰਨ ਪਈ ਨਜ਼ਰ ਆ ਰਹੀ ਹੈ ਤੇ ਦੂਜੇ ਪਾਸੇ ਮੰਡੀਆਂ 'ਚ ਲੱਗੀਆਂ ਝੋਨੇ ਦੀਆਂ ਢੇਰੀਆਂ ਲਿਫਟਿੰਗ ਨਾ ਹੋਣ ਕਰਕੇ ਰੁਲਦੀਆਂ ਪਈਆਂ ਨਜ਼ਰ ਆ ਰਹੀਆਂ ਹਨ।ਇਸ ਮੌਕੇ ਯੂਨੀਅਨ ਦੇ ਆਗੂਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਹ ਸੱਦਾ ਆੜ੍ਹਤੀ ਯੂਨੀਅਨ ਪੰਜਾਬ ਦੇ ਪ੍ਰਧਾਨ ਵਿਜੇ ਕਾਲੜਾ ਵੱਲੋਂ ਦਿੱਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਹੜਤਾਲ ਦੌਰਾਨ ਕਿਸਾਨਾਂ ਦਾ ਮਾਲ ਮੰਡੀ 'ਚ ਢੇਰੀ ਨਹੀਂ ਕੀਤਾ ਜਾਵੇਗਾ ਤੇ ਨਾ ਹੀ ਤੁਲਾਈ ਕੀਤੀ ਜਾਵੇਗੀ।ਦੂਜੇ ਪਾਸੇ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਝੋਨੇ ਦੀ ਫਸਲ ਕੱਟੇ ਜਾਣ ਉਪਰੰਤ ਮੰਡੀਆਂ ਵਿੱਚ ਝੋਨਾ ਲਿਆਉਣ ਲਈ ਕਿਸਾਨਾਂ ਨੂੰ ਮਾਨਸਿਕ ਪਰੇਸ਼ਾਨੀ 'ਚੋਂ ਲੰਘਣਾ ਪੈ ਰਿਹਾ ਹੈ।ਹੜਤਾਲ ਦੌਰਾਨ ਮੰਡੀਆਂ ਵਿੱਚ ਲੱਗੀਆਂ ਝੋਨੇ ਦੀਆਂ ਬੋਰੀਆਂ ਦੇ ਅੰਬਾਰ ਤੁਲਾਈ ਨਾ ਹੋਣ ਕਰਕੇ ਤੇ ਆੜ੍ਹਤੀ ਯੂਨੀਅਨ ਵੱਲੋਂ ਕੀਤੀ ਹੜਤਾਲ ਕਰਕੇ ਰੁਲ ਰਿਹਾ ਨਜ਼ਰ ਆ ਰਿਹਾ ਹੈ।ਮੰਡੀ ਵਿੱਚ ਹੜਤਾਲ ਦੌਰਾਨ ਮੰਡੀ ਵਿੱਚ ਕੰਮ ਨਾ ਹੋਣ ਕਾਰਨ ਉਥੋਂ ਦੀ ਲੇਵਰ ਵੇਹਲੀ ਬੈਠੀ ਹੈ।ਇਸ ਮੌਕੇ ਇਸ ਮੌਕੇ ਸਾਬਕਾ ਸਰਪੰਚ ਸਰਬਜੀਤ ਸਿੰਘ ਬਾਗਵਾਨਪੁਰ, ਦਸਤਾਰ ਸਿੰਘ ਕੰਗ, ਸੂਰਤ ਰਾਮ, ਤਰਲੋਕ ਸਿੰਘ, ਬਚਿੱਤਰ ਸਿੰਘ, ਸੁਖਵਿੰਦਰ ਸਿੰਘ ਘੁੰਮਣ, ਕੁਲਵੰਤ ਸਿੰਘ ਕੰਗ, ਸੂਬੇਦਾਰ ਰਤਨ ਸਿੰਘ, ਦਰਸ਼ਨ ਸਿੰਘ ਸ਼ਾਹੀ, ਕਸ਼ਮੀਰ ਸਿੰਘ ਕੰਗ, ਬਲਵੀਰ ਸਿੰਘ ਕੰਗ ਨੇ ਮੰਗ ਕਰਦਿਆਂ ਕਿਹਾ ਕਿ ਆਰਤੀ ਯੂਨੀਅਨ ਦੀ ਚੱਲ ਰਹੀ ਹੜਤਾਲ ਦੇ ਮੱਦੇ ਨਜ਼ਰ ਕਿਸਾਨਾਂ ਦੀ ਹੋ ਰਹੀ ਖੱਜਲ ਖੁਆਰੀ ਤੁਰੰਤ ਖਤਮ ਕੀਤੀ ਜਾ ਸਕੇ ਤਾਂ ਕਿ ਮੰਡੀਆਂ 'ਚ ਰੁਲ ਰਹੀ ਝੋਨੇ ਦੀ ਲਿਫਟਿੰਗ ਤੁਰੰਤ ਕਰਵਾਈ ਜਾ ਸਕੇ।

# ਆੜ੍ਹਤੀਆਂ ਦੀ ਹੜਤਾਲ ਕਾਰਨ ਝੋਨੇ ਦੀ ਨਹੀਂ ਹੋਈ ਖਰੀਦ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਸਰਕਾਰ ਦੀ ਆੜ੍ਹਤੀਆਂ ਨਾਲ ਬੇਸਿੱਟਾ ਰਹੀ ਗੱਲਬਾਤ ਕਾਰਨ ਮੰਡੀ ਵਿੱਚ ਝੋਨੇ ਦੀ ਖਰੀਦ ਦਾ ਕੰਮ ਇੱਕ ਸਿਰੇ ਤੋਂ ਠੱਪ ਪਿਆ ਹੈ ਤੇ ਕਿਸਾਨ ਆੜ੍ਹਤੀ ਅਤੇ ਲੇਬਰ ਨੇ ਹੜਤਾਲ ਕਰਕੇ ਪੂਰੀ ਤਰ੍ਹਾਂ ਕੰਮ ਬੰਦ ਕਰ ਦਿੱਤਾ ਹੈ। ਦਾਨਾ ਮੰਡੀ ਰਾਹੋਂ ਤੇ ਦਾਨਾ ਮੰਡੀ ਬਹਿਲੂਰ ਕਲਾਂ ਵਿਖੇ ਝੋਨੇ ਦੀ ਖਰੀਦ ਦਾ ਕੰਮ ਬਿਲਕੁਲ ਠੱਪ ਰਿਹਾ। ਆੜ੍ਹਤੀ ਯੂਨੀਅਨ ਦੇ ਪ੍ਰਧਾਨ ਮਨਵੀਰ ਸਿੰਘ ਪਰਮਾਰ ਤੇ ਰਾਜੂ ਚੋਪੜਾ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਆੜ੍ਹਤੀਆਂ ਅਤੇ ਲੇਬਰ ਦੀਆਂ ਮੰਗਾਂ ਨਹੀਂ ਮੰਨਦੀ ਉਤੋਂ ਤੱਕ ਝੋਨੇ ਦੀ ਖਰੀਦ ਬਿਲਕੁਲ ਨਹੀਂ ਹੋਵੇਗੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਦੋਂ ਤੱਕ ਆੜ੍ਹਤੀਆਂ ਦਾ ਸਰਕਾਰ ਨਾਲ ਪਿਆ ਰੇੜਕਾ ਖਤਮ ਨਹੀਂ ਹੁੰਦਾ ਉਦੋਂ ਤੱਕ ਉਹ ਝੋਨੇ ਨੂੰ ਮੰਡੀ ਵਿੱਚ ਨਾ ਲਿਆਉਣ। ਸਰਕਾਰ ਨੂੰ ਕਿਸਾਨ ਭਾਰਾਵਾਂ ਅਤੇ ਆੜ੍ਹਤੀਆ ਦਾ ਹੱਲ ਜਲਦ ਤੋਂ ਜਲਦ ਕਰਨਾ ਚਾਹੀਦਾ ਹੈ।

# ਜੋਗਿੰਦਰ ਨਗਰ 'ਚ ਬੀਬੀ ਅਜਮੇਰ ਕੌਰ ਨੂੰ ਸਰਬਸੰਮਤੀ ਨਾਲ ਸਰਪੰਚ ਚੁਣਿਆ



**ਭੁਲੱਥ, (ਮਨਪ੍ਰੀਤ ਸਿੰਘ)** ਸਬ ਡਵੀਜ਼ਨ ਕਸਬਾ ਭੁਲੱਥ ਦੇ ਨਾਲ ਲੱਗਦੇ ਪਿੰਡ ਜੋਗਿੰਦਰ ਨਗਰ ਵਿੱਚ ਸਰਬ ਸੰਮਤੀ ਨਾਲ ਸਰਪੰਚੀ ਦੀ ਚੋਣ ਹੋਈ। ਇਸ ਮੌਕੇ ਬੀਬੀ ਅਜਮੇਰ ਕੌਰ ਪਤਨੀ ਕੁਲਦੀਪ ਸਿੰਘ ਨੂੰ ਸਰਬਸੰਮਤੀ ਨਾਲ ਸਰਪੰਚ ਚੁਣਿਆ ਗਿਆ। ਸਰਪੰਚ ਬੀਬੀ ਅਜਮੇਰ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਜੋਗਿੰਦਰ ਨਗਰ ਦੇ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਪਿੰਡ ਵਿੱਚ ਜੋ ਵਿਕਾਸ ਦੇ ਕੰਮ ਰੁਕੇ ਹੋਏ ਹਨ, ਉਹਨਾਂ ਵਿਕਾਸ ਦੇ ਕੰਮਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ।ਲੋੜ ਪੈਣ 'ਤੇ ਮੈਂ ਪਿੰਡ ਦੇ ਵਸਨੀਕਾਂ ਨਾਲ ਚੱਟਾਨ ਵਾਂਗੂ ਖੜਾਂਗੀ।ਇਸ ਮੌਕੇ ਯੂਥ ਪ੍ਰਧਾਨ ਗੁਰਵਿੰਦਰ ਸਿੰਘ, ਬਲਬੀਰ ਸਿੰਘ, ਸ਼ਿਵਰਾਜ ਸਿੰਘ, ਮੁਖਤਿਆਰ ਸਿੰਘ ਸੋਨੀ, ਜੋਗਿੰਦਰ ਸਿੰਘ, ਗੁਰਮੀਤ ਸਿੰਘ, ਬਲਵਿੰਦਰ ਸਿੰਘ, ਜਰਨੈਲ ਸਿੰਘ, ਗੁਰਜਿੰਦਰ ਸਿੰਘ ਗੋਲਡੀ, ਗੈਰੀ ਜੋਗਿੰਦਰ ਨਗਰ ਤੇ ਹੋਰ ਹਾਜ਼ਰ ਸਨ।

# ਰਾਮਲੀਲ੍ਹਾ ਤੇ ਦੁਸਹਿਰਾ ਕਮੇਟੀ ਦੇ ਉਪ ਪ੍ਰਧਾਨ ਮੁਕੇਸ਼ ਚੋਪੜਾ ਨੇ ਦਿੱਤਾ ਅਸਤੀਫਾ



**ਰਾਹੋਂ (ਕੁਲਵਿੰਦਰ ਸਿੰਘ)** ਰਾਮਲੀਲਾ ਕਮੇਟੀ ਅਤੇ ਦੁਸਹਿਰਾ ਕਮੇਟੀ ਰਾਹੋਂ ਦੇ ਉਪ ਪ੍ਰਧਾਨ ਨੇ ਅਸਤੀਫਾ ਦੇਣ ਦਾ ਐਲਾਨ ਕੀਤਾ ਹੈ। ਇਸ ਸੰਬੰਧੀ ਮੁਕੇਸ਼ ਚੋਪੜਾ (ਬੌਬੀ) ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕਿਹਾ ਕਿ ਪਿਛਲੇ ਦਿਨੀਂ ਹੋਈ ਦੁਸਹਿਰਾ ਕਮੇਟੀ ਦੀ ਮੀਟਿੰਗ ਵਿੱਚ ਸਿਰਫ ਪੰਜ ਛੇ ਮੈਂਬਰ ਹੀ ਹਾਜ਼ਰ ਹੋਏ ਮੈਂ ਇਸ ਸੰਬਧੀ ਮੀਟਿੰਗ ਵਿੱਚ ਕਿਹਾ ਕਿ ਇਹ ਸਾਡੇ ਸ਼ਹਿਰ ਦਾ ਧਰਮਿਕ ਪ੍ਰੋਗਰਾਮ ਹੈ ਇਸ ਲਈ ਸਭ ਨੂੰ ਨਾਲ ਲੈ ਕੇ ਚੱਲੋ ਤੇ ਇਸ ਸੰਬੰਧੀ ਸਾਰੇ ਸ਼ਹਿਰ ਦੇ ਮੋਹਤਬਾਰਾਂ ਨੂੰ ਨਾਲ ਲੈ ਕੇ ਚੱਲਣਾ ਚਾਹੀਦਾ ਹੈ ਪਰ ਕਮੇਟੀ ਨੇ ਮੇਰੀ ਗੱਲ 'ਤੇ ਕੋਈ ਗੌਰ ਨਹੀਂ ਕੀਤਾ। ਇਸ ਲਈ ਉਨ੍ਹਾ ਨੇ ਕਮੇਟੀ ਤੋਂ ਅਸਤੀਫਾ ਦੇ ਦਿੱਤਾ ਹੈ। ਇਥੇ ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾ ਸੈਕਟਰੀ ਸੰਜੇ ਚੋਪੜਾ ਵਿੱਕੀ ਨੇ ਵੀ ਰਾਮਲੀਲ੍ਹਾ ਕਮੇਟੀ ਤੇ ਦੁਸਹਿਰਾ ਕਮੇਟੀ ਤੋਂ ਅਸਤੀਫਾ ਦੇ ਦਿੱਤਾ ਹੈ।

## ਝੋਨੇ ਦੀ ਕਟਾਈ ਕਰਨ 'ਤੇ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**- ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਮੇਜਰ ਡਾ. ਅਮਿਤ ਮਹਾਜਨ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਜਲੰਧਰ ਵਿੱਚ ਸ਼ਾਮ 6 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਦੀ ਕਟਾਈ ਕਰਨ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ।ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਝੋਨੇ ਦੀ ਕਟਾਈ ਲਈ ਕੇਵਲ ਹਾਰਵੈਸਟਰ ਕੰਬਾਈਨਾਂ, ਜਿਨ੍ਹਾਂ ਕੋਲ ਬੀ ਆਈ ਐਸ ਦਾ ਸਰਟੀਫਿਕੇਟ ਹੋਵੇ, ਹੀ ਵਰਤੀਆਂ ਜਾਣ ਅਤੇ ਸੁਪਰ ਐਸ ਐਮ ਐਸ ਤੋਂ ਬਿਨਾਂ ਕੋਈ ਵੀ ਕੰਬਾਈਨ ਨਹੀਂ ਚਲਾਈ ਜਾਵੇਗੀ।ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਇਕ ਹੋਰ ਹੁਕਮ ਰਾਹੀਂ ਜ਼ਿਲ੍ਹੇ 'ਚ ਝੋਨੇ ਦੀ ਨਾੜ/ਪਰਾਲੀ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ 'ਤੇ ਵੀ ਪਾਬੰਦੀ ਲਗਾਈ ਗਈ ਹੈ।ਇਹ ਦੋਵੇਂ ਹੁਕਮ 24 ਨਵੰਬਰ ਤੱਕ ਲਾਗੂ ਰਹਿਣਗੇ।

## ਸਰਪੰਚੀ ਲਈ 178 ਤੇ ਪੰਚਾਂ ਦੇ ਅਹੁਦੇ ਲਈ 260 ਉਮੀਦਵਾਰਾਂ ਨੇ ਨਾਮਜ਼ਦਗੀਆਂ ਦਾਖਲ ਕੀਤੀਆਂ

**ਮੋਹਾਲੀ (ਗੁਰਜੀਤ ਬਿੱਲਾ)** ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਲਈ ਨਾਮਜ਼ਦਗੀ ਪ੍ਰਕਿਰਿਆ ਦੇ ਚੱਲਦਿਆਂ ਐਸ ਏ ਐਸ ਨਗਰ ਜ਼ਿਲ੍ਹੇ ਵਿੱਚ ਨਾਮਜ਼ਦਗੀਆਂ ਦੇ ਤੀਜੇ ਦਿਨ ਕੁੱਲ 178 ਉਮੀਦਵਾਰਾਂ ਨੇ ਸਰਪੰਚਾਂ ਦੇ ਅਹੁਦਿਆਂ ਲਈ ਜਦੋਂ ਕਿ 260 ਉਮੀਦਵਾਰਾਂ ਨੇ ਪੰਚਾਂ ਦੇ ਅਹੁਦਿਆਂ ਲਈ ਨਾਮਜ਼ਦਗੀਆਂ ਦਾਖਲ ਕੀਤੀਆਂ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਨਾਮਜ਼ਦਗੀਆਂ ਦੀ ਬਲਾਕ-ਵਾਰ ਵੰਡ ਵਿੱਚ ਮੋਹਾਲੀ ਬਲਾਕ ਵਿੱਚ ਸਰਪੰਚ ਲਈ 16 ਅਤੇ ਪੰਚਾਂ ਲਈ 27, ਖਰੜ ਬਲਾਕ ਵਿੱਚ ਸਰਪੰਚਾਂ ਲਈ 30 ਅਤੇ ਪੰਚਾਂ ਲਈ 52 ਨਾਮਜ਼ਦਗੀਆਂ ਸ਼ਾਮਲ ਹਨ। ਡੇਰਾਬੱਸੀ ਬਲਾਕ ਵਿੱਚ ਸਰਪੰਚਾਂ ਲਈ 66 ਅਤੇ ਪੰਚਾਂ ਲਈ 73 ਨਾਮਜ਼ਦਗੀਆਂ ਅਤੇ ਸਰਪੰਚਾਂ ਲਈ 66 ਅਤੇ ਪੰਚਾਂ ਲਈ 108 ਨਾਮਜ਼ਦਗੀਆਂ ਦਾਖ਼ਲ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਗ੍ਰਾਮ ਪੰਚਾਇਤ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਆਖਰੀ 4 ਅਕਤੂਬਰ ਹੈ।

## ਆੜ੍ਹਤੀਆਂ ਤੇ ਸ਼ੈਲਰ ਮਾਲਿਕਾਂ ਨਾਲ ਕੀਤੇ ਵਾਅਦੇ ਵੀ ਨਹੀਂ ਹੋਏ ਪੂਰੇ : ਅਰਵਿੰਦ ਖੰਨਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਝੋਨੇ ਦੇ ਖਰੀਦ ਅਤੇ ਸਾਂਭ ਸੰਭਾਲ ਦੇ ਪ੍ਰਬੰਧ ਕਰਨ ਵਿੱਚ ਬੁਰੀ ਤਰ੍ਹਾਂ ਨਾਕਾਮ ਰਹੀ ਹੈ।ਇੱਥੇ ਜਾਰੀ ਇੱਕ ਬਿਆਨ ਵਿੱਚ ਸ਼੍ਰੀ ਖੰਨਾ ਨੇ ਕਿਹਾ ਕਿ ਸਰਕਾਰ ਨੂੰ ਆੜ੍ਹਤੀਆਂ, ਕਿਸਾਨਾਂ ਅਤੇ ਸ਼ੈਲਰ ਮਾਲਿਕਾਂ ਦੀ ਸਮੱਸਿਆ ਵੱਲ ਫੌਰੀ ਤੌਰ ਤੇ ਧਿਆਨ ਦੇਣਾ ਚਾਹੀਦਾ ਹੈ ਪਰ ਇਹ ਸਰਕਾਰ ਮੰਡੀਆਂ ਦੇ ਪ੍ਰਧਾਨਾਂ ਤੇ ਦਬਾਅ ਬਣਾ ਰਹੀ ਹੈ ਕਿ ਖਰੀਦ ਅਤੇ ਸਾਂਭ-ਸੰਭਾਲ ਦੇ ਪ੍ਰਬੰਧ ਖੁਦ ਕਰਨ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਵੱਡੀ ਸਮੱਸਿਆ ਦੇ ਹੱਲ ਲਈ ਪੰਜਾਬ ਸਰਕਾਰ ਨੂੰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਈ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਭੱਜਣਾ ਚਾਹੀਦਾ ਬਲਕਿ ਸਥਿਤੀ ਨੂੰ ਸੰਭਾਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਿਛਲੇ ਸਾਲ ਵਾਅਦਾ ਕੀਤਾ ਸੀ ਕਿ ਆੜ੍ਹਤੀਆਂ ਦਾ ਕਮਿਸ਼ਨ 2.5 ਫੀਸਦੀ ਕੀਤਾ ਜਾਵੇਗਾ ਅਤੇ ਸ਼ੈਲਰ ਮਾਲਿਕਾਂ ਦੀਆਂ ਸਟੋਰੇਜ, ਬਾਰਦਾਨਾ ਅਤੇ ਬਕਾਇਆ ਪੇਮੈਂਟ ਸਮੇਤ ਸਾਰੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ।

## ਡਿਪਟੀ ਕਮਿਸ਼ਨਰ ਵੱਲੋਂ ਮੰਡੀਆਂ 'ਚ ਨਿਰਧਾਰਤ ਨਮੀ ਵਾਲਾ ਝੋਨਾ ਲਿਆਉਣ ਦੀ ਅਪੀਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਚੱਬੇਵਾਲ ਮੰਡੀ ਵਿੱਚ ਝੋਨੇ ਦੀ ਖਰੀਦ ਸ਼ੁਰੂ ਹੋ ਗਈ ਹੈ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਮੰਡੀ ਵਿੱਚ ਚੱਲ ਰਹੀ ਝੋਨੇ ਦੀ ਖਰੀਦ ਪ੍ਰਕਿਰਿਆ ਦਾ ਬਾਰੀਕੀ ਨਾਲ ਨਿਰੀਖਣ ਕਰਨ ਅਤੇ ਯਕੀਨੀ ਬਣਾਉਣ ਕਿ ਮੰਡੀਆਂ ਵਿੱਚ ਝੋਨੇ ਦੇ ਖਰੀਦ ਪ੍ਰਬੰਧਾਂ ਨੂੰ ਲੈ ਕੇ ਕੋਈ ਕਮੀ ਨਾ ਰਹੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਬਾਕੀ ਮੰਡੀਆਂ ਵਿੱਚ ਵੀ ਜਲਦੀ ਹੀ ਝੋਨੇ ਦੀ ਖਰੀਦ ਸ਼ੁਰੂ ਕਰ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਬੰਧੀ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਮੰਡੀਆਂ ਵਿੱਚ ਸਾਰੀਆਂ ਸਹੂਲਤਾਂ ਦਾ ਪੂਰਾ ਧਿਆਨ ਰੱਖਿਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਆੜ੍ਹਤੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਸਮੇਂ ਸਿਰ ਅਤੇ ਨਿਸ਼ਚਿਤ ਕੀਮਤ ਦੀ ਖਰੀਦ ਨੂੰ ਯਕੀਨੀ ਬਣਾਉਣਾ ਪ੍ਰਸ਼ਾਸਨ ਦੀ ਤਰਜੀਹ ਹੈ ਅਤੇ ਇਸ ਲਈ ਆੜ੍ਹਤੀਆਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਨਿਰਧਾਰਤ ਨਮੀ ਵਾਲਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਪ੍ਰਸ਼ਾਸਨ ਵੱਲੋਂ ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਕਿਸਾਨ ਹਿਤੈਸ਼ੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

# ਗਾਂਧੀ ਜੈਯੰਤੀ 'ਤੇ ਤਿੰਨ ਸ.ਫਾਈ ਸੇਵਕਾਂ ਦਾ ਸਨਮਾਨ



**ਗੁਰਾਇਆ (ਬਿੰਦਰ ਸੁਮਨ)** ਗਾਂਧੀ ਜੈਯੰਤੀ ਵਾਲੇ ਦਿਨ ਸਵੱਛਤਾ ਹੀ ਸੇਵਾ ਅਧੀਨ ਚਲਾਈ ਗਈ 17 ਸਤੰਬਰ ਤੋਂ 2 ਅਕਤੂਬਰ ਤੱਕ ਮੁਹਿਮ ਅਧੀਨ ਸਵੱਛਤਾ ਹੀ ਸੇਵਾ ਦੇ ਅਵਾਰਡ ਨਾਲ ਸਫਾਈ ਸੇਵਕਾਂ ਨੂੰ ਸਨਮਾਨਿਤ ਕੀਤਾ ਗਿਆ। ਗੁਰਪ੍ਰੀਤ, ਰਵਿੰਦਰ ਸਿੰਘ ਅਤੇ ਸੁੰਦਰ ਨੂੰ ਦੇਸਰਾਜ ਕਾਰਜ ਸਾਧਕ ਅਫਸਰ ਨਗਰ ਕੌਂਸਲ ਗੁਰਾਇਆ ਵੱਲੋਂ ਸਵੱਛਤਾ ਹੀ ਸੇਵਾ ਅਵਾਰਡ ਅਧੀਨ ਸਰਟੀਫਿਕੇਟ ਦੇ ਕੇ ਉਕਤ ਤਿੰਨਾਂ ਸਫਾਈ ਸੇਵਕਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸੀ ਐਫ ਮੈਡਮ, ਰਾਧੇ ਸ਼ਾਮ, ਮਨਦੀਪ, ਰਿੰਕੂ ਬੱਗੀ, ਅੰਬਾ, ਸੁਦਾਮਾ, ਸ਼੍ਰੀਮਤੀ ਸੀਤਾ, ਰੀਟਾ, ਅਨੂ, ਪ੍ਰਵੀਨ, ਰੇਖਾ, ਕੁਲਦੀਪ, ਸੱਵਿਤਾ ਆਦਿ ਸਮੇਤ ਨਗਰ ਕੌਂਸਲ ਦਾ ਸਮੂਹ ਸਟਾਫ ਹਾਜ਼ਰ ਸੀ। ਇਸ ਮਹਿਮਾ ਅਧੀਨ ਵੱਖ-ਵੱਖ ਪਬਲਿਕ ਅਤੇ ਸਰਕਾਰੀ ਸੰਸਥਾਵਾਂ ਆਦਿ ਦੀ ਸਫਾਈ ਕੀਤੀ ਗਈ ਲੋਕਾਂ ਨੂੰ ਗਿੱਲਾ ਤੇ ਸੁੱਕਾ ਕੂੜਾ ਆ ਦੇਣ ਲਈ ਵੀ ਪ੍ਰੇਰਿਤ ਕੀਤਾ ਗਿਆ ਅਤੇ ਕਾਰਜ ਸਾਧਕ ਅਫਸਰ ਵੱਲੋਂ ਨਗਰ ਨਿਵਾਸੀਆਂ ਨੂੰ ਸਫਾਈ ਸੰਬੰਧੀ ਨਗਰ ਕੌਂਸਲ ਦਾ ਸਹਿਯੋਗ ਕਰਨ ਲਈ ਅਪੀਲ ਕੀਤੀ ਗਈ।

# ਘਾਤਕ ਬਿਮਾਰੀਆਂ ਤੋਂ ਮੁਕਤੀ ਲਈ ਰਾਮਬਾਣ ਸਿੱਧ ਹੋ ਰਹੀ ਸੀ ਐਮ ਦੀ ਯੋਗਸ਼ਾਲਾ



**ਜ਼ੀਰਕਪੁਰ (ਸਾਹਿਬਜ਼ਾਦਾ ਅਜੀਤ ਸਿੰਘ ਨਗਰ),** (ਗੁਰਜੀਤ ਬਿੱਲਾ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਨਾਲ ਜੋੜਨ ਲਈ ਚਲਾਈ ਸੀ ਐਮ ਦੀ ਯੋਗਸ਼ਾਲਾ ਹੁਣ ਆਮ ਲੋਕਾਂ ਲਈ ਖਿੱਚ ਦਾ ਕੇਂਦਰ ਬਣ ਲੱਗੀ ਹੈ।ਯੋਗਾ ਕਲਾਸਾਂ 'ਚ ਲੋਕਾਂ ਦੀ ਵਧਦੀ ਮੈਂਬਰਸ਼ਿੱਪ ਅਤੇ ਲੋਕਾਂ ਨੂੰ ਮਿਲ ਰਹੀ ਪੁਰਾਣੀਆਂ ਅਤੇ ਘਾਤਕ ਬਿਮਾਰੀਆਂ ਤੋਂ ਰਾਹਤ ਲੋਕਾਂ ਨੂੰ ਯੋਗਾ ਦੀ ਅਹਿਮੀਅਤ ਬਾਰੇ ਦੱਸ ਰਹੀ ਹੈ।ਇਹ ਪ੍ਰਗਟਾਵਾ ਕਰਦਿਆਂ ਸੀ ਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਪ੍ਰਤਿਮਾ ਡਾਵਰ ਨੇ ਦੱਸਿਆ ਕਿ ਸੀ ਐਮ ਦੀ ਯੋਗਸ਼ਾਲਾ ਤਹਿਤ ਚਲਾਈਆਂ ਜਾ ਰਹੀਆਂ ਯੋਗਾ ਕਲਾਸਾਂ ਵਾਸਤੇ ਮਾਹਿਰ ਯੋਗਾ ਟ੍ਰੇਨਰ ਲਾਏ ਗਏ ਹਨ ਜੋ ਯੋਗਾ ਵਿੱਚ ਘੱਟੋ-ਘੱਟ ਪੀ ਜੀ ਡਿਪਲੋਮਾ/ਡਿਗਰੀ ਹੋਲਡਰ ਹਨ। ਇੱਕ ਟ੍ਰੇਨਰ ਨੂੰ ਦਿਨ 'ਚ ਇੱਕ-ਇੱਕ ਘੰਟੇ ਦੀ ਮਿਆਦ ਦੀਆਂ 6-6 ਕਲਾਸਾਂ ਦਿੱਤੀਆਂ ਜਾਂਦੀਆਂ ਹਨ ਜੋ ਸਵੇਰ ਤੋਂ ਲੈ ਕੇ ਸ਼ਾਮ ਤੱਕ ਚਲਦੀਆਂ ਹਨ।ਉਨ੍ਹਾਂ ਦੱਸਿਆ ਕਿ ਜ਼ੀਰਕਪੁਰ ਦੇ ਬਚਪਨ ਸਕੂਲ ਪਾਰਕ (ਸਵੇਰ ਤੇ ਸ਼ਾਮ ਦੀਆਂ ਦੋ ਕਲਾਸਾਂ), ਟਿਊਬਵੈਲ ਪਾਰਕ ਜਰਨੈਲ ਐਨਕਲੇਵ-1, ਸ੍ਰੀ ਚਰਨ ਕਮਲ ਸਾਹਿਬ ਗੁਰਦੁਆਰਾ, ਸੰਤ ਨਿਰੰਕਾਰੀ ਭਵਨ, ਜਰਨੈਲ ਦੌਲਤ ਸਿੰਘ ਪਾਰਕ ਭਬਾਤ ਵਿਖੇ ਯੋਗਾ ਕਲਾਸਾਂ ਲੈ ਰਹੀ ਯੋਗਾ ਟ੍ਰੇਨਰ ਸ਼ੀਤਲ ਚੰਡੀਗੜ੍ਹ ਦੇ ਸੈਕਟਰ 23 ਦੇ ਕਲਾਜ ਤੋਂ ਯੋਗਾ 'ਚ ਪੋਸਟ ਗ੍ਰੈਜੂਏਟ ਡਿਪਲੋਮਾ ਹੋਲਡਰ ਹੋਣ ਤੋਂ ਬਾਅਦ ਹੁਣ ਆਪਣੀ ਪੋਸਟ ਗ੍ਰੈਜੂਏਟ ਡਿਗਰੀ ਵੀ ਨਾਲੋ-ਨਾਲ ਕਰ ਰਹੀ ਹੈ। ਉਸ ਕੋਲ ਯੋਗਾ ਸਿੱਖਣ ਆ ਰਹੇ ਲੋਕ ਆਪਣੀ ਜੀਵਨ ਸ਼ੈਲੀ 'ਚ ਵੱਡਾ ਬਦਲਾਅ ਮਹਿਸੂਸ ਕਰ ਰਹੇ ਹਨ।ਸ਼ੀਤਲ ਅਨੁਸਾਰ ਉਸ ਕੋਲ 150 ਤੋਂ ਵਧੇਰੇ ਭਾਗੀਦਾਰ ਰੋਜ਼ਾਨਾ ਲਾਈਆਂ ਜਾ ਰਹੀਆਂ 6 ਯੋਗਾ ਕਲਾਸਾਂ 'ਚ ਆਉਂਦੇ ਹਨ, ਜਿਨ੍ਹਾਂ 'ਚੋਂ ਦੋ ਕੇਸਾਂ ਦਾ ਜ਼ਿਕਰ ਕਰਨਾ ਉਹ ਬਹੁਤ ਜ਼ਰੂਰੀ ਸਮਝਦੀ ਹੈ। ਇਨ੍ਹਾਂ 'ਚੋਂ ਇੱਕ ਮਹਿਲਾ ਨੂੰ ਯੋਗਾ ਤੋਂ ਬਾਅਦ ਛਾਤੀ ਦੇ ਕੈਂਸਰ ਜਿਹੀ ਸਮੱਸਿਆ ਤੋਂ ਰਾਹਤ ਮਿਲੀ ਹੈ ਜਦਕਿ ਇੱਕ ਹੋਰ ਮਹਿਲਾ ਨੂੰ ਬ੍ਰੇਨ ਦੀ ਟਿਊਮਰ ਵਰਗੀ ਬਿਮਾਰੀ ਤੋਂ ਰਾਹਤ ਮਹਿਸੂਸ ਹੋਈ ਹੈ। ਉਸ ਦਾ ਕਹਿਣਾ ਹੈ ਕਿ ਉਹ ਖੁਦ ਇਨ੍ਹਾਂ ਦੋਵਾਂ ਨੂੰ ਯੋਗਾ ਤੋਂ ਮਿਲੇ ਇਸ ਕਦਰ ਲਾਭ ਨੂੰ ਵੱਡਾ ਕ੍ਰਿਸ਼ਮਾ ਮੰਨਦੀ ਹੈ।ਇਸ ਤੋਂ ਇਲਾਵਾ ਸਰਵਾਇਕਲ ਦੇ ਦਰਦ, ਸ਼ੂਗਰ, ਬੀ ਪੀ ਦੀ ਸਮੱਸਿਆ, ਜੋੜਾਂ ਤੇ ਗੋਡਿਆਂ ਦੇ ਦਰਦ ਤੇ ਮੋਟਾਪੇ ਨਾਲ ਜੂਝਦੇ ਲੋਕ ਆਪਣੀਆਂ ਇਨ੍ਹਾਂ ਮੁਸ਼ਕਿਲਾਂ ਤੋਂ ਵੱਡੀ ਰਾਹਤ ਮਹਿਸੂਸ ਕਰ ਰਹੇ ਹਨ। ਉਸ ਦਾ ਕਹਿਣਾ ਹੈ ਕਿ ਯੋਗਾ ਅਤੇ ਮੈਡੀਟੇਸ਼ਨ ਸਰੀਰ ਅਤੇ ਦਿਮਾਗ ਨੂੰ ਆਰਾਮ ਪਹੁੰਚਾਉਂਦੇ ਹਨ, ਇਸ ਲਈ ਸਾਨੂੰ ਇਸ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਸੀ ਐਮ ਦੀ ਯੋਗਸ਼ਾਲਾ ਤਹਿਤ ਯੋਗਾ ਕਲਾਸ 'ਚ ਆਉਣ ਵਾਲਿਆਂ ਤੋਂ ਕੋਈ ਫ਼ੀਸ ਨਹੀਂ ਲਈ ਜਾਂਦੀ।

# ਅੱਖਾਂ ਦਾ ਵਿਸ਼ਾਲ ਮੈਗਾ ਕੈਂਪ 6 ਨੂੰ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਨਵਰਾਤਰਿਆਂ ਦੌਰਾਨ ਮਾਂ ਦੁਰਗਾ ਦੀ ਉਪਾਸਨਾ ਕਰਨ ਲਈ ਹਜ਼ਾਰਾਂ ਸ਼ਰਧਾਲੂ ਰੋਜ਼ਾਨਾ ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਜਨੌੜੀ ਵਿਖੇ ਨਤਮਸਤਕ ਹੁੰਦੇ ਹਨ।ਮੰਦਰ ਕਮੇਟੀ ਦੇ ਸਰਪ੍ਰਸਤ ਠਾਕੁਰ ਰਵੀ ਗਾਂਧੀ ਦੀ ਸਰਪ੍ਰਸਤੀ ਹੇਠ ਕਮੇਟੀ ਪ੍ਰਧਾਨ ਅਰਵਿੰਦ ਠਾਕੁਰ ਦੀ ਅਗਵਾਈ ਵਿੱਚ ਆਮ ਜਨਤਾ ਦੀ ਸਹੂਲਤ ਲਈ 6 ਅਕਤੂਬਰ ਨੂੰ ਮੰਦਰ ਵਿਖੇ ਇੱਕ ਵਿਸ਼ਾਲ ਮੈਗਾ ਅੱਖਾਂ ਦਾ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਪਿੰਡ ਨਿਵਾਸੀਆਂ ਤੋਂ ਇਲਾਵਾ ਰੇਖੀ ਹਰਬੰਸ ਹਸਪਤਾਲ ਟਾਂਡਾ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਇਸ ਕੈਂਪ ਦੌਰਾਨ ਡਾਕਟਰਾਂ ਦੀਆਂ ਟੀਮਾਂ ਮਰੀਜ਼ਾਂ ਦੇ ਸ਼ੂਗਰ ਟੈਸਟ ਤੋਂ ਇਲਾਵਾ ਹੋਰ ਕਈ ਪ੍ਰਕਾਰ ਦੇ ਟੈਸਟ ਮੁਫਤ ਕਰਨਗੀਆਂ ਅਤੇ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਕੇ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫਤ ਐਨਕਾਂ ਤੋਂ ਇਲਾਵਾ ਦਵਾਈਆਂ ਦੇਣਗੀਆਂ।ਉਨ੍ਹਾਂ ਕਿਹਾ ਕਿ 6 ਅਕਤੂਬਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲਣ ਵਾਲੇ ਇਸ ਕੈਂਪ ਦੌਰਾਨ ਮਾਤਾ ਦੇ ਸ਼ਰਧਾਲੂਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਕਮੇਟੀ ਦੇ ਵਲੰਟੀਅਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਇਸ ਮੌਕੇ ਹਰਦੀਪ ਸਿੰਘ, ਸਤਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਾਜਵਿੰਦਰ ਕੁਮਾਰ, ਇੰਦਰਜੀਤ ਕੌਰ, ਹਰਭਜਨ ਸਿੰਘ ਅਤੇ ਹੋਰ ਕਮੇਟੀ ਮੈਂਬਰ ਹਾਜ਼ਰ ਸਨ।



# ਸਵੱਛ ਭਾਰਤ ਅਭਿਆਨ ਤਹਿਤ ਵਿਸ਼ੇਸ਼ ਸਫਾਈ ਮੁਹਿੰਮ



**ਗੁਰਾਇਆ (ਬਿੰਦਰ ਸੁਮਨ)** ਸਫਾਈ ਪ੍ਰਬੰਧਨ ਨੂੰ ਬਿਹਤਰ ਕਰਨ ਅਤੇ ਲੋਕਾਂ ਨੂੰ ਸਵੱਛਤਾ ਲਈ ਪ੍ਰੇਰਿਤ ਕਰਨ ਲਈ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਿਤਾ ਲੂਨਾ ਨੇ ਦੱਸਿਆ ਕਿ ਇਸ ਮੁਹਿੰਮ ਵਿੱਚ ਸਮੂਚੇ ਸਟਾਫ ਵੱਲੋਂ ਯੋਗਦਾਨ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕੀ ਹਸਪਤਾਲ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਸਫਾਈ ਦੇ ਹਰ ਪੱਖ ਤੇ ਜ਼ੋਰ ਦਿੱਤਾ ਜਾਂ ਰਿਹਾ। ਇਸੇ ਸਬੰਧ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੜਾ ਪਿੰਡ ਵਿੱਚ ਵਿਦਿਆਰਥੀਆਂ ਅੰਦਰ ਸਵੱਛਤਾ ਸੰਬੰਧੀ ਜਾਗਰੂਕਤਾ ਪੈਦਾ ਕਰਨ ਲਈ ਪੇਂਟਿੰਗ ਮੁਕਾਬਲਾ ਕਰਵਾਇਆ ਗਿਆ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ। ਸਫ਼ਾਈ ਕਰਮਚਾਰੀਆਂ ਦੀ ਸਿਹਤ ਸੁਨਿਸ਼ਚਿਤ ਕਰਨ ਲਈ ਉਨ੍ਹਾਂ ਦੇ ਮੁਫ਼ਤ ਲੈਬ ਟੈਸਟ ਕੀਤੇ ਗਏ।ਡਾ. ਅਮਿਤਾ ਲੂਨਾ ਨੇ ਦੱਸਿਆ ਕਿ ਸਵੱਛ ਭਾਰਤ ਅਭਿਆਨ ਦਾ ਅਰੰਭ 2 ਅਕਤੂਬਰ 2014 ਨੂੰ ਮਹਾਤਮਾ ਗਾਂਧੀ ਜੀ ਦੇ ਜਨਮ ਦਿਵਸ 'ਤੇ ਕੀਤਾ ਗਿਆ ਸੀ, ਜਿਸਦਾ ਮੂਲ ਉਦੇਸ਼ ਭਾਰਤ ਨੂੰ ਗੰਦੇਗੀ ਤੋਂ ਮੁਕਤ ਕਰਨਾ।ਇਸ ਅਭਿਆਨ ਤਹਿਤ ਦੇਸ਼ ਦੇ ਹਰ ਇਕ ਹਿੱਸੇ ਵਿੱਚ ਘਰਾਂ, ਸਕੂਲਾਂ, ਰਸਤੇ ਅਤੇ ਆਮ ਸਥਾਨਾਂ ਦੀ ਸਫਾਈ ਨੂੰ ਯਕੀਨੀ ਬਣਾਉਣਾ ਹੈ।ਇਸਦੇ ਨਾਲ-ਨਾਲ ਕੂੜੇ-ਕਰਕਟ ਦੀ ਠੀਕ ਹੰਡਲਿੰਗ ਅਤੇ ਰੀਸਾਈਕਲਿੰਗ ਲਈ ਵੀ ਜਾਗਰੂਕਤਾ ਫੈਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕੀ ਜਿਸ ਤਰ੍ਹਾਂ ਅਸੀ ਆਪਣੇ ਘਰ ਨੂੰ ਸਾਫ ਰੱਖਦੇ ਹਾ ਉਸੇ ਤਰੀਕੇ ਨਾਲ ਸਾਨੂੰ ਸਰਵਜਨਿਕ ਅਦਾਰਿਆਂ ਅਤੇ ਜਗਾਵਾਂ ਨੂੰ ਵੀ ਸਾਫ਼ ਰੱਖਣਾ ਚਾਹੀਦਾ ਹੈ ਤਾ ਹੀ ਅਸੀਂ ਮਹਾਤਮਾ ਗਾਂਧੀ ਦੇ ਸਵੱਛ ਭਾਰਤ ਦੇ ਸੁਪਨੇ ਨੂੰ ਸਾਕਾਰ ਕਰ ਸਕਦੇ ਹਾ।ਇਸ ਮੌਕੇ ਮੈਡੀਕਲ ਅਫ਼ਸਰ ਡਾ ਮਮਤਾ ਗੌਤਮ, ਮੈਡੀਕਲ ਅਫ਼ਸਰ ਡੈਂਟਲ ਡਾ. ਅਵਿਨਾਸ਼ ਮੰਗੋਤਰਾ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਬਲਜਿੰਦਰ ਸਿੰਘ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਵਰੁਣ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਤੈਨੂੰ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਸੋਨਿਆਂ, ਬਲਾਕ ਐਜੂਕੇਟਰ ਪ੍ਰੀਤਇੰਦਰ ਸਿੰਘ, ਹੈਲਥ ਸੁਪਰਵਾਈਜ਼ਰ ਕੁਲਦੀਪ ਵਰਮਾ, ਫਾਰਮਾਸਿਸਟ ਜਸਵੀਰ, ਲੈਬ ਟੈਕਨੀਸ਼ੀਅਨ ਉਮੇਸ਼, ਲੈਬ ਟੈਕਨੀਸ਼ੀਅਨ ਹਰਦੀਪ ਅਤੇ ਸਮੂਚਾ ਸਟਾਫ ਹਾਜ਼ਰ ਸੀ।

# ਪ੍ਰੀਖਿਆ ਸ਼ਾਖਾਵਾਂ ਵੱਲੋਂ ਸ਼ਡਿਊਲ ਦੀ ਸਖਤੀ ਨਾਲ ਪਾਲਣਾ ਕਰਨ ਦੇ ਆਦੇਸ਼

**ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ)**- ਬੋਰਡ ਦਫਤਰ ਦੀਆਂ ਪ੍ਰੀਖਿਆ ਸ਼ਾਖਾਵਾਂ ਵਲੋਂ ਵੱਖ ਵੱਖ ਕਾਰਜਾਂ ਜਿਵੇਂ ਕਿ ਪ੍ਰੀਖਿਆ ਫਾਰਮ, ਪ੍ਰੀਖਿਆ ਫੀਸ ਭਰਨ ਸਬੰਧੀ, ਅੰਕ ਅਪਲੋਡ ਕਰਨ ਸਬੰਧੀ, ਚੋਣਵੇਂ ਵਿਸ਼ੇ ਦੇ ਲਿਖਤੀ ਪ੍ਰਯੋਗੀ ਅੰਕ ਆਨਲਾਈਨ ਅਪਲੋਡ ਕਰਨ ਸਬੰਧੀ, ਪ੍ਰੀਖਿਆਰਥੀਆਂ ਦੇ ਵੇਰਵੇ, ਫੋਟੋ ਵਿਸ਼ਿਆਂ/ਸਟਰੀਮ ਆਦਿ ਦੀਆ ਸੋਧਾਂ ਸਬੰਧੀ ਸ਼ਡਿਊਲ ਜਾਰੀ ਕੀਤੇ ਜਾਂਦੇ ਹਨ, ਪ੍ਰੰਤੂ ਕੁਝ ਸਕੂਲ ਬੋਰਡ ਵਲੋਂ ਨਿਰਧਾਰਿਤ ਕੀਤੇ ਗਏ ਸ਼ਡਿਊਲ ਦੀ ਸਖਤੀ ਨਾਲ ਪਾਲਣਾ ਨਹੀਂ ਕਰਦੇ, ਜਿਸ ਕਾਰਨ ਬੋਰਡ ਦਫਤਰ ਵਲੋਂ ਸਮਾਂਬੱਧ ਕੀਤੇ ਜਾਣ ਵਾਲੇ ਕਾਰਜਾਂ ਵਿੱਚ ਖੜੋਤ/ਵਿਘਨ ਪੈਂਦਾ ਹੈ ਅਤੇ ਨਤੀਜਾ ਘੋਸ਼ਿਤ ਕਰਨ ਵਿੱਚ ਬੇਲੋੜੀ ਦੇਰੀ ਹੁੰਦੀ ਹੈ। ਜਿਸ ਨਾਲ ਬੋਰਡ ਦਫਤਰ ਅਤੇ ਆਮ ਪਬਲਿਕ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਕਾਦਮਿਕ ਸਾਲ 2024-25 ਦੌਰਾਨ ਵੀ ਦਫਤਰ ਵਲੋਂ ਵੱਖ ਵੱਖ ਕਾਰਜਾਂ ਲਈ ਸ਼ਡਿਊਲ ਨਿਰਧਾਰਤ ਕੀਤੇ ਜਾ ਰਹੇ ਹਨ, ਜਿਸ ਵਿੱਚ ਸਕੂਲਾਂ ਨੂੰ ਕਾਰਜ ਮੁਕੰਮਲ ਕਰਨ ਲਈ ਉਚਿਤ ਸਮਾਂ ਦਿੱਤਾ ਜਾ ਰਿਹਾ ਹੈ। ਸ਼ਡਿਊਲ ਜਾਰੀ ਕਰਨ ਉਪਰੰਤ ਇਸ ਦੀ ਸੂਚਨਾ ਸਕੂਲਾਂ ਦੀ ਲਾਗ-ਇਨ ਆਈ.ਡੀ ਅਤੇ ਬੋਰਡ ਦਫਤਰ ਦੀ ਵੈਬ-ਸਾਈਟ ਤੇ ਉਪਲੱਬਧ ਹੋਵੇਗੀ। ਜੇਕਰ ਕਿਸੇ ਸੰਸਥਾ/ਸਕੂਲ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਸਮੇਂ ਸਿਰ ਕਾਰਵਾਈ ਨਹੀਂ ਕੀਤੀ ਜਾਂਦੀ, ਤਾਂ ਇਸ ਦੀ ਸਾਰੀ ਅਣਗਹਿਲੀ ਲਈ ਸਕੂਲ ਜ਼ਿੰਮੇਵਾਰ ਹੋਵੇਗਾ। ਅਜਿਹੀ ਸੂਰਤ ਵਿੱਚ ਬੋਰਡ ਨਾਲ ਸਬੰਧਤ ਐਸੋਸੀਏਟਡ/ਐਫੀਲਿਏਟਡ ਸੰਸਥਾਵਾਂ ਵਿਰੁੱਧ ਐਫੀਲਿਏਸ਼ਨ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸੇ ਤਰ੍ਹਾਂ ਸਰਕਾਰੀ ਸਕੂਲਾਂ ਦੇ ਕੇਸਾਂ ਵਿੱਚ ਸਬੰਧਤ ਸਕੂਲਾਂ ਦੇ ਪ੍ਰਿੰਸੀਪਲ/ਮੁੱਖ ਅਧਿਆਪਕ ਵਿਰੁੱਧ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕਰਨ ਲਈ ਡਾਇਰੈਕਟਰ ਸਿੱਖਿਆ ਵਿਭਾਗ (ਸੈਕੰਡਰੀ/ ਐਲੀਮੈਂਟਰੀ ) ਨੂੰ ਲਿਖ ਕੇ ਭੇਜਿਆ ਜਾਵੇਗਾ।

# ਅਕਾਲਾ ਦੇ ਲੋਕਾਂ ਨਿਰਮਲ ਕੌਰ ਨੂੰ ਸਰਬਸੰਮਤੀ ਨਾਲ ਸਰਪੰਚ ਚੁਣਿਆ



**ਭੁਲੱਥ, (ਮਨਪ੍ਰੀਤ ਸਿੰਘ)** ਇਥੋਂ ਥੋੜੀ ਦੂਰੀ 'ਤੇ ਪੈਂਦੇ ਪਿੰਡ ਅਕਾਲਾ ਵਿੱਚ ਸਰਬ ਸੰਮਤੀ ਨਾਲ ਪੰਚਾਇਤੀ ਚੋਣ ਹੋਈ।ਇਸ ਮੌਕੇ ਪਿੰਡ ਦੇ ਪਤਵੰਤਿਆਂ ਅਤੇ ਮੋਹਤਬਾਰਾਂ ਲੋਕਾਂ ਵੱਲੋਂ ਸਰਬਸੰਮਤੀ ਨਾਲ ਪਿੰਡ ਅਕਾਲਾ ਦੇ ਨਿਰਮਲ ਕੌਰ ਨੂੰ ਸਰਪੰਚ ਚੁਣਿਆ ਗਿਆ।ਇਸ ਮੌਕੇ ਗੁਰਚਰਨ ਸਿੰਘ, ਬਲਵਿੰਦਰ ਸਿੰਘ, ਮਨਜੀਤ ਕੌਰ, ਦਰਸ਼ੋ ਤੇ ਜਸਵਿੰਦਰ ਸਿੰਘ ਮੈਂਬਰ ਪੰਚਾਇਤ ਚੁਣੇ ਗਏ।ਚੁਣੇ ਗਏ ਸਰਪੰਚ ਨਿਰਮਲ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਅਕਾਲਾ ਦੇ ਵਿਕਾਸ ਦੇ ਕੰਮਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਪਿੰਡ ਦੇ ਹਰੇਕ ਵਸਨੀਕ ਦਾ ਕੰਮ ਬਿਨਾ ਕਿਸੇ ਭੇਦ ਭਾਵ ਦੇ ਆਧਾਰ 'ਤੇ ਕੀਤਾ ਜਾਵੇਗਾ।ਉਹਨਾਂ ਕਿਹਾ ਕਿ ਜੋ ਪਿੰਡ ਅਕਾਲਾ 'ਚ ਵਿਕਾਸ ਦੇ ਕੰਮ ਰੁਕੇ ਹੋਏ ਹਨ, ਉਹਨਾਂ ਵਿਕਾਸ ਦੇ ਕੰਮਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ।

# ਬਹਿਲੂਰ ਕਲਾਂ ਦੇ ਕਿਸਾਨ ਨਾਲ ਏ ਟੀ ਐਮ 'ਚ ਠੱਗੀ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਇੱਥੇ ਨਜ਼ਦੀਕੀ ਪਿੰਡ ਬਹਿਲੂਰ ਕਲਾਂ ਦੇ ਕਿਸਾਨ ਦੀ ਮਾਛੀਵਾੜਾ ਰੋਡ 'ਤੇ ਸਥਿਤ ਰਾਹੋਂ ਐਚ ਡੀ ਐਫ ਸੀ ਏ.ਟੀ.ਐਮ ਅੰਦਰ ਠੱਗੀ ਵੱਜਣ ਦਾ ਸਮਾਚਾਰ ਮਿਲਿਆ। ਬੀਤੇ ਦਿਨ ਪਿੰਡ ਬਹਿਲੂਰ ਕਲਾਂ ਦਾ ਕਿਸਾਨ ਰਸਾਲ ਸਿੰਘ ਪੁੱਤਰ ਲਛਕਰ ਰਾਹੋਂ ਮਾਛੀਵਾੜਾ ਰੋਡ ਤੇ ਸਥਿਤ ਐਚ ਡੀ ਐਫ ਸੀ ਬੈਂਕ ਦੇ ਏ.ਟੀ.ਐਮ. ਦੇ ਅੰਦਰ ਆਪਣਾ ਕਾਰਡ ਲਗਾ ਕੇ ਪੈਸੇ ਕਢਵਾ ਰਿਹਾ ਸੀ ਪਰ ਵਾਰ-ਵਾਰ ਏ.ਟੀ.ਐਮ. ਕਾਰਡ ਲਗਾਉਣ ਦੇ ਬਾਵਜੂਦ ਏ.ਟੀ.ਐਮ. ਵਿੱਚੋਂ ਪੈਸੇ ਬਾਹਰ ਨਹੀਂ ਆ ਰਹੇ ਸਨ। ਇਨ੍ਹੇ ਨੂੰ ਪਿੱਛੇ ਤੋਂ ਦੋ ਵਿਅਕਤੀ ਜਿਨ੍ਹਾਂ ਵਿੱਚੋਂ ਇੱਕ ਏ ਟੀ ਐਮ ਦੇ ਅੰਦਰ ਆ ਗਿਆ ਤੇ ਦੂਸਰਾ ਬਾਹਰ ਖੜ੍ਹਾ ਰਿਹਾ। ਅੰਦਰ ਆਏ ਵਿਅਕਤੀ ਨੇ ਰਸਾਲ ਸਿੰਘ ਨੂੰ ਕਿਹਾ ਕਿ 'ਤੁਸੀਂ ਬਾਰ-ਬਾਰ ਕਾਰਡ ਲਗਾ ਰਹੇ ਹੋ ਪਰ ਏ.ਟੀ.ਐਮ. ਵਿਚੋਂ ਪੈਸੇ ਬਾਹਰ ਨਹੀਂ ਆ ਰਹੇ, ਲਿਆਓ ਮੈਂ ਤੁਹਾਡੇ ਪੈਸੇ ਕਢਵਾ ਦਿੰਦਾ ਹਾਂ' ਉਕਤ ਨੌਜਵਾਨ ਨੇ ਰਸਾਲ ਸਿੰਘ ਤੋਂ ਏ ਟੀ ਐਮ ਕਾਰਡ ਲੈ ਕੇ ਆਪ ਪੈਸੇ ਕੱਢਣ ਲਈ ਇਕ-ਦੋ ਵਾਰ ਕਾਰਡ ਲਗਾਇਆ ਤੇ ਇੰਨੇ ਸਮੇਂ ਨੂੰ ਦੂਸਰਾ ਸਾਥੀ ਵੀ ਏ ਟੀ ਐਮ ਅੰਦਰ ਆ ਗਿਆ ਤੇ ਉਸ ਨੇ ਬੜੀ ਹੁਸ਼ਿਆਰੀ ਨਾਲ ਏ ਟੀ ਐਮ ਕਾਰਡ ਬਦਲੀ ਕਰ ਲਿਆ ਉਹਨਾਂ ਰਸਾਲ ਸਿੰਘ ਨੂੰ ਕਿਹਾ ਕਿ ਤੁਹਾਡਾ ਕਾਰਡ ਕੰਮ ਨਹੀਂ ਕਰ ਰਿਹਾ ਤੇ ਤੁਸੀਂ ਇਸ ਸੰਬੰਧੀ ਐਚ ਡੀ ਐਫ ਸੀ ਬੈਂਕ ਮੈਨੇਜਰ ਨੂੰ ਮਿਲੋ ਇੰਨੇ ਸਮੇਂ ਦੌਰਾਨ ਉਨ੍ਹਾਂ ਰਸਾਲ ਸਿੰਘ ਤੋਂ ਏ.ਟੀ.ਐਮ. ਕਾਰਡ ਦਾ ਪਾਸਵਰਡ ਵੀ ਲੈ ਲਿਆ। ਰਸਾਲ ਸਿੰਘ ਤਾਂ ਉਥੋਂ ਘਰ ਨੂੰ ਚੱਲ ਗਿਆ ਪਰ ਕੁਝ ਹੀ ਮਿੰਟਾਂ ਬਾਅਦ ਉਸ ਦੇ ਖਾਤੇ ਵਿੱਚੋਂ 20,000 ਨਿਕਲ ਚੁੱਕੇ ਸਨ, ਇਸ ਬਾਰੇ ਉਸ ਨੂੰ ਮੋਬਾਈਲ ਐਸ ਐਮ ਐਸ 'ਤੇ ਪਤਾ ਲੱਗਾ ਇਸ ਸੰਬੰਧੀ ਉਹਨਾਂ ਬੈਂਕ ਮੈਨੇਜਰ ਨਾਲ ਸੰਪਰਕ ਕਰਕੇ ਆਪਣੇ ਬੈਂਕ ਖਾਤੇ ਵਿੱਚੋਂ ਹੋਰ ਪੈਸੇ ਨਾ ਕਢਵਾਏ ਜਾ ਸਕਣ ਦੀ ਸੂਚਨਾ ਦਿੱਤੀ। ਇਸ ਮੌਕੇ ਉੱਘੇ ਸਮਾਜ ਸੇਵੀ ਨਰੇਸ਼ ਜੈਨ ਨੇ ਲੋਕਾਂ ਨੂੰ ਏ.ਟੀ.ਐਮ. ਲੁਟੇਰਿਆਂ ਤੋਂ ਸਾਵਧਾਨ ਰਹਿਣ ਲਈ ਕਿਹਾ ਹੈ।

# ਸਫਾਈ ਸੇਵਕਾਂ ਨੂੰ ਸੇਫਟੀ ਕਿੱਟਾਂ ਵੰਡੀਆਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਜ਼ਿਲ੍ਹਾ ਪ੍ਰਸ਼ਾਸਨ ਰੂਪਨਗਰ ਦੀਆਂ ਹਦਾਇਤਾਂ ਅਨੁਸਾਰ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਦੀ ਅਗਵਾਈ ਹੇਠ ਹਰਬਖ਼ਸ਼ ਸਿੰਘ ਕਾਰਜ ਸਾਧਕ ਅਫਸਰ, ਮਦਨ ਲਾਲ ਸੈਨੇਟਰੀ ਇੰਸਪੈਕਟਰ, ਐਡਵੋਕੇਟ ਮਨਦੀਪ ਸਿੰਘ ਪ੍ਰੋਗਰਾਮ ਕੋਆਰਡੀਨੇਟਰ ਅਤੇ ਉਹਨਾਂ ਦੀ ਸਮੂਹ ਟੀਮ ਵੱਲੋਂ ਸਵੱਛਤਾ ਹੀ ਸੇਵਾ 2024 ਸਬੰਧੀ ਇੱਕ ਵਿਸ਼ੇਸ਼ ਮੁਹਿੰਮ ਤਹਿਤ ਸਫਾਈ ਵਿਵਸਥਾ ਨੂੰ ਹੋਰ ਵਧੀਆ ਕਰਨ ਲਈ ਹਰੇਕ ਸਫਾਈ ਕਰਮਚਾਰੀਆਂ ਨੂੰ ਵਾਰਡ ਨੰ: 1 ਦੇ ਜੰਜਘਰ ਵਿਖੇ ਪਰਸਨਲ ਸੇਫਟੀ ਇਕਿਊਪਮੈਂਟ (ਪੀ.ਪੀ.ਈ) ਕਿੱਟਾਂ ਵੰਡੀਆਂ ਗਈਆਂ। 14 ਸਤੰਬਰ ਤੋਂ 2 ਅਕਤੂਬਰ ਤੱਕ ਵਿਸ਼ੇਸ਼ ਪੰਦਰਵਾੜਾ ਮਨਾਇਆ ਜਾ ਰਿਹਾ ਹੈ ਜਿੱਥੇ ਗੁਰੂ ਨਗਰੀ ਦੀ ਸਾਫ ਸਫਾਈ ਦਾ ਖਾਸ ਧਿਆਨ ਦਿੱਤਾ ਜਾ ਰਿਹਾ ਹੈ ਉਥੇ ਹੀ ਸਫਾਈ ਕਰਮਚਾਰੀਆਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਉਹਨਾਂ ਦੀ ਸੇਫਟੀ ਲਈ ਪਰਸਨਲ ਸੇਫਟੀ ਇਕਿਊਪਮੈਂਟ (ਪੀ ਪੀ ਈ) ਕਿੱਟਾਂ ਵੰਡੀਆਂ ਗਈਆਂ ਹਨ ਤਾਂ ਕਿ ਸਫਾਈ ਕਰਮਚਾਰੀ ਇਹਨਾਂ ਉਪਕਰਨਾਂ ਦੇ ਜ਼ਰੀਏ ਆਪਣੇ ਆਪ ਨੂੰ ਭਿਅੰਕਰ ਬਿਮਾਰੀਆਂ ਤੋਂ ਦੂਰ ਰੱਖ ਸਕਣ। ਇਸ ਤੋਂ ਇਲਾਵਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਆਪਣੇ ਘਰਾਂ ਦੁਕਾਨਾਂ ਰੇਹੜੀਆਂ, ਫੜ੍ਹੀਆਂ, ਫੈਕਟਰੀਆਂ, ਹੋਟਲਾਂ ਦੇ ਆਲੇ ਦੁਆਲੇ ਸਾਫ ਸਫਾਈ ਸਬੰਧੀ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਨਗਰ ਕੌਂਸਲ ਦੀ ਆ ਰਹੀ ਗੱਡੀ ਵਿੱਚ ਗਿੱਲਾ ਅਤੇ ਸੁੱਕਾ ਕੂੜਾ ਅਲੱਗ ਅਲੱਗ ਪਾਇਆ ਜਾਵੇ।ਇਸ ਮੌਕੇ ਪਰਮਜੀਤ ਸੋਨੂੰ, ਸਤੀਸ਼, ਸੁਖਦੇਵ ਸਿੰਘ, ਰਜਿੰਦਰ ਕਾਲਾ, ਗੁਰਮੀਤ ਸਿੰਘ ਅਸ਼ੋਕ, ਰੋਹਿਤ ਕੁਮਾਰ, ਲੋਕੇਸ਼ ਕੁਮਾਰ, ਪਰਮਜੀਤ ਬੱਬੀ, ਸਮੀਰ, ਸ਼ਾਮ ਲਾਲ ਕਰੂਰਾ, ਧਰਮਵੀਰ, ਬਿੰਦਰ ਚੰਦਪੁਰੀਆ, ਕਾਕੂ ਝੱਜ, ਬਲਵੀਰ ਕੁਮਾਰ, ਦਲਜੀਤ ਸਿੰਘ, ਸੰਜੀਵ ਕੁਮਾਰ, ਮਦਨ ਲਾਲ ਆਦਿ ਹਾਜ਼ਰ ਸਨ।

# ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਜਾਗਰੂਕਤਾ ਵੈਨਾਂ ਰਵਾਨਾ



**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)** -ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀ ਰਹਿਨੁਮਾਈ ਹੇਠ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਦੀ ਮੁਹਿੰਮ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਫ਼ੀ ਤੇਜ਼ੀ ਨਾਲ ਚੱਲ ਰਹੀ ਹੈ। ਇਸ ਮੁਹਿੰਮ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਜੀਵ ਵਰਮਾ ਵੱਲੋਂ ਅੱਜ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਲਈ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਵੈਨਾਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕਰਨ ਦਾ ਸੰਦੇਸ਼ ਦੇਣਗੀਆਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿਥੇ ਵਾਤਾਵਰਣ ਦੂਸ਼ਿਤ ਹੁੰਦਾ ਹੈ ਉਥੇ ਜ਼ਮੀਨਾਂ ਦੇ ਬੰਜਰ ਹੋਣ ਦਾ ਵੀ ਖਦਸ਼ਾ ਹੈ। ਇਸ ਨਾਲ ਆਉਣ ਵਾਲੀਆਂ ਪੀੜ੍ਹੀਆਂ ਦਾ ਬਹੁਤ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਵੱਲੋਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਕੋਈ ਵੀ ਕਿਸਾਨ ਪਰਾਲੀ ਨੂੰ ਅੱਗ ਨਾ ਲਗਾਵੇ ਅਤੇ ਮਸ਼ੀਨਰੀ ਦੀ ਸਹੀ ਵਰਤੋਂ ਕਰਕੇ ਇਸ ਦੀ ਸਾਂਭ ਸੰਭਾਲ ਕਰੇ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਰਜਿੰਦਰ ਕੁਮਾਰ ਕੰਬੋਜ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿਚ ਤਕਰੀਬਨ 2400 ਤੋਂ ਵੱਧ ਮਸ਼ੀਨਾਂ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਲਈ ਉਪਲਬੱਧ ਹਨ ਅਤੇ ਚਾਲੂ ਸਾਲ ਦੌਰਾਨ ਵੀ ਮਸ਼ੀਨਾਂ ਸਬਸਿਡੀ 'ਤੇ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਅਪੀਲ ਕੀਤੀ ਕਿ ਜਿਹੜੇ ਕਿਸਾਨ ਮਸ਼ੀਨਰੀ ਦੇ ਮਾਲਕ ਹਨ, ਉਹ ਆਪਣੀ ਮਸ਼ੀਨਰੀ ਦਾ ਪੂਰਾ ਇਸਤੇਮਾਲ ਕਰਨ ਅਤੇ ਜਿਨ੍ਹਾਂ ਕਿਸਾਨਾਂ ਕੋਲ ਮਸ਼ੀਨ ਨਹੀਂ ਹੈ ਉਹ ਆਪਣੇ ਪਿੰਡ ਦੀ ਸਹਿਕਾਰੀ ਸਭਾ ਜਾਂ ਬਲਾਕ ਖੇਤੀਬਾੜੀ ਅਫ਼ਸਰ ਨਾਲ ਸੰਪਰਕ ਕਰਨ। ਇਸ ਮੌਕੇ ਸਹਾਇਕ ਖੇਤੀਬਾੜੀ ਇੰਜੀਨੀਅਰ ਚੰਦਨ ਸ਼ਰਮਾ, ਡਿਪਟੀ ਪ੍ਰੋਜੈਕਟ ਡਾਇਰੈਕਟਰ ਆਤਮਾ ਡਾ. ਪਰਮਵੀਰ ਕੌਰ, ਖੇਤੀਬਾੜੀ ਉਪ ਨਿਰੀਖਕ ਸਰਬਜੀਤ ਸਿੰਘ, ਵਰਿੰਦਰ ਕੁਮਾਰ, ਇੰਦਰਜੀਤ ਆਦਿ ਹਾਜ਼ਰ ਸਨ।

# ਆਰ ਬੀ ਯੂ ਵਿਖੇ ਮਨਾਇਆ ਵਿਸ਼ਵ ਦਿਲ ਦਿਵਸ

**ਚੰਡੀਗੜ੍ਹ : (ਗੁਰਜੀਤ ਬਿੱਲਾ)** - ਰਿਆਤ-ਬਾਹਰਾ ਯੂਨੀਵਰਸਿਟੀ ਸਕੂਲ ਆਫ ਅਲਾਈਡ ਹੈਲਥ ਸਾਇੰਸਿਜ ਦੇ ਕਾਰਡੀਓਵੈਸਕੁਲਰ ਟੈਕਨਾਲੋਜੀ (ਸੀਵੀਟੀ) ਵਿਭਾਗ ਵਿੱਚ ਇੱਕ ਰੋਜ਼ਾ ਵਿਸ਼ਵ ਦਿਲ ਦਿਵਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਸੈਂਟਰਲ ਕੌਂਸਲ ਆਫ ਰਿਸਰਚ ਇਨ ਯੋਗਾ ਐਂਡ ਨੈਚਰੋਪੈਥੀ (ਸੀ.ਸੀ.ਆਰ.ਆਈ.ਐਨ ਸ਼ਾਖਾ ਪੀ ਜੀ ਆਈ ਐਮ ਈ ਆਰ, ਚੰਡੀਗੜ੍ਹ ਦੇ ਸਹਿਯੋਗ ਨਾਲ ਦਿਲ ਦੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਅਤੇ ਜਾਗਰੂਕਤਾ ਸਮਾਗਮਾਂ ਦਾ ਆਯੋਜਨ ਕੀਤਾ ਗਿਆ। ਸੀ ਸੀ ਆਰ ਆਈ ਐਨ -ਸੀ ਸੀ ਐਮ ਬੀ ਆਈ ਵਾਈ ਯੋਗਾ ਰਾਹੀਂ ਦਿਮਾਗ ਸਰੀਰ ਦੇ ਦਖਲਅੰਦਾਜ਼ੀ ਲਈ ਇੱਕ ਸਹਿਯੋਗੀ ਕੇਂਦਰ ਹੈ, ਜਿਸ ਦੀ ਸਥਾਪਨਾ ਸੈਂਟਰਲ ਕੌਂਸਲ ਫਾਰ ਰਿਸਰਚ ਇਨ ਯੋਗਾ ਐਂਡ ਨੈਚਰੋਪੈਥੀ ਦਿੱਲੀ ਅਤੇ ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ ਚੰਡੀਗੜ੍ਹ ਦੁਆਰਾ ਕੀਤੀ ਗਈ ਸੀ। ਡਾ: ਪੰਕਜ ਕੌਲ, ਡੀਨ, ਅਲਾਈਡ ਹੈਲਥ ਸਾਇੰਸਿਜ ਦੇ ਅਨੁਸਾਰ, ਈਵੈਂਟ ਮੁੱਖ ਤੌਰ 'ਤੇ ਵਿਦਿਆਰਥੀਆਂ ਅਤੇ ਸਟਾਫ ਨੂੰ ਕਾਰਡੀਓਵੈਸਕੁਲਰ ਬਿਮਾਰੀਆਂ ਦੇ ਲੱਛਣਾਂ ਅਤੇ ਹੋਰ ਉਲਝਣਾਂ ਤੋਂ ਬਚਣ ਲਈ ਜਾਗਰੂਕ ਕਰਨ 'ਤੇ ਕੇਂਦਰਿਤ ਸੀ । ਲੋਕਾਂ ਨੂੰ ਦਿਲ ਨਾਲ ਸਬੰਧਤ ਬਿਮਾਰੀਆਂ ਨੂੰ ਰੋਕਣ ਅਤੇ ਕੰਟਰੋਲ ਕਰਨ ਲਈ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸਾਹਿਤ ਕਰਨਾ ਸੀ। ਇਬਤਿਸਾਮ ਨਜ਼ੀਰ, ਸਹਾਇਕ ਪ੍ਰੋਫੈਸਰ, ਡਾਇਲਿਸਿਸ, ਭੀਮ ਸਿੰਘ, ਸੀਨੀਅਰ ਤਕਨੀਕੀ ਅਫਸਰ, ਸੀ ਵੀ ਟੀ ਨੇ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਦਾ ਪ੍ਰਬੰਧ ਕੀਤਾ। ਸੁਹਾਨੀ ਨੇ ਪੋਸਟਰ ਮੇਕਿੰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਟੈਕਨੋ ਕੁਇਜ਼ ਮੁਕਾਬਲੇ ਵਿੱਚ ਮੁਹੰਮਦ ਵਾਹਿਬ ਅਤੇ ਸੋਹੇਬ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਯੂ ਐੱਸ ਏ ਐੱਚ ਐੱਸ ਵੱਲੋਂ ਵਿਦਿਆਰਥੀਆਂ ਲਈ ਲਾਹੇਵੰਦ ਸਮਾਗਮਾਂ ਦੇ ਆਯੋਜਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

# ਵਿਸ਼ਵ ਫਾਰਮੇਸੀ ਦਿਵਸ 'ਤੇ ਸਮਾਰੋਹ ਕਰਵਾਇਆ



**ਹੁਸ਼ਿਆਰਪੁਰ, (ਬਲਵੀਰ ਸੈਣੀ, ਓ ਪੀ ਰਾਣਾ)**- ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਰਹਿਨੁਮਾਈ ਹੇਠ ਫਾਰਮਾਸਿਸਟ ਵੈਲਫੇਅਰ ਐਸੋਸੀਏਸ਼ਨ ਵਲੋਂ ਵਿਸ਼ਵ ਫਾਰਮੇਸੀ ਦਿਵਸ ਦੇ ਸਬੰਧ ਵਿੱਚ ਪ੍ਰੈਜ਼ੀਡੈਂਸੀ ਹੋਟਲ ਵਿੱਚ ਇੱਕ ਪ੍ਰਭਾਵਸ਼ਾਲੀ ਸਮਾਰੋਹ ਕਰਵਾਇਆ ਗਿਆ। ਐਸੋਸੀਏਸ਼ਨ ਦੇ ਚੇਅਰਮੈਨ ਸਾਥੀ ਸੱਤਪਾਲ ਲੱਠ ਦੀ ਅਗਵਾਈ ਹੇਠ ਕਰਵਾਏ ਇਸ ਸਮਾਰੋਹ ਵਿੱਚ ਸਰਕਾਰੀ ਨੌਕਰੀ ਕਰ ਰਹੇ, ਜ਼ਿਲ੍ਹਾ ਪ੍ਰੀਸ਼ਦ, ਸੇਵਾ ਮੁਕਤ ਫਾਰਮਾਸਿਸਟਾਂ ਵਲੋਂ ਸ਼ਮੂਲੀਅਤ ਕੀਤੀ ਗਈ। ਸਮਾਰੋਹ ਦੀ ਸ਼ੁਰੂਆਤ ਚੇਅਰਮੈਨ ਸਾਥੀ ਸੱਤਪਾਲ ਲੱਠ, ਸਾਥੀ ਸੁਰਿੰਦਰ ਘਈ ਦੀ ਧਰਮ ਪਤਨੀ ਸੁਖਵੰਤ ਕੌਰ ਅਤੇ ਖਾਸ ਤੌਰ 'ਤੇ ਹਿਮਾਚਲ ਤੋਂ ਪਹੁੰਚੇ ਸਾਬਕਾ ਸੀਨੀਅਰ ਫਾਰਮੇਸੀ ਅਫਸਰ ਸਾਥੀ ਰਾਮ ਕੁਮਾਰ ਵਲੋਂ ਸਾਂਝੇ ਤੌਰ 'ਤੇ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ। ਇਸ ਸਮਾਰੋਹ ਦੀ ਕਾਰਵਾਈ ਚਲਾਉਂਦਿਆਂ ਵੈਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਸਾਥੀ ਬਲਰਾਜ ਸਿੰਘ ਨੇ ਹਾਜ਼ਰ ਸਮੂਹ ਸਾਥੀਆਂ ਦੀ ਜਾਣ ਪਹਿਚਾਣ ਕਰਵਾਈ ਗਈ। ਉਹਨਾਂ ਵਲੋਂ ਅੱਜ ਦੇ ਦਿਨ ਦੀ ਮਹੱਤਤਾ ਸਬੰਧੀ ਅਤੇ ਜਥੇਬੰਦੀ ਵਲੋਂ ਸੂਬਾ ਪੱਧਰ 'ਤੇ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਜਨਰਲ ਸਕੱਤਰ ਦੀਪਾਂਜਲੀ ਭੱਟੀ ਵਲੋਂ ਫਾਰਮੇਸੀ ਕਿੱਤੇ ਦੀਆਂ ਮੁਸ਼ਕਿਲਾਂ ਅਤੇ ਅਹਿਮੀਅਤ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਵੇਂ ਵਿਸ਼ਵ ਪੱਧਰ 'ਤੇ ਇਸ ਕਿੱਤੇ ਨੂੰ ਬਹੁਤ ਉੱਚ ਪੱਧਰ ਦਾ ਦਰਜਾ ਹਾਸਲ ਹੈ ਪ੍ਰੰਤੂ ਸਾਡੇ ਦੇਸ਼ ਅੰਦਰ ਇਸ ਕਿੱਤੇ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਫਾਰਮੇਸੀ ਐਕਟ ਨੂੰ ਪੂਰਨ ਰੂਪ ਵਿੱਚ ਲਾਗੂ ਨਹੀਂ ਕੀਤਾ ਜਾ ਰਿਹਾ, ਜਿਸ ਲਈ ਸਾਨੂੰ ਸੰਘਰਸ਼ਾਂ ਦੇ ਨਾਲ-ਨਾਲ ਆਮ ਲੋਕਾਂ ਅਤੇ ਬੁੱਧੀਜੀਵੀਆਂ ਨੂੰ ਫਾਰਮਾਸਿਸਟ ਦੀ ਭੂਮਿਕਾ ਸਬੰਧੀ ਜਾਗਰੂਕ ਕਰਨ ਦੀ ਅਹਿਮ ਲੋੜ ਹੈ। ਜ਼ਿਲ੍ਹਾ ਪ੍ਰਧਾਨ ਸਾਥੀ ਇੰਦਰਜੀਤ ਵਿਰਦੀ ਵਲੋਂ ਜੱਥੇਬੰਦੀ ਦੀ ਮਹੱਤਤਾ, ਟ੍ਰੇਡ ਯੂਨੀਅਨ ਸਿਧਾਂਤਾਂ ਤੇ ਚੱਲਦਿਆਂ ਮੰਗਾਂ ਪ੍ਰਤੀ ਜਾਗਰੂਕ ਹੋ ਕੇ ਮੰਗਾਂ ਦੇ ਹਾਣ ਦਾ ਸੰਘਰਸ਼ ਉਲੀਕਣ ਅਤੇ ਸਾਂਝੀਆਂ ਮੰਗਾਂ ਦੀ ਪ੍ਰਾਪਤੀ ਲਈ ਸਾਂਝੇ ਸੰਘਰਸ਼ਾਂ ਦਾ ਹਿੱਸਾ ਬਣਨ 'ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਕੇਂਦਰੀ ਸਕੇਲ ਰੱਦ ਕਰਵਾਉਣੇ, ਪੁਰਾਣੀ ਪੈਨਸ਼ਨ ਲਾਗੂ ਕਰਵਾਉਣੀ ਅਤੇ ਫਾਰਮੇਸੀ ਐਕਟ ਨੂੰ ਲਾਗੂ ਕਰਵਾਉਣਾ ਮੁੱਖ ਚੁਣੌਤੀਆਂ ਹਨ। ਸਾਬਕਾ ਜ਼ਿਲ੍ਹਾ ਪ੍ਰਧਾਨ ਸਾਥੀ ਪਰਮਿੰਦਰ ਸਿੰਘ ਨੇ ਪਿਛਲੇ ਸਮੇਂ ਦੌਰਾਨ ਸੰਘਰਸ਼ਾਂ ਦੁਆਰਾ ਕੀਤੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਉਹਨਾਂ ਇਸ ਗੱਲ ਦੀ ਵੀ ਚੇਤਾਵਨੀ ਦਿੱਤੀ ਕਿ ਜਿਹੜੀਆਂ ਜਥੇਬੰਦੀਆਂ ਆਪਣੇ ਇਤਿਹਾਸ ਨੂੰ ਭੁੱਲ ਜਾਂਦੀਆਂ ਹਨ, ਉਹ ਕਦੇ ਵੀ ਸੰਘਰਸ਼ ਦੇ ਮੈਦਾਨ ਵਿੱਚ ਸਫਲ ਨਹੀਂ ਹੁੰਦੀਆਂ ਅਤੇ ਅਫਸਰਾਂ ਦੀ ਕਠਪੁਤਲੀ ਬਣ ਕੇ ਰਹਿ ਜਾਂਦੀਆਂ ਹਨ। ਇਸ ਇਕੱਤਰਤਾ ਨੂੰ ਸਾਬਕਾ ਪ੍ਰਧਾਨ ਗੋਪਾਲ ਦਾਸ ਮਲਹੋਤਰਾ, ਫਾਰਮੇਸੀ ਅਫਸਰ ਤਮੰਨਾ ਕਾਲੀਆ, ਰਮਨ ਸੈਣੀ, ਰੂਰਲ ਫਾਰਮੇਸੀ ਅਫਸਰਜ਼ ਯੂਨੀਅਨ ਆਗੂ ਅਜੈ ਸ਼ਰਮਾ, ਹਰਪਾਲ ਭੱਟੀ ਨੇ ਸਮੂਹ ਕੇਡਰ ਨੂੰ ਇੱਕਮੁੱਠ ਹੋ ਕੇ ਸਰਕਾਰ ਦੀਆਂ ਨੀਤੀਆਂ ਦਾ ਟਾਕਰਾ ਕਰਨ ਅਤੇ ਆਪਣੇ ਕਿੱਤੇ ਅਤੇ ਖਿੱਤੇ ਦੀ ਪਹਿਚਾਣ ਬਣਾਉਣ ਦੀ ਗੱਲ ਆਖੀ।

ਸਮਾਰੋਹ ਦੇ ਅੰਤ ਵਿੱਚ ਚੇਅਰਮੈਨ ਸਾਥੀ ਸੱਤਪਾਲ ਲੱਠ ਵਲੋਂ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਥੇਬੰਦੀ ਹੀ ਸਭ ਤੋਂ ਵੱਡੀ ਤਾਕਤ ਹੈ ਅਤੇ ਜਥੇਬੰਦ ਹੋ ਕੇ ਕੀਤੇ ਸੰਘਰਸ਼ਾਂ ਸਦਕਾ ਹੀ ਪ੍ਰਾਪਤੀਆਂ ਕੀਤੀਆਂ ਜਾ ਸਕਦੀਆਂ ਹਨ। ਇਸ ਮੌਕੇ ਪਿਛਲੇ ਸਾਲ ਸੇਵਾ ਮੁਕਤ ਹੋਏ ਸੀਨੀਅਰ ਫਾਰਮੇਸੀ ਅਫਸਰ ਮੈਡਮ ਸੰਜੀਵ ਸੈਣੀ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਰੋਹ ਨੂੰ ਸਫਲ ਬਣਾਉਣ ਵਿੱਚ ਅਜੈ ਸ਼ਰਮਾ, ਦੀਪਾਂਜਲੀ ਭੱਟੀ, ਰਘਵੀਰ ਸਿੰਘ ਵਲੋਂ ਅਹਿਮ ਯੋਗਦਾਨ ਪਾਉਣ ਤੇ ਸਾਰੀ ਕਮੇਟੀ ਵਲੋਂ ਧੰਨਵਾਦ ਕੀਤਾ ਗਿਆ।

# ਐੱਚ ਐਂਡ ਐੱਮ ਦਾ ਨਵਾਂ ਫੈਸਟਿਵ ਕੁਲੈਕਸ਼ਨ ਪੇਸ਼

**ਮੋਹਾਲੀ :** ਕੱਪੜਿਆਂ ਦੇ ਪ੍ਰਮੁੱਖ ਬ੍ਰਾਂਡ ਐਚ ਐਂਡ ਐਮ ਨੇ ਪੁਰਸ਼ਾਂ, ਔਰਤਾਂ ਅਤੇ ਬੱਚਿਆਂ ਲਈ ਇੱਕ ਸਪੈਸ਼ਲ ਕਲੈਕਸ਼ਨ ਦਾ ਖੁਲਾਸਾ ਕੀਤਾ ਹੈ ਜੋ ਜਸ਼ਨਾਂ ਦੀ ਭਾਵਨਾ ਨੂੰ ਕੈਪਚਰ ਕਰਦਾ ਹੈ। ਇਸ ਫੈਸਟਿਵ ਸੀਜ਼ਨ ਵਿੱਚ ਇਹ ਕੈਪਸੂਲ ਕੁਲੈਕਸ਼ਨ ਔਰਤਾਂ ਦੇ ਵੱਖ-ਵੱਖ ਅਵਸਰਾਂ 'ਤੇ ਇੱਕ ਵੱਖਰੀ ਲੁੱਕ ਅਤੇ ਖੂਬਸੂਰਤ ਦਿਸਣ ਲਈ ਬਣਾਏ ਗਏ ਪਹਿਰਾਵੇ ਨੂੰ ਪ੍ਰਦਰਸ਼ਿਤ ਕਰਦਾ ਹੈ । ਐੱਚ ਐਂਡ ਐਮ ਦੀ ਕੰਸੈਪਟ ਡਿਜ਼ਾਈਨਰ ਐਲੀਆਨਾ ਮਾਸਗਾਲੋਸ ਕਹਿੰਦੇ ਹਨ, ਅਸੀਂ ਫੈਸਟਿਵ ਸੀਜ਼ਨ ਨੂੰ ਦਿਲਚਸਪ ਅਤੇ ਵਿਸ਼ੇਸ਼ ਬਣਾਉਣਾ ਚਾਹੁੰਦੇ ਹਾਂ। ਆਪਣੇ ਗਾਹਕਾਂ ਨੂੰ ਇੱਕ ਅਜਿਹੇ ਕੁਲੈਕਸ਼ਨ ਨਾਲ ਪ੍ਰੇਰਿਤ ਕਰਨਾ ਚਾਹੁੰਦੇ ਹਾਂ ਜੋ ਸਟਾਈਲਿਸ਼, ਸ਼ਾਨਦਾਰ ਅਤੇ ਆਤਮ-ਵਿਸ਼ਵਾਸ ਨਾਲ ਭਰਪੂਰ ਹੋਵੇ— ਜੋ ਸੈਲਫ-ਐਕਸਪ੍ਰੈਸ਼ਨ ਲਈ ਇਕਦਮ ਸਹੀ ਹੋਵੇ।

ਇਹ ਕਲੈਕਸ਼ਨ 2 ਅਕਤੂਬਰ 2024 ਤੋਂ ਐਚ ਐਮ.ਕਾਮ)- , ਮਿੰਤਰਾ ਅਤੇ ਅਜਿਓ ਸਟੋਰਾਂ ਵਿੱਚ ਅਤੇ ਔਨਲਾਈਨ ਉਪਲਬਧ ਹੋਵੇਗਾ।

# ਆਮ ਆਦਮੀ ਪਾਰਟੀ ਨੇ ਨਿਰਪੱਖ ਤੇ ਪਾਰਦਰਸ਼ੀ ਪੰਚਾਇਤੀ ਚੋਣਾਂ ਕਰਵਾਉਣ ਦੀ ਕੀਤੀ ਮੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਇੱਕ ਵਫਦ 15 ਅਕਤੂਬਰ ਤੋਂ ਹੋਣ ਵਾਲੀਆਂ ਪੰਚਾਇਤੀ ਚੋਣਾਂ ਸਬੰਧੀ ਗੰਭੀਰ ਚਿੰਤਾਵਾਂ/ਸਮੱਸਿਆਵਾਂ ਨੂੰ ਦੂਰ ਕਰਨ ਲਈ ਮੰਗਲਵਾਰ ਨੂੰ ਰਾਜ ਚੋਣ ਕਮਿਸ਼ਨ ਨੂੰ ਮਿਲਿਆ। ਇਸ ਮੀਟਿੰਗ ਦੌਰਾਨ ਵਫਦ ਨੇ ਲੋਕਤੰਤਰ ਨੂੰ ਢਾਹ ਲਾਉਣ ਵਾਲੀਆਂ ਗੈਰ-ਕਾਨੂੰਨੀ ਗਤੀਵਿਧੀਆਂ ਦੀਆਂ ਚਿੰਤਾਜਨਕ ਰਿਪੋਰਟਾਂ ਨੂੰ ਲੈ ਕੇ ਕਮਿਸ਼ਨ ਨੂੰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਮੰਗ ਪੱਤਰ ਵੀ ਸੌਂਪਿਆ। ਇੱਕ ਬਿਆਨ ਵਿੱਚ ਚੀਮਾ ਨੇ ਪੰਚਾਇਤੀ ਪ੍ਰਣਾਲੀ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਇਸ ਨੂੰ ਲੋਕਤੰਤਰ ਦੀ ਸਭ ਤੋਂ ਛੋਟੀ ਪਰ ਮਹੱਤਵਪੂਰਨ ਇਕਾਈ ਦੱਸਿਆ। ਉਨ੍ਹਾਂ ਕਿਹਾ ਕਿ ਹਰ ਪੰਜ ਸਾਲ ਬਾਅਦ ਸਰਪੰਚ ਅਤੇ ਪੰਚ ਦੀਆਂ ਚੋਣਾਂ ਸਥਾਨਕ ਪ੍ਰਸ਼ਾਸਨ ਨੂੰ ਸਸ਼ਕਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। "ਇਹ ਚੋਣ ਸਿਰਫ ਅਹੁਦਿਆਂ ਦੀ ਨਹੀਂ, ਇਹ ਪੰਜਾਬ ਦੇ ਲੋਕਾਂ ਦੀ ਅਵਾਜ਼ ਅਤੇ ਅਧਿਕਾਰਾਂ ਦੀ ਹੈ"। ਪੰਜਾਬ ਦੇ ਚੋਣ ਕਮਿਸ਼ਨਰ



ਨਾਲ ਮੁਲਾਕਾਤ ਲਈ ਉਨ੍ਹਾਂ ਦੇ ਨਾਲ 'ਆਪ' ਆਗੂ ਨੀਲ ਗਰਗ, ਡਾ. ਸੰਨੀ ਆਹਲੂਵਾਲੀਆ ਅਤੇ ਬੱਬੀ ਬਾਦਲ ਵੀ ਮੌਜੂਦ ਸਨ। ਚੀਮਾ ਨੇ ਅਜਿਹੀਆਂ ਰਿਪੋਰਟਾਂ 'ਤੇ ਚਿੰਤਾ ਜ਼ਾਹਰ ਕੀਤੀ ਕਿ ਕੁਝ ਵਿਅਕਤੀ ਸਰਪੰਚ ਅਤੇ ਪੰਚ ਦੇ ਅਹੁਦਿਆਂ ਦੀ ਨਿਲਾਮੀ/ਬੋਲੀ ਵਿਚ ਸ਼ਾਮਲ ਹੋ ਕੇ ਚੋਣ ਪ੍ਰਕਿਰਿਆ ਵਿਚ ਹੇਰਾਫੇਰੀ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ "ਇਹ ਅਨੈਤਿਕ ਅਭਿਆਸ ਨਾ ਸਿਰਫ ਸਾਡੇ ਲੋਕਤੰਤਰੀ ਢਾਂਚੇ ਦੀ ਪਵਿੱਤਰਤਾ ਨੂੰ ਗੰਧਲਾ ਕਰਦਾ ਹੈ, ਸਗੋਂ ਜਨਤਕ ਪ੍ਰਤੀਨਿਧਤਾ ਦੇ ਤੱਤ ਨੂੰ ਵੀ ਖਤਰੇ ਵਿੱਚ ਪਾਉਂਦਾ ਹੈ। ਮੀਟਿੰਗ ਦੌਰਾਨ 'ਆਪ' ਦੇ ਨੁਮਾਇੰਦਿਆਂ ਨੇ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਅਜਿਹੀਆਂ ਕਿਸੇ ਵੀ ਬੇਨਿਯਮੀਆਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਜਾਂਚ ਨੂੰ ਤੁਰੰਤ ਯਕੀਨੀ ਬਣਾਇਆ ਜਾਵੇ। ਚੀਮਾ ਨੇ ਕਿਹਾ, "ਅਸੀਂ ਚੋਣ ਕਮਿਸ਼ਨ ਨੂੰ ਸੁਚੇਤ ਰਹਿਣ ਅਤੇ ਕਿਸੇ ਵੀ ਕਿਸਮ ਦੀ ਚੋਣ ਗੜਬੜੀ ਵਿਰੁੱਧ ਨਿਰਣਾਇਕ ਕਾਰਵਾਈ ਕਰਨ ਦੀ ਮੰਗ ਕਰਦੇ ਹਾਂ। ਲੋਕਤੰਤਰ ਵਿੱਚ ਭ੍ਰਿਸ਼ਟਾਚਾਰ ਲਈ ਕੋਈ ਥਾਂ ਨਹੀਂ ਹੈ, ਅਤੇ ਸਾਨੂੰ ਆਦਰਸ਼ ਚੋਣ ਜ਼ਾਬਤੇ ਨੂੰ ਪੂਰੀ ਤਰ੍ਹਾਂ ਬਰਕਰਾਰ ਰੱਖਣਾ ਚਾਹੀਦਾ ਹੈ।" ਇਸ ਤੋਂ ਇਲਾਵਾ, 'ਆਪ' ਵਫਦ ਨੇ ਪੋਲਿੰਗ ਬੂਥਾਂ, ਖਾਸ ਤੌਰ 'ਤੇ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਖੇਤਰਾਂ 'ਤੇ ਸੁਰੱਖਿਆ ਉਪਾਵਾਂ ਦੀ ਲੋੜ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਐਸ ਐਸ ਪੀ, ਡੀ ਸੀ, ਐਸ ਡੀ ਐਮ ਅਤੇ ਹੋਰ ਸਬੰਧਤ ਅਧਿਕਾਰੀਆਂ ਸਮੇਤ ਸਥਾਨਕ ਅਧਿਕਾਰੀਆਂ ਨੂੰ ਚੋਣ ਪ੍ਰਕਿਰਿਆ ਦੀ ਅਖੰਡਤਾ ਦੀ ਰੱਖਿਆ ਲਈ ਸੁਰੱਖਿਆ ਪ੍ਰੋਟੋਕੋਲ ਨੂੰ ਲਾਗੂ ਕਰਨ ਦਾ ਕੰਮ ਸੌਂਪਣ ਦੀ ਬੇਨਤੀ ਕੀਤੀ।ਵਫਦ ਨੂੰ ਚੋਣ ਕਮਿਸ਼ਨ ਵੱਲੋਂ ਸਕਾਰਾਤਮਕ ਹੁੰਗਾਰਾ ਮਿਲਿਆ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਠਾਏ ਗਏ ਮੁੱਦਿਆਂ ਨੂੰ ਹੱਲ ਕਰਨ ਲਈ ਉਪਾਅ ਕੀਤੇ ਜਾਣਗੇ।

## ਸੀ ਜੇ ਐੱਮ-ਕਮ-ਸਕੱਤਰ ਨੇ ਓਲਡ ਏਜ ਹੋਮ 'ਚ ਮਨਾਇਆ ਅੰਤਰਰਾਸ਼ਟਰੀ ਬਜ਼ੁਰਗ ਦਿਵਸ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ, ਹੁਸ਼ਿਆਰਪੁਰ ਦਿਲਬਾਗ ਸਿੰਘ ਜੌਹਲ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਰਾਜ ਪਾਲ ਰਾਵਲ ਨੇ 'ਅੰਤਰਰਾਸ਼ਟਰੀ ਬਜ਼ੁਰਗ ਦਿਵਸ' ਓਲਡ ਏਜ ਹੋਮ ਰਾਮ ਕਾਲੋਨੀ ਕੈਂਪ, ਹੁਸ਼ਿਆਰਪੁਰ ਵਿਖੇ ਰਹਿ ਰਹੇ ਬਜ਼ੁਰਗਾਂ ਨਾਲ ਮਨਾਇਆ। ਇਸ ਮੌਕੇ ਉਨ੍ਹਾਂ ਮੌਜੂਦ ਕਰਮਚਾਰੀਆਂ ਨੂੰ ਕਿਹਾ ਕਿ ਬਚਪਨ ਤੋਂ ਹੀ ਸਾਨੂੰ ਆਪਣੇ ਘਰਾਂ ਵਿੱਚ ਇਹ ਸਿੱਖਿਆ ਦਿੱਤੀ ਜਾਂਦੀ ਹੈ ਕਿ ਸਾਨੂੰ ਆਪਣੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਬਜ਼ੁਰਗ ਸਾਡੇ ਘਰ ਦੀ ਨੀਂਹ ਹੁੰਦੇ ਹਨ, ਸਾਨੂੰ ਬਜ਼ੁਰਗਾਂ ਦਾ ਆਸ਼ੀਰਵਾਦ ਬਹੁਤ ਕਿਸਮਤ ਨਾਲ ਮਿਲਦਾ ਹੈ, ਇਸ ਲਈ ਹਰ ਕਿਸੇ ਨੂੰ ਆਪਣੇ ਵੱਡੇ ਤੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਦੇ ਨਾਲ ਹੀ ਡਿਪਟੀ ਚੀਫ ਲੀਗਲ ਏਡ ਡਿਫੈਂਸ ਕਾਊਂਸਲ ਹਰਜਿੰਦਰ ਕੁਮਾਰ ਵਰਮਾ ਨੇ ਬਜ਼ੁਰਗਾਂ ਦੇ ਕਾਨੂੰਨੀ ਹੱਕਾਂ ਪ੍ਰਤੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਵੱਛਤਾ ਅਭਿਆਨ ਦੇ ਚਲਦਿਆ ਸੀ.ਜੀ.ਐਮ ਵੱਲੋਂ ਕਰਮਚਾਰੀਆਂ ਨੂੰ ਆਪਣੇ ਸਟਾਫ ਰੂਮ ਨੂੰ ਸਾਫ ਰੱਖਣ ਲਈ ਦਿਸ਼ਾ ਨਿਰਦੇਸ਼ ਦਿੱਤੇ ਅਤੇ ਕੋਰਟ ਕੰਪਲੈਕਸ, ਹੁਸ਼ਿਆਰਪੁਰ ਦੇ ਬਾਹਰੀ ਖੇਤਰ ਨੂੰ ਸਾਫ ਰੱਖਣ ਲਈ ਸਫਾਈ ਸੇਵਕਾਂ ਤੋਂ ਆਪਣੀ ਦੇਖ ਰੇਖ ਵਿੱਚ ਸਾਫ ਕਰਵਾਇਆ ਗਿਆ ਤਾਂ ਜੋ ਮੱਛਰ ਅਤੇ ਡੇਂਗੂ ਵਰਗੀਆਂ ਬਿਮਾਰੀਆਂ ਤੋਂ ਵੀ ਬਚਿਆ ਜਾ ਸਕੇ। ਉਨ੍ਹਾਂ ਕਰਮਚਾਰੀਆ ਅਤੇ ਸਫਾਈ ਸੇਵਕਾਂ ਨੂੰ ਕਿਹਾ ਕਿ ਆਪਣੇ ਆਲੇ ਦੁਆਲੇ ਨੂੰ ਸਾਫ ਰੱਖਿਆ ਜਾਵੇ।

# ਕੂਕਾ ਤਲਵੰਡੀ ਦੇ ਨੌਜਵਾਨ ਦੀ ਅਮਰੀਕਾ 'ਚ ਮੌਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਅਮਰੀਕਾ ਵਿੱਚ ਰੋਜੀ ਰੋਟੀ ਕਮਾਉਣ ਗਏ ਬੇਗੋਵਾਲ ਦੇ ਨਜਦੀਕੀ ਪਿੰਡ ਕੂਕਾ ਤਲਵੰਡੀ ਦੇ ਇੱਕ ਨੌਜਵਾਨ ਦੀ ਮੌਤ ਹੋ ਜਾਣ ਦਾ ਸਮਾਚਾਰ ਮਿਲਿਆ। ਜਾਣਕਾਰੀ ਦਿੰਦਿਆ ਮ੍ਰਿਤਕ ਲੜਕੇ ਦੇ ਪਿਤਾ ਗੁਰਦੇਵ ਸਿੰਘ ਅਤੇ ਤਾਏ ਹਰਜਿੰਦਰ ਸਿੰਘ ਨੇ ਦੱਸਿਆ ਕਿ ਸਾਡਾ ਲੜਕਾ ਗੁਰਜੀਤ ਸਿੰਘ (32) ਪੁੱਤਰ ਗੁਰਦੇਵ ਸਿੰਘ ਅਮਰੀਕਾ ਦੇ ਨਿਊਯਾਰਕ ਸ਼ਹਿਰ ਚ ਰਹਿੰਦਾ ਸੀ ਤੇ ਛੇ ਮਹੀਨੇ ਪਹਿਲਾ ਇਥੋਂ ਪੰਜਾਬ ਤੋਂ ਹੋ ਕੇ ਗਿਆ ਸੀ ਤੇ ਹੁਣ ਫਿਰ ਉਸਨੇ ਦੋ ਦਿਨ ਤੱਕ ਪੰਜਾਬ ਆਉਣਾ ਸੀ ਕਿਉ ਕਿ 18 ਅਕਤੂਬਰ ਨੂੰ ਉਸਦਾ ਵਿਆਹ ਰੱਖਿਆ ਹੋਇਆ ਸੀ। ਉਹਨਾ ਦੱਸਿਆ ਕੱਲ ਉਹ ਪੰਜਾਬ ਆਉਣ ਲਈ ਫਲਾਈਟ ਚੜਨ ਦੀ ਤਿਆਰੀ ਕਰ ਰਿਹਾ ਸੀ ਤੇ ਸਮਾਨ ਪੈਕ ਕਰਕੇ ਫਲਾਈਟ ਲਈ ਰਵਾਨਾ ਹੋਣ ਤੋਂ ਪਹਿਲਾ ਉਹ ਉਥੇ ਅਮਰੀਕਾ ਆਪਣੇ ਦੋਸਤ ਨਾਲ ਗੁਰਦੁਆਰਾ



ਸਾਹਿਬ ਮੱਥਾ ਟੇਕਣ ਗਿਆ ਜਦ ਮੱਥਾ ਟੇਕ ਕੇ ਵਾਪਸ ਨਹੀਂ ਆਇਆ ਜਦ ਕਿ ਦੂਸਰੇ ਨੌਜਵਾਨ ਨੇ ਉਸ ਦੀ ਕਾਫੀ ਭਾਲ ਕੀਤੀ। ਜਿਸ ਦੇ ਮਗਰੋਂ ਉਸ ਦੀ ਲਾਸ਼ ਇੱਕ ਪੁਲ ਦੇ ਹੇਠੋ ਮਿਲੀ। ਕੁਝ ਦੇਰ ਬਾਅਦ ਉਸਦੀ ਮੌਤ ਦੀ ਖਬਰ ਸਾਹਮਣੇ ਆਈ। ਲੜਕੇ ਦੇ ਪਿਤਾ ਗੁਰਦੇਵ ਸਿੰਘ ਅਤੇ ਤਾਇਆ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਸਦੇ ਵਿਆਹ ਨੂੰ ਲੈ ਕੇ ਘਰ ਵਿੱਚ ਤਿਆਰੀ ਚੱਲ ਰਹੀ ਸੀ ਉਸਦੀ ਮੌਤ ਦੀ ਖਬਰ ਨਾਲ ਹਰੇਕ ਦੀ ਅੱਖ ਨਮ ਹੋਈ ਹੈ ਪਰਿਵਾਰ ਦਾ ਰੋ ਰੋ ਬੁਰਾ ਹਾਲ ਹੈ।

ਦੂਸਰੇ ਪਾਸੇ ਇਕ ਲੜਕੇ ਦੇ ਪਿਤਾ ਗੁਰਦੇਵ ਸਿੰਘ ਵਾਸੀ ਤਲਵੰਡੀ ਕੂਕਾ ਨੇ ਦੱਸਿਆ ਕਿ ਮੇਰਾ ਲੜਕਾ ਅਮਰੀਕਾ ਵਿੱਚ ਉਬਰ ਕਾਰ ਚਲਾਉਣ ਦਾ ਕੰਮ ਕਰਦਾ ਸੀ ਅਤੇ ਉਹ ਉਥੋਂ ਦੇ ਇੱਕ ਨੌਜਵਾਨ ਦੇ ਨਾਲ ਅਮਰੀਕਾ ਵਿੱਚ ਉਬਰ ਕਾਰ ਦੇ ਨੰਬਰਾਂ ਨੂੰ ਲੈ ਕੇ ਕੇਸ ਚੱਲ ਰਿਹਾ ਸੀ। ਉਸ ਨੂੰ ਇਸ ਗੱਲ ਨੂੰ ਲੈ ਕੇ ਦੋ ਦਿਨ ਪਹਿਲਾਂ ਧਮਕਾਇਆ ਗਿਆ ਸੀ ਕਿ ਇਹ ਗੱਡੀ ਦਾ ਨੰਬਰ ਮੈਨੂੰ ਦੇਦੇ। ਜਦ ਕਿ ਇਹ ਗੱਲ ਨੂੰ ਲੈ ਕੇ ਉਸ ਦਾ ਝਗੜਾ ਚਲਦਾ ਰਹਿੰਦਾ ਸੀ। ਜਿਸ ਦੇ ਮਗਰੋਂ ਉਸ ਦੀ ਇਹ ਮੌਤ ਦੀ ਦੁਖਦਾਈ ਗੱਲ ਸਾਹਮਣੇ ਆਉਣ ਤੇ ਪਰਿਵਾਰ ਦੇ ਮੈਂਬਰਾਂ ਨੇ ਕਿਹਾ ਕਿ ਉਕਤ ਨੌਜਵਾਨ ਦੇ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸਾਡੇ ਮੁੰਡੇ ਦੀ ਹੋਈ ਮੌਤ ਤੇ ਬਰੀਕੀ ਨਾਲ ਜਾਂਚ ਕੀਤੀ ਜਾਵੇ। ਤੇ ਉਕਤ ਦੋਸੀਆ ਦੇ ਖਿਲਾਫ ਸਖਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਸਾਨੂੰ ਉਸ ਨਾਲ ਮਿਲਣ ਲਈ ਅਮਰੀਕਾ ਬੁਲਾਇਆ।

## ਐੱਨ ਓ ਸੀ ਜਾਂ ਐੱਨ ਡੀ ਸੀ ਨਾ ਮਿਲਣ 'ਤੇ ਹਲਫਨਾਮੇ ਦੇ ਨਾਲ ਦਾਖਲ ਕੀਤੇ ਜਾ ਸਕਦੇ ਹਨ ਨਾਮਜ਼ਦਗੀ ਕਾਗਜ਼

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ)** – ਪੰਚਾਇਤੀ ਚੋਣਾਂ ਸਬੰਧੀ ਨਾਮਜ਼ਦਗੀਆਂ ਦਾਖਲ ਕਰਨ ਨੂੰ ਲੈ ਕੇ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਪੱਤਰ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਭਰਨ ਸਬੰਧੀ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਮੁਤਾਬਿਕ ਜੇਕਰ ਕਿਸੇ ਉਮੀਦਵਾਰ ਨੂੰ ਆਪਣੇ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਾਮਜ਼ਦਗੀ ਪੱਤਰ ਦੇ ਨਾਲ ਲਾਉਣ ਲਈ ਕਿਸੇ ਵੀ ਕਿਸਮ ਦੇ ਟੈਕਸ ਦੇ ਏਰੀਅਰ ਦੇ ਬਕਾਏ ਜਾਂ ਕਿਸੇ ਵੀ ਕਿਸਮ ਦੇ ਹੋਰ ਬਕਾਏ ਬਾਬਤ 'ਨੋ ਡਿਊ ਸਰਟੀਫਿਕੇਟ' (ਐਨ.ਡੀ.ਸੀ) ਸਬੰਧਤ ਅਥਾਰਟੀ ਵੱਲੋਂ ਜਾਰੀ ਨਹੀਂ ਹੁੰਦਾ ਜਾਂ ਕਿਸੇ ਵੀ ਅਥਾਰਟੀ ਦੀ ਕਿਸੇ ਵੀ ਕਿਸਮ ਦੀ ਜਾਇਦਾਦ ਉੱਤੇ ਕਬਜ਼ੇ ਸਬੰਧੀ 'ਨੋ ਅਬਜੈਕਸ਼ਨ ਸਰਟੀਫਿਕੇਟ' (ਐਨ.ਓ.ਸੀ) ਜਾਰੀ ਨਹੀਂ ਹੁੰਦਾ ਤਾਂ ਸਬੰਧਤ ਉਮੀਦਵਾਰ ਆਪਣੇ ਵੱਲੋਂ ਇਕ ਹਲਫਨਾਮਾ ਨਾਮਜ਼ਦਗੀ ਪੱਤਰ ਦੇ ਨਾਲ ਲਾ ਕੇ ਕਾਗਜ਼ ਦਾਖਲ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਉਮੀਦਵਾਰ ਇਹ ਹਲਫਨਾਮਾ ਦੇਵੇਗਾ ਕਿ ਪੰਜਾਬ ਰਾਜ ਚੋਣ



ਕਮਿਸ਼ਨ ਐਕਟ 1994 ਬਾਬਤ ਉਸ ਵੱਲ ਕਿਸੇ ਵੀ ਕਿਸਮ ਦੇ ਟੈਕਸਾਂ ਦੇ ਏਰੀਅਰ ਦਾ ਬਕਾਇਆ ਜਾਂ ਕੋਈ ਹੋਰ ਬਕਾਇਆ ਨਹੀਂ ਖੜ੍ਹਾ। ਨਾ ਹੀ ਕਿਸੇ ਅਥਾਰਟੀ ਦੀ ਜਾਇਦਾਦ ਉੱਤੇ ਉਸ ਵੱਲੋਂ ਕੋਈ ਨਾਜਾਇਜ਼ ਕਬਜਾ ਕੀਤਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਲਫਨਾਮਾ ਕਾਰਜਕਾਰੀ ਮੈਜਿਸਟਰੇਟ/ਓਥ ਕਮਿਸ਼ਨਰ/ ਨੋਟਰੀ ਤੋਂ ਤਸਦੀਕਸ਼ੁਦਾ ਹੋਣਾ ਜ਼ਰੂਰੀ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਰਿਟਰਨਿੰਗ ਅਫਸਰ (ਆਰ.ਓ) ਵੱਲੋਂ ਅਜਿਹੇ ਨਾਮਜ਼ਦਗੀ ਕਾਗਜ਼ ਸਬੰਧਤ ਅਥਾਰਟੀਆਂ ਨੂੰ 24 ਘੰਟਿਆਂ ਦੇ ਵਿਚ-ਵਿਚ ਰਿਪੋਰਟ ਦੇਣ ਦੀ ਹਦਾਇਤ ਦੇ ਨਾਲ ਭੇਜੇ ਜਾਣਗੇ। ਜੇਕਰ 24 ਘੰਟਿਆਂ ਦੇ ਅੰਦਰ ਸਬੰਧਤ ਅਥਾਰਟੀ ਵੱਲੋਂ ਰਿਪੋਰਟ ਨਹੀਂ ਦਿੱਤੀ ਜਾਂਦੀ ਤਾਂ ਇਹ ਮੰਨ ਲਿਆ ਜਾਵੇਗਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਐਕਟ 1994 ਸਬੰਧੀ ਉਮੀਦਵਾਰ ਕਿਸੇ ਵੀ ਕਿਸਮ ਦਾ ਡਿਫਾਲਟਰ ਨਹੀਂ ਹੈ ਅਤੇ ਨਾ ਹੀ ਉਸ ਨੇ ਅਣ-ਅਧਿਕਾਰਤ ਤੌਰ 'ਤੇ ਕੋਈ ਕਬਜ਼ਾ ਕੀਤਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਮੂਹ ਅਧਿਕਾਰੀਆਂ ਨੂੰ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

# ਪੁੰਜ ਤੇ ਠੀਡਾ 'ਚ ਚੱਲ ਰਹੇ ਸੜਕ ਨਿਰਮਾਣ ਦੇ ਕੰਮ ਦਾ ਜਾਇਜ਼ਾ ਲਿਆ

**ਹੁਸ਼ਿਆਰਪੁਰ (ਓ ਪੀ ਰਾਣਾ )** ਸਾਂਸਦ ਡਾ: ਰਾਜਕੁਮਾਰ ਚੱਬੇਵਾਲ ਨੇ ਪਿੰਡ ਪੁੰਜ ਅਤੇ ਠੀਡਾ ਵਿੱਚ ਚੱਲ ਰਹੇ ਸੜਕ ਨਿਰਮਾਣ ਦੇ ਕੰਮ ਦਾ ਨਿਰੀਖਣ ਕੀਤਾ।ਇਸ ਮੌਕੇ ਉਨ੍ਹਾਂ ਨਾਲ ਡਾ. ਇਸ਼ਾਂਕ ਚੱਬੇਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ਇਸ ਦੌਰਾਨ ਡਾ. ਰਾਜ ਨੇ ਇਲਾਕਾ ਨਿਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਿਆ।ਡਾ. ਚੱਬੇਵਾਲ ਨੇ ਇਸ ਨਿਰੀਖਣ ਦੌਰਾਨ ਨਿਰਮਾਣ ਕਾਰਜਾਂ ਦੀ ਗੁਣਵੱਤਾ ਅਤੇ ਪ੍ਰਗਤੀ ਦਾ ਜਾਇਜ਼ਾ ਲਿਆ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੰਮ ਨੂੰ ਸਮੇਂ ਸਿਰ ਅਤੇ ਸਹੀ ਢੰਗ ਨਾਲ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੜਕ ਨਿਰਮਾਣ ਦਾ ਕੰਮ ਸਰਕਾਰ ਦੀਆਂ ਵਿਕਾਸ ਯੋਜਨਾਵਾਂ ਦਾ ਅਹਿਮ ਹਿੱਸਾ ਹੈ, ਜਿਸ ਦਾ ਉਦੇਸ਼ ਪੇਂਡੂ ਖੇਤਰਾਂ ਵਿੱਚ ਟਰੈਫਿਕ ਸਹੂਲਤਾਂ ਨੂੰ ਬਿਹਤਰ ਬਣਾਉਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੈ।ਇਨ੍ਹਾਂ ਸੜਕਾਂ ਦੇ ਬਣਨ ਨਾਲ ਸਥਾਨਕ ਲੋਕਾਂ ਨੂੰ ਸ਼ਹਿਰਾਂ ਅਤੇ ਹੋਰ ਮਹੱਤਵਪੂਰਨ



ਥਾਵਾਂ ਤੱਕ ਪਹੁੰਚਣਾ ਆਸਾਨ ਹੋਵੇਗਾ, ਜਿਸ ਨਾਲ ਉਨ੍ਹਾਂ ਦਾ ਜੀਵਨ ਪੱਧਰ ਵੀ ਉੱਚਾ ਹੋਵੇਗਾ। ਨਿਰੀਖਣ ਦੌਰਾਨ ਸੰਸਦ ਮੈਂਬਰ ਨੇ ਉਸਾਰੀ ਦੇ ਕੰਮ ਵਿੱਚ ਲੱਗੇ ਠੇਕੇਦਾਰਾਂ ਅਤੇ ਇੰਜੀਨੀਅਰਾਂ ਨਾਲ ਗੱਲਬਾਤ ਕੀਤੀ ਅਤੇ ਹਦਾਇਤ ਕੀਤੀ ਕਿ ਸੜਕ ਨਿਰਮਾਣ ਵਿੱਚ ਉੱਚ ਗੁਣਵੱਤਾ ਵਾਲੀ ਸਮੱਗਰੀ ਵਰਤੀ ਜਾਵੇ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੜਕਾਂ ਸਿਰਫ਼ ਦਿਖਾਵਟ ਹੀ ਨਹੀਂ ਹੋਣੀਆਂ ਚਾਹੀਦੀਆਂ, ਸਗੋਂ ਇਨ੍ਹਾਂ ਦੀ ਮਜ਼ਬੂਤੀ ਅਤੇ ਟਿਕਾਊਤਾ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਕੋਈ ਕੁਤਾਹੀ ਪਾਈ ਗਈ ਤਾਂ ਸਬੰਧਤ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਪਿੰਡ ਪੁੰਜ ਅਤੇ ਠੀਡਾ ਦੇ ਵਾਸੀਆਂ ਨੇ ਸੰਸਦ ਮੈਂਬਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਉਨ੍ਹਾਂ ਨੂੰ ਆਉਣ-ਜਾਣ ਵਿੱਚ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਨੂੰ ਖਾਸ ਕਰਕੇ ਬਰਸਾਤ ਦੇ ਮੌਸਮ ਦੌਰਾਨ ਚਿੱਕੜ ਅਤੇ ਟੋਇਆਂ ਦੀ ਸਮੱਸਿਆ ਤੋਂ ਰਾਹਤ ਮਿਲੇਗੀ। ਇਸ ਦੇ ਨਾਲ ਹੀ ਬੱਚਿਆਂ ਨੂੰ ਸਕੂਲ ਜਾਣਾ ਵੀ ਆਸਾਨ ਹੋ ਜਾਵੇਗਾ, ਜੋ ਪਹਿਲਾਂ ਕੱਚੀਆਂ ਸੜਕਾਂ ਕਾਰਨ ਔਖਾ ਹੋ ਜਾਂਦਾ ਸੀ।ਇਸ ਮੌਕੇ ਕੁਲਬੀਰ ਸਿੰਘ, ਸਰਪੰਚ ਬਲਵਿੰਦਰ ਕੌਰ, ਸੁਜੀਤ ਸਿੰਘ, ਤਰਨਜੀਤ ਸਿੰਘ, ਓਮਕਾਰ ਸਿੰਘ, ਮਨਜੀਤ ਸਿੰਘ, ਹਰਪ੍ਰੀਤ ਸਿੰਘ, ਪ੍ਰਿਥਵੀ ਚੰਦ, ਸੁਖਵਿੰਦਰ ਸਿੰਘ, ਜਸਪਾਲ ਸਿੰਘ, ਕੁਲਦੀਪ ਕੌਰ, ਸੁਰਿੰਦਰ ਕੁਲਵੀਰ ਸਿੰਘ, ਬਲਵਿੰਦਰ ਕੌਰ, ਸੁਖਜੀਤ ਸਿੰਘ, ਤਰਨਜੀਤ ਸਿੰਘ, ਓਂਕਾਰ ਸਿੰਘ, ਮਨਜੀਤ ਸਿੰਘ, ਹਰਪ੍ਰੀਤ ਸਿੰਘ, ਪ੍ਰਿਥੀ ਚੰਦ, ਸੁਖਵਿੰਦਰ ਸਿੰਘ, ਜਸਪਾਲ ਸਿੰਘ, ਕੁਲਦੀਪ ਕੌਰ, ਸੁਰਿੰਦਰ ਸੁਆਣ ਆਦਿ ਹਾਜ਼ਰ ਸਨ।

## ਸੀ ਐੱਮ ਵਿੰਡੋ 'ਤੇ ਪ੍ਰਾਪਤ ਸ਼ਿਕਾਇਤ ਦਾ ਨਿਪਟਾਰਾ 7 ਦਿਨਾਂ ਦੇ ਅੰਦਰ-ਅੰਦਰ ਕੀਤਾ ਜਾਵੇ : ਵਰਮਾ

**ਨਵਾਂਸ਼ਹਿਰ, (ਮਨੋਜ ਲਾਡੀ)**-ਸੀ.ਐਮ ਵਿੰਡੋ 'ਤੇ ਪ੍ਰਾਪਤ ਸ਼ਿਕਾਇਤਾਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਦੀ ਪ੍ਰਧਾਨਗੀ ਹੇਠ ਅੱਜ ਇਕ ਰੀਵਿਊ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਹੋਏ। ਵਧੀਕ ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਹਦਾਇਤ ਕੀਤੀ ਕਿ ਸੀ.ਐਮ ਵਿੰਡੋ 'ਤੇ ਪ੍ਰਾਪਤ ਸ਼ਿਕਾਇਤ ਦਾ ਨਿਪਟਾਰਾ 7 ਦਿਨਾਂ ਦੇ ਅੰਦਰ-ਅੰਦਰ ਹਰ ਹਾਲਤ ਵਿਚ ਕਰਨਾ ਯਕੀਨੀ ਬਣਾਇਆ ਜਾਵੇ।ਇਸ ਮੌਕੇ ਦੱਸਿਆ ਕਿ ਸੀ.ਐਮ ਵਿੰਡੋ 'ਤੇ ਪੈਂਡਿੰਗ 22 ਸ਼ਿਕਾਇਤਾਂ ਵਿਚੋਂ 12 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ ਅਤੇ ਬਾਕੀ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਾਰਵਾਈ ਅਧੀਨ ਹੈ। ਇਸੇ ਤਰ੍ਹਾਂ ਪੀ.ਜੀ.ਆਰ.ਐਸ ਪੋਰਟਲ 'ਤੇ ਪ੍ਰਾਪਤ 66 ਸ਼ਿਕਾਇਤਾਂ ਵਿਚੋਂ 16 ਸ਼ਿਕਾਇਤਾਂ ਦਾ ਨਿਪਟਾਰਾ ਹੋ ਚੁੱਕਾ ਹੈ। ਵਧੀਕ ਡਿਪਟੀ ਕਮਿਸ਼ਨਰ ਰਾਜੀਵ ਵਰਮਾ ਨੇ ਮੀਟਿੰਗ ਵਿਚ ਹਾਜ਼ਰ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੀ.ਐਮ ਵਿੰਡੋ/ਪੀ.ਜੀ.ਆਰ.ਐਸ ਪੋਰਟਲ 'ਤੇ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦੀ ਰਿਪੋਰਟ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਉਨ੍ਹਾਂ ਦੇ ਦਫ਼ਤਰ ਨੂੰ ਭੇਜੀ ਜਾਵੇ।ਇਸ ਤੋਂ ਇਲਾਵਾ ਉਨ੍ਹਾਂ ਸੇਵਾ ਕੇਂਦਰ ਦੀ ਪੈਂਡੈਂਸੀ ਦਾ ਵੀ ਰੀਵਿਊ ਲਿਆ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ/ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਸੇਵਾ ਕੇਂਦਰ ਵਲੋਂ ਪ੍ਰਾਪਤ ਸੇਵਾਵਾਂ ਦਾ ਮਿੱਥੇ ਸਮੇਂ ਦੇ ਅੰਦਰ-ਅੰਦਰ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਬਿਨੈਕਾਰਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਸਮੇਂ ਸਿਰ ਦਸਤਾਵੇਜ਼ ਮੁਕੰਮਲ ਹੋ ਕੇ ਮਿਲ ਸਕਣ।

## ਨਾਟ-ਕਰਮੀ ਸੰਜੀਵਨ ਸਿੰਘ ਇੰਡੀਗੋ ਦੇ ਗ਼ੈਰ-ਗੰਭੀਰ ਰਵੱਈਏ ਦਾ ਹੋਇਆ ਸ਼ਿਕਾਰ

**ਮੋਹਾਲੀ (ਗੁਰਜੀਤ ਬਿੱਲਾ)**-ਬੀਤੇ ਕੱਲ੍ਹ ਇੰਡੀਗੋ ਦੇ ਜਹਾਜ਼ ਨੰ. 6 ਈ 874 ਨੇ ਬਾਅਦ ਦੁਪਹਿਰ 1-00 ਵਜੇ ਕੋਲਕਾਤੇ ਤੋਂ ਗੇਟ ਨੰਬਰ 23 ਰਾਹੀਂ ਉਡਾਣ ਭਰਨੀ ਸੀ। ਨਾਟ-ਕਰਮੀ ਸੰਜੀਵਨ ਦੋ ਘੰਟੇ ਪਹਿਲਾਂ ਗੇਟ ਨੰਬਰ 23 'ਤੇ ਪਹੁੰਚ ਗਿਆ। ਗੇਟ ਨੰ. 23 'ਤੇ 12.30 ਤੱਕ ਨਾ ਤਾਂ ਕੋਈ ਕਰਮਚਾਰੀ ਆਇਆ ਤੇ ਨਾ ਕੋਈ ਸਵਾਰੀ। ਪਤਾ ਕਰਨ 'ਤੇ ਏਅਰ ਪੋਰਟ ਦੇ ਕਰਮਚਾਰੀ ਨੇ ਦੱਸਿਆ ਕਿ ਇੰਡੀਗੋ ਦੀ ਉਡਾਣ ਗੇਟ ਨੰਬਰ 14 ਤੋਂ ਜਾਵੇਗੀ। ਸੰਜੀਵਨ ਲਗਭਗ 10 ਮਿੰਟ ਵਾਹੋ-ਧਾਹੀ ਤੁਰ ਕੇ ਜਹਾਜ਼ ਵਿਚ ਸਵਾਰ ਹੋ ਸਕਿਆ। ਇੰਡੀਗੋ ਦੇ ਅਮਲੇ-ਫੈਲੇ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਸਰ ਤੁਹਾਡੀ ਗੱਲ/ ਸ਼ਿਕਵਾ ਵਾਜਬ ਹੈ ਪਰ ਮਾਲਕਾਂ ਦੀਆਂ ਹਦਾਇਤਾਂ ਹਵਾਈ ਅੱਡਿਆਂ ਨੂੰ ਸਾਇਲੈਂਟ ਤੇ ਫੋਰਟਸ ਬਣਾਉਣ ਕਰਕੇ ਅਸੀਂ ਸਵਾਰੀਆਂ ਨੂੰ ਵਟਸਐਪ, ਈਮੇਲ, ਐਸ. ਐਮ. ਐਸ ਰਾਹੀਂ ਸੂਚਨਾ ਦੇ ਰਹੇ ਹਾਂ। ਇਸ ਸਬੰਧੀ ਇੰਡੀਗੋ ਦੇ ਉੱਚ-ਅਧਿਕਾਰੀਆਂ ਨਾਲ ਸ਼ਿਕਾਇਤ/ਸੁਝਾਅ ਦੇ ਸਕਦੇ ਹੋ। ਸੰਜੀਵਨ ਨੇ ਜਹਾਜ਼ਾਂ ਦੀਆਂ ਕੰਪਨੀਆਂ ਦੇ ਮਾਲਕਾਂ ਦੇ ਹਵਾਈ-ਅੱਡਿਆਂ ਨੂੰ ਸਾਇਲੈਂਟ ਤੇ ਫੋਰਟਸ (ਖ਼ਾਮੋਸ਼ ਹਵਾਈ-ਅੱਡੇ) ਬਣਾਉਣ ਦੀ ਨਿਖੇਧੀ ਕਰਦੇ ਕਿਹਾ ਕਿ ਉਨ੍ਹਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਾਡੇ ਮੁਲਕ ਦੀਆਂ ਜਹਾਜ਼ ਦੀਆਂ ਸਵਾਰੀਆਂ ਵੀ ਹਾਲੇ ਆਧੁਨਿਕ ਤਕਨੀਕਾਂ ਤੋਂ ਵਾਕਫ਼ ਨਹੀਂ। ਉਸ ਨੇ ਕਿਹਾ ਕਿ ਨੈਟਵਰਕ ਨਾ ਹੋਣ ਕਰਕੇ ਮੇਰੇ ਫੋਨ 'ਤੇ ਵਟਸਐਪ, ਈਮੇਲ, ਐਸ. ਐਮ. ਐਸ. ਦੀ ਸੁਵਿਧਾ ਨਾ ਹੋਣ ਕਰਕੇ ਮੈਂ ਇੰਡੀਗੋ ਦੇ ਉਕਤ ਫੈਸਲੇ ਤੋਂ ਜਾਣੂੰ ਨਹੀਂ ਹੋ ਸਕਿਆ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਮਹਿਮਾਨ ਨੂੰ ਜਾਨ ਤੋਂ ਪਿਆਰਾ ਸਮਝਦੇ ਹਾਂ ਅਤੇ ਗਾਹਕ ਨੂੰ ਭਗਵਾਨ ਦਾ ਰੂਪ ਮੰਨਦੇ ਹਾਂ। ਕੀ ਇੰਡੀਗੋ ਸਮਝਦੈ ?

## ਫਿਲਮ 'ਤੇ ਬੈਨ ਨਾ ਲਗਾਇਆ ਤਾਂ ਸੰਘਰਸ਼ ਕਰਾਂਗੇ ਤੇਜ਼ : ਮਿੱਕੀ ਪੰਡਤ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਹਿੰਦੋਸਤਾਨ ਮੁਰਦਾਬਾਦ ਪਾਕਿਸਤਾਨ ਜ਼ਿੰਦਾਬਾਦ ਦੇ ਨਾਅਰੇ ਵਾਲੇ ਸੀਨ ਵਿਖਾ ਕੇ ਸਨਾਤਨ ਧਰਮ ਦੀਆਂ ਦੇਸ਼ ਭਗਤੀ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਪੰਜਾਬੀ ਫਿਲਮ ਸ਼ਾਹਕੋਟ 'ਤੇ ਬੈਨ ਲਗਾਉਣ ਅਤੇ ਇਸ ਫਿਲਮ ਦੇ ਨਿਰਮਾਤਾ ਅਨਿਰੁੱਧ ਮੋਹਤਾ ਤੇ ਕਲਾਕਾਰ ਗੁਰੂ ਰੰਧਾਵਾ ਖਿਲਾਫ ਪਰਚਾ ਦਰਜ ਕਰਨ ਦੀ ਮੰਗ ਕਰਦੇ ਹੋਏ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਤ ਦੀ ਅਗਵਾਈ ਵਿੱਚ ਅੱਜ ਸਰਕਾਰੀ ਹਸਪਤਾਲ ਚੌਂਕ ਟਾਂਡਾ ਵਿਖੇ ਇੱਕ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਮਿਕੀ ਪੰਡਿਤ ਅਤੇ ਸ਼ਿਵ ਸੈਨਾ ਯੂਥ ਦੋਆਬਾ ਦੇ ਪ੍ਰਧਾਨ ਸ਼ਿਵਮ ਵੈਦ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਆਕਾਸ਼ ਰਾਣਾ, ਰਿਸ਼ੀ ਚਾਵਲਾ, ਜਿੰਦਰ ਬਨਿਆਲ, ਗਗਨ ਪਰੋਜ, ਸੁਧਾਂਸ਼ੂ ਮਲਹੋਤਰਾ, ਹਰਜੀਤ ਸਿੰਘ ਨੇ ਫਿਲਮ ਸ਼ਾਹਕੋਟ ਦੇ ਪੋਸਟਰ ਪਾੜਦੇ ਹੋਏ ਕਲਾਕਾਰ ਗੁਰੂ ਰੰਧਾਵਾ ਖਿਲਾਫ ਜੰਮਕਰ ਨਾਰੇਬਾਜ਼ੀ ਕੀਤੀ।ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਿੱਕੀ ਪੰਡਿਤ ਨੇ ਕਿਹਾ ਕਿ ਪੰਜਾਬੀ ਫਿਲਮ ਸ਼ਾਹਕੋਟ ਵਿੱਚ ਹਿੰਦੋਸਤਾਨ ਖਿਲਾਫ ਨਾਅਰੇਬਾਜ਼ੀ ਵਿਖਾ ਕੇ ਦੇਸ਼ ਦੇ ਸਨਾਤਨੀ ਧਰਮ ਦੀਆਂ ਦੇਸ਼ ਭਗਤੀ ਭਾਵਨਾਵਾਂ ਨੂੰ ਜਿਹੜੀ ਠੇਸ ਪਹੁੰਚਾਈ ਗਈ ਹੈ ਉਸਨੂੰ ਸ਼ਿਵ ਸੈਨਾ ਪੰਜਾਬ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਇਸ ਫਿਲਮ ਦੇ ਨਿਰਮਾਤਾ ਅਨਿਰੁੱਧ ਮੋਹਤਾ ਅਤੇ ਕਲਾਕਾਰ ਗੁਰੂ ਰੰਧਾਵਾ ਨੇ ਪੈਸੇ ਕਮਾਉਣ ਦੇ ਲਾਲਚ ਵਿੱਚ ਹਿੰਦੋਸਤਾਨ ਖਿਲਾਫ ਜਿਹੜੀ ਭੱਦੀ ਸ਼ਬਦਾਵਲੀ ਦਾ ਇਸਤੇਮਾਲ ਕਰਕੇ ਸਨਾਤਨ ਧਰਮ ਨੂੰ ਨੀਵਾਂ ਅਤੇ ਕਲੰਕਿਤ ਕੀਤਾ ਹੈ ਉਸਨੂੰ ਭਾਰਤ ਦਾ ਕੋਈ ਵੀ ਹਿੰਦੂ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ।ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਪੰਜਾਬ ਦੁਨੀਆਂ ਦੇ ਹਰ ਮੁਲਕ ਅਤੇ ਧਰਮ ਦਾ ਆਦਰ ਸਤਿਕਾਰ ਕਰਦੀ ਹੈ, ਪਰ ਜੇਕਰ ਕੋਈ ਵੀ ਵਿਅਕਤੀ ਜਾਂ ਮੁਲਕ ਹਿੰਦੋਸਤਾਨ ਦਾ ਅਨਾਦਰ ਕਰੇਗਾ ਤਾਂ ਉਸਨੂੰ ਕਿਸੇ ਵੀ ਕੀਮਤ ਤੇ ਸਹਿਣ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਇਸ ਪੰਜਾਬੀ ਫਿਲਮ ਸ਼ਾਹਕੋਟ ਤੇ ਜਲਦ ਪਾਬੰਦੀ ਨਾ ਲਗਾਈ ਅਤੇ ਇਸ ਫਿਲਮ ਦੇ ਨਿਰਮਾਤਾ ਅਨਿਰੁੱਧ ਮੋਹਤਾ ਤੇ ਕਲਾਕਾਰ ਗੁਰੂ ਰੰਧਾਵਾ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਨਾ ਕੀਤੀ ਤਾਂ ਸ਼ਿਵ ਸੈਨਾ ਪੰਜਾਬ ਦੇਸ਼ ਦੇ ਹਿੰਦੂ ਸੰਗਠਨਾਂ ਦਾ ਸਹਿਯੋਗ ਲੈ ਕੇ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਦੇ ਹੋਏ ਸੜਕ ਜਾਮ ਲਗਾਏਗੀ। ਇਸ ਮੌਕੇ ਸਾਬੀ ਕੁਮਾਰ, ਗੌਰਵ, ਜੋਬਨ, ਸ਼ੁਭਮ ਮਲਹੋਤਰਾ, ਚੰਦਨ, ਵਿਕਾਸ ਰਾਣਾ ਕਲੋਇਆ ਅਤੇ ਹੋਰ ਸ਼ਿਵ ਸੈਨਾ ਵਰਕਰ ਹਾਜ਼ਰ ਸਨ।

## 'ਸਵੱਛਤਾ ਹੀ ਸੇਵਾ 2024' ਤਹਿਤ ਸੈਮੀਨਾਰ ਕਰਵਾਇਆ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਜਯੰਤੀ ਨੂੰ ਸਮਰਪਿਤ ਸਵੱਛਤਾ ਹੀ ਸੇਵਾ 2024 ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਸਰਾਲਾ ਵਿਖੇ ਪ੍ਰਿੰਸੀਪਲ ਧਰਮਿੰਦਰ ਕੁਮਾਰ ਸ਼ਰਮਾ ਦੀ ਅਗਵਾਈ ਅਤੇ ਲੈਕਚਰਾਰ ਸੁਖਦੇਵ ਸਿੰਘ ਦੀ ਦੇਖ ਰੇਖ ਹੇਠ ਜਾਗਰੂਕਤਾ ਸੈਮੀਨਾਰ ਅਤੇ ਰੈਲੀ ਕੱਢੀ ਗਈ। ਸ਼ਵੱਛਤਾ ਹੀ ਸੇਵਾ ਵਿਸ਼ੇ ਤੇ ਵੱਖ ਵੱਖ ਬੁਲਾਰਿਆਂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਲੈਕਚਰਾਰ ਸੁਖਦੇਵ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਆਪਣੇ ਆਲੇ ਦੁਆਲੇ ਦੇ ਵਾਤਾਵਰਨ ਨੂੰ ਸਾਫ ਸੁਥਰਾ ਕਰਨ ਲਈ ਪ੍ਰੇਰਿਤ ਕੀਤਾ ਗਿਆ।ਉਹਨਾਂ ਕਿਹਾ ਕਿ ਜੇਕਰ ਅਸੀਂ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖਾਂਗੇ ਤਾਂ ਹੀ ਉਹ ਬਿਮਾਰੀਆਂ ਤੋਂ ਬਚ ਸਕਣਗੇ। ਪ੍ਰਿੰਸੀਪਲ ਧਰਮਿੰਦਰ ਸ਼ਰਮਾ ਨੇ ਕਿਹਾ ਕਿ ਸਾਨੂੰ ਪਲਾਸਟਿਕ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਅਤੇ ਕੂੜਾ ਹਮੇਸ਼ਾ ਕੂੜੇਦਾਨ ਵਿੱਚ ਹੀ ਪਾਉਣਾ ਚਾਹੀਦਾ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵਾਤਾਵਰਨ ਦੀ ਸਾਂਭ ਸੰਭਾਲ ਲਈ ਜਾਗਰੂਕਤਾ ਰੈਲੀ ਵੀ ਕੱਢੀ ਗਈ।ਜਿਸ ਦਾ ਮੁੱਖ ਉਦੇਸ਼ ਪਿੰਡ ਵਾਸੀਆਂ ਨੂੰ ਸ਼ਵੱਛਤਾ ਹੀ ਸੇਵਾ ਪ੍ਰਤੀ ਜਾਗਰੂਕ ਕਰਨਾ ਸੀ।ਇਸ ਮੌਕੇ ਲੈਕਚਰਾਰ ਕੁਲਵਿੰਦਰ ਸਿੰਘ, ਲੈਕਚਰਾਰ ਸੁਖਦੇਵ ਸਿੰਘ, ਨੀਲਮ ਕੁਮਾਰੀ, ਨਵਜੋਤ ਕੌਰ, ਸੰਜੀਤ, ਬਲਜੀਤ ਸਿੰਘ, ਵਨੀਤਾ ਰਾਣੀ, ਨਰਿੰਦਰ ਕੌਰ, ਕਮਲੇਸ਼ ਰਾਣੀ, ਸਤਵੀਰ ਕੌਰ, ਸੰਦੀਪ ਲਾਂਭਾ,ਮੰਜੂ, ਅਨਿਲ ਕੁਮਾਰ, ਅਨੀਸ਼, ਵਿਸ਼ਾਲ, ਸੰਜੀਵ, ਆਰਤੀ, ਸੋਨੀਆ, ਤਜਿੰਦਰ ਕੌਰ, ਪ੍ਰੀਆ, ਕੋਮਲ, ਵੀਨਾ, ਰਜਵਿੰਦਰ ਕੌਰ, ਗੁਰਦੀਪ ਕੌਰ, ਕੈਂਪਸ ਮੈਨੇਜਰ ਕਰਨੈਲ ਸਿੰਘ, ਪ੍ਰੇਮ ਸਿੰਘ, ਸੰਦੀਪ ਸਿੰਘ ਆਦਿ ਹਾਜ਼ਰ ਸਨ।

## ਮੰਡੀਆਂ 'ਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ : ਪ੍ਰਿੰ. ਪ੍ਰੇਮ ਕੁਮਾਰ



**ਫਿਲੌਰ (ਨਿਰਮਲ)** ਪ੍ਰਿੰਸੀਪਲ ਪ੍ਰੇਮ ਕੁਮਾਰ ਹਲਕਾ ਇੰਚਾਰਜ ਫਿਲੌਰ ਜੁਆਇੰਟ ਸਕੱਤਰ ਪੰਜਾਬ ਵਾਇਸ ਚੇਅਰਮੈਨ ਐਜੂਕੇਸ਼ਨ ਬੋਰਡ ਪੰਜਾਬ ਵੱਲੋਂ ਦਾਣਾ ਮੰਡੀ ਫਿਲੌਰ ਦਾ ਜਾਇਜ਼ਾ ਲਿਆ ਗਿਆ ਅਤੇ ਮੰਡੀਆ ਵਿੱਚ ਝੋਨੇ ਦੀ ਆਮਦ ਤੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਸਾਨਾਂ ਦੀਆਂ ਸਮੱਸਿਆਂਵਾਂ ਸੁਣੀਆਂ ਅਤੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਫਿਲੌਰ ਰੋਸ਼ਨ ਲਾਲ ਰੋਸ਼ੀ ਬਲਾਕ ਪ੍ਰਧਾਨ, ਜਗਤ ਰਾਮ ਭੱਟੀ ਬਲਾਕ ਪ੍ਰਧਾਨ, ਸੁਰਿੰਦਰ ਸਿੰਘ ਅਤੇ ਆਮ ਆਦਮੀ ਪਾਰਟੀ ਮੈਂਬਰ ਸਹਿਬਾਨ ਮੌਜੂਦ ਸਨ ।

## ਪੰਚਾਇਤੀ ਚੋਣਾਂ ਦਾ ਐਲਾਨ ਹੁੰਦੇ ਹੀ ਪੰਜਾਬ ਵਿੱਚ ਸਿਆਸਤ ਹੋਈ ਤੇਜ਼

**ਚੰਡੀਗੜ੍ਹ (ਗੁਰਜੀਤ ਬਿੱਲਾ )** -ਪੰਚਾਇਤੀ ਚੋਣਾਂ ਦਾ ਐਲਾਨ ਹੁੰਦੇ ਹੀ ਪੰਜਾਬ ਵਿੱਚ ਸਿਆਸਤ ਤੇਜ਼ ਹੋ ਗਈ ਹੈ। ਸੱਤਾਧਾਰੀ ਧਿਰ ਭਾਵੇਂ ਇਹ ਬਿੱਲ ਪਾਸ ਕਰ ਚੁੱਕੀ ਹੈ ਕਿ ਕੋਈ ਵੀ ਪੰਚ-ਸਰਪੰਚ ਪਾਰਟੀ ਦੇ ਨਿਸ਼ਾਨ 'ਤੇ ਚੋਣਾਂ ਨਹੀਂ ਲੜੇਗਾ ਪਰ ਵਿਰੋਧੀ ਪਾਰਟੀਆਂ ਵੱਲੋਂ ਇਲਜ਼ਾਮਾਂ ਦਾ ਸਿਲਸਿਲਾ ਜਾਰੀ ਹੈ। ਹਾਲ ਹੀ ਵਿੱਚ ਚੋਣਾਂ ਲੜਨ ਦੇ ਚਾਹਵਾਨ ਸਰਪੰਚਾਂ ਨੂੰ ਚੋਣ ਨਿਸ਼ਾਨ ਪ੍ਰਾਪਤ ਕਰਨ ਵਿੱਚ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਦਾ ਇਲਜ਼ਾਮ ਹੈ ਕਿ ਸੱਤਾਧਾਰੀ ਧਿਰ ਜਾਣਬੁੱਝ ਕੇ ਅਫਸਰਸ਼ਾਹੀ ਨੂੰ ਵਿਰੋਧੀ ਧਿਰ ਦੇ ਬੰਦਿਆਂ ਨੂੰ ਚੋਣ ਨਿਸ਼ਾਨ ਨਾ ਜਾਰੀ ਕਰਨ ਦਾ ਦਬਾਅ ਪਾ ਰਹੀ ਹੈ। ਇਸੇ ਰੇੜਕੇ ਦੇ ਚੱਲਦਿਆਂ ਪੰਜਾਬ ਦੇ ਪ੍ਰਧਾਨ ਈਸ਼ਰਪ੍ਰੀਤ ਸਿੱਧੂ ਵੱਲੋਂ ਅੱਜ ਹਲਕਾ ਮੋਹਾਲੀ ਦੇ ਪੰਚਾਂ-ਸਰਪੰਚਾਂ ਨੂੰ ਨਾਲ ਲੈ ਕੇ ਬੀ ਡੀ ਪੀ ਓ ਦਫਤਰ ਵਿਖੇ ਪਹੁੰਚ ਕੀਤੀ ਗਈ। ਇਸ ਮੌਕੇ ਉਹਨਾਂ ਨਾਲ ਰਾਜੀਵ ਗਾਂਧੀ ਪੰਚਾਇਤੀ ਰਾਜ ਭਵਨ ਦੇ ਮੁਹਾਲੀ ਤੋਂ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਭਲਵਾਨ ਨੇ ਵੀ ਬੀ ਡੀ ਪੀ ਓ ਨਾਲ ਮੁਲਾਕਾਤ ਕਰ ਕੇ ਅਧੂਰੇ ਕਾਗਜ਼ਾਂ ਦੀ ਪੂਰਤੀ ਲਈ ਗੁਹਾਰ ਲਗਾਈ। ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਸਿੱਧੂ ਨੇ ਦੱਸਿਆ ਕੇ ਪੰਚਾਇਤੀ ਚੋਣਾਂ ਸਾਡੇ ਸੂਬੇ ਦੀ ਮੁੱਖ ਰਾਜਨੀਤੀ ਦਾ ਧੁਰਾ ਹਨ, ਜਿਹਨਾਂ ਦੌਰਾਨ ਸਿੱਧੇ ਪਿੰਡਾਂ ਦੇ ਬੰਦਿਆਂ ਨਾਲ ਸੰਪਰਕ ਕਰਨਾ ਹੁੰਦਾ ਹੈ। ਇਹਨਾਂ ਚੋਣਾਂ ਨੂੰ ਜਿੱਤਣ ਲਈ ਅਜਿਹੇ ਗੈਰ ਕਾਨੂੰਨੀ ਤਰੀਕੇ ਅਪਣਾਉਣਾ ਸਰਕਾਰ ਨੂੰ ਸ਼ੋਭਾ ਨਹੀਂ ਦਿੰਦਾ। ਸਰਕਾਰ ਦੇ ਇਸ ਕਦਮ ਦੀ ਨਿੰਦਾ ਕਰਦਿਆਂ ਉਹਨਾਂ ਕਿਹਾ ਕਿ ਪੰਚਾ- ਸਰਪੰਚਾਂ ਨੂੰ ਉਹਨਾਂ ਦੇ ਕਾਗਜ ਭਰਨ ਲਈ ਲੋੜੀਂਦੇ ਦਸਤਾਵੇਜ ਮੁਹੱਈਆ ਕਰਵਾਉਣਾ ਅਫਸਰਸ਼ਾਹੀ ਦਾ ਫਰਜ਼ ਹੈ ਤਾਂ ਜੋ ਲੋਕਤੰਤਰ ਨੂੰ ਕਾਇਮ ਰੱਖਿਆ ਜਾ ਸਕੇ। ਸਰਕਾਰ ਚਲਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਆਪ ਸਰਕਾਰ ਹੁਣ ਚੋਣਾਂ ਜਿੱਤਣ ਲਈ ਅਜਿਹੇ ਹੱਥਕੰਡੇ ਅਪਣਾ ਰਹੀ ਹੈ, ਜੋ ਅਸੀਂ ਬਿਲਕੁਲ ਬਰਦਾਸਤ ਨਹੀਂ ਕਰਾਂਗੇ। ਉਹਨਾਂ ਅੱਗੇ ਕਿਹਾ ਕਿ ਅੱਜ ਬਹੁਤ ਸਾਰੇ ਚੋਣ ਲੜਣ ਦੇ ਚਾਹਵਾਨ ਪੰਚਾਂ-ਸਰਪੰਚਾਂ ਨੂੰ ਉਹਨਾਂ ਬੀ.ਡੀ.ਪੀ.ਓ ਦਫਤਰ ਤੋਂ ਸੂਚੀਆਂ ਜਾਰੀ ਕਰਵਾਈਆਂ ਹਨ ਤੇ ਅੱਗੇ ਵੀ ਇਸ ਤਰ੍ਹਾਂ ਦੀ ਕਿਸੇ ਵੀ ਪਰੇਸਾਨੀ ਦੇ ਹੱਲ ਲਈ ਉਹ ਤਿਆਰ ਹਨ। ਪਾਰਦਰਸ਼ੀ ਤੇ ਸਹੀ ਢੰਗ ਨਾਲ ਪੰਚਾਇਤੀ ਚੋਣਾਂ ਕਰਵਾਉਣਾ ਸਰਕਾਰ ਦਾ ਫਰਜ਼ ਹੈ, ਜਿਸ 'ਤੇ ਸਖਤੀ ਨਾਲ ਅਮਲ ਕਰਨਾ ਚਾਹੀਦਾ ਹੈ।

## ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਵਿਸ਼ਵ ਟੂਰਿਜ਼ਮ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**-: ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸ਼ਾਹਪੁਰ ਅਤੇ ਮਕਸੂਦਾਂ ਨੇ ਸੈਰ-ਸਪਾਟਾ ਅਤੇ ਸ਼ਾਂਤੀ ਥੀਮ ਨਾਲ ਵਿਸ਼ਵ ਸੈਰ ਸਪਾਟਾ ਦਿਵਸ ਮਨਾਇਆ। ਯਾਤਰਾ ਅਤੇ ਸੈਰ-ਸਪਾਟਾ ਅਤੇ ਹੋਟਲ ਪ੍ਰਬੰਧਨ ਵਿਭਾਗਾਂ ਦੁਆਰਾ ਆਯੋਜਿਤ, ਇਸ ਸਮਾਗਮ ਨੇ ਵੱਖ-ਵੱਖ ਪ੍ਰਦਰਸ਼ਨਾਂ ਅਤੇ ਗਤੀਵਿਧੀਆਂ ਰਾਹੀਂ ਸੱਭਿਆਚਾਰਕ ਵਿਭਿੰਨਤਾ ਅਤੇ ਏਕਤਾ ਨੂੰ ਪ੍ਰਦਰਸ਼ਿਤ ਕੀਤਾ।ਵਿਦਿਆਰਥੀਆਂ ਨੇ ਭਾਰਤ, ਅਮਰੀਕਾ, ਆਸਟ੍ਰੇਲੀਆ, ਸ਼੍ਰੀਲੰਕਾ, ਕੈਨੇਡਾ, ਪਾਕਿਸਤਾਨ ਅਤੇ ਯੂ ਏ ਈ ਸਮੇਤ 20 ਤੋਂ ਵੱਧ ਦੇਸ਼ਾਂ ਦੀ ਨੁਮਾਇੰਦਗੀ ਕੀਤੀ, ਯਾਤਰਾ ਯੋਗ ਸਥਾਨਾਂ ਨੂੰ ਉਜਾਗਰ ਕੀਤਾ। ਹੋਟਲ ਪ੍ਰਬੰਧਨ ਵਿਭਾਗ ਨੇ ਅੰਤਰਰਾਸ਼ਟਰੀ ਪਕਵਾਨਾਂ ਦੀ ਇੱਕ ਲੜੀ ਪੇਸ਼ ਕੀਤੀ। ਇਸ ਇਵੈਂਟ ਵਿੱਚ ਇੱਕ ਜੀਵੰਤ ਮਾਡਲਿੰਗ ਸ਼ੋਅ, ਰਵਾਇਤੀ ਨਾਚ, ਗਲੋਬਲ ਸੈਰ-ਸਪਾਟੇ ਤੇ ਇੱਕ ਕੁਇਜ਼ ਮੁਕਾਬਲਾ, ਅਤੇ ਸੈਰ-ਸਪਾਟੇ ਵਿੱਚ ਔਰਤਾਂ ਦੀ ਸੁਰੱਖਿਆ ਨੂੰ ਸੰਬੋਧਿਤ ਕਰਨ ਵਾਲਾ ਇੱਕ ਸ਼ਕਤੀਸ਼ਾਲੀ ਨਾਟਕੀ ਐਕਟ ਪੇਸ਼ ਕੀਤਾ ਗਿਆ।ਮਹਿਮਾਨਾਂ ਅਤੇ ਉਦਯੋਗ ਦੇ ਨੁਮਾਇੰਦਿਆਂ ਨੇ ਸ਼ਾਂਤੀ ਅਤੇ ਸੱਭਿਆਚਾਰਕ ਵਟਾਂਦਰੇ ਨੂੰ ਉਤਸ਼ਾਹਿਤ ਕਰਨ ਵਿੱਚ ਸੈਰ-ਸਪਾਟਾ ਦੀ ਭੂਮਿਕਾ 'ਤੇ ਜ਼ੋਰ ਦਿੱਤਾ।ਡਾ. ਰਮਨ ਗੌਤਮ, ਕੈਂਪਸ ਡਾਇਰੈਕਟਰ, ਡਾ. ਜਯੰਤ ਵਤਸ, ਡਾਇਰੈਕਟਰ ਦਾਖਲਾ ਅਤੇ ਦਿਵਯ ਛਾਬੜਾ, ਪ੍ਰਿੰਸੀਪਲ, ਸੀ ਟੀ ਆਈ ਐਚ ਐਮ ਨੇ ਵਿਭਾਗਾਂ ਦੀ ਤਾਰੀਫ਼ ਕੀਤੀ। ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਦੇ ਇੱਕ ਵੀਡੀਓ ਸੰਦੇਸ਼ ਨੇ ਸਮਾਗਮ ਦੀ ਸਫ਼ਲਤਾ ਨੂੰ ਹੋਰ ਅੱਗੇ ਵਧਾਇਆ।

# ਸੂਬੇ 'ਚ ਅਪਰਾਧਾਂ ਨੂੰ ਨੱਥ ਪਾਉਣਾ ਪੰਜਾਬ ਪੁਲਸ ਦੀ ਪ੍ਰਮੁੱਖ ਤਰਜੀਹ : ਡੀ ਜੀ ਪੀ



**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**-: ਸੂਬੇ ਵਿੱਚ ਛੋਟੇ ਅਪਰਾਧਾਂ ਅਤੇ ਨਸ਼ਾ ਤਸਕਰੀ ਨੂੰ ਠੱਲ੍ਹ ਪਾਉਣ ਦੀ ਦਿਸ਼ਾ ਵੱਲ ਅਹਿਮ ਕਦਮ ਪੁੱਟਦਿਆਂ, ਪੁਲਸ ਡਾਇਰੈਕਟਰ ਜਨਰਲ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਮੰਗਲਵਾਰ ਨੂੰ ਕਿਹਾ ਕਿ ਪੰਜਾਬ ਪੁਲਸ ਵੱਲੋਂ ਸੂਬੇ ਭਰ 'ਚ ਸਨੈਚਿੰਗ ਅਤੇ ਨਸ਼ਾ ਵਿਕਰੀ ਵਾਲੀਆਂ ਥਾਵਾਂ (ਹੌਟਸਪਾਟਸ) 'ਤੇ ਕਲੋਜ਼ਡ ਸਰਕਟ ਟੈਲੀਵਿਜ਼ਨ (ਸੀ ਸੀ ਟੀ ਵੀ) ਕੈਮਰਿਆਂ ਦੀ ਵਰਤੋਂ ਕਰਕੇ ਪਰਿਪੱਖ ਨਿਗਰਾਨੀ ਰੱਖੀ ਜਾਵਗੀ। ਉਨ੍ਹਾਂ ਕਿਹਾ ਕਿ ਸੁਚੱਜੇ ਢੰਗ ਨਾਲ ਹਰ ਮੌਕੇ ਦੀ ਨਿਗਰਾਨੀ ਕਰਨ ਲਈ ਜ਼ਿਲ੍ਹਾ ਅਤੇ ਸਬ-ਡਵੀਜ਼ਨ ਪੱਧਰ 'ਤੇ ਸੀ ਸੀ ਟੀ ਵੀ ਕੰਟਰੋਲ ਰੂਮ ਸਥਾਪਿਤ ਕੀਤੇ ਜਾ ਰਹੇ ਹਨ। ਇਹ ਕਦਮ ਪਿਛਲੇ ਤਿੰਨ ਸਾਲਾਂ ਦੌਰਾਨ ਅਜਿਹੇ ਅਪਰਾਧਿਕ ਹੌਟਸਪੌਟਸ ਅਤੇ ਨਸ਼ਾ ਵਿਕਰੀ ਹੌਟਸਪਾਟਸ ਦੀ ਕ੍ਰਾਈਮ ਹੌਟਸਪੌਟ ਮੈਪਿੰਗ ਤੋਂ ਬਾਅਦ ਅਮਲ ਵਿੱਚ ਲਿਆਂਦਾ ਗਿਆ ਹੈ।

ਡੀ ਜੀ ਪੀ ਸਾਰੇ 28 ਪੁਲਸ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਅਤੇ ਸੰਗਠਿਤ ਅਪਰਾਧ, ਨਸ਼ਾ ਤਸਕਰੀ ਅਤੇ ਅੱਤਵਾਦ ਵਿਰੁੱਧ ਚੱਲ ਰਹੀ ਲੜਾਈ ਦਾ ਜਾਇਜ਼ਾ ਲੈਣ ਲਈ ਸਾਰੇ ਸੀਨੀਅਰ ਫੀਲਡ ਅਧਿਕਾਰੀਆਂ ਅਤੇ ਆਪਰੇਸ਼ਨਲ ਵਿੰਗਾਂ ਦੇ ਮੁਖੀਆਂ ਨਾਲ ਪੀ.ਏ.ਪੀ. ਕੰਪਲੈਕਸ ਜਲੰਧਰ ਵਿਖੇ ਰਾਜ ਪੱਧਰੀ ਕਾਨੂੰਨ ਅਤੇ ਵਿਵਸਥਾ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ।ਮੀਟਿੰਗ ਵਿੱਚ ਪੰਜਾਬ ਦੀਆਂ ਵੱਖ-ਵੱਖ ਵਿਸ਼ੇਸ਼ ਯੂਨਿਟਾਂ ਦੇ ਮੁਖੀ, ਜਿਨ੍ਹਾਂ ਵਿੱਚ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.), ਰੇਲਵੇ, ਐਂਟੀ ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.), ਕਾਊਂਟਰ ਇੰਟੈਲੀਜੈਂਸ, ਅੰਦਰੂਨੀ ਸੁਰੱਖਿਆ, ਕਾਨੂੰਨ ਅਤੇ ਵਿਵਸਥਾ, ਇੰਟੈਲੀਜੈਂਸ, ਪ੍ਰਸ਼ਾਸਨ, ਬਿਊਰੋ ਆਫ ਇਨਵੈਸਟੀਗੇਸ਼ਨ, ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਅਤੇ ਪ੍ਰੋਵਿਜ਼ਨਿੰਗਸ ਆਦਿ ਸ਼ਾਮਲ ਹਨ, ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਪੰਜਾਬ ਦੇ ਸਾਰੇ ਸੀਨੀਅਰ ਪੁਲਸ ਕਪਤਾਨ (ਐਸ ਐਸ ਪੀ), ਪੁਲਸ ਕਮਿਸ਼ਨਰ (ਸੀ ਪੀਜ਼), ਅਤੇ ਰੇਂਜ ਆਈਜੀ/ਡੀ ਆਈ ਜੀ ਵੀ ਹਾਜ਼ਰ ਸਨ।

ਡੀ ਜੀ ਪੀ ਗੌਰਵ ਯਾਦਵ ਨੇ 'ਛੋਟੇ ਅਪਰਾਧ ਰੋਕਣ' ਨੂੰ ਪੰਜਾਬ ਪੁਲਿਸ ਦੀ ਪ੍ਰਮੁੱਖ ਤਰਜੀਹ ਕਰਾਰ ਦਿੰਦਿਆਂ ਕਿਹਾ ਕਿ ਫੀਲਡ ਅਫਸਰਾਂ ਨੂੰ ਇਸ ਕਾਰਵਾਈ ਨੂੰ ਹੋਰ ਪ੍ਰਭਾਵੀ ਬਣਾਉਣ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਪ੍ਰਭਾਵਿਤ ਕਰਨ ਵਾਲੇ ਅਪਰਾਧਾਂ ਖਾਸ ਤੌਰ 'ਤੇ ਫਿਰੌਤੀ ਦੀਆਂ ਕਾਲਾਂ, ਸਨੈਚਿੰਗ, ਚੋਰੀਆਂ, ਠੱਗੀਆਂ ਅਤੇ ਨਸ਼ਾ ਵਿਕਰੀ ਵਾਲੀਆਂ ਥਾਵਾਂ ਨਾਲ ਨਜਿੱਠਣ ਲਈ ਸਾਰੀਆਂ ਵਿਧੀਆਂ ਦੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸੀਪੀਜ਼/ਐਸਐਸਪੀਜ਼ ਨੂੰ ਅਜਿਹੇ ਅਪਰਾਧੀਆਂ ਨਾਲ ਸਖ਼ਤੀ ਨਾਲ ਨਜਿੱਠਣ ਅਤੇ ਡਰੱਗ ਸਪਲਾਇਰਾਂ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਜੁਟਾਈ ਸੰਪਤੀ ਨੂੰ ਫਰੀਜ਼ ਕਰਨ ਲਈ ਐਨ ਡੀ ਪੀ ਐਸ ਦੀ ਧਾਰਾ 68ਐਫ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਵੀ ਹੁਕਮ ਦਿੱਤੇ।

## ਥਾਣਾ ਰਾਹੋਂ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਥਾਣਾ ਰਾਹੋਂ ਵਿਖੇ ਪੰਜਾਬ ਪੁਲਸ ਨੇ ਸੁਖਮਨੀ ਸਾਹਿਬ ਦੇ ਪਾਠ ਬੜੀ ਸ਼ਰਧਾ ਨਾਲ ਕਰਵਾਏ ਗਏ, ਨਾਲ ਹੀ ਸਰਬੱਤ ਦੇ ਭਲੇ ਲਈ ਅਤੇ ਪੰਜਾਬ ਪੁਲਸ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਨਵਾਂਸ਼ਹਿਰ ਦੇ ਡੀ ਐਸ ਪੀ ਰਾਜ ਕੁਮਾਰ ਵੀ ਪਹੁੰਚੇ, ਉਹਨਾਂ ਨੇ ਕਿਹਾ ਕਿ ਆਪਣੇ ਕੰਮਾਂ-ਕਾਰਾਂ ਦੇ ਨਾਲ-ਨਾਲ ਪਰਮਾਤਮਾ ਦਾ ਨਾਮ ਲੈਣਾ ਵੀ ਜਰੂਰੀ ਹੈ। ਇਸ ਮੌਕੇ ਇਲਾਕੇ ਦੀਆਂ ਸੰਗਤਾਂ ਵਿੱਚ ਮਲਕੀਤ ਸਿੰਘ ਕਾਹਲੋਂ, ਸ਼ਿੰਗਾਰਾ ਰਾਮ, ਗੁਰਮੀਤ ਸਿੰਘ ਕਲੇਰ, ਜਥੇਦਾਰ ਬਹਾਦਰ ਸਿੰਘ ਭਾਰਟਾ, ਗੌਰਵ ਗਾਬਾ, ਕੁਲਵੀਰ ਖੱਦਰ, ਮੁਖਤਿਆਰ ਮੁੱਖਾ, ਅਮਰਜੀਤ ਸਿੰਘ ਸੂੰਡ, ਰਾਜ ਚੋਪੜਾ ਆਦਿ ਵੀ ਹਾਜਰ ਸਨ। ਐਸ ਐਚ ਓ ਥਾਣਾ ਰਾਹੋਂ ਜਰਨੈਲ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਸਮੁੱਚੇ ਸਟਾਫ ਵੱਲੋਂ ਡੀ ਐਸ ਪੀ ਰਾਜ ਕੁਮਾਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।



# ਤੈਰਾਕੀ ਮੁਕਾਬਲੇ 'ਚ ਦਿਵਜੋਤ ਸਿੰਘ ਨੇ ਮਾਰੀ ਬਾਜ਼ੀ

**ਜਲੰਧਰ, (ਸੁਰਿੰਦਰ ਕੁਮਾਰ)**-ਸਥਾਨਕ ਜਲੰਧਰ ਤੇ ਪੰਜਾਬ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2024' ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੀ ਲੜੀ 'ਚ ਮੰਗਲਵਾਰ ਨੂੰ ਤੈਰਾਕੀ, ਹਾਕੀ ਅਤੇ ਪਾਵਰਲਿਫਟਿੰਗ ਖੇਡਾਂ ਦੇ ਮੁਕਾਬਲੇ ਕਰਵਾਏ ਗਏ।ਜ਼ਿਲ੍ਹਾ ਪੱਧਰੀ ਤੈਰਾਕੀ ਖੇਡਾਂ ਦੇ ਪਹਿਲੇ ਦਿਨ ਸਪੋਰਟਸ ਸਕੂਲ ਤੈਰਾਕੀ ਸੈਂਟਰ ਵਿਖੇ ਡਾ. ਸੌਰਭ ਲਖਨਪਾਲ ਹੈੱਡ ਆਫ ਡੀ.ਐਸ.ਡਬਲਯੂ ਐਲ.ਪੀ.ਯੂ. ਨੇ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਜ਼ਿਲ੍ਹਾ ਪੱਧਰੀ ਖੇਡਾਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤੈਰਾਕੀ ਅੰਡਰ-14, 100 ਮੀਟਰ ਬਟਰ ਫਲਾਈ ਮੁਕਾਬਲੇ ਵਿਚ ਦਿਵਜੋਤ ਸਿੰਘ ਨੇ ਪਹਿਲਾ ਜਦਕਿ ਗੈਰੀ ਸੈਜਲ ਦੂਜੇ ਅਤੇ ਯੁਵਰਾਜ ਮੋਦੀ ਤੀਜੇ ਸਥਾਨ 'ਤੇ ਰਹੇ। ਅੰਡਰ-14 ਲੜਕੀਆਂ 100 ਮੀਟਰ ਬੈਕ ਸਟਰੋਕ ਵਿਚ ਪਾਵਨੀ ਨੇ ਪਹਿਲਾ, ਨੂਪੁਰ ਨੇ ਦੂਜਾ ਅਤੇ ਈਰਾ ਬੈਨਰਜੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਅੰਡਰ-17 ਲੜਕੇ 400 ਮੀਟਰ ਫ੍ਰੀ ਸਟਾਈਲ ਮੁਕਾਬਲੇ ਵਿਚ ਵਾਰਿਸਦੀਪ ਸੰਧੂ ਨੇ ਪਹਿਲਾ, ਕ੍ਰਿਸ਼ਨਾ ਕੁੰਵਰ ਨੇ ਦੂਜਾ ਅਤੇ ਹਰਸ਼ਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-21, 100 ਮੀਟਰ ਬਟਰ ਫਲਾਈ ਵਿਚ ਹਰਸ਼ਿਤ ਨੇ ਪਹਿਲਾ, ਸਿਵਾਂਸ਼ ਭਾਟੀਆ ਨੇ ਦੂਜਾ ਅਤੇ ਡੈਨੀਅਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਲੜਕੀਆਂ 50 ਮੀਟਰ ਬੈਕ ਸਟਰੋਕ ਈਵੈਂਟ ਵਿਚ ਤਵਿਸ਼ਾ ਸ਼ਰਮਾ ਨੇ ਪਹਿਲਾ, ਰਿਤੂ ਰਾਣਾ ਨੇ ਦੂਜਾ ਅਤੇ ਹਰਲੀਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਅੱਗੇ ਦੱਸਿਆ ਕਿ ਹਾਕੀ ਅੰਡਰ-14 ਲੜਕੀਆਂ ਮੁਕਾਬਲੇ ਵਿਚ ਦੁਆਬਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਪਹਿਲੇ, ਸੁਰਜੀਤ ਹਾਕੀ ਟ੍ਰੇਨਿੰਗ ਸੈਂਟਰ ਦੀ ਟੀਮ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਨੰਗਲ ਫਤਹਿ ਖਾਂ ਦੀ ਹਾਕੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-17 ਮੁਕਾਬਲੇ ਵਿੱਚ ਦੁਆਬਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਹਾਕੀ ਟੀਮ ਨੇ ਪਹਿਲਾ, ਸੀਨੀਅਰ ਸੈਕੰਡਰੀ ਸਕੂਲ ਧੰਨੋਵਾਲੀ ਹਾਕੀ ਸੈਂਟਰ ਦੀ ਟੀਮ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਨੰਗਲ ਫਤਹਿ ਖਾਂ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਮੁਕਾਬਲੇ ਵਿਚ ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਦੀ ਹਾਕੀ ਟੀਮ ਨੇ ਪਹਿਲਾ, ਲਾਇਲਪੁਰ ਖਾਲਸਾ ਕਾਲਜ ਫਾਰ ਇੰਸਟੀਚਿਊਟ ਦੀ ਹਾਕੀ ਟੀਮ ਨੇ ਦੂਜਾ ਅਤੇ ਦੁਆਬਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-21-30 ਮੁਕਾਬਲੇ ਵਿਚ ਲਾਇਲਪੁਰ ਖਾਲਸਾ ਕਾਲਜ ਦੀ ਹਾਕੀ ਟੀਮ ਪਹਿਲੇ ਅਤੇ ਦੁਆਬਾ ਖਾਲਸਾ ਸੀਨੀਅਰ ਸੈਕੰਡਰੀ ਓਲਡ ਸਟੂਡੈਂਟਸ ਦੀ ਟੀਮ ਦੂਜੇ ਸਥਾਨ 'ਤੇ ਰਹੀ।ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ ਪਾਵਰਲਿਫਟਿੰਗ ਅੰਡਰ-17 ਲੜਕੀਆਂ 72 ਕਿਲੋਗ੍ਰਾਮ ਭਾਰ ਵਰਗ ਵਿੱਚ ਅਮਨਜੋਤ ਨੇ ਪਹਿਲਾ, ਆਇਸ਼ਾ ਨੇ ਦੂਜਾ ਅਤੇ ਜਸਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 81 ਕਿਲੋ ਭਾਰ ਵਰਗ ਵਿਚ ਅਵਲੀਨ ਕੌਰ ਪਹਿਲੇ ਸਥਾਨ 'ਤੇ ਰਹੀ। ਅੰਡਰ-21 ਲੜਕੀਆਂ 43 ਕਿਲੋ ਭਾਰ ਵਰਗ ਵਿਚ ਬਰੀਤੀ ਨੇ ਪਹਿਲਾ, ਜੋਬਨਪ੍ਰੀਤ ਨੇ ਦੂਜਾ ਅਤੇ ਸੁਰਿੰਦਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 47 ਕਿਲੋ ਭਾਰ ਵਰਗ ਵਿਚ ਜਸਲੀਨ ਨੇ ਪਹਿਲਾ ਅਤੇ ਸ਼ਿਵਾਨੀ ਕੁਮਾਰੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ । 52 ਕਿਲੋ ਭਾਰ ਵਰਗ ਵਿਚ ਆਸ਼ਾ ਕੁਮਾਰੀ ਨੇ ਪਹਿਲਾ ਅਤੇ ਐਸ਼ਪ੍ਰੀਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 72 ਕਿਲੋ ਭਾਰ ਵਰਗ ਵਿਚ ਬਾਲੀ ਨੇ ਪਹਿਲਾ, ਪ੍ਰਤਿਭਾ ਨੇ ਦੂਜਾ ਅਤੇ ਸੁਖਜੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ- 21, 72 ਕਿਲੋ ਭਾਰ ਵਰਗ ਵਿਚ ਅਮਨਜੋਤ ਕੌਰ ਨੇ ਪਹਿਲਾ, ਆਇਸ਼ਾ ਨੇ ਦੂਜਾ ਅਤੇ ਜਸਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ +81 ਕਿਲੋ ਭਾਰ ਵਰਗ ਵਿਚ ਅਵਲੀਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਲੜਕੇ ਅੰਡਰ-21, 83 ਕਿਲੋ ਭਾਰ ਵਰਗ ਵਿਚ ਅਰਮਾਨ ਨੇ ਪਹਿਲਾ, ਸਹਿਬਜੋਤ ਨੇ ਦੂਜਾ ਅਤੇ ਜਸਕੀਰਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 93 ਕਿਲੋ ਭਾਰ ਵਰਗ ਵਿਚ ਹਰਮਨਦੀਪ ਨੇ ਪਹਿਲਾ ਅਤੇ ਜਸਕਰਨ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 105 ਕਿਲੋ ਭਾਰ ਵਰਗ ਵਿਚ ਗੁਰਮੁੱਖ ਸਿੰਘ ਨੇ ਪਹਿਲਾ ਅਤੇ ਹਰਸ਼ਦੀਪ ਮਹੰਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 120 ਕਿਲੋ ਗ੍ਰਾਮ ਭਾਰ ਵਰਗ ਵਿੱਚ ਅਰਜਨ ਪਹਿਲੇ ਸਥਾਨ 'ਤੇ ਰਿਹਾ। +120 ਕਿਲੋ ਭਾਰ ਵਰਗ ਵਿਚ ਜਸਕਰਨ ਸਿੰਘ ਨੇ ਪਹਿਲਾ ਅਤੇ ਤੇਜਪਾਲ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਅੰਤਰਰਾਸ਼ਟਰੀ ਵਾਟਰ ਪੋਲੋ ਖਿਡਾਰੀ ਜਤਿੰਦਰਪਾਲ ਸਿੰਘ, ਪੰਜਾਬ ਪੁਲਸ ਕੋਚ ਲਖਬੀਰ ਸਿੰਘ ਕੰਗ, ਤੈਰਾਕੀ ਕੋਚ ਉਮੇਸ਼ ਸ਼ਰਮਾ, ਰਿਟਾ. ਜ਼ਿਲ੍ਹਾ ਖੇਡ ਅਫ਼ਸਰ ਗੁਰਭਗਤ ਸਿੰਘ ਸੰਧੂ ਆਦਿ ਵੀ ਮੌਜੂਦ ਸਨ।

## ਸੀ ਐੱਚ ਸੀ ਭੂੰਗਾ ਵਿਖੇ ਵਿਸ਼ਵ ਹਾਰਟ ਦਿਵਸ 'ਤੇ ਸੈਮੀਨਾਰ




**ਅੱਡਾ ਸਰਾਂ /ਟਾਂਡਾ (ਜਸਵੀਰ ਕਾਜਲ)** ਪੰਜਾਬ ਸਰਕਾਰ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾਕਟਰ ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਸੀ ਐਚ ਸੀ ਭੂੰਗਾ ਵਿਖੇ 'ਯੂਜ਼ ਹਾਟ ਫਾਰ ਐਕਸ਼ਨ ਟੀਮ' ਦੇ ਤਹਿਤ ਲੋਕਾਂ ਨੂੰ ਦਿਲ ਦੀ ਦੇ ਰੋਗ, ਸਿਹਤ ਪ੍ਰਤੀ ਜਾਗਰੂਕ ਕੀਤਾ ਗਿਆ ।ਇਸ ਸਬੰਧੀ ਗੱਲਬਾਤ ਕਰਦੇ ਆ ਡਾਕਟਰ ਹਰਜੀਤ ਸਿੰਘ ਨੇ ਦੱਸਿਆ ਕਿ ਦਿਲ ਦੇ ਰੋਗਾਂ ਦੀ ਇੱਕ ਐਮਰਜੈਂਸੀ ਸਥਿਤੀ ਹੈ, ਜੋ ਕਿਸੇ ਵੀ ਵਿਅਕਤੀ ਦੀ ਜਾਨ ਤੁਰੰਤ ਲੈ ਸਕਦੀ ਹੈ।ਅਚਾਨਕ ਹਾਰਟ ਅਟੈਕ ਦੀ ਸਥਿਤੀ ਉਦੋਂ ਹੁੰਦੀ ਹੈ ਜਦੋਂ ਦਿਲ ਦੀਆਂ ਮਾਸਪੇਸ਼ੀਆਂ ਵਿੱਚ ਖੂਨ ਦਾ ਦੌਰਾ ਘੱਟ ਜਾਂਦਾ ਹੈ ਅਤੇ ਦਿਲ ਨੂੰ ਲੋੜੀਂਦੀ ਮਾਤਰਾ ਵਿੱਚ ਖੂਨ ਨਾ ਮਿਲਣ ਕਾਰਨ ਦਿਲ ਫੇਲ (ਭਾਵ ਕੰਮ ਕਰਨਾ ਬੰਦ ਹੋ ਜਾਣਾ) ਹੋ ਜਾਂਦਾ ਹੈ ਅਤੇ ਕਈ ਵਾਰ ਅਜਿਹੀਆਂ ਸਥਿਤੀ ਪੈਦਾ ਹੋ ਜਾਂਦੀ ਹੈ ਜਿਸ ਵਿੱਚ ਦਿਲ ਨੂੰ ਖੂਨ ਦੀ ਸਪਲਾਈ ਬੰਦ ਹੋ ਜਾਂਦੀ ਹੈ, ਵਿਅਕਤੀ ਦੀ ਮੌਤ ਹੋ ਜਾਂਦੀ ਹੈ ਜਾਂ ਕਿਸੇ ਅੰਗ ਪੈਰ ਉੱਪਰ ਦਿਲ ਦੇ ਦੌਰੇ ਅਸਰ ਕਰਦਾ ਹੈ ਜਿਸ ਨਾਲ ਅੰਗ ਪੈਰ ਚਲਣਾ ਬੰਦ ਹੋ ਜਾਂਦਾ। ਇਸ ਮੌਕੇ ਜਸਤਿੰਦਰ ਸਿੰਘ ਬੀ ਈ ਨੇ ਦੱਸਿਆ ਕਿ ਦਿਲ ਦੀ ਬਿਮਾਰੀ ਮੌਤ ਦਾ ਇੱਕ ਪ੍ਰਮੁੱਖ ਕਾਰਨ ਹੈ ਜਿਸ ਦੇ ਦੌਰੇ ਤੋਂ ਬਚਣ ਲਈ ਸਾਨੂੰ ਸਿਹਤਮੰਦ ਖੁਰਾਕ ਲੈਣੀ ਚਾਹੀਦੀ ਹੈ, ਆਪਣੀ ਖੁਰਾਕ ਵਿੱਚ ਹਰੀਆਂ ਸਬਜ਼ੀਆਂ, ਫਲ , ਅਨਾਜ ਅਤੇ ਮੱਛੀ ਨੂੰ ਸ਼ਾਮਲ ਕਰਨਾ ਚਾਹੀਦਾ ਹੈ।ਰੋਜਾਨਾ ਕਸਰਤ ਅਤੇ ਤੰਦਰੁਸਤੀ ਵੱਲ ਧਿਆਨ ਦੇਣਾ ਯੋਗਾ ਆਦਿ ਤਰੀਕੇ ਅਪਣਾਉਣੇ ਚਾਹੀਦੇ ਹਨ।ਇਸੇ ਮੌਕੇ ਡਾਕਟਰ ਹਰਦੀਪ ਸਿੰਘ, ਅਮਿਤ ਸ਼ਰਮਾ, ਉਮੇਸ਼ ਕੁਮਾਰ ਗੁਰਜਿੰਦਰ ਸਿੰਘ ਹੋਰ ਹਸਪਤਾਲ ਦੇ ਅਧਿਕਾਰੀ ਅਤੇ ਆਮ ਲੋਕ ਹਾਜ਼ਰ ਸਨ।

## ਦਿਵਿਆਂਗਜਨ ਭਲਾਈ ਖੇਤਰ 'ਚ ਯੋਗਦਾਨ ਪਾਉਣ ਵਾਲਿਆਂ ਤੋਂ ਪੁਰਸਕਾਰਾਂ ਲਈ ਅਰਜ਼ੀਆਂ ਦੀ ਮੰਗ

**ਜਲੰਧਰ, (ਸੁਰਿੰਦਰ ਕੁਮਾਰ)**-ਸਥਾਨਕ ਜਲੰਧਰ 'ਚ ਰਾਜ ਸਰਕਾਰ ਵੱਲੋਂ ਸਟੇਟ ਐਵਾਰਡ ਟੂ ਦਿ ਫਿਜ਼ੀਕਲੀ ਹੈਂਡੀਕੈਪਡ ਸਕੀਮ ਤਹਿਤ ਸੂਬਾ ਪੱਧਰੀ ਐਵਾਰਡ ਦੇਣ ਲਈ ਬਿਨੈਕਾਰਾਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਸਕੀਮ ਤਹਿਤ ਹਰ ਸਾਲ ਦਿਵਿਆਂਗ ਵਿਅਕਤੀਆਂ, ਕਰਮਚਾਰੀਆਂ, ਖਿਡਾਰੀਆਂ ਤੇ ਸੰਸਥਾਵਾਂ, ਜਿਨ੍ਹਾਂ ਵੱਲੋਂ ਦਿਵਿਆਂਗ ਵਿਅਕਤੀਆਂ ਦੀ ਭਲਾਈ ਦੇ ਖੇਤਰ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਦਰਜ ਕੀਤੀਆਂ ਗਈਆਂ ਹੋਣ, ਨੂੰ ਸੂਬਾ ਪੱਧਰੀ ਐਵਾਰਡ ਨਾਲ ਸਨਮਾਨਤ ਕੀਤਾ ਜਾਂਦਾ ਹੈ। ਡਾ. ਅਗਰਵਾਲ ਅੱਗੇ ਦੱਸਿਆ ਕਿ ਕੋਈ ਵੀ ਯੋਗ ਬਿਨੈਕਾਰ ਹਰ ਪੱਖੋਂ ਮੁਕੰਮਲ ਪ੍ਰਫਾਰਮੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਦੇ ਦਫ਼ਤਰ ਵਿਖੇ 30 ਅਕਤੂਬਰ ਤੱਕ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਅਰਜ਼ੀਆਂ 'ਤੇ ਵਿਚਾਰ ਕਰਨ ਲਈ ਜ਼ਿਲ੍ਹਾ ਪੱਧਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਅਧੂਰੇ ਤੇ ਮਿੱਥੀ ਤਰੀਕ ਤੋਂ ਬਾਅਦ ਪ੍ਰਾਪਤ ਹੋਣ ਵਾਲੇ ਪ੍ਰਫਾਰਮਿਆਂ 'ਤੇ ਕਮੇਟੀ ਵੱਲੋਂ ਵਿਚਾਰ ਨਹੀਂ ਕੀਤਾ ਜਾਵੇਗਾ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਮਨਜਿੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਨਿਰਧਾਰਤ ਪ੍ਰਫਾਰਮੇ ਉਨ੍ਹਾਂ ਦੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ (ਡੀ ਸੀ ਦਫ਼ਤਰ) ਸਥਿਤ ਦਫ਼ਤਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਚਾਰ ਵਰਗਾਂ ਵਿੱਚ ਐਵਾਰਡ ਦਿੱਤੇ ਜਾਣੇ ਹਨ, ਜਿਨ੍ਹਾਂ ਵਿੱਚ ਬੈਸਟ ਐਂਪਲਾਇ ਜਾਂ ਸੈਲਫ਼ ਐਂਪਲਾਇਡ ਵਿਦ ਡਿਸੇਬਿਲਿਟੀ, ਐਵਾਰਡ ਫਾਰ ਬੈਸਟ ਐਂਪਲਾਇਰ, ਐਵਾਰਡ ਫਾਰ ਬੈਸਟ ਇੰਡੀਵੀਜ਼ੁਅਲ ਐਂਡ ਇੰਸਟੀਚਿਊਸ਼ਨ ਅਤੇ ਐਵਾਰਡ ਫਾਰ ਬੈਸਟ ਸਪੋਰਟਸ ਪਰਸਨ ਵਿਦ ਡਿਸੇਬਿਲਿਟੀ ਸ਼ਾਮਲ ਹਨ।

## ਵਿਦਿਆਰਥੀਆਂ ਨੇ ਜਨਮ ਦਿਨ ਮੌਕੇ ਸਕੂਲ 'ਚ ਲਗਾਏ ਪੌਦੇ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਪ੍ਰਾਇਮਰੀ ਸਕੂਲ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਵਿੱਚ ਅਧਿਆਪਕ ਦਵਿੰਦਰ ਸਿੰਘ ਵੱਲੋਂ ਆਪਣੇ ਬੇਟੇ ਅਗਮ ਸਿੰਘ ਛਾਬੜਾ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਵਾਤਾਵਰਨ ਦੀ ਸ਼ੁੱਧਤਾ ਤੇ ਹਰਿਆਲੀ ਲਿਆਉਣ ਲਈ ਪੌਦਾ ਲਗਾਇਆ ਗਿਆ। ਇਸੇ ਤਰ੍ਹਾਂ ਹੀ ਪੰਜਵੀਂ ਜਮਾਤ ਦੀਆਂ ਵਿਦਿਆਰਥਣਾਂ ਪ੍ਰਿਆ ਰਾਣੀ ਤੇ ਜੋਤੀ ਨੇ ਵੀ ਆਪੋ ਆਪਣੇ ਜਨਮ ਦਿਨ ਮੌਕੇ ਸਕੂਲ ਵਿੱਚ ਪੌਦੇ ਲਗਾਏ। ਇਸ ਮੌਕੇ ਮੁੱਖ ਅਧਿਆਪਕ ਗੋਪਾਲ ਕ੍ਰਿਸ਼ਨ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਆਪਣੇ ਜਨਮ ਦਿਨ ਮੌਕੇ ਸਕੂਲ ਵਿੱਚ ਪੌਦੇ ਲਗਾਏ ਜਾ ਰਹੇ ਹਨ। ਇਨ੍ਹਾਂ ਪੌਦਿਆਂ ਦੀ ਸਾਂਭ-ਸੰਭਾਲ ਕਰਨ ਦੀ ਜ਼ੁੰਮੇਵਾਰੀ ਵੀ ਇਨ੍ਹਾਂ ਬੱਚਿਆਂ ਵੱਲੋਂ ਨਿਭਾਈ ਜਾ ਰਹੀ ਹੈ, ਤਾਂ ਜੋ ਇਹ ਪੌਦੇ ਵੱਡੇ ਹੋ ਕੇ ਰੁੱਖ ਬਣਨ ਤੇ ਵਾਤਾਵਰਨ ਦੀ ਸ਼ੁੱਧਤਾ ਲਈ ਵਰਦਾਨ ਸਾਬਿਤ ਹੋ ਸਕਣ। ਇਸ ਮੌਕੇ ਅਧਿਆਪਕ ਸੰਦੀਪ ਕੁਮਾਰ, ਸੁਰਿੰਦਰ ਸਿੰਘ, ਦਵਿੰਦਰ ਸਿੰਘ, ਗੁਰਪ੍ਰੀਤ ਕੌਰ, ਅਨੂੰ ਬਾਲਾ, ਸੁਨੀਤਾ ਰਾਣੀ, ਸਰੋਜ, ਪਰਮਜੀਤ ਸਿੰਘ, ਕ੍ਰਿਸ਼ਨਾ ਰਾਣੀ ਹਾਜ਼ਰ ਸਨ।

ਨੋਟ ਫੋਟੋ ਫਾਇਲ-01ਜੇਬੀਡੀ-01

## ਸਿਹਤ ਵਿਭਾਗ ਨੇ ਕੁਸ਼ਟ ਰੋਗ ਸੰਬੰਧੀ ਜਾਗਰੂਕਤਾ ਕੈਂਪ ਲਾਇਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਡਾ. ਚੰਦਰ ਸ਼ੇਖਰ ਕੱਕੜ ਸਿਵਲ ਸਰਜਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਪਰਮਜੀਤ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਦੀ ਅਗਵਾਈ ਕੁਸ਼ਟ ਰੋਗ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ। ਜ਼ਿਲ੍ਹਾ ਲੈਪਰੋਸੀ ਅਫ਼ਸਰ ਡਾ. ਗਗਨਜੋਤ ਕੌਰ ਨੇ ਦੱਸਿਆ ਕਿ ਜੇਕਰ ਚਮੜੀ ਤੇ ਹਲਕੇ ਤਾਂਬੇ ਰੰਗ ਦੇ ਸੁੰਨ ਨਿਸ਼ਾਨ ਹੋਣ, ਜਿਸ 'ਤੇ ਗਰਮ-ਠੰਢੇ ਦਾ ਪਤਾ ਨਾ ਲੱਗੇ ਤਾਂ ਇਹ ਕੁਸ਼ਟ ਰੋਗ ਹੋ ਸਕਦਾ ਹੈ। ਅਜਿਹੇ ਲੱਛਣ ਹੋਣ 'ਤੇ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਚਮੜੀ ਦੇ ਮਾਹਿਰ ਡਾਕਟਰ ਕੋਲ ਚੈਕਅੱਪ ਕਰਾਇਆ ਜਾਵੇ ਤਾਂ ਜੁ ਸਮੇਂ ਸਿਰ ਬਿਮਾਰੀ ਦਾ ਪਤਾ ਲਗਾ ਕੇ ਇਲਾਜ ਸ਼ੁਰੂ ਕੀਤਾ ਜਾ ਸਕੇ ਤੇ ਇਸ ਰੋਗ ਤੋਂ ਹੋਣ ਵਾਲੀ ਕਰੂਪਤਾ ਤੋਂ ਬਚਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਕੁਸ਼ਟ ਰੋਗ ਇਲਾਜ ਯੋਗ ਹੈ ਤੇ ਸਾਰੇ ਸਰਕਾਰੀ ਸਿਹਤ ਕੇਂਦਰਾਂ ਤੇ ਇਸ ਦਾ ਮੁਫ਼ਤ ਇਲਾਜ ਉਪਲਬਧ ਹੈ। ਸੀਨੀਅਰ ਮੈਡੀਕਲ ਅਫਸਰ ਡਾ. ਪਰਮਜੀਤ ਸਿੰਘ ਬਰਾੜ ਨੇ ਸਮੂਹ ਆਸ਼ਾ ਵਰਕਰਾਂ ਨੂੰ ਕਿਹਾ ਉਹ ਘਰ-ਘਰ ਜਾ ਕੇ ਕੁਸ਼ਟ ਰੋਗ ਦੇ ਲੱਛਣਾਂ, ਬਚਾਅ ਤੇ ਇਲਾਜ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ।

## ਗੋਬਿੰਦ ਨਗਰ ਲੌਂਗੋਵਾਲ 'ਚ ਬਣੀ ਸਰਬਸੰਮਤੀ ਨਾਲ ਪੰਚਾਇਤ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** : ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਵਿੱਕੀ ਵਸ਼ਿਸ਼ਟ ਤੇ ਬਲਵਿੰਦਰ ਸਿੰਘ ਢਿੱਲੋਂ ਦੇ ਉਦਮ ਸਦਕਾ ਪਿੰਡ ਗੋਬਿੰਦ ਨਗਰ ਲੌਂਗੋਵਾਲ ਵਿੱਚ ਸਰਬਸੰਮਤੀ ਨਾਲ ਪੰਚਾਇਤ ਬਣੀ।ਇਸ ਪੰਚਾਇਤ ਵਿੱਚ ਲੱਕੀ ਕਪਿਆਲੀਆ ਸਰਪੰਚ ਚੁਣੇ ਗਏ।ਨਵੇਂ ਚੁਣੇ ਗਏ ਸਰਪੰਚ ਦਾ ਪਿੰਡ ਵਾਸੀਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮੂੰਹ ਮਿੱਠਾ ਕਰਕੇ ਵਧਾਈਆਂ ਦਿੱਤੀਆਂ ਗਈਆਂ।

## ਨਸ਼ਿਆਂ ਵਿਰੁੱਧ ਕੱਢੀ ਜਾਗਰੂਕ ਰੈਲੀ



**ਜਗਰਾਉਂ (ਅਮਿਤ ਖੰਨਾ)**- ਸਰਕਾਰੀ ਹਾਈ ਸਕੂਲ ਕਮਾਲਪੁਰਾ ਵਿਖੇ ਸੀ ਡੀ ਪੀ ਓ ਨਿਕੀਤਾ ਢੀਂਗਰਾ ਦੀ ਅਗਵਾਈ ਹੇਠ ਆਓ ਮਿਲ ਕੇ ਅਭਿਮਾਨ ਚਲਾਈਏ ਨਸ਼ਾ ਮੁਕਤ ਪੰਜਾਬ ਬਣਾਈਏ ਮੁਹਿੰਮ ਤਹਿਤ ਨਸ਼ਿਆਂ ਖਿਲਾਫ ਜਾਗਰੂਕਤਾ ਰੈਲੀ ਕੀਤੀ ਗਈ, ਜਿਸ ਵਿੱਚ ਪਿੰਡ ਦੇ ਲੋਕਾਂ ਨੂੰ ਨਸ਼ਿਆਂ ਦੇ ਸਰੀਰ 'ਤੇ ਪੈਂਦੇ ਮਾੜੇ ਅਸਰ ਬਾਰੇ ਜਾਣਕਾਰੀ ਦਿੱਤੀ ਅਤੇ ਨੌਜਵਾਨ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਖੇਡਾਂ ਪ੍ਰਤੀ ਪ੍ਰੇਰਿਤ ਕੀਤਾ। ਇਸ ਮੌਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਸਰਕਲ ਸੁਪਰਵਾਈਜ਼ਰ ਕਰਮਜੀਤ ਕੌਰ, ਰਾਜਵਿੰਦਰ ਕੌਰ, ਨਵਦੀਪ ਕੌਰ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣ ਸ਼ਾਮਲ ਸਨ। ਇਸ ਦੇ ਨਾਲ ਸਰਕਾਰੀ ਹਾਈ ਸਕੂਲ ਕਮਾਲਪੁਰਾ ਦਾ ਸਟਾਫ ਵੀ ਸ਼ਾਮਲ ਸੀ।

## ਸੀਤਾ ਰਾਮ ਯੇਚੁਰੀ ਦੇ ਦੇਹਾਂਤ 'ਤੇ ਦੁੱਖ ਪ੍ਰਗਟ

**ਦੋਰਾਹਾ (ਹਰਮਿੰਦਰ ਸੇਠ)** ਸੀਪੀਆਈ ਬਲਾਕ ਦੋਰਾਹਾ ਦੀ ਮੀਟਿੰਗ ਹੋਈ, ਜਿਸ ਵਿੱਚ ਕਮਿਊਨਿਸਟ ਆਗੂ ਸੀਤਾ ਰਾਮ ਜੇਚਰੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਦੋ ਮਿੰਟ ਦਾ ਮੋਨ ਧਰ ਕੇ ਸੋਗ ਪ੍ਰਗਟ ਕੀਤਾ ਗਿਆ। ਮੀਟਿੰਗ ਵਿੱਚ ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ, ਸੀਪੀਆਈ ਬਲਾਕ ਦੇ ਦੋਰਾਹਾ ਦੇ ਸਕੱਤਰ ਤੇ ਨਿਰੰਜਣ ਸਿੰਘ ਧੀਰ, ਟਰੇਡ ਯੂਨੀਅਨ ਆਗੂ ਸਾਥੀ ਅਮਰਜੀਤ ਸਿੰਘ ਜਟਾਣਾ, ਦਲਵਾਰਾ ਸਿੰਘ ਪੀਐਨਬੀ, ਕਰਨੈਲ ਸਿੰਘ ਪੀਆਰਟੀਸੀ, ਹਰਭਜਨ ਸਿੰਘ ਦੋਰਾਹਾ, ਫੂਲ ਪੂਰਨ ਚੰਦ ਕਟਾਰੀਆ, ਰਜਿੰਦਰ ਕਟਾਰੀਆ, ਮੋਹਣ ਲਾਲ, ਹਰਿਮੰਦਰ ਸਿੰਘ ਸੇਠ, ਹਰਪਾਲ ਸਿੰਘ, ਕਰਨੈਲ ਸਿੰਘ ਬਅਣੀ ਆਦਿ ਮੀਟਿੰਗ ਵਿੱਚ ਸ਼ਾਮਲ ਹੋਏ। ਇਸ ਸਮੇਂ ਸੀਤਾ ਰਾਮ ਯੇਚੁਰੀ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਸਾਥੀ ਦੇ ਜੀਵਨ ਵਿੱਚ ਕੀਤੇ ਸੰਘਰਸ਼ਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਸਾਥੀ ਨੇ ਵਿਦਿਆਰਥੀ ਰਾਜਨੀਤੀ ਦੀ ਕਤਾਰ ਵਿੱਚ ਉਭਰਦੇ ਹੋਏ ਸੀਤਾਰਾਮ ਯੇਚੁਰੀ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਚੁਣੇ ਗਏ।ਬਾਅਦ ਵਿੱਚ ਉਨ੍ਹਾਂ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ ਦੇ ਰਾਸ਼ਟਰੀ ਪ੍ਰਧਾਨ ਵਜੋਂ ਸੇਵਾ ਕੀਤੀ। ਉਹ 1992 ਵਿੱਚ ਸੀਪੀਆਈ (ਐਮ) ਦੇ ਪੋਲਿਟ ਬਿਊਰੋ ਲਈ ਚੁਣੇ ਗਏ ਸਨ ਤੇ 2015 ਵਿੱਚ ਸੀਪੀਆਈ (ਐਮ) ਦੇ ਜਨਰਲ ਸਕੱਤਰ ਵਜੋਂ ਚੁਣੇ ਗਏ ਸਨ।ਉਹ 2005 ਵਿੱਚ ਰਾਜ ਸਭਾ ਲਈ ਚੁਣੇ ਗਏ ਸਨ ਤੇ ਸੰਸਦ ਵਿੱਚ ਖੱਬੇ ਪੱਖੀ ਸਥਿਤੀ ਨੂੰ ਸਪੱਸ਼ਟ ਕਰਨ ਲਈ ਜਾਣੇ ਜਾਂਦੇ ਸਨ।ਉਹ ਸਮਾਜ ਵਿੱਚ ਧਰਮ ਨਿਰਪੱਖਤਾ, ਸਮਾਜਵਾਦ ਤੇ ਬਹੁਲਵ ਦੀ ਵਕਾਲਤ ਕਰਨ ਵਾਲੀ ਇੱਕ ਮਜ਼ਬੂਤ ? ਆਵਾਜ਼ ਸਨ।

## ਪੰਜਾਬ ਸਰਕਾਰ ਵੱਲੋਂ ਝੋਨੇ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ : ਪੰਡੋਰੀ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਅਗਾਮੀ ਝੋਨੇ ਦੇ ਸੀਜ਼ਨ ਦੌਰਾਨ ਮੰਡੀਆਂ 'ਚ ਪੁਖਤਾ ਪ੍ਰਬੰਧ ਕਰਨ ਦੇ ਨਾਲ-ਨਾਲ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਆੜ੍ਹਤੀਆ ਐਸੋਸੀਏਸ਼ਨ ਨਾਲ ਮੀਟਿੰਗ ਕਰਨ ਉਪਰੰਤ ਕੀਤਾ।ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸੰਦੀਪ ਕੁਮਾਰ ਰਿੰਕੂ ਨੇ ਮੰਗ ਕੀਤੀ ਕਿ ਆੜ੍ਹਤੀਆਂ ਦਾ ਕਮਿਸ਼ਨ 46 ਰੁਪਏ/ਕੁਇੰਟਲ ਫਿਕਸ ਕਰ ਦਿੱਤਾ ਗਿਆ ਹੈ, ਜੋ ਸਰਾਸਰ ਧੱਕੇਸ਼ਾਹੀ ਹੈ, ਇਸ ਕਮਿਸ਼ਨ ਨੂੰ ਪਹਿਲਾਂ ਦੀ ਤਰ੍ਹਾ ਫ਼ਸਲੀ ਦੇ ਮੁੱਲ ਦਾ 2.5 ਪ੍ਰਤੀਸ਼ਤ ਕੀਤਾ ਜਾਵੇ, ਲਿਫ਼ਟਿੰਗ 24 ਘੰਟੇ ਦੇ ਵਿੱਚ-ਵਿੱਚ ਯਕੀਨੀ ਬਣਾਈ ਜਾਵੇ, ਲੇਬਰ ਦੇ ਰੇਟ ਵਧਾਏ ਜਾਣ ਕਿਉਂਕਿ ਆੜ੍ਹਤੀਆਂ ਨੂੰ ਲੇਬਰ ਆਪਣੀ ਜੇਬ 'ਚੋਂ ਦੇਣੀ ਪੈਂਦੀ ਹੈ। ਵਿਧਾਇਕ ਪੰਡੋਰੀ ਨੇ ਸਮੂਹ ਆੜ੍ਹਤੀਆਂ ਨੂੰ ਯਕੀਨ ਦੁਆਇਆ ਕਿ ਉਹ ਇਸ ਸਬੰਧੀ ਸਾਰੀ ਰਿਪੋਰਟ ਬਣਾ ਕੇ ਪੰਜਾਬ ਸਰਕਾਰ ਭੇਜੀ ਜਾਵੇਗੀ।ਸਰਕਾਰ ਵੱਲੋਂ ਇਕ ਅਕਤੂਬਰ ਤੋਂ ਝੋਨੇ ਦੀ ਖਰੀਦ ਦਾ ਕੰਮ ਸ਼ੁਰੂ ਕੀਤੀ ਜਾਵੇਗੀ।ਉਨ੍ਹਾਂ ਸਮੂਹ ਕਿਸਾਨਾਂ ਨੂੰ ਸੁੱਕਾ ਤੇ ਸਾਫ਼ ਝੋਨਾ ਹੀ ਮੰਡੀਆਂ 'ਚ ਲਿਆਉਣ ਦੀ ਅਪੀਲ ਕੀਤੀ ਤਾਂ ਜੋ ਬੇਲੋੜੀ ਖੱਜਲ ਖੁਆਰੀ ਤੋਂ ਬਚਿਆ ਜਾ ਸਕੇ।

## ਦੋ ਰੋਜ਼ਾ 43ਵਾਂ ਕਬੱਡੀ ਕੱਪ ਅੱਜ ਤੋਂ



**ਚੀਮਾ ਮੰਡੀ (ਰਵਿੰਦਰ ਚੀਮਾ)** - ਹਰ ਸਾਲ ਦੀ ਤਰ੍ਹਾਂ ਚੀਮਾ ਮੰਡੀ ਵਿਖੇ ਬਾਬਾ ਭੋਲਾ ਗਿਰ ਸਪੋਰਟਸ ਕਲੱਬ ਵੱਲੋਂ 43 ਵਾਂ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ । ਇਸ ਮੌਕੇ ਕਲੱਬ ਦੇ ਪ੍ਰਧਾਨ ਕਾਕਾ ਸਿੰਘ ਧਾਲੀਵਾਲ ਨੇ ਦੱਸਿਆ ਕਿ ਤਿੰਨ ਅਕਤੂਬਰ ਨੂੰ 75 ਕਿਲੋ ਦੇ ਮੈਚ ਕਰਵਾਏ ਜਾਣਗੇ ਅਤੇ ਚਾਰ ਅਕਤੂਬਰ ਨੂੰ ਪਹਿਲਾਂ 65 ਕਿਲੋ ਭਾਰ ਦੇ ਮੈਚ ਕਰਵਾਏ ਜਾਣਗੇ । ਉਸ ਤੋਂ ਬਾਅਦ ਕਬੱਡੀ ਓਪਨ ਦੇ ਮੈਚ ਕਰਵਾਏ ਜਾਣਗੇ । ਉਹਨਾਂ ਦੱਸਿਆ ਕਿ 75 ਕਿਲੋ ਦੀ ਜੇਤੂ ਟੀਮ ਨੂੰ ਪਹਿਲਾ ਇਨਾਮ 20 ਹਜ਼ਾਰ ਰੁਪਏ ਅਤੇ ਦੂਸਰਾ ਇਨਾਮ 15000 ਦਿੱਤਾ ਜਾਵੇਗਾ। ਕਬੱਡੀ ਓਪਨ ਦੇ ਜੇਤੂ ਖਿਡਾਰੀਆਂ ਨੂੰ ਪਹਿਲਾ ਇਨਾਮ ਇੱਕ ਲੱਖ ਰੁਪਏ ਅਤੇ ਦੂਸਰਾ ਇਨਾਮ 75 ਹਜ਼ਾਰ ,ਦਿੱਤਾ ਜਾਵੇਗਾ । ਉਨ੍ਹਾਂ ਕਿਹਾ ਕਿ ਓਪਨ ਦੀਆਂ ਸਿਰਫ 16 ਟੀਮਾਂ ਹੀ ਐਂਟਰ ਕੀਤੀਆਂ ਜਾਣਗੀਆਂ

## ਸੁਖਚੈਨ ਕੌਰ ਸਰਪੰਚੀ ਦੀ ਚੋਣ ਲਈ ਮੈਦਾਨ 'ਚ ਡਟੇ



**ਹਠੂਰ (ਨਛੱਤਰ ਸੰਧੂ)** 15 ਅਕਤੂਬਰ ਨੂੰ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ ਨੂੰ ਲੈ ਕੇ ਜਿੱਥੇ ਪਿੰਡਾਂ ਵਿੱਚ ਸਰਪੰਚ-ਪੰਚੀ ਨੂੰ ਲੈ ਕੇ ਮਾਹੌਲ ਪੂਰੀ ਤਰ੍ਹਾਂ ਭਖਿਆ ਹੋਇਆ ਹੈ ਤੇ ਸਰਗਰਮੀਆਂ ਤੇਜ਼ ਹੋ ਗਈਆਂ ਹਨ।ਹਰ ਪਿੰਡ ਵਿੱਚ ਸਰਪੰਚੀ-ਪੰਚੀ ਲਈ ਉਮੀਦਵਾਰ ਅੱਗੇ ਆਉਣੇ ਸ਼ੁਰੂ ਹੋ ਗਏ ਹਨ।ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡ ਛੀਨੀਵਾਲ ਕਲਾਂ ਤੋਂ ਸਮਾਜ ਸੇਵੀ ਸੁਖਮੰਦਰ ਸਿੰਘ ਦੀ ਧਰਮ ਪਤਨੀ ਸੁਖਚੈਨ ਕੌਰ ਸਰਪੰਚੀ ਦੀ ਚੋਣ ਲਈ ਮੈਦਾਨ ਵਿੱਚ ਡਟ ਗਏ ਹਨ। ਉਨ੍ਹਾਂ ਕਿਹਾ ਕਿ ਸਾਡੀ ਕੋਸ਼ਿਸ਼ ਰਹੇਗੀ ਕਿ ਅਸੀਂ ਹਰ ਇੱਕ ਦੇ ਦੁੱਖ-ਸੁੱਖ ਵਿੱਚ ਤੇ ਸਰਕਾਰੇ ਦਰਬਾਰੇ ਕੰਮ ਕਾਜ ਵਿੱਚ ਪਿੰਡ ਵਾਸੀਆਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦੇਵਾਂਗੇ।ਉਨ੍ਹਾਂ ਦੇ ਸਪੋਟਰਾਂ ਨੇ ਕਿਹਾ ਕਿ ਸੁਖਮੰਦਰ ਸਿੰਘ ਤੇ ਉਨਾਂ ਦੀ ਪਤਨੀ ਸੁਖਚੈਨ ਕੌਰ ਦੀ ਇਲਾਕੇ ਵਿੱਚ ਚੰਗੀ ਪਛਾਣ ਹੋਣ ਕਰਕੇ ਸਰਪੰਚੀ ਦੇ ਯੋਗ ਉਮੀਦਵਾਰ ਹਨ ਤੇ ਹਰ ਪਿੰਡ ਵਾਸੀ ਦੇ ਦੁੱਖ-ਸੁੱਖ ਵਿੱਚ ਹਾਜ਼ਰੀ ਭਰਦੇ ਹਨ।

## 150 ਲੀਟਰ ਲਾਹਣ ਸਣੇ ਕਾਬੂ

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਵੈਰੋਕੇ ਦੀ ਪੁਲਸ ਵੱਲੋਂ 150 ਲੀਟਰ ਲਾਹਣ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਪਿੰਡ ਮਹਾਲਮ ਵਿਖੇ ਪੁੱਜੇ ਤਾਂ ਪੁਲਸ ਪਾਰਟੀ ਕੋਲ ਆ ਕੇ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੁਨੀਲ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਆਪਣੇ ਘਰ ਦੇ ਅੰਦਰ ਬਣੇ ਕਮਰੇ ਵਿਚ ਨਜਾਇਜ਼ ਸ਼ਰਾਬ ਜਾਂ ਲਾਹਣ ਰੱਖ ਕੇ ਬੈਠਾ ਹੈ। ਜੇਕਰ ਹੁਣੇ ਰੇਡ ਕੀਤਾ ਜਾਵੇ ਤਾਂ ਰੰਗੇ ਹੱਥੀ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਸੁਨੀਲ ਸਿੰਘ ਨੂੰ 150 ਲੀਟਰ ਲਾਹਣ ਸਮੇਤ ਕਾਬੂ ਕੀਤਾ ਗਿਆ ਹੈ। ਕਾਬੂ ਕੀਤੇ ਗਏ ਇਸ ਵਿਅਕਤੀ ਦੇ ਖਿਲਾਫ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਝੋਨੇ ਦੀ ਸਰਕਾਰੀ ਖਰੀਦ ਦੇ ਪਹਿਲੇ ਦਿਨ ਹੀ ਆੜ੍ਹਤੀਆਂ ਵੱਲੋਂ ਬਾਈਕਾਟ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸਰਕਾਰ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਨ ਦਾ ਐਲਾਨ ਕੀਤਾ ਹੋਇਆ ਹੈ, ਪਰ ਦੂਜੇ ਪਾਸੇ ਮਾਛੀਵਾੜਾ ਅਨਾਜ ਮੰਡੀ ਵਿੱਚ ਆੜ੍ਹਤੀਆਂ ਨੇ ਖਰੀਦ ਬਾਈਕਾਟ ਦਾ ਐਲਾਨ ਕਰ ਦਿੱਤਾ। ਸੱਚਾ ਸੌਦਾ ਆੜ੍ਹਤੀ ਐਸੋਸ਼ੀਏਸ਼ਨ ਦੀ ਮੀਟਿੰਗ ਪ੍ਰਧਾਨ ਮੋਹਿਤ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਮੂਹ ਆੜ੍ਹਤੀਆਂ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਸਰਕਾਰ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਉਹ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਨਹੀਂ ਕਰਨਗੇ। ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਸਰਕਾਰ ਵੱਲੋਂ ਜੋ ਫ਼ਸਲ ਖਰੀਦ ਦਾ ਕਮਿਸ਼ਨ ਹੈ ਉਹ 2.5 ਪ੍ਰਤੀਸ਼ਤ ਪੱਕਾ ਕੀਤਾ ਜਾਵੇ। ਇਸ ਤੋਂ ਇਲਾਵਾ ਲੱਦਾਈ ਦਾ ਲੇਬਰ ਰੇਟ ਅਤੇ ਈਪੀਐੱਫ ਦੇ ਨਾਂਅ 'ਤੇ ਐੱਫਸੀਆਈ ਵਲੋਂ ਰੋਕੀ 50 ਕਰੋੜ ਦੀ ਰਕਮ ਤੁਰੰਤ ਜਾਰੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ਼ੈਲਰ ਮਾਲਕ ਵੀ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ 'ਤੇ ਹਨ, ਇਸ ਲਈ ਸਰਕਾਰ ਇਹ ਯਕੀਨੀ ਬਣਾਵੇ ਕਿ ਕਿਸਾਨਾਂ ਦੀ ਫਸਲ ਤੁਲਾਈ ਤੋਂ 72 ਘੰਟੇ ਵਿਚ ਇਸ ਦੀ ਢੋਆ-ਢੁਆਈ ਹੋਵੇਗੀ। ਉਨ੍ਹਾਂ ਕਿਹਾ ਕਿ 72 ਘੰਟੇ ਬਾਅਦ ਆੜ੍ਹਤੀ ਜ਼ਿੰਮੇਵਾਰ ਨਹੀਂ ਹੋਵੇਗਾ। ਮੋਹਿਤ ਕੁੰਦਰਾ ਨੇ ਕਿਹਾ ਕਿ ਪੰਜਾਬ ਪੱਧਰ ਦੀ ਆੜ੍ਹਤੀ ਐਸੋਸ਼ੀਏਸ਼ਨ ਵਲੋਂ ਸਰਕਾਰ ਨਾਲ ਮੰਗਾਂ ਸਬੰਧੀ ਮੀਟਿੰਗਾਂ ਦਾ ਦੌਰ ਚੱਲ ਰਿਹਾ ਹੈ ਤੇ ਜੋ ਵੀ ਫੈਸਲਾ ਹੋਵੇਗਾ, ਉਸ ਨੂੰ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਦੋਂ ਤੱਕ ਆੜ੍ਹਤੀ ਹੜਤਾਲ 'ਤੇ ਹਨ, ਉਦੋਂ ਤੱਕ ਉਹ ਫਸਲ ਮੰਡੀਆਂ ਵਿਚ ਵੇਚਣ ਲਈ ਨਾ ਲਿਆਉਣ। ਆੜ੍ਹਤੀਆਂ ਵਲੋਂ ਮੰਗਾਂ ਸਬੰਧੀ ਮਾਰਕੀਟ ਕਮੇਟੀ ਦਫ਼ਤਰ ਦੇ ਅਧਿਕਾਰੀਆਂ ਨੂੰ ਪੱਤਰ ਵੀ ਦਿੱਤਾ ਗਿਆ।

## ਮਹਾਤਮਾ ਗਾਂਧੀ ਦਾ ਜਨਮ ਦਿਨ ਮਨਾਇਆ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਕਾਂਗਰਸ ਪਾਰਟੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਠੁੱਲੀਵਾਲ ਦੀ ਅਗਵਾਈ ਹੇਠ ਪਾਰਟੀ ਦੇ ਆਗੂਆਂ, ਵਰਕਰਾਂ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਨ ਮੌਕੇ ਉਨ੍ਹਾਂ ਨੂੰ ਫੁੱਲ ਮਲਾਵਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ।ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਆੜ੍ਹਤੀਆ ਸਰਬਜੀਤ ਸਿੰਘ ਸਰਬੀ, ਐਸ ਸੀ ਵਿੰਗ ਦੇ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਡਾ. ਅਮਰਜੀਤ ਸਿੰਘ, ਡਾ. ਬਲਵੰਤ ਰਾਏ ਸ਼ਰਮਾ, ਪਿਆਰਾ ਸਿੰਘ ਮਹਾਮਦਪੁਰ, ਐਡਵੋਕੇਟ ਜਸਵੀਰ ਸਿੰਘ ਖੇੜੀ, ਜ਼ਿਲ੍ਹਾ ਆਗੂ ਮਨਜੀਤ ਸਿੰਘ ਮਹਿਲ ਖੁਰਦ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ 'ਚ ਆਪਣੀ ਸੋਚ ਤੇ ਵਿਚਾਰਾਂ ਸਦਕਾ ਅਹਿਮ ਭੂਮਿਕਾ ਅਦਾ ਕਰਨ ਵਾਲੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਨੂੰ ਉਨ੍ਹਾਂ ਦੀ ਜੈਯੰਤੀ ਮੌਕੇ ਪ੍ਰਣਾਮ ਕਰਦੇ ਹਾਂ।ਉਨ੍ਹਾਂ ਕਿਹਾ ਕਿ ਭਾਰਤ ਦੀ ਆਜ਼ਾਦੀ ਦੇ ਅਧਿਆਤਮਕ ਨੇਤਾ ਮਹਾਤਮਾ ਗਾਂਧੀ ਨੇ ਪੂਰੇ ਦੇਸ਼ ਵਿੱਚ ਗਰੀਬੀ ਦੇ ਖਿਲਾਫ਼, ਔਰਤਾਂ ਦੇ ਹੱਕਾਂ ਲਈ, ਧਾਰਮਿਕ ਸਾਂਝ ਬਣਾਉਣ ਲਈ, ਛੂਤ-ਛਾਤ ਨੂੰ ਖਤਮ ਕਰਨ ਲਈ ਅੰਦੋਲਨ ਚਲਾਏ।2 ਅਕਤੂਬਰ ਦਾ ਦਿਨ ਭਾਰਤ ਦੇ ਇਤਿਹਾਸ 'ਚ ਇਕ ਖਾਸ ਮਹੱਤਵ ਰੱਖਦਾ ਹੈ, ਜਿਸ ਕਰਕੇ ਅੱਜ ਪੂਰਾ ਦੇਸ਼ ਮਹਾਤਮਾ ਗਾਂਧੀ ਜੀ ਨੂੰ ਨਮਨ ਕਰਦਾ ਹੈ।

## ਸਵੱਛ ਭਾਰਤ ਮਿਸ਼ਨ ਦੀ ਵਰ੍ਹੇਗੰਢ ਮੌਕੇ ਸਵੱਛਤਾ ਦਿਹਾੜਾ ਮਨਾਇਆ

**ਮਲੋਟ (ਗੁਰਮੀਤ ਸਿੰਘ ਮੱਕੜ)**-ਸੀ.ਜੀ.ਐਮ ਕਾਲਜ ਮੋਹਲਾਂ ਦੇ ਐਨ.ਐੱਸ.ਐੱਸ ਯੂਨਿਟ ਵੱਲੋਂ ਸਵੱਛ ਭਾਰਤ ਮਿਸ਼ਨ ਦੀ 10ਵੀਂ ਵਰ੍ਹੇਗੰਢ ਮੌਕੇ ਸਵੱਛਤਾ ਹੀ ਸੇਵਾ ਮੁਹਿੰਮ 2024 ਦੇ ਥੀਮ, 'ਸੁਭਾਅ ਸਵੱਛਤਾ, ਸੰਸਕਾਰ ਸਵੱਛਤਾ' ਤਹਿਤ ਮਨਾਇਆ ਗਿਆ। ਸਮੂਹ ਸਟਾਫ਼ ਤੇ ਐਨ.ਐੱਸ.ਐੱਸ ਵਲੰਟੀਅਰ ਵੱਲੋਂ ਸਵੱਛਤਾ ਸਹੁੰ ਚੁੱਕੀ ਗਈ ਤੇ ਪ੍ਰਣ ਲਿਆ ਗਿਆ ਕਿ ਸਭ ਤੋਂ ਪਹਿਲਾਂ ਸਫ਼ਾਈ ਦੀ ਮੁਹਿੰਮ ਆਪਣੇ ਘਰ ਤੋਂ ਪਰਵਾਰ ਤੋਂ ਇਲਾਕੇ ਤੋਂ ਪਿੰਡ ਤੋਂ ਅਤੇ ਕੰਮ ਦੇ ਸਥਾਨ ਤੋਂ ਸ਼ੁਰੂ ਕਰਨਗੇ ਤੇ ਸਾਡਾ ਸਫ਼ਾਈ ਵੱਲ ਚੁੱਕਿਆ ਗਿਆ ਕਦਮ ਭਾਰਤ ਦੇਸ਼ ਨੂੰ ਸਾਫ਼-ਸੁਥਰਾ ਬਣਾਉਣ ਵਿਚ ਸਹਾਈ ਹੋਵੇਗਾ। ਵਿਦਿਆਰਥੀਆਂ ਵੱਲੋਂ ਜਾਗਰੂਕਤਾ ਰੈਲੀ ਕੱਢੀ ਗਈ ਸਰਕਾਰੀ ਪ੍ਰਾਇਮਰੀ ਸਕੂਲ ਮੋਹਲਾਂ ਵਿਖੇ ਸਫ਼ਾਈ ਅਭਿਆਨ ਚਲਾਇਆ ਗਿਆ। ਸਕੂਲ ਨੂੰ ਸਾਫ਼ ਕਰਨ ਦੀ ਸਕੂਲ ਮੁਖੀ ਸਰਬਜੀਤ ਕੌਰ ਤੇ ਸਟਾਫ਼ ਵੱਲੋਂ ਸ਼ਲਾਘਾ ਕੀਤੀ ਗਈ। ਸੀ.ਜੀ.ਐਮ ਕਾਲਜ ਦੇ ਚੈਅਰਮੈਨ ਸੱਤਪਾਲ ਮੋਹਲਾਂ ਵੱਲੋਂ ਵਿਦਿਆਰਥੀਆਂ ਦੀ ਜਾਗਰੂਕਤਾ ਰੈਲੀ ਸੰਬੋਧਨ ਕਰਦਿਆਂ ਕਿਹਾ ਕੇ ਹਰ ਸਾਲ ਸਵੱਛਤਾ ਹੀ ਸੇਵਾ ਪੰਦਰਵਾੜਾ ਇੱਕ ਵੱਖਰੇ ਥੀਮ ਤਹਿਤ ਮਨਾਇਆ ਜਾਂਦਾ ਹੈ। ਇਸ ਸਾਲ ਦਾ ਥੀਮ ਸੁਭਾਅ ਸਵੱਛਤਾ ਤੇ ਸੰਸਕਾਰ ਸਵੱਛਤਾ ਹੈ, ਜਿਸ ਤੋਂ ਭਾਵ ਦੇਸ਼ ਦਾ ਹਰ ਨਾਗਰਿਕ ਰੋਜ਼ਾਨਾ ਆਪਣੇ ਵੱਲੋਂ ਪੈਦਾ ਕੀਤੇ ਗਏ ਕੂੜੇ ਦਾ ਆਪ ਜ਼ਿੰਮੇਵਾਰ ਬਣੇ ਤੇ ਸਵੱਛਤਾ ਨੂੰ ਆਪਣੇ ਸੰਸਕਾਰ ਵਿੱਚ ਸ਼ਾਮਲ ਕਰੇ ਅਤੇ ਗਿੱਲੇ ਕੂੜੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕਰਨ ਲਈ ਆਪਣੀ ਜ਼ਿੰਮੇਵਾਰੀ ਨਿਭਾਵੇ। ਕਾਲਜ ਪ੍ਰਿੰਸੀਪਲ ਡਾ. ਬਲਜੀਤ ਸਿੰਘ ਤੇ ਐਨ.ਐੱਸ.ਐੱਸ ਇੰਚਾਰਜ ਪ੍ਰੋ. ਗਗਨਦੀਪ ਸਿੰਘ ਨੇ ਕਿਹਾ ਕੇ ਲਗਾਤਾਰ ਪਲਾਸਟਿਕ ਦੀ ਵਰਤੋਂ ਨਾਲ ਸਮਾਜ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ, ਕਿਉਂਕਿ ਪਲਾਸਟਿਕ ਵਾਤਾਵਰਣ ਪ੍ਰਦੂਸ਼ਣ ਕਰਨ ਵਿਚ ਸਭ ਤੋਂ ਵੱਡਾ ਕਾਰਨ ਹੈ। ਇਸ ਦੀ ਜਗ੍ਹਾ ਸਾਨੂੰ ਜੂਟ ਦੇ ਲਿਫ਼ਾਫ਼ਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ 100 ਵਲੰਟੀਅਰਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੀ ਸਫਾਈ ਕੀਤੀ ਤੇ ਲੋਕਾਂ ਨੂੰ ਜਾਗਰੂਕਤਾ ਰੈਲੀ ਕੀਤੀ ਗਈ ਅਤੇ ਅਪੀਲ ਕੀਤੀ ਗਈ ਕਿ ਸਾਨੂੰ ਆਪਣਾ ਆਲਾ-ਦੁਆਲਾ ਸਾਫ਼-ਸੁਥਰਾ ਰੱਖਦਾ ਚਾਹੀਦਾ ਹੈ। ਕਾਲਜ ਮੈਨੇਜਮੈਂਟ ਕਮੇਟੀ ਦੇ ਮੈਂਬਰ ਨਵਜੀਤ ਮੋਹਲਾਂ, ਜਗਤਾਰ ਸਿੰਘ ਬਰਾੜ, ਰਾਜ ਕੁਮਾਰ ਤੇ ਹੋਰਾਂ ਨੇ ਵੀ ਸ਼ਲਾਘਾ ਕੀਤੀ।





# ਸਿਵਲ ਹਸਪਤਾਲ 'ਚ ਅੰਤਰਰਾਸ਼ਟਰੀ ਬਿਰਧ ਹਫਤੇ ਨੂੰ ਸਮਰਪਤ ਜਾਗਰੂਕਤਾ ਕੈਂਪ ਲਾਇਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਸਿਵਲ ਸਰਜਨ ਡਾ. ਚੰਦਰ ਸ਼ੇਖਰ ਦੀ ਅਗਵਾਈ ਹੇਠ ਬਜ਼ੁਰਗਾਂ ਦੀ ਸਿਹਤ ਸੰਭਾਲ ਸਬੰਧੀ ਅੰਤਰਰਾਸ਼ਟਰੀ ਬਿਰਧ ਹਫ਼ਤੇ ਨੂੰ ਸਮਰਪਤ ਜਾਗਰੂਕਤਾ ਕੈਂਪ ਲਾਇਆ ਗਿਆ।ਕੈਂਪ ਵਿੱਚ ਬਜ਼ੁਰਗਾਂ ਦੀ ਚੰਗੀ ਦੇਖਭਾਲ ਸੰਬਧੀ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ।

ਸਿਵਲ ਸਰਜਨ ਡਾ. ਚੰਦਰ ਸ਼ੇਖਰ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿਖੇ ਬਜ਼ੁਰਗਾਂ ਲਈ ਰਜਿਸਟ੍ਰੇਸ਼ਨ ਲਈ ਵੱਖਰਾ ਕਾਊਂਟਰ, ਮੁਫ਼ਤ ਪਰਚੀ, ਮੁਫ਼ਤ ਐਕਸਰੇ, ਈਸੀਜੀ ਤੇ ਲੈਬਾਰਟਰੀ ਟੈਸਟ ਦੀ ਸਹੂਲਤ ਦਿੱਤੀ ਜਾ ਰਹੀ ਹੈ।ਇਸ ਤੋਂ ਇਲਾਵਾ ਐਨਸੀਡੀ ਕਲੀਨਕ ਵਿੱਚ ਮੁਫ਼ਤ ਫਿਜ਼ੀਓਥੈਰੇਪੀ, ਵਾਰਡਾਂ ਵਿੱਚ ਰਾਖਵੇਂ ਬੈੱਡ ਤੇ ਡਾਕਟਰਾਂ ਕੋਲ ਪਹਿਲ ਦੇ ਅਧਾਰ 'ਤੇ ਜਾਂਚ ਕਰਾਉਣ ਦੀ ਸਹੂਲਤ ਉਪਲੱਬਧ ਹੈ ਤਾਂ ਜੁ ਇਲਾਜ ਲਈ ਹਸਪਤਾਲ ਆਏ ਬਜ਼ੁਰਗਾਂ ਦੀ ਖੱਜਲ ਖੁਆਰੀ ਨਾ ਹੋਵੇ।ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ ਨੇ ਦੱਸਿਆ ਕਿ ਇਸ ਹਫ਼ਤੇ ਦੌਰਾਨ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਤੇ ਮੁੱਢਲੇ ਸਿਹਤ ਕੇਂਦਰਾਂ 'ਤੇ ਬਜ਼ੁਰਗਾਂ ਦੀ ਸਿਹਤ ਸੰਭਾਲ ਲਈ ਮੁਫਤ ਚੈੱਕਅਪ ਕੈਂਪ ਵੀ ਲਾਏ ਜਾ ਰਹੇ ਹਨ। ਉਨ੍ਹਾਂ ਆਖਿਆ ਕਿ ਬਜ਼ੁਰਗਾਂ ਦੀਆਂ ਹਰ ਕਿਸਮ ਦੀ ਸਮੱਸਿਆਵਾਂ ਤੇ ਕਠਿਨਾਈਆਂ ਸਬੰਧੀ ਸਰਕਾਰ ਵੱਲੋਂ ਇੱਕ ਹੈਲਪ ਲਾਈਨ ਨੰਬਰ 14567 ਜਾਰੀ ਕੀਤਾ ਗਿਆ, ਜੋ ਬਜ਼ੁਰਗਾਂ ਲਈ ਬਹੁਤ ਲਾਭਦਾਇਕ ਹੈ।

# ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਮੋਗਾ ਦੀ ਜ਼ਿਲ੍ਹਾ ਪੱਧਰੀ ਟੀਮ ਦਾ ਗਠਨ

### ਗੁਰਪ੍ਰੀਤ ਸਿੰਘ ਗੋਪੀ ਰਾਊਕੇ ਪ੍ਰਧਾਨ, ਮਨਪ੍ਰੀਤ ਸਿੰਘ ਮੱਲੇਆਣਾ ਬਣੇ ਜਨਰਲ ਸਕੱਤਰ



**ਮੋਗਾ, (ਇਕਬਾਲ ਸਿੰਘ ਖਹਿਰਾ)**-ਦੇਸ਼ ਭਰ ਵਿੱਚ ਪੱਤਰਕਾਰਤਾ ਖ਼ੇਤਰ ਨਾਲ ਜੁੜੇ ਕਰਮੀਆਂ ਨੂੰ ਪੇਸ਼ ਆ ਰਹੀਆਂ ਗੰਭੀਰ ਚਣੌਤੀਆਂ ਦੇ ਹੱਲ ਲਈ ਪਿਛਲੇ ਲੰਮੇਂ ਸਮੇਂ ਤੋਂ ਸਰਗਰਮੀ ਨਾਲ ਕੰਮ ਕਰਦੀ ਆ ਰਹੀ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਮੋਗਾ ਦੀ ਜ਼ਿਲ੍ਹਾ ਪੱਧਰੀ ਟੀਮ ਦਾ ਗਠਨ ਕੀਤਾ ਗਿਆ। ਮੋਗਾ ਵਿਖੇ ਜ਼ਿਲ੍ਹੇ ਭਰ ਤੋਂ ਵੱਖ ਵੱਖ ਮੀਡੀਆਂ ਅਦਾਰਿਆਂ ਲਈ ਕੰਮ ਕਰਦੇ ਵੱਡੀ ਗਿਣਤੀ ਵਿੱਚ ਪੱਤਰਕਾਰਾ ਨੇ ਭਾਗ ਲਿਆ। ਇਸ ਮੌਕੇ ਬਲਵਿੰਦਰ ਜੰਮੂ ਸਕੱਤਰ ਜਨਰਲ ਇੰਡੀਅਨ ਜਰਨਲਿਸਟ ਯੂਨੀਅਨ ਤੇ ਬਲਵੀਰ ਸਿੰਘ ਜੰਡੂ ਪ੍ਰਧਾਨ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਚੋਣ ਅਬਜ਼ਰਵਰ ਵੀਰਪਾਲ ਭਗਤਾ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਬਲਵੀਰ ਸਿੰਘ ਜੰਡੂ ਨੇ ਅਜੋਕੇ ਦੌਰ ਦੇ ਡਿਜੀਟਲ ਜ਼ਮਾਨੇ ਵਿਚ ਫੀਲਡ ਵਿੱਚ ਕੰਮ ਕਰਦੇ ਪੱਤਰਕਾਰਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਤੋਂ ਜਾਣੂੰ ਕਰਵਾਉਂਦੇ ਹੋਏ ਦੱਸਿਆ ਕਿ ਹੁਣ ਏਕੇ ਦੀ ਲੋੜ ਹੋਰ ਵੀ ਵੱਧ ਗਈ ਹੈ। ਉਨ੍ਹਾਂ ਪਿਛਲੇ ਸਮੇਂ ਦੌਰਾਨ ਯੂਨੀਅਨ ਵੱਲੋਂ ਹੱਲ ਕੀਤੇ ਮਸਲਿਆਂ ਸਬੰਧੀ ਵੀ ਦੱਸਿਆ। ਸ੍ਰੀ ਬਲਵਿੰਦਰ ਜੰਮੂ ਨੇ ਕਿਹਾ ਕਿ ਪੱਤਰਕਾਰਾਂ ਲਈ ਬੱਸ ਤੇ ਰੇਲਵੇ ਪਾਸ ਸਮੇਤ ਕੌਮੀ ਸਾਹ ਮਾਰਗਾਂ 'ਤੇ ਮੁਫ਼ਤ ਟੋਲ ਪਲਾਜ਼ਾ ਤੇ ਪੱਤਰਕਾਰਾਂ ਨੂੰ ਪੈਨਸ਼ਨ ਸਕੀਮ ਦਿਵਾਉਣ ਲਈ ਯੂਨੀਅਨ ਵੱਲੋਂ ਚੁੱਕੇ ਜਾ ਰਹੇ ਕਦਮਾਂ ਸਬੰਧੀ ਦੱਸਦਿਆਂ ਕਿਹਾ ਕਿ ਯੂਨੀਅਨ ਸਾਰੇ ਮਸਲੇ ਹੱਲ ਕਰਵਾ ਕੇ ਦਮ ਲਵੇਗੀ। ਇਸ ਮੌਕੇ ਪੱਤਰਕਾਰਾਂ ਦੇ ਸਲਾਹ ਮਸ਼ਵਰੇ ਨਾਲ ਐਸੋਸੀਏਸ਼ਨ ਵੱਲੋਂ ਜਗਸੀਰ ਸ਼ਰਮਾ ਨੂੰ ਸਰਪ੍ਰਸਤ, ਸੁਰਿੰਦਰ ਸਿੰਘ ਮਾਨ ਚੇਅਰਮੈਨ, ਗੋਪੀ ਰਾਊਕੇ ਜ਼ਿਲ੍ਹਾ ਪ੍ਰਧਾਨ, ਸੁਖਦੇਵ ਸਿੰਘ ਖਾਲਸਾ ਸੀਨੀਅਰ ਮੀਤ ਪ੍ਰਧਾਨ, ਮਨਪ੍ਰੀਤ ਸਿੰਘ ਮੱਲੇਆਣਾ ਜਨਰਲ ਸਕੱਤਰ, ਰਣਜੀਤ ਬਾਵਾ ਮੀਤ ਪ੍ਰਧਾਨ, ਗੁਰਪ੍ਰੀਤ ਦੌਧਰ ਮੀਤ ਪ੍ਰਧਾਨ, ਅਮਜ਼ਦ ਖਾਨ ਮੀਤ ਪ੍ਰਧਾਨ, ਮਨੋਜ ਭੱਲਾ ਕੈਸ਼ੀਅਰ, ਇਕਬਾਲ ਸਿੰਘ ਖਹਿਰਾ ਸਕੱਤਰ, ਬਿੱਟੂ ਗਰੋਵਰ ਸਕੱਤਰ, ਤਰਸੇਮ ਸਖਚਦੇਵਾ ਸਕੱਤਰ, ਕ੍ਰਿਸ਼ਨ ਸਿੰਗਲਾ ਪ੍ਰੈੱਸ ਸਕੱਤਰ ਨਿਯੁਕਤ ਕੀਤੇ ਗਏ। ਸੈਕਟਰੀ ਮਨਪ੍ਰੀਤ ਸਿੰਘ ਮੱਲੇਆਣਾ ਨੇ ਦੱਸਿਆ ਕਿ ਪਲਵਿੰਦਰ ਟਿਵਾਣਾ, ਸੰਦੀਪ ਸ਼ਰਮਾ, ਕਸ਼ਿਸ਼ ਸਿੰਗਲਾ, ਰਾਜਵਿੰਦਰ ਰੌਂਤਾ ਜਗਵੀਰ ਅਜ਼ਾਦ, ਲਵਲੀ ਮਾਛੀਕੇ, ਜਸਵਿੰਦਰ ਸਿੰਘ, ਮਿੰਟੂ ਖੁਰਮੀ, ਕੁਲਦੀਪ ਸਿੰਘ, ਮਨਦੀਪ ਝਾਂਜੀ, ਨਿਰਮਲਜੀਤ ਸਿੰਘ ਬੱਧਨੀ ਕਲਾਂ, ਗੁਰਜੰਟ ਸਿੰਘ ਕਲਸੀ, ਰਜਿੰਦਰ ਸਿੰਘ ਕੋਟਲਾ, ਪਵਨ ਗਰਗ, ਗੁਰਮੀਤ ਸਿੰਘ ਮਾਣੂੰਕੇ, ਨਵਦੀਪ ਸਿੰਘ, ਵਕੀਲ ਮਹਿਰੋਂ, ਬਲਵੰਤ ਸਿੰਘ, ਗੁਰਦੇਵ ਸਿੰਘ, ਬਖਸ਼ੀ ਕੋਟ ਈਸੇ ਖਾਂ, ਪ੍ਰਕਾਸ਼ ਗਰਗ, ਨਿਰਭੈ ਸਿੰਘ ਦਾਰਾ ਭਾਗੀਕੇ, ਜਗਜੀਤ ਸਿੰਘ ਖਾਈ, ਲਵਲੀ ਸੰਧੂ ਤੋਂ ਇਲਾਵਾ ਵੱਡੀ ਗਿਣਤੀ ਵਿਚ ਪੱਤਰਕਾਰ ਹਾਜ਼ਰ ਸਨ।

# ਬੱਸ ਸਟੈਂਡ ਤੇ ਜਨਤਕ ਥਾਵਾਂ 'ਤੇ ਵੰਡੇ ਡੇਂਗੂ ਜਾਗਰੂਕਤਾ ਇਸ਼ਤਿਹਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** 'ਸੰਕਲਪ ਐਜੂਕੇਸ਼ਨਲ ਵੈਲਫੇਅਰ ਸੁਸਾਇਟੀ (ਰਜਿ.) ਦੁਆਰਾ ਡੇਂਗੂ ਤੋਂ ਬਚਣ ਲਈ ਜਾਗਰੂਕ ਕਰਦੇ ਇਸ਼ਤਿਹਾਰ ਬੱਸ ਸਟੈਂਡ ਅਤੇ ਵੱਖ-ਵੱਖ ਜਨਤਕ ਥਾਂਵਾਂ 'ਤੇ ਵੰਡੇ ਗਏ।

ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਤ੍ਰਿਪਾਠੀ (ਆਈ.ਏ.ਐਸ) ਦੁਆਰਾ ਇੱਕ ਮੀਟਿੰਗ ਰਾਹੀਂ ਸਮਾਜ ਸੇਵੀ ਸੰਸਥਾਵਾਂ ਨੂੰ ਡੇਂਗੂ ਤੋਂ ਬਚਣ ਲਈ ਆਮ ਲੋਕਾਂ ਨੂੰ ਜਾਗਰੂਕ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਸੀ। ਇਸ ਲੜੀ ਨੂੰ ਅੱਗੇ ਤੋਰਦਿਆਂ ਬੱਸ ਸਟੈਂਡ ਸਥਿਤ ਪੁਲਸ ਚੌਕੀ ਦੇ ਇੰਚਾਰਜ ਮੈਡਮ ਗੁਰਮੇਲ ਕੌਰ ਦੀ ਅਗਵਾਈ ਹੇਠ ਬਲਦੇਵ ਸਿੰਘ ਏ.ਐਸ.ਆਈ ਨਾਲ ਮਿਲ ਕੇ ਸਵਾਰੀਆਂ ਅਤੇ ਸਟਾਫ ਨੂੰ ਡੇਂਗੂ ਜਾਗਰੂਕਤਾ ਇਸ਼ਤਿਹਾਰ ਵੰਡੇ ਗਏ।



ਡੇਂਗੂ ਤੋਂ ਬਚਣ ਦਾ ਜਾਗਰੂਕਤਾ ਇਸ਼ਤਿਹਾਰ ਵੰਡਣ ਸਮੇਂ ਬਲਦੇਵ ਸਿੰਘ (ਏ.ਐੱਸ.ਆਈ), ਪਲਵਿੰਦਰ ਸਿੰਘ (ਮੁਨਸ਼ੀ), ਸੁਖਬੀਰ ਸਿੰਘ, ਸੁਮੀਤ ਸਿੰਘ (ਐੱਸ.ਐੱਸ ਲੈਪਟਾਪ) ਤੇ ਸੰਕਲਪ ਸੁਸਾਇਟੀ ਦੇ ਵਲੰਟੀਅਰ।

ਚੇਅਰਪਰਸਨ ਕੁਲਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਇਹ ਸੇਵਾ ਕਾਰਜ ਸੁਖਦੇਵ ਜਵੈਲਰਜ ਦੇ ਸੰਚਾਲਕ ਸੁਖਦੇਵ ਸਿੰਘ ਜੌਹਰ, ਸਰਬਜੀਤ ਸਿੰਘ ਜੌਹਰ ਤੇ ਕਮਲਜੀਤ ਸਿੰਘ ਜੌਹਰ ਦੀ ਮੱਦਦ ਨਾਲ ਨੇਪਰੇ ਚਾੜ੍ਹੀ ਜਾ ਰਹੀ ਹੈ। ਸਮਾਜ ਸੇਵੀ ਸੰਸਥਾਵਾਂ ਦੇ ਜ਼ਿਲ੍ਹਾ ਚੇਅਰਮੈਨ ਡਾਕਟਰ ਨਰੇਸ਼ ਪਰੂਥੀ ਨੇ ਦੱਸਿਆ ਕਿ ਉਹ ਸੰਕਲਪ ਐਜੂਕੇਸ਼ਨਲ ਵੈਲਫ਼ੇਅਰ ਸੁਸਾਇਟੀ ਦੀਆਂ ਸਮਾਜ ਸੇਵੀ ਕਿਰਿਆਵਾਂ ਤੋਂ ਪੂਰੀ ਤਰ੍ਹਾਂ ਜਾਣੂ ਹਨ ਤੇ ਭਵਿੱਖ ਵਿੱਚ ਵੀ ਅਜਿਹੀ ਉਮੀਦ ਰੱਖਦੇ ਹਨ।

## ਸਰਕਾਰ ਪੰਚਾਇਤ ਚੋਣਾਂ 'ਚ ਵਿਰੋਧੀ ਉਮੀਦਵਾਰਾਂ ਨਾਲ ਧੱਕੇਸ਼ਾਹੀ ਕਰ ਰਹੀ ਹੈ : ਰਣਸੀਂਹ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਪੰਜਾਬ ਅਕਾਲੀ ਦਲ ਜ਼ਿਲ੍ਹਾ ਮੋਗਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਮੀਟਿੰਗ ਗੁਰਦੁਆਰਾ ਸਾਹਿਬ ਬੀਬੀ ਕਾਨ ਕੌਰ ਵਿਖੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਪੰਚਾਇਤਾਂ ਲੋਕਤੰਤਰ ਵਿੱਚ ਰੀੜ੍ਹ ਦੀ ਹੱਡੀ ਹਨ, ਪੰਚਾਇਤੀ ਚੋਣਾਂ ਜੋ 15 ਅਕਤੂਬਰ ਨੂੰ ਪੈਣੀਆਂ ਹਨ, ਪਰ ਪੰਜਾਬ ਸਰਕਾਰ ਦੇ ਵਿਧਾਇਕ ਨੀਵੇਂ ਪੱਧਰ 'ਤੇ ਆ ਕੇ ਵਿਰੋਧੀਆਂ ਦੇ ਕਾਗਜ਼ ਹੀ ਨਹੀਂ ਭਰਨ ਦਿੰਦੇ, ਸਾਰੇ ਪੰਜਾਬ ਦੇ ਬੀ.ਡੀ.ਪੀ.ਓ., ਪੰਚਾਇਤ ਸੈਕਟਰੀ ਵਿਰੋਧੀਆਂ ਨੂੰ ਮਿਲਦੇ ਤੱਕ ਨਹੀਂ, ਦੂਸਰੀਆਂ ਪਾਰਟੀਆਂ ਦੇ ਵਰਕਰ ਕਾਗਜ਼ ਪੂਰੇ ਕਰਨ ਲਈ ਭੱਜੇ ਫਿਰਦੇ ਹਨ, ਪਰ ਕੋਈ ਵੀ ਅਧਿਕਾਰੀ ਇਨ੍ਹਾਂ ਲੋਕਾਂ ਦੀ ਬਾਂਹ ਨਹੀਂ ਫੜਦਾ, ਜਿਸ ਢੰਗ ਪੰਜਾਬ ਸਰਕਾਰ ਕਰ ਰਹੀ ਹੈ, ਪੰਜਾਬ ਸਰਕਾਰ ਦੇ ਮਾੜੇ ਦਿਨਾਂ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੇ ਹੱਕਾਂ ਉੱਪਰ ਡਾਕਾ ਮਾਰਿਆ ਜਾ ਰਿਹਾ ਹੈ। ਜਥੇਦਾਰ ਬੂਟਾ ਸਿੰਘ ਨੇ ਕਿਹਾ ਕਿ ਇਸ ਨਾਦਰਸ਼ਾਹੀ ਸਰਕਾਰ ਦੇ ਧੱਕੇ ਦਾ ਇਕ ਹੀ ਇਲਾਜ ਹੈ ਕਿ 2027 ਵਿੱਚ ਪੰਜਾਬ ਅੰਦਰ ਚੰਗੀ ਸਰਕਾਰ ਬਣਾ ਕੇ ਹੀ ਪੰਜਾਬ ਦੀਆਂ ਬੁਨਿਆਦੀ ਮੰਗਾਂ ਤੇ ਪੰਜਾਬੀਆਂ ਨੂੰ ਰਾਹਤ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਪਿੰਡਾਂ ਵਿੱਚ ਚੰਗੇ ਬੰਦੇ ਲਿਆਉਣੇ ਚਾਹੀਦੇ ਹਨ ਸਾਨੂੰ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਵੱਧ ਤੋਂ ਵੱਧ ਬਣਾ ਕੇ ਸ਼੍ਰੋਮਣੀ ਕਮੇਟੀ ਵਿੱਚ ਵੱਡੇ ਸੁਧਾਰਾਂ ਦੀ ਲੋੜ ਹੈ। ਇਸ ਮੌਕੇ ਭਾਈ ਹਰਪ੍ਰੀਤ ਸਿੰਘ, ਹਰਚਰਨ ਸਿੰਘ ਚੂਹੜਚੱਕ, ਜਥੇਦਾਰ ਭੁਪਿੰਦਰ ਸਿੰਘ ਵੜੈਚ, ਭਾਈ ਬਲਜੀਤ ਸਿੰਘ ਅਕਾਲੀਆਂ ਵਾਲਾ, ਭੁਪਿੰਦਰ ਸਿੰਘ ਢਿੱਲੋਂ ਵਕੀਲ ਸਿੰਘ ਕਾਲੀਏ ਵਾਲਾ, ਗੁਰਮੀਤ ਸਿੰਘ ਰਣੀਆ, ਐਡਵੋਕੇਟ ਬਲਵੰਤ ਸਿੰਘ, ਜਗਸੀਰ ਸਿੰਘ ਡਾਲਾ, ਲਾਲੀ ਮੋਗਾ, ਹਰਜੀਤ ਸਿੰਘ ਕੋਕਰੀ, ਗੁਰਦੀਪ ਸਿੰਘ, ਜਗਸੀਰ ਸਿੰਘ ਮੋਗਾ, ਜਥੇਦਾਰ ਨਿਰਮਲ ਸਿੰਘ ਮੋਗਾ, ਜਥੇਦਾਰ ਤੇਜ ਸਿੰਘ ਖੁਖਰਾਣਾ, ਜਸਮੇਲ ਸਿੰਘ ਡਾਲਾ ਨਾਇਬ ਡਾਲਾ ਆਦਿ ਹਾਜ਼ਰ ਸਨ।



# ਪੀ ਡੀ ਏ ਨੇ 3 ਅਣ-ਅਧਿਕਾਰਤ ਕਾਲੋਨੀਆਂ 'ਤੇ ਚਲਾਇਆ ਪੀਲਾ ਪੰਜਾ

### ਅਣ-ਅਧਿਕਾਰਤ ਕਲੋਨੀ ਦੀ ਉਸਾਰੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ : ਮਨੀਸ਼ਾ ਰਾਣਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਪਟਿਆਲਾ ਡਿਵੈਲਪਮੈਂਟ ਅਥਾਰਿਟੀ (ਪੀ.ਡੀ.ਏ.), ਪਟਿਆਲਾ ਨੇ ਇੱਕ ਅਹਿਮ ਕਾਰਵਾਈ ਕਰਦਿਆਂ ਪਿੰਡ ਧਾਮੋਮਾਜਰਾ ਤੇ ਪਿੰਡ ਪਸਿਆਣਾ ਵਿੱਚ ਪੰਜਾਬ ਅਪਾਰਟਮੈਂਟ ਤੇ ਪ੍ਰਾਪਰਟੀ ਰੈਗੂਲੇਸ਼ਨ ਐਕਟ, 1995 ਦੀ ਉਲੰਘਣਾ ਕਰਕੇ ਵਿਕਸਤ ਕੀਤੀਆਂ ਗਈਆਂ 3 ਅਣ-ਅਧਿਕਾਰਤ ਕਲੋਨੀਆਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਉਨ੍ਹਾਂ ਨੂੰ ਢਾਹ ਦਿੱਤਾ ਹੈ।ਪੀ.ਡੀ.ਏ. ਦੇ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ ਨੇ ਕਿਹਾ ਦੱਸਿਆ ਕਿ ਪੀ.ਡੀ.ਏ. ਪਟਿਆਲਾ ਨੇ ਇਹ ਮੁਹਿੰਮ ਛੇੜੀ ਹੈ ਕਿ ਪੀ.ਡੀ.ਏ., ਪਟਿਆਲਾ ਦੇ ਅਧਿਕਾਰ ਖੇਤਰ ਵਿੱਚ ਕਿਸੇ ਵੀ ਤਰ੍ਹਾਂ ਦੀ ਅਣ-ਅਧਿਕਾਰਤ ਕਲੋਨੀ ਦੀ ਉਸਾਰੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਆਮ ਜਨਤਾ ਨੂੰ ਇਨ੍ਹਾਂ ਵਿਕਸਤ ਹੋਈਆਂ ਗ਼ੈਰ-ਕਾਨੂੰਨੀ ਕਲੋਨੀਆਂ ਵਿੱਚ ਆਪਣੀ ਅਹਿਮ ਪੂੰਜੀ ਨੂੰ ਨਿਵੇਸ਼ ਕਰਨ ਤੋਂ ਬਚਾਇਆ ਜਾ ਸਕੇ ਤੇ ਪਟਿਆਲਾ ਜ਼ਿਲ੍ਹੇ ਵਿੱਚ ਹੋ ਰਹੇ ਗ਼ੈਰ-ਯੋਜਨਾਬੱਧ ਵਿਕਾਸ ਨੂੰ ਰੋਕਿਆ ਜਾ ਸਕੇ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਪੀ.ਡੀ.ਏ. ਨੇ ਇਹ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਪਟਿਆਲਾ ਵਾਸੀ ਭਵਿਖ ਵਿੱਚ ਕਿਸੇ ਵੀ ਕਲੋਨੀ ਵਿੱਚ ਮਕਾਨ/ਪਲਾਟ ਦੀ ਖਰੀਦ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਸਰਕਾਰ/ਪੀ.ਡੀ.ਏ. ਪਾਸੋਂ ਪ੍ਰਵਾਨਗੀ ਸਬੰਧੀ ਦਸਤਾਵੇਜ਼ ਚੈੱਕ ਕਰ ਲੈਣ ਜਾਂ ਇਸ ਸਬੰਧੀ ਪੀ.ਡੀ.ਏ. ਦਫਤਰ ਜਾਣਕਾਰੀ ਪ੍ਰਾਪਤ ਕਰ ਲੈਣ ਤਾਂ ਜੋ ਉਨ੍ਹਾਂ ਨੂੰ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਇਸੇ ਦੌਰਾਨ ਪੀ.ਡੀ.ਏ. ਪਟਿਆਲਾ ਦੇ ਵਧੀਕ ਮੁੱਖ ਪ੍ਰਸ਼ਾਸਕ ਜਸ਼ਨਪ੍ਰੀਤ ਕੌਰ ਨੇ ਦੱਸਿਆ ਕਿ ਇਨ੍ਹਾਂ ਕਲੋਨੀਆਂ ਤੋਂ ਇਲਾਵਾ ਕੁੱਝ ਹੋਰ ਅਣ-ਅਧਿਕਾਰਤ ਕਲੋਨਾਈਜ਼ਰਾਂ ਨੂੰ ਵੀ ਨੋਟਿਸ ਜਾਰੀ ਕੀਤੇ ਗਏ ਹਨ ਤੇ ਜੇਕਰ ਇਸ ਸਬੰਧੀ ਕੋਈ ਪੁਖ਼ਤਾ ਜਵਾਬ ਜਾਂ ਦਸਤਾਵੇਜ਼ ਨੋਟਿਸ ਵਿੱਚ ਦਿੱਤੇ ਸਮੇਂ ਦੌਰਾਨ ਪ੍ਰਾਪਤ ਨਹੀ ਹੁੰਦੇ ਹਨ ਤਾਂ ਉਨ੍ਹਾਂ ਵਿਰੁੱਧ ਵੀ ਇਸ ਤਰ੍ਹਾਂ ਦੀ ਕਾਰਵਾਈ ਕੀਤੀ ਜਾਵੇਗੀ ਅਤੇ ਪਾਪਰਾ ਐਕਟ 1995 ਦੀਆਂ ਧਾਰਾਵਾਂ ਤਹਿਤ ਐੱਫ.ਆਈ.ਆਰ. ਵੀ ਦਰਜ ਕਰਵਾਈ ਜਾਵੇਗੀ।

## ਵਿਦਿਆਰਥੀਆਂ ਲਈ 'ਮਾਨਸਿਕ ਸਿਹਤ ਦਾ ਵਿਕਾਸ' ਵਿਸ਼ੇ 'ਤੇ ਸੈਮੀਨਾਰ ਕਰਾਇਆ



**ਤਲਵੰਡੀ ਸਾਬੋ (ਜਗਦੀਪ ਗਿੱਲ)** ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵਿਖੇ ਬਾਬਾ ਦੀਪ ਸਿੰਘ ਹੋਸਟਲ (ਲੜਕੇ) ਤੇ ਬਾਬਾ ਅਜੀਤ ਸਿੰਘ ਹੰਸਾਲੀ ਵਾਲੇ ਹੋਸਟਲ (ਲੜਕੀਆਂ) ਦੇ ਵਿਦਿਆਰਥੀਆਂ ਲਈ ਮਾਨਸਿਕ ਸਿਹਤ ਦਾ ਵਿਕਾਸ ਵਿਸ਼ੇ 'ਤੇ ਸੈਮੀਨਾਰ ਕਰਾਇਆ ਗਿਆ, ਜਿਸ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪ੍ਰੋਵੋਸਟ ਡਾ. ਇੰਦਰਜੀਤ ਸਿੰਘ ਚਾਹਲ ਤੇ ਮਨੋਵਿਗਿਆਨ ਵਿਭਾਗ ਦੇ ਪ੍ਰੋਫੈਸਰ ਡਾ. ਰੂਬੀ ਗੁਪਤਾ ਨੇ ਸ਼ਿਰਕਤ ਕੀਤੀ।

ਹੋਸਟਲ ਵਾਰਡਨ ਇੰਜ. ਲਖਵੀਰ ਸਿੰਘ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਦੋਨੋਂ ਮਹਿਮਾਨਾਂ ਵੱਲੋਂ ਵਿਦਿਆਰਥੀਆਂ ਨਾਲ ਗੰਭੀਰ ਵਿਚਾਰ ਚਰਚਾ ਕਰਦਿਆਂ ਦੱਸਿਆ ਕਿ ਜ਼ਿੰਦਗੀ ਜਿਊਣ ਲਈ ਸਾਨੂੰ ਜਿੱਥੇ ਨਿਰੋਗੀ ਸਰੀਰਕ ਸਿਹਤ ਜ਼ਰੂਰੀ ਹੈ, ਉੱਥੇ ਮਾਨਸਿਕ ਤੌਰ 'ਤੇ ਵੀ ਤੰਦਰੁਸਤ ਹੋਣਾ ਓਨਾ ਹੀ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਕਈ ਵਾਰ ਮਨ ਵਿੱਚ ਅਜਿਹੇ ਵਿਚਾਰ ਪੈਦਾ ਹੋ ਜਾਂਦੇ ਹਨ, ਜਿਸ ਕਰਕੇ ਇਨਸਾਨ ਡਿਪਰੈਸ਼ਨ ਦਾ ਸ਼ਿਕਾਰ ਹੋ ਜਾਂਦਾ ਹੈ, ਜਿਸਦੇ ਸਿੱਟੇ ਵਜੋਂ ਆਤਮਹੱਤਿਆ ਤੱਕ ਦੀਆਂ ਘਟਨਾਵਾਂ ਦੇ ਘਟਣ ਦੀ ਨੌਬਤ ਆ ਜਾਣ ਬਾਰੇ ਅਸੀਂ ਅਖ਼ਬਾਰਾਂ 'ਚ ਸੁਣਦੇ ਹਾਂ। ਇਸ ਤਰ੍ਹਾਂ ਦੀਆਂ ਘਟਨਾਵਾਂ ਨਾ ਹੋਣ ਇਸ ਲਈ ਸਾਨੂੰ ਮਾਨਸਿਕ ਤੌਰ 'ਤੇ ਤੰਦਰੁਸਤ ਹੋਣ ਲਈ ਸਮਾਜ ਅੰਦਰ ਇੱਕ ਸਕਾਰਾਤਮਕ ਆਪਸੀ ਤਾਲਮੇਲ ਵਧਾਉਣਾ ਚਾਹੀਦਾ ਹੈ। ਆਪਣੇ ਮਨ ਦੇ ਵਿਚਾਰਾਂ ਨੂੰ ਖੁੱਲ੍ਹ ਕੇ ਆਪਣੇ ਅਧਿਆਪਕਾਂ, ਮਾਤਾ-ਪਿਤਾ ਅਤੇ ਚੰਗੇ ਦੋਸਤਾਂ ਨਾਲ ਸਾਂਝੇ ਕਰਨੇ ਚਾਹੀਦੇ ਹਨ, ਤਾਂ ਮਨ ਅੰਦਰ ਪੈਦਾ ਹੋਏ ਕਿਸੇ ਮਾਰੂ ਵਿਚਾਰ ਨੂੰ ਬੇਅਸਰ ਕੀਤਾ ਜਾ ਸਕੇ, ਕਿਉਂਕਿ ਆਪਣੇ ਮਨ ਨੂੰ ਜਿੱਤ ਕੇ ਹੀ ਜ਼ਿੰਦਗੀ ਵਿੱਚ ਸਹੀ ਫ਼ੈਸਲੇ ਲੈਣ ਦੇ ਕਾਬਲ ਬਣਿਆ ਜਾ ਸਕਦਾ ਹੈ।

# ਡਾਕਟਰਾਂ ਤੇ ਸਟਾਫ਼ ਦੀ ਘਾਟ ਦੂਰ ਕਰਨ ਲਈ ਡੀ ਸੀ ਨੂੰ ਮਿਲਿਆ ਵਫ਼ਦ





**ਬਠਿੰਡਾ (ਪਰਵਿੰਦਰ ਜੀਤ ਸਿੰਘ)** ਸਬ ਡਵੀਜ਼ਨਲ ਹਸਪਤਾਲ ਘੁੱਦਾ ਵਿਖੇ ਡਾਕਟਰਾਂ ਤੇ ਸਟਾਫ ਸਮੇਤ ਹੋਰ ਸਾਜੋ ਸਾਮਾਨ ਦੀ ਘਾਟ ਦੂਰ ਕਰਨ, ਹਸਪਤਾਲ ਦੇ ਮੁਲਾਜ਼ਮਾਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ, ਹਸਪਤਾਲ ਦੇ ਮੁਲਾਜ਼ਮਾਂ ਨੂੰ ਜਾਣਬੁੱਝ ਕੇ ਤੰਗ ਪ੍ਰੇਸ਼ਾਨ ਕਰਨ ਵਾਲੇ ਅਨਸਰਾਂ ਖਿਲਾਫ ਸਖਤ ਕਾਰਵਾਈ ਕਰਨ ਤੇ ਬਾਹਰੀ ਵਿਅਕਤੀ ਹਰਤੇਜ ਸਿੰਘ ਭੁੱਲਰ ਦੀ ਨਜਾਇਜ਼ ਦਖ਼ਲਅੰਦਾਜ਼ੀ ਨੂੰ ਸਖਤੀ ਨਾਲ ਬੰਦ ਕਰਨ ਵਰਗੇ ਮੁੱਦਿਆਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਦੀ ਅਗਵਾਈ ਹੇਠ ਵੱਖ-ਵੱਖ ਜਨਤਕ ਜਥੇਬੰਦੀਆਂ ਦਾ ਇੱਕ ਜਨਤਕ ਵਫ਼ਦ ਡਿਪਟੀ ਕਮਿਸ਼ਨਰ ਬਠਿੰਡਾ ਅਤੇ ਸਿਵਲ ਸਰਜਨ ਤੋਂ ਇਲਾਵਾ ਐਸ ਐਸ ਪੀ ਬਠਿੰਡਾ ਨੂੰ ਮਿਲਿਆ।

ਵਫ਼ਦ ਵਿੱਚ ਨੌਜਵਾਨ ਭਾਰਤ ਸਭਾ ਦੇ ਆਗੂ ਅਸ਼ਵਨੀ ਘੁੱਦਾ ਤੇ ਜਸਕਰਨ ਸਿੰਘ ਕੋਟਗੁਰੂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਨਾਨਕ ਸਿੰਘ ਤੋਂ ਇਲਾਵਾ ਪੈਰਾ ਮੈਡੀਕਲ ਸਟਾਫ ਦੇ ਆਗੂ ਗਗਨਦੀਪ ਸਿੰਘ ਭੁੱਲਰ ਤੇ ਸੁਖਵਿੰਦਰ ਸਿੰਘ ਸਿੱਧੂ ਤੇ ਡਾਕਟਰਾਂ ਦੀ ਜਥੇਬੰਦੀ ਪੀ ਸੀ ਐਮ ਐਸ ਦੇ ਆਗੂ ਡਾਕਟਰ ਜਗਰੂਪ ਸਿੰਘ ਸਮੇਤ ਵੱਡੀ ਗਿਣਤੀ ਕਿਸਾਨ ਮਜ਼ਦੂਰ ਤੇ ਮੁਲਾਜ਼ਮ ਸ਼ਾਮਲ ਸਨ। ਉਨ੍ਹਾਂ ਅਧਿਕਾਰੀਆਂ ਨੂੰ ਦੱਸਿਆ ਕਿ ਘੁੱਦਾ ਦੇ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਤੇ ਸਟਾਫ ਦੀ ਘਾਟ ਕਾਰਨ ਐਮਰਜੈਂਸੀ ਡਿਊਟੀ ਦੌਰਾਨ ਉਥੇ ਕੋਈ ਡਾਕਟਰ ਮੌਜੂਦ ਨਾ ਹੋਣ ਕਾਰਨ ਇਲਾਜ ਲਈ ਆਉਂਦੇ ਮਰੀਜ਼ਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਐਮਰਜੈਂਸੀ ਡਿਊਟੀ ਸਮੇਂ ਡਾਕਟਰ ਨਾ ਹੋਣ ਕਾਰਨ ਹਸਪਤਾਲ ਵਿੱਚ ਆਉਂਦੇ ਕੁੱਝ ਵਿਅਕਤੀਆਂ ਵੱਲੋਂ ਰਾਤ ਦੀ ਡਿਊਟੀ 'ਤੇ ਤਾਇਨਾਤ ਸਟਾਫ ਨਰਸਾਂ ਨਾਲ ਦੁਰਵਿਹਾਰ ਤੇ ਝਗੜਾ ਕਰਨ ਕਤਲ ਕਰਨ ਤੇ ਬਦਲੀ ਕਰਾਉਣ ਦੀਆਂ ਧਮਕੀਆਂ ਦੇਣ ਤੋਂ ਇਲਾਵਾ ਮਨਘੜਤ ਸ਼ਿਕਾਇਤਾਂ ਕਰਕੇ ਔਰਤ ਕ੍ਰਮਚਾਰੀਆਂ ਨੂੰ ਲਗਾਤਾਰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਹਨਾਂ ਅਧਿਕਾਰੀਆਂ ਨੂੰ ਦੱਸਿਆ ਕਿ ਇਸ ਵਿਅਕਤੀ ਦੀਆਂ ਗ਼ਲਤ ਕਾਰਵਾਈਆਂ ਤੋਂ ਸਤੇ ਮੁਲਾਜ਼ਮਾਂ ਵੱਲੋਂ ਸਿਹਤ ਮੰਤਰੀ ਨੂੰ ਇੱਥੋਂ ਸਮੂਹਿਕ ਬਦਲੀ ਲਈ ਲਿਖਤੀ ਪੱਤਰ ਵੀ ਭੇਜਿਆ ਗਿਆ ਸੀ, ਪਰ ਮੌਕੇ ਦੀ ਐਸ ਐਮ ਓ ਵੱਲੋਂ ਮੁਲਾਜ਼ਮਾਂ ਨੂੰ ਇਸ ਵਿਅਕਤੀ ਦੀ ਦਖਲਅੰਦਾਜ਼ੀ ਬੰਦ ਕਰਨ ਦਾ ਲਿਖਤੀ ਭਰੋਸਾ ਦੇ ਕੇ ਮਾਮਲੇ ਨੂੰ ਰਫ਼ਾ ਦਫ਼ਾ ਕਰ ਦਿੱਤਾ ਗਿਆ। ਉਹਨਾਂ ਇਹ ਵੀ ਆਖਿਆ ਕਿ 18 ਅਗਸਤ ਨੂੰ ਹਸਪਤਾਲ 'ਚੋਂ ਡਾਕਟਰਾਂ ਤੇ ਸਟਾਫ ਦੀਆਂ ਬਦਲੀਆਂ ਤੋਂ ਬਾਅਦ ਹਸਪਤਾਲ 'ਚ ਜੁੜੇ ਪਿੰਡ ਵਾਸੀਆਂ ਦੇ ਇਕੱਠ ਵਿੱਚ ਇਸ ਵਿਅਕਤੀ ਦੀ ਹਸਪਤਾਲ 'ਚ ਨਜਾਇਜ਼ ਦਖ਼ਲਅੰਦਾਜ਼ੀ ਤੇ ਮੁਲਾਜ਼ਮਾਂ ਨੂੰ ਤੰਗ ਪ੍ਰੇਸ਼ਾਨ ਕਰਨ ਦਾ ਮੁੱਦਾ ਉੱਠਣ ਉਪਰੰਤ ਇਸ ਵਿਅਕਤੀ ਵੱਲੋਂ ਸਮੁੱਚੇ ਇਕੱਠ ਨੂੰ ਦਖ਼ਲਅੰਦਾਜ਼ੀ ਨਾ ਕਰਨ ਦਾ ਭਰੋਸਾ ਦੇਣ ਦੇ ਬਾਵਜੂਦ ਉਹ ਆਪਣੀਆਂ ਹਰਕਤਾਂ ਤੋਂ ਬਾਜ ਨਹੀਂ ਆਇਆ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਇਸ ਹਸਪਤਾਲ ਦੀ ਹਾਲਤ 'ਚ ਸੁਧਾਰ ਨਾ ਕੀਤਾ ਗਿਆ ਤਾਂ ਉਹ ਇਸ ਮਾਮਲੇ 'ਤੇ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਕਿਸਾਨ ਆਗੂ ਜਗਸੀਰ ਸਿੰਘ ਝੁੰਬਾ, ਰਾਮ ਸਿੰਘ ਕੋਟਗੁਰੂ, ਅਜੇਪਾਲ ਸਿੰਘ ਘੁੱਦਾ ਆਦਿ ਆਗੂ ਹਾਜ਼ਰ ਸਨ।

## ਸਰਕਾਰੀ ਅਧਿਕਾਰੀਆਂ ਦਾ ਧੱਕਾ ਸਹਿਣ ਨਹੀਂ ਕਰਾਂਗੇ : ਪ੍ਰਧਾਨ ਗਰਗ

### ਕਰਿਆਨਾ ਯੂਨੀਅਨ ਦੀ ਹੰਗਾਮੀ ਮੀਟਿੰਗ



**ਬਠਿੰਡਾ (ਰਾਜੀਵ ਗੋਇਲ)** : ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਮਸ਼ਹੂਰ ਸੁਰਿੰਦਰਾ ਡੇਅਰੀ 'ਤੇ ਮੰਗਲਵਾਰ ਕਰਿਆਨਾ ਯੂਨੀਅਨ ਦੀ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਸ਼ਹਿਰ ਦੇ ਸਾਰੇ ਹੀ ਦੁਕਾਨਦਾਰਾਂ ਵੱਲੋਂ ਹਿੱਸਾ ਲਿਆ ਗਿਆ। ਇਹ ਮੀਟਿੰਗ ਯੂਨੀਅਨ ਪ੍ਰਧਾਨ ਰਾਮਪਾਲ ਗਰਗ ਕੇਸਰਵਾਲੀਆ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੰਬੋਧਨ ਕਰਦੇ ਹੋਏ ਗਰਗ ਨੇ ਕਿਹਾ ਕਿ ਸਰਕਾਰੀ ਅਧਿਕਾਰੀਆਂ ਵੱਲੋਂ ਦੁਕਾਨਦਾਰਾਂ ਨਾਲ ਕੀਤਾ ਜਾਂਦਾ ਧੱਕਾ ਸਹਿਣ ਨਹੀਂ ਕੀਤਾ ਜਾਵੇਗਾ, ਜੇਕਰ ਇਹ ਅਧਿਕਾਰੀ ਇਸੇ ਤਰ੍ਹਾਂ ਦੁਕਾਨਦਾਰਾਂ ਨੂੰ ਪ੍ਰੇਸ਼ਾਨ ਕਰਨਗੇ ਤਾਂ ਸਾਰੇ ਦੁਕਾਨਦਾਰ ਇੱਕਜੁੱਟ ਹੋ ਕੇ ਇਸ ਦਾ ਵਿਰੋਧ ਕਰਨਗੇ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਵਧੀਆ ਕੁਆਲਟੀ ਦਾ ਸਾਮਾਨ ਵੇਚਣ ਅਤੇ ਹਰ ਚੀਜ਼ ਕਾਨੂੰਨੀ ਪ੍ਰਕਿਰੀਆ ਦੇ ਅਧੀਨ ਹੀ ਵੇਚਣ ਅਤੇ ਖ਼ਰੀਦਣ। ਇਸ ਮੌਕੇ ਯੂਨੀਅਨ ਵੱਲੋਂ ਹੀ ਨਾਸ਼ਤੇ ਦਾ ਪ੍ਰਬੰਧ ਕੀਤਾ ਗਿਆ ਤੇ ਸਾਰੇ ਹੀ ਮੈਂਬਰਾਂ ਵੱਲੋਂ ਇੱਕਜੁਟਤਾ ਦਿਖਾਉਂਦੇ ਹੋਏ ਕੇਸਰਵਾਲੀਆ ਦੇ ਹੱਕ ਵਿੱਚ ਹਾਮੀ ਭਰੀ ਗਈ। ਇਸ ਮੌਕੇ ਸੁਰਿੰਦਰ ਕੁਮਾਰ ਭੁੱਟੋ ਮੀਤ ਪ੍ਰਧਾਨ, ਜੀਤੂ ਰਾਮ, ਕੇਸ਼ਵ ਕੁਮਾਰ ਗੋਇਲ, ਸੁਨੀਲ ਕੁਮਾਰ ਭਦੌੜੀਆ, ਮਹਿੰਦਰ ਕਮਰਾ, ਵਿੱਕੀ ਗੋਇਲ, ਚਿਮਨ ਲਾਲ ਬਾਂਸਲ, ਦਰਪਣ ਜੈਨ, ਅਮਰ ਦੂਆ, ਹਰਗੋਪਾਲ ਵਰਮਾ, ਪੱਪੂ ਗੋਇਲ, ਪਰਵੀਨ ਕੁਮਾਰ ਮਹੇਸ਼ਵਰੀ, ਰਾਮ ਲਾਲ ਸੁਖੇਜਾ ਸਮੇਤ ਸ਼ਹਿਰ ਦੇ ਸਮੂਹ ਕਰਿਆਨਾ ਵਪਾਰੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਰੇਲ ਰੋਕੋ ਧਰਨਾ ਅੱਜ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਨੇ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਦੋਵਾਂ ਫੋਰਮਾਂ ਦੇ ਸੱਦੇ 'ਤੇ 3 ਅਕਤੂਬਰ ਨੂੰ 12.30 ਤੋਂ ਲੈ ਕੇ 2.30 ਵਜੇ ਤੱਕ ਰੇਲ ਰੋਕੋ ਧਰਨੇ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ।



ਤਰਨ ਤਾਰਨ ਵਿੱਚ ਤਰਨ ਤਾਰਨ ਅਤੇ ਪੱਟੀ ਵਿਖੇ ਦੋਵਾਂ ਥਾਵਾਂ 'ਤੇ ਧਰਨਾ ਲਾਇਆ ਜਾਏਗਾ।ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ, ਮਜ਼ਦੂਰ, ਨੌਜਵਾਨ, ਬੀਬੀਆਂ ਪਹੁੰਚਣਗੇ। ਉਨ੍ਹਾਂ ਕਿਹਾ ਕਿ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਅਤੇ ਸ਼ੰਭੂ ਬਾਰਡਰ 'ਤੇ ਚੱਲ ਰਹੇ ਮੋਰਚੇ ਦੀਆਂ ਮੰਗਾਂ ਨੂੰ ਲਾਗੂ ਕਰਾਉਣ ਵਾਸਤੇ ਪੂਰੇ ਪੰਜਾਬ ਵਿੱਚ ਦੋ ਘੰਟੇ ਰੇਲਾਂ ਦਾ ਚੱਕਾ ਜਾਮ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ। ਇਸ ਤੋਂ ਬਾਅਦ ਕਿਸਾਨ ਆਗੂਆਂ ਨੇ ਮੰਗ ਕਰਦੇ ਹੋਏ ਕਿਹਾ ਕਿ ਸ਼ੰਭੂ ਬਾਰਡਰ 'ਤੇ ਚੱਲ ਰਹੇ ਮੋਰਚੇ ਵਿੱਚ ਜ਼ਿਲ੍ਹਾ ਤਰਨ ਤਾਰਨ ਦੇ ਹੋਏ ਸ਼ਹੀਦ ਬੀਬੀ ਬਲਵਿੰਦਰ ਕੌਰ ਵਲੀਪੁਰ, ਸੁਖਦੇਵ ਸਿੰਘ ਸਹਿਬਾਜਪੁਰ, ਹਰਜਿੰਦਰ ਸਿੰਘ ਖਵਾਸਪੁਰ ਨੂੰ ਸਰਕਾਰ ਦੀ ਪਾਲਸੀ ਅਨੁਸਾਰ 5 ਲੱਖ ਰੁਪਏ ਮੁਆਵਜ਼ਾ, ਪਰਵਾਰ ਦੇ ਇੱਕ ਜੀ ਨੂੰ ਨੌਕਰੀ ਅਤੇ ਸਮੁੱਚਾ ਕਰਜ਼ਾ ਮਾਫ ਕੀਤਾ ਜਾਵੇ। 28 ਸਤੰਬਰ ਨੂੰ ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਸ਼ੇਖ ਫਤਿਹ ਵਿਖੇ ਭਾਰਤ ਮਾਲਾ ਪ੍ਰੋਜੈਕਟ ਅਧੀਨ ਆ ਰਹੀਆਂ ਜ਼ਮੀਨਾਂ ਤੇ ਧੱਕੇ ਨਾਲ ਕਬਜ਼ਾ ਕਰਾਉਣ ਆਏ ਪ੍ਰਸ਼ਾਸਨ ਵੱਲੋਂ ਕਿਸਾਨ ਗੁਰਸੇਵਕ ਸਿੰਘ ਦੀ ਝੋਨੇ ਦੀ ਫਸਲ ਨੂੰ ਉਜਾੜ ਦਿੱਤਾ ਜੋ ਕਿ ਭਾਰਤ ਮਾਲਾ ਪ੍ਰੋਜੈਕਟ ਦੇ ਅਧੀਨ ਨਹੀਂ ਸੀ ਆ ਰਹੀ।ਜ਼ਿਲ੍ਹਾ ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਅਤੇ ਐਸ ਐਸ ਪੀ ਨੇ ਵਿਸ਼ਵਾਸ ਦਿਵਾਇਆ ਸੀ ਕਿ 30 ਸਤੰਬਰ ਤੱਕ ਇਸ ਕਿਸਾਨ ਦੀ ਨਿਸ਼ਾਨਦਾਈ ਕਰਕੇ ਇਸ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ ਜੋ ਅਜੇ ਤੱਕ ਨਹੀਂ ਦਿੱਤਾ ਗਿਆ। ਕਿਸਾਨ ਆਗੂਆਂ ਮੰਗ ਕੀਤੀ ਕਿ ਗੁਰਸੇਵਕ ਸਿੰਘ ਦੀ ਉਜਾੜੀ ਫਸਲ ਦਾ 1 ਲੱਖ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇ। ਤਲਵੰਡੀ ਸੋਭਾ ਸਿੰਘ ਦੇ ਕਿਸਾਨ ਆਗੂ ਮੇਅਰ ਸਿੰਘ ਤਲਵੰਡੀ 'ਤੇ ਹੋਏ ਝੂਠੇ ਪਰਚੇ ਰੱਦ ਕੀਤੇ ਜਾਣ। ਜਿਹੜੇ ਲੋਕਾਂ ਨੇ ਕਿਸਾਨ ਦੀ ਪੱਗ ਲਾਈ ਅਤੇ ਕੁੱਟਮਾਰ ਕੀਤੀ ਉਨ੍ਹਾਂ ਤੇ ਬਣਦੀ ਕਾਰਵਾਈ ਕੀਤੀ ਜਾਵੇ। ਪ੍ਰਸ਼ਾਸਨ ਵੱਲੋਂ ਕਿਸਾਨ ਦੀ ਪੱਗ ਵਾਪਸ ਦਿਵਾਈ ਜਾਵੇ। ਡੀ ਸੀ ਕੰਪਲੈਕਸ ਦਾ ਗੰਦਾ ਪਾਣੀ ਜੋ ਕਿ ਨੈਸ਼ਨਲ ਹਾਈਵੇ ਅਤੇ ਕਲੋਨੀ ਵਿੱਚ ਪੈ ਰਿਹਾ ਹੈ, ਇਹਨਾਂ ਚਾਰੇ ਮੰਗਾਂ ਨੂੰ ਹੱਲ ਕੀਤਾ ਜਾਵੇ।ਕਿਸਾਨ ਆਗੂਆਂ ਚੇਤਾਵਨੀ ਦਿੰਦੇ ਹੋਏ ਕਿਹਾ ਜੇਕਰ ਇਨ੍ਹਾਂ ਚਾਰ ਮਸਲਿਆਂ ਦਾ ਪ੍ਰਸ਼ਾਸਨ ਵੱਲੋਂ ਹੱਲ ਨਾ ਕੀਤਾ ਤਾਂ ਮਸਲੇ ਹੱਲ ਹੋਣ ਤੱਕ ਧਰਨਾ ਜਾਰੀ ਰਹੇਗਾ।

## ਬੱਸ ਹਾਦਸੇ 'ਚ ਜ਼ਖ਼ਮੀ ਹੋਈ ਅਧਿਆਪਕਾ ਦੀ ਇਲਾਜ ਦੌਰਾਨ ਮੌਤ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੀਤੇ ਦਿਨੀਂ ਬਟਾਲਾ-ਕਾਦੀਆਂ ਰੋਡ ਦੇ ਉੱਪਰ ਸ਼ਾਹਬਾਦ ਅੱਡੇ 'ਚ ਵੱਜੀ ਰਾਜਧਾਨੀ ਬੱਸ ਦੌਰਾਨ ਜ਼ਖ਼ਮੀ ਹੋਈ ਇੱਕ ਸਰਕਾਰੀ ਮਹਿਲਾ ਅਧਿਆਪਕ ਦੀ ਹਸਪਤਾਲ ਵਿੱਚ ਜ਼ੇਰੇ ਇਲਾਜ ਮੌਤ ਹੋਣ ਦਾ ਦੁਖਦਾਈ ਸਮਾਚਾਰ ਮਿਲਿਆ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਮਹਿਲਾ ਅਧਿਆਪਕ ਸੁਖਪਾਲ ਕੌਰ ਦੇ ਪਤੀ ਕੁਲਜੀਤ ਸਿੰਘ ਵਾਸੀ ਮੁਹੱਲਾ ਧਰਮਪੁਰਾ ਕਾਦੀਆਂ ਨੇ ਦੱਸਿਆ ਕਿ ਉਸ ਦੀ ਪਤਨੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਰਮਪੁਰਾ ਕਲੋਨੀ ਬਟਾਲਾ ਵਿਖੇ ਬਤੌਰ ਅਧਿਆਪਕ ਵਜੋਂ ਸੇਵਾਵਾਂ ਨਿਭਾ ਰਹੀ ਸੀ। ਘਟਨਾ ਵਾਲੇ ਦਿਨ ਸਕੂਲ ਛੁੱਟੀ ਹੋਣ ਤੋਂ ਬਾਅਦ ਬੱਸ 'ਚ ਸਵਾਰ ਹੋ ਕੇ ਕਾਦੀਆਂ ਨੂੰ ਆ ਰਹੀ ਸੀ। ਜਿਸ ਦੌਰਾਨ ਰਸਤੇ ਵਿੱਚ ਇਹ ਹਾਦਸਾ ਵਾਪਰ ਗਿਆ ਅਤੇ ਉਹ ਜ਼ਖ਼ਮੀ ਹੋ ਗਈ ਸੀ। ਉਸ ਦਾ ਇਲਾਜ ਅੰਮ੍ਰਿਤਸਰ ਦੇ ਅਮਨਦੀਪ ਹਸਪਤਾਲ ਵਿੱਚ ਚੱਲ ਰਿਹਾ ਸੀ, ਜਿਸ ਦੌਰਾਨ ਬੁੱਧਵਾਰ ਤੜਕਸਾਰ ਸਵੇਰੇ ਹਸਪਤਾਲ 'ਚ ਜ਼ੇਰੇ ਇਲਾਜ ਮੌਤ ਹੋ ਗਈ।ਦੱਸਿਆ ਜਾ ਰਿਹਾ ਕਿ ਮਹਿਲਾ ਅਧਿਆਪਕ ਦੇ ਦੋ ਬੱਚੇ ਹਨ ਅਤੇ ਉਸ ਦਾ ਪਤੀ ਵੀ ਸਰਕਾਰੀ ਅਧਿਆਪਕ ਵਜੋਂ ਸੇਵਾਵਾਂ ਨਿਭਾ ਰਿਹਾ ਹੈ।

## ਡਿਪਟੀ ਕਮਿਸ਼ਨਰ ਪਰਾਲੀ ਪ੍ਰਬੰਧਨ ਲਈ ਮੁੜ ਖੇਤਾਂ 'ਚ ਪੁੱਜੇ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਸਮੇਂ ਸਿਰ ਮਸ਼ੀਨਰੀ ਉਪਲਬਧ ਕਰਵਾਉਣ, ਪਰਾਲੀ ਦੀ ਅੱਗ ਉੱਤੇ ਕਾਬੂ ਪਾਉਣ ਵਾਲੀਆਂ ਟੀਮਾਂ ਦੀ ਜਾਂਚ ਕਰਨ ਅਤੇ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਖੇਤਾਂ ਵਿੱਚ ਉਤਰਿਆ ਹੋਇਆ ਹੈ।ਡਿਪਟੀ ਕਮਿਸ਼ਨਰ ਨੇ ਅੱਜ ਬਲਾਕ ਤਰਸਿੱਕਾ ਦੇ ਪਿੰਡ ਜੋ ਪਿਛਲੇ ਸਾਲ ਹਾਟ ਸਪਾਟ ਰਹੇ ਭਾਵ ਜਿੱਥੇ ਵੱਧ ਪਰਾਲੀ ਨੂੰ ਅੱਗ ਲੱਗੀ ਸੀ, ਪਿੰਡ ਅਕਾਲਗੜ੍ਹ, ਭੀਲੋਵਾਲ, ਉਦੋਕੇ ਕਲਾਂ, ਭੋਏਵਾਲ ਦਾ ਦੌਰਾ ਕੀਤਾ। ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਰਾਲੀ ਪ੍ਰਬੰਧਨ ਕਰਨ ਲਈ ਕਿਸਾਨਾਂ ਨੂੰ ਇਨ ਸੀਟੂ ਤੇ ਐਕਸ ਸੀਟੂ ਲਈ ਬੇਲਰ, ਚੌਪਰ, ਸੁਪਰ ਸੀਡਰ ਤੇ ਸਰਫੇਸ ਸੀਡਰ ਵਰਗੀ ਜਿਹੜੀ ਵੀ ਮਸ਼ੀਨਰੀ ਦੀ ਜ਼ਰੂਰਤ ਹੋਵੇਗੀ ਉਹ ਮੁਹੱਈਆ ਕਰਵਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਪਰਾਲੀ ਤੇ ਹੋਰ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਤ ਕਰਨ ਵਾਸਤੇ ਖੇਤਾਂ ਵਿੱਚ ਪੁੱਜਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਾਰੇ ਐਸ.ਡੀ.ਐਮਜ਼ ਤੇ ਖੇਤੀਬਾੜੀ, ਮਾਲ, ਪੰਚਾਇਤ ਵਿਭਾਗ, ਪੰਜਾਬ ਫਾਇਰ ਸਰਵਿਸ ਤੇ ਸਹਿਕਾਰੀ ਸਭਾਵਾਂ ਦੇ ਅਧਿਕਾਰੀ ਖੇਤਾਂ ਵਿੱਚ ਜਾ ਕੇ ਕਿਸਾਨਾਂ ਨਾਲ ਗੱਲਬਾਤ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਡੀ.ਐਸ.ਪੀ. ਸ: ਰਵਿੰਦਰ ਸਿੰਘ, ਖੇਤੀਬਾੜੀ ਅਧਿਕਾਰੀ ਤਜਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।ਪਿੰਡਾਂ ਦਾ ਦੌਰਾ ਕਰਦਿਆਂ ਡਿਪਟੀ ਕਮਿਸ਼ਨਰ ਨੇ ਬੇਲਰ ਨਾਲ ਗੰਢਾਂ ਬਣਾ ਰਹੇ ਕਿਸਾਨ ਨਾਲ ਖੇਤ 'ਚ ਜਾ ਕੇ ਗੱਲਬਾਤ ਕੀਤੀ ਅਤੇ ਕਿਸਾਨ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਇਸ ਨਾਲ ਹੁੰਦੇ ਵਾਤਾਵਰਣ ਪ੍ਰਦੂਸ਼ਣ ਨਾਲ ਬੱਚਿਆਂ ਤੇ ਬਜ਼ੁਰਗਾਂ ਸਮੇਤ ਖੇਤਾਂ ਵਿੱਚ ਕੰਮ ਕਰਦੇ ਕਿਸਾਨਾਂ ਦੀ ਸਿਹਤ 'ਤੇ ਵੀ ਮਾੜਾ ਅਸਰ ਪੈਦਾ ਹੈ, ਜ਼ਮੀਨ ਦੀ ਉਪਜਾਊ ਸ਼ਕਤੀ ਕਮਜ਼ੋਰ ਹੁੰਦੀ ਹੈ।

## ਡੇਅਰੀ ਉੱਦਮ ਸਿਖਲਾਈ ਕੋਰਸ 8 ਨਵੰਬਰ ਤੱਕ ਚਲਾਇਆ ਜਾਵੇਗਾ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਡੇਅਰੀ ਵਿਕਾਸ ਬੋਰਡ ਵਿਭਾਗ ਵੱਲੋਂ ਚਾਰ ਹਫਤੇ ਡੇਅਰੀ ਉਦਮ ਸਿਖਲਾਈ ਕੋਰਸ 10 ਅਕਤੂਬਰ ਤੋਂ 8 ਨਵੰਬਰ 2024 (ਚਾਰ ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10 ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ ਅਤੇ ਪਹਿਲਾਂ ਘੱਟੋ-ਘੱਟ 5 ਪਸ਼ੂ ਰੱਖੇ ਹੋਣ, ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਇਹ ਜਾਣਕਾਰੀ ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਕੋਰਸ ਵਿੱਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਰਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਵੱਖ ਵੱਖ ਬਿਮਾਰੀਆਂ, ਮਸਨੂਈ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਖਲਾਈ ਕੋਰਸ ਲਈ ਚਾਹਵਾਨ ਫਾਰਮਰਜ਼ 7 ਅਕਤੂਬਰ ਤੱਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਲਾਕ ਬੀ ਚੌਥੀ ਮੰਜ਼ਲ ਕਮਰਾ ਨੰ: 508 ਵਿਖੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਿਖੇ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ। ਚੁਣੇ ਹੋਏ ਸਿਖਿਆਰਥੀ ਜਨਰਲ ਕੈਟਾਗਰੀ ਲਈ ਫੀਸ 5000 ਅਤੇ ਅ.ਜਾਤੀ ਲਈ 4000 ਹੋਵੇਗੀ।

# ਕਾਂਗਰਸੀ ਆਗੂਆਂ ਵੱਲੋਂ ਡਿਪਟੀ ਕਮਿਸ਼ਨਰ ਖਿਲਾਫ਼ ਵਰਤੀ ਭੱਦੀ ਸ਼ਬਦਾਵਲੀ ਦੀ ਆਪ ਆਗੂਆਂ ਵੱਲੋਂ ਨਿੰਦਾ



ਗੁਰਦਾਸਪੁਰ, (ਦਿਨੇਸ਼ ਕੁਮਾਰ)- ਦਫ਼ਤਰ ਡਿਪਟੀ ਕਮਿਸ਼ਨਰ, ਗੁਰਦਾਸਪੁਰ ਵਿਖੇ ਕਾਂਗਰਸੀ ਆਗੂਆਂ ਵੱਲੋਂ ਕੀਤੇ ਗਏ ਹੰਗਾਮੇ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਖਿਲਾਫ਼ ਵਰਤੀ ਗਈ ਭੱਦੀ ਸ਼ਬਦਾਵਲੀ ਦੀ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇੱਕ ਸਥਾਨਕ ਰੈਸਟੋਰੈਂਟ ਵਿੱਚ ਪੱਤਰਕਾਰ ਮਿਲਣੀ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਇੱਕਠ ਕੀਤਾ ਗਿਆ। ਇਸ ਮੌਕੇ ਬਟਾਲਾ ਤੋਂ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਗੁਰਦਾਸਪੁਰ ਹਲਕਾ ਇੰਚਾਰਜ ਰਮਨ ਬਹਿਲ, ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਅਤੇ ਕਾਦੀਆਂ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਫਤਿਹਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਅਤੇ ਚੇਅਰਮੈਨ ਬਲਬੀਰ ਸਿੰਘ ਪੰਨੂੰ, ਆਪ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਸ਼ਹਿਰੀ ਪ੍ਰਧਾਨ ਅਤੇ ਦੀਨਾਨਗਰ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ, ਹਲਕਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਕਾਂਗਰਸੀ ਆਗੂਆ ਵੱਲੋਂ ਡੀ ਸੀ ਦਫ਼ਤਰ ਅੰਦਰ ਜਾ ਕੇ ਵਰਤੀ ਗਈ ਸ਼ਬਦਾਵਲੀ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਕਿਹਾ ਕਿ ਉਕਤ ਆਗੂਆਂ ਵੱਲੋਂ ਡੀ ਸੀ ਦਫ਼ਤਰ ਦੀ ਤੌਹੀਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ, ਇੱਕ ਬਹੁਤ ਹੀ ਸਤਿਕਾਰਯੋਗ ਅਤੇ ਪ੍ਰਸ਼ਾਸਨਿਕ ਅਹੁਦਾ ਹੈ ਅਤੇ ਹਰ ਇੱਕ ਨੂੰ ਇਸ ਅਹੁਦੇ ਦਾ ਮਾਣ ਰੱਖਣਾ ਚਾਹੀਦਾ ਹੈ। ਇਹ ਬੌਖਲਾ ਗਏ ਹਨ, ਜਿਸ ਦਾ ਕਾਰਨ ਸਰਪੰਚਾਂ ਲਈ ਉਮੀਦਵਾਰਾਂ ਦਾ ਨਾ ਮਿਲਣਾ ਹੈ। ਉਨ੍ਹਾਂ ਸਵਾਲ ਚੁੱਕਿਆ ਕਿ ਕਾਂਗਰਸੀ ਆਗੂ ਆਮ ਜਨਤਾ ਨੂੰ ਕੀ ਸੰਦੇਸ਼ ਦੇਣਾ ਚਾਹੁੰਦੇ ਹਨ। ਉਕਤ ਆਗੂਆਂ ਕਿਹਾ ਕਿ ਕਾਂਗਰਸ ਲੀਡਰਸ਼ਿਪ ਡਰ ਅਤੇ ਦਹਿਸ਼ਤ ਦਾ ਮਾਹੌਲ ਪੈਦਾ ਕਰਨਾ ਚਾਹੁੰਦੀ ਹੈ ਜੋ ਆਮ ਆਦਮੀ ਪਾਰਟੀ ਵੱਲੋਂ ਕਦੇ ਵੀ ਨਹੀਂ ਹੋਣ ਦਿੱਤਾ ਜਾਵੇਗਾ। ਇਸ ਵਕਤ ਚੋਣ ਜ਼ਾਬਤਾ ਲੱਗਾ ਹੋਇਆ ਹੈ ਅਤੇ ਉਹ ਮੰਗ ਕਰਦੇ ਹਨ ਕਿ ਉਕਤ ਆਗੂਆਂ ਖਿਲਾਫ਼ ਕਾਰਵਾਈ ਕੀਤੀ ਜਾਵੇ।

## ਪੈਸਿਆਂ ਦੀ ਬੋਲੀ ਲਗਾ ਕੇ ਸਰਪੰਚੀ ਦੇਣਾ ਜਾਂ ਲੈਣਾ ਦੋਵੇਂ ਹੀ ਗਲਤ ਰਵਾਇਤਾਂ : ਪ੍ਰਿੰ. ਸੋਹਲ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੈਸਿਆਂ ਦੀ ਬੋਲੀ ਲਗਾ ਕੇ ਸਰਪੰਚੀ ਦੇਣਾ ਜਾਂ ਲੈਣਾ ਦੋਨੋਂ ਹੀ ਸਾਡੇ ਅਮੀਰ ਵਿਰਸੇ ਅਤੇ ਸੱਭਿਆਚਾਰ ਨੂੰ ਕਲੰਕਿਤ ਕਰਨ ਵਾਲੀਆਂ ਰਵਾਇਤਾਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵਕ ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜ-ਸੱਤ ਬੰਦਿਆਂ ਦੇ ਇਕੱਠ ਨੂੰ ਪੰਚਾਇਤ ਕਹਿੰਦੇ ਹਨ ਅਤੇ ਪੰਚਾਇਤ ਦਾ ਫੈਸਲਾ ਅਟੱਲ ਗਿਣਿਆ ਜਾਂਦਾ ਹੈ। ਪਿੰਡ ਦਾ ਸਰਪੰਚ ਹੋਣਾ ਮਾਣ ਵਾਲੀ ਗੱਲ ਹੈ ਪਰ ਵਿਕਾਸ ਦੇ ਨਾਂਅ 'ਤੇ ਪੈਸਿਆਂ ਦੀ ਬੋਲੀ ਲਗਾ ਕੇ ਸਰਪੰਚੀ ਲੈਣਾ ਅਤੇ ਪਿੰਡ ਵਾਲਿਆਂ ਵੱਲੋਂ ਇਸ ਪ੍ਰਥਾ ਨੂੰ ਸਵੀਕਾਰ ਕਰਨਾ ਕਿਸੇ ਵੀ ਸੂਝਵਾਨ ਇਨਸਾਨ ਦੇ ਇਹ ਰਿਵਾਇਤ ਹਜ਼ਮ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਭਾਰਤੀ ਲੋਕਤੰਤਰ ਦਾ ਆਰੰਭ ਪੰਚਾਇਤੀ ਰਾਜ ਤੋਂ ਹੈ। ਜੇਕਰ ਅਸੀਂ ਇਸ ਨੂੰ ਹੀ ਕਲੰਕਿਤ ਕਰ ਲਿਆ ਫਿਰ ਵਿਧਾਇਕ ਜਾਂ ਮੈਂਬਰ ਪਾਰਲੀਮੈਂਟ ਲਈ ਵੋਟਾਂ ਪ੍ਰਾਪਤ ਕਰਨ ਲਈ ਨਸ਼ੇ ਅਤੇ ਪੈਸੇ ਵੰਡਣਾ ਵੀ ਜਾਇਜ਼ ਹੈ ਫਿਰ ਤਾਂ ਸਮਾਜ ਵਿੱਚ ਪੈਸੇ ਦਾ ਹੀ ਬੋਲਬਾਲਾ ਹੋਣ ਨੂੰ ਹਾਮੀ ਭਰਨਾ ਹੈ। ਇੱਕ ਪਿੰਡ ਵਿੱਚ ਸਿਆਣਾ, ਬੁੱਧੀਮਾਨ, ਦੂਰਅੰਦੇਸ਼, ਚੰਗੀ ਸੋਚ ਦਾ ਸਤਿਕਾਰ ਆਪਣੇ ਆਪ ਖਤਮ ਕਰਨ ਵਾਲੀ ਗੱਲ ਹੈ। ਚੰਗਾ ਹੋਵੇ ਜੇਕਰ ਚੰਗਾ ਬੰਦਾ ਸਰਬਸੰਮਤੀ ਨਾਲ ਚੁਣਿਆ ਜਾਵੇ। ਪੈਸੇ ਕਰਕੇ ਨਹੀਂ ਸਗੋਂ ਉਸ ਦੀ ਚੰਗੀ ਸੋਚ ਕਰਕੇ ਚੁਣੀਏ।

# ਪੰਚਾਇਤੀ ਚੋਣਾਂ ਲੜੀਆਂ ਨਹੀਂ ਲੁੱਟੀਆਂ ਜਾ ਰਹੀਆਂ : ਔਜਲਾ



ਅੰਮ੍ਰਿਤਸਰ/ਮਜੀਠਾ/ਤਰਸਿੱਕਾ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਸੋਇਮ ਆਨੰਦ, ਤਰਸੇਮ ਸਿੰਘ ਸਾਧਪੁਰ) ਪੰਜਾਬ ਵਿੱਚ ਹੋ ਰਹੀਆਂ ਪੰਚਾਇਤੀ ਚੋਣਾਂ ਨੂੰ ਲੈ ਕੇ ਸਾਰੀਆਂ ਰਾਜਨੀਤਿਕ ਪਾਰਟੀਆਂ ਅੱਡੀ ਚੋਟੀ ਦਾ ਜ਼ੋਰ ਲਗਾ ਰਹੀਆਂ ਹਨ ਭਾਵੇਂ ਇਹ ਚੋਣਾਂ ਪਾਰਟੀ ਚੋਣ ਨਿਸ਼ਾਨ ਤੇ ਨਹੀਂ ਲੜੀਆਂ ਜਾ ਰਹੀਆਂ ਪਰ ਹਰੇਕ ਪਾਰਟੀ ਇਸਨੂੰ ਆਪਣੇ ਵਿਕਾਰ ਦਾ ਸਵਾਲ ਬਣਾਕੇ ਲੜ ਰਹੀ ਹੈ, ਉਧਰ ਸੱਤਾਧਾਰੀ ਸਰਕਾਰ 'ਤੇ ਧੱਕੇਸ਼ਾਹੀਆਂ ਕਰਨ ਦਾ ਗੰਭੀਰ ਇਲਜ਼ਾਮ ਲਗਾਇਆ ਜਾ ਰਿਹਾ ਹੈ ਤੇ ਚੋਣ ਕਮਿਸ਼ਨ ਵੱਲ ਵੀ ਸ਼ੱਕ ਦੀ ਨਜ਼ਰ ਨਾਲ ਵੇਖਿਆ ਜਾ ਰਿਹਾ ਹੈ ਮਾਝੇ ਦੇ ਚਰਚਿਤ ਵਿਧਾਨ ਸਭਾ ਹਲਕੇ ਮਜੀਠੇ ਵਿੱਚ ਵੀ ਮੈਂਬਰ ਲੋਕ ਸਭਾ ਗੁਰਜੀਤ ਸਿੰਘ ਔਜਲਾ ਨੇ ਹਲਕੇ ਦੇ ਕਾਂਗਰਸੀ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਤੇ ਹੋਰਨਾਂ ਸਾਥੀਆਂ ਨਾਲ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਮਜੀਠਾ ਅਮਨਦੀਪ ਸਿੰਘ ਦੇ ਦਫ਼ਤਰ ਜਾ ਕੇ ਲੋਕਾਂ ਨੂੰ ਚੁੱਲਾ ਟੈਕਸ, ਐਨ ਓ ਸੀ ਤੇ ਹੋਰ ਕਾਗਜਾਤ ਸਮੇਂ ਸਿਰ ਦੇਣ ਦੀ ਤਾਕੀਦ ਕੀਤੀ ਤੇ ਕਿਸੇ ਨਾਲ ਵੀ ਬੇਇਨਸਾਫੀ ਕਰਨ ਤੋਂ ਵਰਜਿਆ ਔਜਲਾ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਲੋਕਾਂ ਕੋਲੋਂ ਆਪਣਾ ਵਿਸ਼ਵਾਸ ਗਵਾ ਚੁੱਕੀ ਹੈ ਤੇ ਹੁਣ ਧੱਕੇਸ਼ਾਹੀ ਕਰਕੇ ਪੰਚਾਇਤਾਂ ਬਨਾਉਣਾ ਚਾਹੁੰਦੀ ਹੈ ਜਿਸ ਵਿੱਚ ਕਾਮਯਾਬ ਨਹੀਂ ਹੋਣ ਦਿਆਂਗੇ। ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਧਰਾਤਲ ਤੇ ਆਪਣੇ ਪੈਰਾਂ ਥੱਲਿਓਂ ਖਿਸਕਦੀ ਸਿਆਸੀ ਜ਼ਮੀਨ ਵੇਖਕੇ ਮਾਨ ਸਰਕਾਰ ਇਹਨਾਂ ਚੋਣਾਂ ਵਿੱਚ ਹਰ ਹੀਲਾ ਵਰਤਕੇ ਜਿੱਤਣਾ ਚਾਹੁੰਦੀ ਹੈ, ਸੱਚਰ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਇਹ ਚਿੰਤਾ ਵੀ ਸਤਾ ਰਹੀ ਹੈ ਕਿ ਕਿਤੇ ਉਹਨਾਂ ਦੀ ਕੁਰਸੀ ਨੂੰ ਬਦਲਣ ਲਈ ਕੇਜਰੀਵਾਲ ਇਹਨਾਂ ਚੋਣਾਂ ਵਿਚਲੀ ਹਾਰ ਨੂੰ ਹੀ ਬਹਾਨਾ ਨਾਂ ਬਣਾ ਲਵੇ। ਇਸ ਮੌਕੇ ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜ ਪਾਲ ਸਿੰਘ, ਕੌਂਸਲਰ ਤੇ ਸ਼ਹਿਰੀ ਬਲਾਕ ਪ੍ਰਧਾਨ ਨਵਦੀਪ ਸਿੰਘ ਸੋਨਾ, ਬਲਾਕ ਤਰਸਿੱਕਾ ਦੇ ਪ੍ਰਧਾਨ ਸਤਨਾਮ ਸਿੰਘ ਕਾਜੀਕੋਟ, ਸਾਬਕਾ ਸਰਪੰਚ ਮਹਿੰਦਰ ਸਿੰਘ ਕਲੇਰ ਮਾਂਗਟ, ਸਾਬਕਾ ਸਰਪੰਚ ਬਲਦੇਵ ਸਿੰਘ ਚਵਿੰਡਾ ਦੇਵੀ, ਸੁਰਜੀਤ ਸਿੰਘ ਕੋਟਲਾ, ਬਲਦੇਵ ਸਿੰਘ ਬੰਟੀ ਕੱਥੂਨੰਗਲ ਖੁਰਦ, ਬਲਵਿੰਦਰ ਸਿੰਘ ਰੋੜੀ, ਰਣਜੀਤ ਸਿੰਘ ਮਜਵਿੰਡ ਵੀ ਨਾਲ ਸਨ।

## ਸੰਯੁਕਤ ਕਿਸਾਨ ਮੋਰਚੇ ਦੇ ਆਗੂ ਅੱਜ ਪੂਰੇ ਭਾਰਤ 'ਚ ਰੋਕਣਗੇ ਰੇਲਾਂ : ਭੋਜਰਾਜ

ਗੁਰਦਾਸਪੁਰ (ਜਨਕ ਮਹਾਜਨ)- ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਦੇ ਆਗੂ ਅਤੇ ਕਿਸਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸਾਲ 2021 ਵਿੱਚ ਜਦੋਂ ਖੇਤੀ ਵਿਰੋਧੀ ਤਿੰਨ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਕੇਂਦਰ ਵਿਰੁੱਧ ਦਿੱਲੀ ਦੇ ਬਾਰਡਰਾਂ 'ਤੇ ਧਰਨੇ ਚੱਲ ਰਹੇ ਸਨ, ਉਸ ਸਮੇਂ 3 ਅਕਤੂਬਰ ਨੂੰ ਭਾਜਪਾ ਦੇ ਕੇਂਦਰੀ ਮੰਤਰੀ ਅਜੇ ਮਿਸ਼ਰਾ ਟਹਿਣੀ ਦੇ ਵਿਗੜੇ ਹੋਏ ਮੁੰਡੇ ਆਸ਼ੀਸ਼ ਮਿਸ਼ਰਾ ਟਹਿਣੀ ਨੇ ਲਖੀਮਪੁਰ ਖੀਰੀ ਵਿਖੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਆਪਣੀ ਗੱਡੀ ਹੇਠ ਕੁਚਲ ਦਿੱਤਾ। ਇਸ ਮੌਕੇ ਇੱਕ ਪੱਤਰਕਾਰ ਸਮੇਤ ਪੰਜ ਕਿਸਾਨਾਂ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਦਰਜਨਾਂ ਕਿਸਾਨ ਜ਼ਖ਼ਮੀ ਹੋ ਗਏ। ਲਖੀਮਪੁਰ ਖੀਰੀ ਦੇ ਕਤਲੇਆਮ ਨੂੰ ਤਿੰਨ ਸਾਲ ਬੀਤ ਚੁੱਕੇ ਹਨ ਅਤੇ ਪੀੜਿਤ ਕਿਸਾਨਾਂ ਦੇ ਪਰਵਾਰਾਂ ਨੂੰ ਅਜੇ ਤੱਕ ਇਨਸਾਫ ਨਹੀਂ ਮਿਲਿਆ ਅਤੇ ਦੋਸ਼ੀਆਂ ਨੂੰ ਵੀ ਬਣਦੀਆਂ ਸਜ਼ਾਵਾਂ ਨਹੀਂ ਮਿਲੀਆਂ ਜਿਸ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਅਤੇ ਕਿਸਾਨ ਮਜ਼ਦੂਰ ਮੋਰਚੇ ਵਲੋਂ 3 ਅਕਤੂਬਰ ਨੂੰ ਪੂਰੇ ਭਾਰਤ ਵਿੱਚ ਦੋ ਘੰਟਿਆਂ ਲਈ ਰੇਲਾਂ ਰੋਕਣ ਦਾ ਪ੍ਰੋਗਰਾਮ ਦਿੱਤਾ ਗਿਆ ਜਿਸ ਦੇ ਤਹਿਤ ਪੰਜਾਬ ਵਿੱਚ ਹੀ ਕਰੀਬ 45 ਪੁਆਇੰਟਾਂ 'ਤੇ ਰੇਲਾਂ ਰੋਕੀਆਂ ਜਾਣਗੀਆਂ। ਭੋਜਰਾਜ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਦੀ ਅਣਗਹਿਲੀ ਕਾਰਨ ਪੰਜਾਬ ਦੇ ਕਿਸਾਨਾਂ ਦੀ ਬਾਸਮਤੀ ਦਾ ਭਾਅ ਪਰਮਲ ਨਾਲੋਂ ਵੀ ਘੱਟ ਮਿਲ ਰਿਹਾ ਹੈ ਅਤੇ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਹੁਣ ਤੱਕ ਪੁਖਤਾ ਪ੍ਰਬੰਧ ਨਹੀਂ ਕੀਤੇ ਗਏ ਜਿਸ ਕਾਰਨ ਮੰਡੀਆਂ ਵਿੱਚ ਕਿਸਾਨਾਂ ਦੀ ਵੱਡੇ ਪੱਧਰ 'ਤੇ ਲੁੱਟ ਹੋ ਰਹੀ ਹੈ। ਉਪਰੋਕਤ ਮਸਲਿਆਂ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਸੁੱਤੀਆਂ ਹੋਈਆਂ ਸਰਕਾਰਾਂ ਦੇ ਕੰਨਾਂ ਤੱਕ ਆਵਾਜ਼ ਪਹੁੰਚਾਉਣ ਲਈ ਲਖੀਮਪੁਰ ਖੀਰੀ ਦਾ ਇਨਸਾਫ ਲੈਣ ਲਈ ਅਤੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਾਗੂ ਕਰਵਾਉਣ ਲਈ ਗੁਰਦਾਸਪੁਰ ਰੇਲਵੇ ਸਟੇਸ਼ਨ ਵਿਖੇ 3 ਅਕਤੂਬਰ ਨੂੰ ਸ਼ਹੀਦ ਕਿਸਾਨਾਂ ਨੂੰ ਸ਼ਰਧਾਂਜਲੀ ਦੇ ਕੇ 12 ਵਜੇ ਤੋਂ 2:30 ਵਜੇ ਤੱਕ ਰੇਲਾਂ ਰੋਕੀਆਂ ਜਾਣਗੀਆਂ।

## *ਨਗਰ ਪੰਚਾਇਤ ਰਈਆ ਦੇ ਮੈਂਬਰਾਂ ਵੱਲੋਂ ਪ੍ਰਧਾਨ ਖਿਲਾਫ ਬੇਭਰੋਸਗੀ ਮਤਾ ਪਾਸ*

ਬੁਤਾਲਾ (ਨਿਰਮਲ ਸੰਘਾ)- ਨਗਰ ਪੰਚਾਇਤ ਰਈਆ ਦੇ 13 ਕੌਂਸਲਰਾਂ ਵਿਚੋਂ 9 ਮੈਂਬਰਾਂ ਜਿਨ੍ਹਾ ਵਿੱਚ ਜਤਿੰਦਰ ਸਿੰਘ ਸੋਨੂੰ, ਹਰਪ੍ਰੀਤ ਸਿੰਘ ਹੈਪੀ, ਰਜਿੰਦਰ ਕਾਲੀਆ, ਸਰਬਜੀਤ ਕੌਰ, ਜਗਦੀਪ ਕੌਰ, ਰੌਬਿਨ ਮਾਨ, ਰਜਿੰਦਰ ਸਿੰਘ ਬਿੱਟਾ, ਜਸਬੀਰ ਕੌਰ ਅਤੇ ਕਰਮਜੀਤ ਕੌਰ ਸ਼ਾਮਿਲ ਹਨ, ਵਲੋਂ ਨਗਰ ਪੰਚਾਇਤ ਦੀ ਮੌਜੂਦਾ ਪ੍ਰਧਾਨ ਅਮਨ ਸ਼ਰਮਾ ਖਿਲਾਫ ਬੇਭਰੋਸਗੀ ਮਤਾ ਲਿਆਂਦਾ। ਮਤਾ ਪਾਸ ਹੋਣ 'ਤੇ ਪ੍ਰਧਾਨ ਅਮਨ ਸ਼ਰਮਾ ਨੇ ਆਪਣੇ ਪ੍ਰਧਾਨਗੀ ਪਦ ਤੋਂ ਅਸਤੀਫਾ ਦੇ ਦਿੱਤਾ ਹੈ। ਕਾਫੀ ਸਮੇਂ ਤੋਂ ਕੌਂਸਲਰ ਪ੍ਰਧਾਨ ਦੀ ਕਾਰਗੁਜਾਰੀ ਤੋਂ ਨਾਖੁਸ਼ ਸਨ ਤੇ ਉਨ੍ਹਾਂ ਇੱਕ ਮਹੀਨਾ ਪਹਿਲਾਂ ਉਨ੍ਹਾਂ ਨੇ ਪ੍ਰਧਾਨ ਨੂੰ ਅਹੁਦੇ ਤੋਂ ਲਾਹੁਣ ਦਾ ਨੋਟਿਸ ਦਿੱਤਾ ਹੋਇਆ ਸੀ। ਇਸ ਉਪਰੰਤ ਡੀ.ਸੀ ਅੰਮ੍ਰਿਤਸਰ ਦੇ ਹੁਕਮਾਂ 'ਤੇ ਅੱਜ ਐਸ.ਡੀ.ਐਮ. ਬਾਬਾ ਬਕਾਲਾ ਸਾਹਿਬ ਅਮਨਪ੍ਰੀਤ ਸਿੰਘ, ਜੋ ਕਿ ਬਤੌਰ ਅਬਜ਼ਰਵਰ ਉਕਤ ਮੀਟਿੰਗ ਵਿੱਚ ਸ਼ਾਮਿਲ ਹੋਏ, ਦੀ ਹਾਜ਼ਰੀ ਵਿੱਚ 13 ਵਿਚੋਂ 9 ਮੈਂਬਰਾਂ ਨੇ ਨਗਰ ਪੰਚਾਇਤ ਦੀ ਮੌਜੂਦਾ ਪ੍ਰਧਾਨ ਅਮਨ ਸ਼ਰਮਾ ਖਿਲਾਫ ਬੇਭਰੋਸਗੀ ਮਤਾ ਲਿਆਂਦਾ। ਮਤਾ ਪਾਸ ਹੋਣ ਉਪਰੰਤ ਪ੍ਰਧਾਨ ਅਮਨ ਸ਼ਰਮਾ ਨੇ ਆਪਣੇ ਪ੍ਰਧਾਨਗੀ ਪਦ ਤੋਂ ਅਸਤੀਫਾ ਦੇ ਦਿੱਤਾ।ਅਸਤੀਫੇ ਉਪਰੰਤ ਪ੍ਰਧਾਨ ਅਮਨ ਸ਼ਰਮਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਘਰੇਲੂ ਮਜਬੂਰੀਆਂ ਦੇ ਚੱਲਦਿਆਂ ਅਸਤੀਫਾ ਦਿੱਤਾ ਹੈ ਅਤੇ ਲਗਭਗ 4 ਸਾਲ ਦੇ ਵਕਫੇ ਦੌਰਾਨ ਸਾਰੇ ਹੀ ਐਮ.ਸੀ. ਸਾਥੀਆਂ ਵੱਲੋਂ ਮਿਲੇ ਸਹਿਯੋਗ ਲਈ ਉਹ ਸਭ ਦੇ ਧੰਨਵਾਦੀ ਹਨ। ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ, ਜੋ ਕਿ 10ਵੇਂ ਮੈਂਬਰ ਵਜੋਂ ਇਸ ਨਗਰ ਪੰਚਾਇਤ ਵਿੱਚ ਵੋਟ ਪਾਉਣ ਦਾ ਅਧਿਕਾਰ ਰੱਖਦੇ ਹਨ, ਨੇ ਵੀ ਮੀਟਿੰਗ ਵਿੱਚ ਭਾਗ ਲਿਆ। ਉਨ੍ਹਾਂ ਕਿਹਾ ਕਿ ਬੜੇ ਸਮੇਂ ਤੋਂ ਨਗਰ ਦੇ ਵਿਕਾਸ ਕਾਰਜ ਰੁਕੇ ਸਨ, ਹੁਣ ਪ੍ਰਧਾਨ ਵੱਲੋਂ ਅਸਤੀਫਾ ਦੇ ਦਿੱਤਾ ਗਿਆ ਹੈ, ਅਸਤੀਫੇ ਦੀ ਪ੍ਰਵਾਨਗੀ ਪਿੱਛੋਂ, ਪੰਚਾਇਤੀ ਚੋਣਾਂ ਹੋਣ ਉਪਰੰਤ ਹੀ ਨਵੇਂ ਪ੍ਰਧਾਨ ਦੀ ਨਿਯੁਕਤੀ ਮਗਰੋਂ ਵਿਕਾਸ ਕਾਰਜ ਹੋਣਗੇ। ਇਸ ਮੌਕੇ ਕਾਂਗਰਸ ਦੇ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਕਿਹਾ ਕਿ ਨਗਰ ਪੰਚਾਇਤ ਵਿੱਚ ਸਾਥੀ ਐਮ.ਸੀ. ਅਤੇ ਲੋਕਾਂ ਦੀ ਮੰਗ ਸੀ ਕਿ ਪ੍ਰਧਾਨ ਆਪਣੇ ਅਹੁਦੇ ਤੋਂ ਅਸਤੀਫਾ ਦੇਣ। ਇਸ ਲਈ ਉਹ ਮੰਗ ਪੂਰੀ ਹੋਈ ਹੈ।

## *ਕਾਦੀਆਂ ਸਕੂਲ ਦੀ ਵਿਦਿਆਰਥਣ ਨੇ ਜਿੱਤਿਆ ਪਹਿਲਾ ਸਥਾਨ*

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਵੱਲੋਂ ਹਰ ਸਾਲ ਕਰਵਾਏ ਜਾਂਦੇ ਪੇਂਟਿੰਗ ਮੁਕਾਬਲਿਆਂ ਵਿੱਚ ਇਸ ਵਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੀ ਸੱਤਵੀਂ ਜਮਾਤ ਦੀ ਵਿਦਿਆਰਥਣ ਪਰਾਚੀ ਵੱਲੋਂ ਪੇਂਟਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰ ਆਪਣੇ ਸਕੂਲ ਦਾ ਅਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਨੇ ਪਰਾਚੀ ਦੀ ਸ਼ਲਾਘਾ ਕਰਦੇ ਹੋਏ ਹੋਰ ਵਿਦਿਆਰਥੀਆਂ ਨੂੰ ਵੀ ਅੱਗੇ ਆਉਣ ਲਈ ਪ੍ਰੇਰਿਆ।ਇਸ ਮੌਕੇ ਪਰਾਚੀ ਦੇ ਗਾਈਡ ਅਧਿਆਪਕ ਗੁਰਟੇਕ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ।



## *ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦਾ ਜਨਮ ਦਿਹਾੜਾ ਮਨਾਇਆ*

ਬੁਤਾਲਾ ( ਨਿਰਮਲ ਸਿੰਘ ਸੰਘਾ)-ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦਾ ਜਨਮ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਖਲਚੀਆ ਵਲੋਂ ਬਾਬਾ ਪਰਕਾਸ਼ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਖੇਡ ਸਟੇਡੀਅਮ ਗਰਾਊਂਡ ਪਿੰਡ ਖਲਚੀਆਂ ਵਿਖੇ ਮਨਾਇਆ ਗਿਆ ਅਤੇ ਖੁੱਲ੍ਹੇ ਭੰਡਾਲ ਵਿੱਚ ਦੀਵਾਨ ਸਜਾਏ ਗਏ। ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ, ਉਪਰੰਤ ਰਾਗੀ ਭਾਈ ਅਮਨਦੀਪ ਸਿੰਘ ਦੇ ਜਥੇ ਨੇ ਕੀਰਤਨ ਦੀ ਹਾਜ਼ਰੀ ਲਗਵਾਈ। ਉਸ ਤੋਂ ਬਾਅਦ ਗਿਆਨੀ ਮਨਦੀਪ ਸਿੰਘ ਵਿਦਿਆਰਥੀ ਕਥਾਵਾਚਕ ਨੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਭਾਈ ਕੁਲਬੀਰ ਸਿੰਘ ਚੂੰਗ ਨੇ ਨਿਭਾਈ। ਇਸ ਮੌਕੇ ਸੇਵਾਦਾਰਾਂ ਵਲੋਂ ਮੋਟਰਸਾਈਕਲ ਸਟੈਂਡ ਅਤੇ ਜੋੜਿਆਂ ਦੀ ਸੇਵਾ ਕੀਤੀ ਗਈ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਦਸਮੇਸ਼ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੇ ਜਥੇ ਸਮੇਤ ਹਾਜ਼ਰੀ ਲਗਵਾਈ। ਇਸ ਮੌਕੇ ਬਾਬਾ ਪਰਕਾਸ਼ ਸਿੰਘ, ਕਮੇਟੀ ਦੇ ਮੈਂਬਰ ਜਸਪਾਲ ਸਿੰਘ, ਮਾਸਟਰ ਕੁਲਵਿੰਦਰ ਸਿੰਘ, ਬਾਪੂ ਬਚਨ ਸਿੰਘ, ਬਾਪੂ ਬੀਰ ਸਿੰਘ, ਕੁੱਕ ਸਿੰਘ, ਪ੍ਰਿੰਸੀਪਲ ਸਤਿੰਦਰਜੀਤ ਸਿੰਘ, ਸੋਨਾ ਸਿੰਘ, ਰਾਜੂ ਸਿੰਘ, ਜੁਪਾ ਸਿੰਘ, ਬਾਬਾ ਸਰਤਾਜ ਸਿੰਘ ਖਾਲਸਾ ਰਈਆ, ਸੱਤੀ ਸਿੰਘ ਰਈਆ, ਕੁਲਜਿੰਦਰ ਸਿੰਘ, ਸ਼ੈਲੀ ਨਿੱਜਰ ਅਤੇ ਗਿੱਲ ਸਟੂਡੀਓ ਵਾਲੇ ਹਾਜ਼ਰ ਸਨ।



## *ਰਾਜਨੀਤਕ ਆਗੂਆਂ ਵੱਲੋਂ ਕੀਤੇ ਹੰਗਾਮੇ ਦੀ ਕਰੜੇ ਸ਼ਬਦਾਂ 'ਚ ਨਿਖੇਧੀ*

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੰਗਲਵਾਰ ਦਫ਼ਤਰ ਡਿਪਟੀ ਕਮਿਸ਼ਨਰ, ਗੁਰਦਾਸਪੁਰ ਵਿਖੇ ਰਾਜਨੀਤਕ ਆਗੂਆਂ ਵਲੋਂ ਜੋ ਹੰਗਾਮਾ ਕੀਤਾ ਗਿਆ ਅਤੇ ਭੱਦੀ ਸ਼ਬਦਾਵਲੀ ਵਰਤੀ ਗਈ, ਇਸ ਘਟਨਾ ਦੀ ਡੀ.ਸੀ.ਦਫ਼ਤਰ ਯੂਨੀਅਨ ਗੁਰਦਾਸਪੁਰ ਦੀ ਜ਼ਿਲ੍ਹਾ ਬਾਡੀ ਵਲੋਂ ਮੀਟਿੰਗ ਕਰਕੇ ਵਿਚਾਰ ਕੀਤਾ ਗਿਆ ਅਤੇ ਮਤਾ ਪਾਸ ਕੀਤਾ ਗਿਆ ਕਿ ਅੱਜ ਜੋ ਘਟਨਾਕ੍ਰਮ ਦਫ਼ਤਰ ਡਿਪਟੀ ਕਮਿਸ਼ਨਰ, ਗੁਰਦਾਸਪੁਰ ਵਿਖੇ ਵਾਪਰਿਆ, ਉਹ ਬਹੁਤ ਹੀ ਨਿੰਦਣਯੋਗ ਹੈ ਅਤੇ ਜ਼ਿਲ੍ਹਾ ਡੀ.ਸੀ.ਦਫ਼ਤਰ ਯੂਨੀਅਨ ਗੁਰਦਾਸਪੁਰ ਇਸ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ।ਇਸ ਮੌਕੇ ਗੱਲ ਕਰਦਿਆਂ ਡੀ.ਸੀ.ਦਫ਼ਤਰ ਯੂਨੀਅਨ ਗੁਰਦਾਸਪੁਰ ਦੇ ਪ੍ਰਧਾਨ ਲਖਵਿੰਦਰ ਸਿੰਘ ਗੋਰਾਇਆ, ਚੇਅਰਮੈਨ ਸੁਰਿੰਦਰ ਸਿੰਘ, ਜਨਰਲ ਸਕੱਤਰ ਸਰਬਜੀਤ ਸਿੰਘ ਮੁਲਤਾਨੀ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਅਤੇ ਮੁੱਖ ਸਲਾਹਕਾਰ ਗੁਰਨਾਮ ਸਿੰਘ ਨੇ ਕਿਹਾ ਕਿ ਡੀ.ਸੀ.ਦਫ਼ਤਰ ਯੂਨੀਅਨ ਗੁਰਦਾਸਪੁਰ ਡਿਪਟੀ ਕਮਿਸ਼ਨਰ, ਗੁਰਦਾਸਪੁਰ ਨੂੰ ਵਿਸ਼ਵਾਸ ਦਿਵਾਉਂਦੀ ਹੈ ਕਿ ਯੂਨੀਅਨ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ, ਇੱਕ ਬਹੁਤ ਹੀ ਸਤਿਕਾਰਯੋਗ ਅਤੇ ਪ੍ਰਸ਼ਾਸਨਿਕ ਅਹੁਦਾ ਹੈ ਅਤੇ ਹਰ ਇੱਕ ਨੂੰ ਇਸ ਅਹੁਦੇ ਦਾ ਮਾਣ ਰੱਖਣਾ ਚਾਹੀਦਾ ਹੈ। ਰਾਜਨੀਤਕ ਆਗੂਆਂ ਵਲੋਂ ਅਜਿਹਾ ਕਰਨ ਕਰਕੇ ਇਸ ਆਸਾਮੀ ਦੀ ਮਰਿਆਦਾ ਦੇ ਅਕਸ ਨੂੰ ਠੇਸ ਪਹੁੰਚੀ ਹੈ। ਮਾਨਯੋਗ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਬਹੁਤ ਤਨਦੇਹੀ ਨਾਲ ਜ਼ਿਲ੍ਹੇ ਦੀ ਸੇਵਾ ਕਰ ਰਹੇ ਹਨ। ਜੇਕਰ ਭਵਿੱਖ ਵਿੱਚ ਇਨ੍ਹਾਂ ਰਾਜਨੀਤਕ ਆਗੂਆਂ ਵਲੋਂ ਮੁੜ ਕੋਈ ਅਜਿਹੀ ਘਟਨਾ ਕੀਤੀ ਗਈ ਤਾਂ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ, ਪੰਜਾਬ ਵਲੋਂ ਇਸ ਸਬੰਧੀ ਕੋਈ ਵੱਡਾ ਐਕਸ਼ਨ ਦੇਣ ਲਈ ਮਜਬੂਰ ਹੋਵੇਗੀ ਅਤੇ ਇਸ ਦੀ ਸਾਰੀ ਜ਼ਿੰਮੇਵਾਰੀ ਉਨ੍ਹਾਂ ਰਾਜਨਿਤਕ ਆਗੂਆਂ ਦੀ ਹੋਵੇਗੀ।

# ਸੁਤੰਤਰਤਾ ਸੰਗਰਾਮੀ ਉਜਾਗਰ ਸਿੰਘ ਖਤਰਾਏ ਕਲਾਂ ਦੇ ਪਰਵਾਰ ਨੂੰ ਮਿਲੇ ਡਿਪਟੀ ਕਮਿਸ਼ਨਰ



ਅੰਮ੍ਰਿਤਸਰ ( ਨਰਿੰਦਰਜੀਤ ਸਿੰਘ)- ਪੰਜਾਬ ਸਰਕਾਰ ਵੱਲੋਂ ਸੁਤੰਤਰਤਾ ਸੰਗਰਾਮੀ ਉਜਾਗਰ ਸਿੰਘ ਖਤਰਾਏ ਕਲਾਂ ਦੀ ਯਾਦ ਵਿੱਚ ਉਨ੍ਹਾਂ ਦੇ ਪਿੰਡ ਦੇ ਸਰਕਾਰੀ ਹਾਈ ਸਕੂਲ ਦਾ ਨਾਮਕਰਨ ਉਨ੍ਹਾਂ ਦੇ ਨਾਂਅ 'ਤੇ ਕਰਨ 'ਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸਕੂਲ ਨੂੰ ਜੋ ਵੀ ਹੋਰ ਸਹਿਯੋਗ ਦੀ ਲੋੜ ਹੋਵੇਗੀ, ਸਮੇਂ ਸਿਰ ਦਿੱਤਾ ਜਾਵੇਗਾ। ਉਨ੍ਹਾਂ ਇਹ ਭਰੋਸਾ ਕਾਮਰੇਡ ਉਜਾਗਰ ਸਿੰਘ ਮੈਮੋਰੀਅਲ ਟਰਸਟ ਦੇ ਪ੍ਰਧਾਨ ਤੇ ਉਨ੍ਹਾਂ ਦੇ ਪੋਤਰੇ ਦਿਲਬਾਗ ਸਿੰਘ ਖਤਰਾਏ ਕਲਾਂ ਨੂੰ ਦਿੱਤਾ ਜੋ ਉਨ੍ਹਾਂ ਨੂੰ ਇੱਥੇ ਉਚੇਚੇ ਤੌਰ 'ਤੇ ਮਿਲਣ ਲਈ ਪੁੱਜੇ ਸਨ। ਦੇਸ਼ ਦੀ ਆਜ਼ਾਦੀ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਉਘੇ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ ਅੱਗੇ ਅਸੀਂ ਸਾਰੇ ਨਤਮਸਤਕ ਹਾਂ। ਉਨ੍ਹਾਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਜੋ ਸੰਘਰਸ਼ ਲੜੇ ਗਏ ਉਸ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਾਣੂ ਕਰਵਾਉਣ ਲਈ ਅਜਿਹੇ ਉਪਰਾਲੇ ਭਵਿੱਖ ਵੀ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੋ ਸਾਨੂੰ ਪਤਾ ਰਹੇ ਕਿ ਅਸੀਂ ਆਜ਼ਾਦੀ ਕੁਰਬਾਨੀਆਂ ਦੇ ਕੇ ਪ੍ਰਾਪਤ ਕੀਤੀ ਹੈ ਨਾ ਕਿ ਸਾਨੂੰ ਇਹ ਖ਼ੈਰਾਤ ਵਿਚ ਮਿਲੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਜ਼ਾਦੀ ਘੁਲਾਟੀਏ ਪਰਵਾਰ ਨੂੰ ਮਿਲ ਕੇ ਬਹੁਤ ਖੁਸ਼ੀ ਹੋ ਰਹੀ ਹੈ। ਉਨ੍ਹਾਂ ਇਸ ਗੱਲ ਦੀ ਵੀ ਖੁਸ਼ੀ ਪ੍ਰਗਟਾਈ ਕਿ ਉਨ੍ਹਾਂ ਨੂੰ ਅੰਮ੍ਰਿਤਸਰ ਦੀ ਪਵਿੱਤਰ ਨਗਰੀ ਦੀ ਸੇਵਾ ਕਰਨ ਦਾ ਮੌਕਾ ਮਿਲ ਰਿਹਾ ਹੈ। ਦਿਲਬਾਗ ਸਿੰਘ ਨੇ ਉਨ੍ਹਾਂ ਨੂੰ ਆਜ਼ਾਦੀ ਘੁਲਾਟੀਏ ਕਾਮਰੇਡ ਉਜਾਗਰ ਸਿੰਘ ਖਤਰਾਏ ਕਲਾਂ ਦੀਆਂ ਕੁਰਬਾਨੀਆਂ ਨੂੰ ਦਰਸਾਉਂਦਾ ਸੋਵੀਨਰ ਵੀ ਭੇਟ ਕੀਤਾ। ਉਨ੍ਹਾਂ ਦੱਸਿਆ ਕਿ ਦੇਸ਼ ਭਗਤ ਕਾਮਰੇਡ ਉਜਾਗਰ ਸਿੰਘ ਖਤਰਾਏ ਕਲਾਂ ਨੇ ਦੇਸ਼ ਨੂੰ ਅੰਗਰੇਜ਼ਾਂ ਦੀ ਗੁਲਾਮੀ ਤੋਂ ਮੁਕਤ ਕਰਾਉਣ ਲਈ ਚੜ੍ਹਦੀ ਜਵਾਨੀ ਵਿੱਚ ਹੀ ਆਜ਼ਾਦੀ ਸੰਗਰਾਮ ਦੇ ਸੰਘਰਸ਼ ਵਿੱਚ ਹਿੱਸਾ ਲੈਣਾ ਸ਼ੁਰੂ ਕਰ ਦਿੱਤਾ ਸੀ।1942 ਵਿੱਚ ਲਾਹੌਰ ਲੱਗੇ ਕਿਸਾਨੀ ਮੋਰਚੇ, 1946 ਵਿੱਚ ਹਰਸ਼ਾ ਛੀਨਾ ਵਿਖੇ ਲੱਗੇ ਮੋਘੇ ਦੇ ਮੋਰਚੇ ਅਤੇ ਗੁਰੂ ਕਾ ਬਾਗ ਦੇ ਮੋਰਚੇ ਵਿੱਚ ਭਾਗ ਲੈਣ ਕਾਰਨ ਲਾਹੌਰ ਅਤੇ ਮੁਲਤਾਨ ਸਮੇਤ ਦੇਸ਼ ਦੀਆਂ ਹੋਰਨਾਂ ਜੇਲ੍ਹਾਂ ਦੀ ਯਾਤਰਾ ਕਰਨੀ ਪਈ।13 ਸਤੰਬਰ 2000 ਨੂੰ ਉਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਤੋਂ ਬਾਅਦ ਪਰਵਾਰ ਵੱਲੋਂ ਹਰ ਸਾਲ ਉਨ੍ਹਾਂ ਦੀ ਯਾਦ ਵਿਚ ਕੌਮਾਂਤਰੀ ਪੱਧਰ ਦਾ ਸਭਿਆਚਾਰਕ ਮੇਲਾ ਕਰਵਾਇਆ ਜਾਂਦਾ ਹੈ।

ਉਹਨਾ ਦੇਸ਼ ਭਗਤ ਕਾਮਰੇਡ ਉਜਾਗਰ ਸਿੰਘ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਅਗਲੇ ਸਾਲ ਕਰਵਾਏ ਜਾਣ ਵਾਲੇ ਮੇਲੇ ਦੀਆਂ ਤਿਆਰੀਆਂ ਸਬੰਧੀ ਵੀ ਉਨ੍ਹਾਂ ਨੂੰ ਜਾਣਕਾਰੀ ਉਪਲਬੱਧ ਕਰਵਾਈ।

ਦਿਲਬਾਗ ਸਿੰਘ ਨੇ ਕਿਹਾ ਕਿ ਦੇਸ਼ ਭਗਤ ਕਾਮਰੇਡ ਉਜਾਗਰ ਸਿੰਘ ਖਤਰਾਏ ਕਲਾਂ ਦੇ ਨਾਂ ਦਾ ਗੇਟ ਵੀ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਜਲਦੀ ਹੀ ਬਣਾ ਦਿੱਤਾ ਜਾਵੇਗਾ।

## ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੋਏ : ਅਰਵਿੰਦ ਖੰਨਾ

ਚੰਡੀਗੜ੍ਹ : ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਝੋਨੇ ਦੇ ਖਰੀਦ ਅਤੇ ਸਾਂਭ ਸੰਭਾਲ ਦੇ ਪ੍ਰਬੰਧ ਕਰਨ ਵਿੱਚ ਬੁਰੀ ਤਰ੍ਹਾਂ ਨਾਕਾਮ ਰਹੀ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਖੰਨਾ ਨੇ ਕਿਹਾ ਕਿ ਸਰਕਾਰ ਨੂੰ ਆੜ੍ਹਤੀਆਂ, ਕਿਸਾਨਾਂ ਅਤੇ ਸ਼ੈਲਰ ਮਾਲਕਾਂ ਦੀ ਸਮੱਸਿਆ ਵੱਲ ਫੌਰੀ ਤੌਰ 'ਤੇ ਧਿਆਨ ਦੇਣਾ ਚਾਹੀਦਾ ਹੈ ਪਰ ਇਹ ਸਰਕਾਰ ਮੰਡੀਆਂ ਦੇ ਪ੍ਰਧਾਨਾਂ 'ਤੇ ਦਬਾਅ ਬਣਾ ਰਹੀ ਹੈ ਕਿ ਖਰੀਦ ਅਤੇ ਸਾਂਭ-ਸੰਭਾਲ ਦੇ ਪ੍ਰਬੰਧ ਖੁਦ ਕਰਨ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਵੱਡੀ ਸਮੱਸਿਆ ਦੇ ਹੱਲ ਲਈ ਪੰਜਾਬ ਸਰਕਾਰ ਨੂੰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਭੱਜਣਾ ਚਾਹੀਦਾ ਬਲਕਿ ਸਥਿਤੀ ਨੂੰ ਸੰਭਾਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਿਛਲੇ ਸਾਲ ਵਾਅਦਾ ਕੀਤਾ ਸੀ ਕਿ ਆੜ੍ਹਤੀਆਂ ਦਾ ਕਮਿਸ਼ਨ 2.5 ਫੀਸਦੀ ਕੀਤਾ ਜਾਵੇਗਾ ਅਤੇ ਸ਼ੈਲਰ ਮਾਲਕਾਂ ਦੀਆਂ ਸਟੋਰੇਜ, ਬਾਰਦਾਨਾ ਅਤੇ ਬਕਾਇਆ ਪੇਮੈਂਟ ਸਮੇਤ ਸਾਰੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ।

## ਮੁਕੰਮਲ ਦਸਤਾਵੇਜ਼ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰ ਵਿਖੇ 30 ਤੱਕ ਜਮ੍ਹਾਂ ਕਰਵਾਏ ਜਾਣ



ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਦਿਵਿਆਂਗਜਨ ਵਿਅਕਤੀਆਂ, ਕਰਮਚਾਰੀਆਂ, ਖਿਡਾਰੀਆਂ ਤੇ ਸੰਸਥਾਵਾਂ ਜਿਨ੍ਹਾਂ ਵੱਲੋਂ ਦਿਵਿਆਂਗ ਵਿਅਕਤੀਆਂ ਦੀ ਭਲਾਈ ਦੇ ਖੇਤਰ ਵਿੱਚ ਸ਼ਲਾਘਾਯੋਗ ਕੰਮ ਕੀਤੇ ਗਏ ਹਨ, ਨੂੰ ਸਟੇਟ ਐਵਾਰਡ ਟੂ ਦਿ ਫਿਜ਼ੀਕਲੀ ਹੈਂਡੀਕੈਪਡ ਨਾਲ ਸਨਮਾਨਤ ਕੀਤਾ ਜਾਣਾ ਹੈ। ਇਸ ਸਬੰਧੀ ਨਿਰਧਾਰਤ ਪ੍ਰਫਾਰਮੇ ਦਫ਼ਤਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਗੁਰਦਾਸਪੁਰ (ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ) ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਹਰ ਪੱਖੋਂ ਮੁਕੰਮਲ ਪ੍ਰਫਾਰਮੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਦੇ ਦਫ਼ਤਰ ਵਿਖੇ 30 ਅਕਤੂਬਰ ਤੱਕ ਤੱਕ ਦਿੱਤੇ ਜਾ ਸਕਦੇ ਹਨ। ਅਧੂਰੇ ਅਤੇ ਮਿੱਥੀ ਤਰੀਕ ਤੋਂ ਬਾਅਦ ਜਮ੍ਹਾਂ ਕਰਾਏ ਪ੍ਰਫਾਰਮੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਡਾ. ਕਿਰਤਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਅਰਜ਼ੀਆਂ 'ਤੇ ਵਿਚਾਰ ਕਰਨ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਕਮੇਟੀ ਦਾ ਗਠਨ ਕੀਤਾ ਜਾਵੇਗਾ। ਇਸ ਸਕੀਮ ਅਧੀਨ ਚਾਰ ਸ਼੍ਰੇਣੀਆਂ ਦੇ ਐਵਾਰਡ ਦਿੱਤੇ ਜਾਣੇ ਹਨ, ਜਿਨ੍ਹਾਂ ਵਿੱਚ ਕਰਮਚਾਰੀ ਅਤੇ ਸਵੈ ਰੋਜ਼ਗਾਰ (ਬੈਸਟ ਐਂਪਲਾਇ ਜਾਂ ਸੈਲਫ ਐਂਪਲਾਇਡ ਵਿਦ ਡਿਸੇਬਿਲਿਟੀ), ਵਧੀਆ ਨਿਯੁਕਤੀ ਕਰਤਾ (ਐਵਾਰਡ ਫਾਰ ਬੈਸਟ ਐਂਪਲਾਇਰ), ਵਧੀਆ ਸਵੈ ਰੋਜ਼ਗਾਰ/ ਐਨ ਜੀ ਓ ਤੇ ਵਿਅਕਤੀਗਤ/ਸੰਸਥਾਵਾਂ, ਚੌਥੀ ਸ਼੍ਰੇਣੀ ਹੈਂਡੀਕੈਪਡ ਸਪੋਰਟਸ ਪਰਸਨ ਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਮੁਕੰਮਲ ਅਰਜ਼ੀਆਂ ਦਫ਼ਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਵਿਖੇ 30 ਅਕਤੂਬਰ ਤੱਕ ਜਮ੍ਹਾਂ ਕਰਵਾਈਆਂ ਜਾਣ।

# ਹਾਕੀ ਓਵਰਆਲ ਟਰਾਫੀ 'ਤੇ ਖਾਲਸਾ ਅਕੈਡਮੀ ਦੇ ਖਿਡਾਰੀਆਂ ਦੀ ਜਿੱਤ




ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਜੋ ਕਿ ਦਮਦਮੀ ਟਕਸਾਲ ਦੇ 16ਵੇਂ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਅਤੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੀ ਖਾਲਸਾ ਅਕੈਡਮੀ ਵਿਖੇ ਸੀ.ਬੀ.ਐਸ.ਈ ਨੌਰਥ ਜ਼ੋਨ -99 ਹਾਕੀ ਚੈਂਪੀਅਨਸ਼ਿਪ 21 ਸਤੰਬਰ ਤੋਂ 24 ਸਤੰਬਰ ਤੱਕ ਲਗਾਤਾਰ ਚਾਰ ਦਿਨ ਤੱਕ ਕਰਵਾਈ ਗਈ। ਖਾਲਸਾ ਅਕੈਡਮੀ ਦੀਆਂ ਹਾਕੀ ਗਰਾਊਂਡਾਂ ਵਿੱਚ ਸੋਨੀਪਤ, ਪਾਣੀਪਤ, ਦਿੱਲੀ ਤੇ ਪੰਜਾਬ ਆਦਿ ਥਾਵਾਂ ਤੋਂ ਆਈਆਂ ਵੱਖਰੇ ਵੱਖਰੇ ਸਕੂਲਾਂ ਦੀਆਂ ਲਗਭਗ 85 ਟੀਮਾਂ ਇਨ੍ਹਾਂ ਹਾਕੀ ਮੁਕਾਬਲਿਆਂ ਦੀ ਲੜੀ ਵਿੱਚ ਸ਼ਾਮਿਲ ਹੋਈਆਂ। ਇਨ੍ਹਾਂ ਮੈਚਾਂ ਦੌਰਾਨ ਟੀਮਾਂ ਵਿਚਕਾਰ ਫਸਵੇਂ ਮੁਕਾਬਲੇ ਹੋਏ ਜਿਨਾਂ ਵਿੱਚੋਂ ਖਾਲਸਾ ਅਕੈਡਮੀ ਨੇ ਓਵਰਆਲ ਚੈਂਪੀਅਨਸ਼ਿਪ ਜਿੱਤੀ।ਖਾਲਸਾ ਅਕੈਡਮੀ ਅੰਡਰ 19 ਅਤੇ ਅੰਡਰ 17 ਲੜਕਿਆਂ ਦੀ ਟੀਮਾਂ ਨੇ ਪਹਿਲੀ ਪੁਜੀਸ਼ਨ ਹਾਸਲ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਅੰਡਰ 14 ਲੜਕਿਆਂ ਦੀ ਟੀਮ ਨੇ ਦੂਸਰੀ ਪੁਜੀਸ਼ਨ ਹਾਸਲ ਕੀਤੀ ਲੜਕੀਆਂ ਨੇ ਮੁਕਾਬਲਿਆਂ ਵਿੱਚੋਂ ਖਾਲਸਾ ਅਕੈਡਮੀ ਅੰਡਰ 17 ਦੇ ਅੰਡਰ 19 ਗਰੁੱਪ ਦੀਆਂ ਟੀਮਾਂ ਨੇ ਤੀਸਰੀ ਪੁਜੀਸ਼ਨ ਹਾਸਲ ਕੀਤੀ। ਖਾਲਸਾ ਅਕੈਡਮੀ ਦੀ ਅੰਡਰ 17 ਅਤੇ ਅੰਡਰ 19 ਦੀ ਲੜਕੀਆਂ ਦੀ ਹਾਕੀ ਟੀਮ ਨੈਸ਼ਨਲ ਲੈਵਲ ਤੇ ਭੋਪਾਲ ਮੱਧ ਪ੍ਰਦੇਸ਼ ਵਿਖੇ ਖੇਡਣ ਜਾ ਰਹੀ ਹੈ। ਇਸ ਮੌਕੇ ਓਲੰਪੀਅਨ ਜਰਮਨਜੀਤ ਸਿੰਘ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਅਤੇ ਉਨ੍ਹਾਂ ਨੇ ਇਸ ਅਕੈਡਮੀ ਚੈਂਪੀਅਨਸ਼ਿਪ ਦੇ ਹੁਨਰਮੰਦ ਨੂੰ 12 ਹਾਕੀਆਂ ਤੋਹਫੇ ਵਜੋਂ ਦਿੱਤੀਆਂ।ਸਕੂਲ ਦੇ ਪ੍ਰਿੰਸੀਪਲ ਡਾਕਟਰ ਜਤਿੰਦਰ ਕੁਮਾਰ ਸ਼ਰਮਾ ਨੇ ਸਾਰੇ ਖਿਡਾਰੀਆਂ ਨੂੰ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ, ਸਰਦਾਰ ਹਰਸ਼ਦੀਪ ਸਿੰਘ ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ, ਮੈਂਬਰ ਆਫ ਚੀਫ ਖਾਲਸਾ ਦੀਵਾਨ, ਹਾਕੀ ਕੋਚ ਬਲਜਿੰਦਰ ਸਿੰਘ, ਮਨਮੀਤ ਸਿੰਘ, ਮੈਡਮ ਹਰਜੀਤ ਕੌਰ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਸਾਰੇ ਹੀ ਹਾਕੀ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ।

# ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਦੇ ਵਿਦਿਆਰਥੀਆਂ ਯੁਵਕ ਮੇਲੇ 'ਚ ਭਾਗ ਲਿਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਬਾਬਾ ਉੱਤਮ ਸਿੰਘ ਵੱਲੋਂ ਸਥਾਪਿਤ ਅਤੇ ਬਾਬਾ ਸੇਵਾ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਯੁਵਕ ਭਲਾਈ ਵਿਭਾਗ ਦੁਆਰਾ ਆਯੋਜਿਤ ਕੀਤੇ ਜਾਂਦੇ ਇਸ ਸਾਲ ਵੀ ਬੀ-ਜ਼ੋਨ ਜ਼ੋਨਲ ਯੁਵਕ ਮੇਲੇ 2024-25 ਵਿੱਚ ਭਾਗ ਲਿਆ। ਜਿਸ ਵਿੱਚੋਂ ਕਾਲਜ ਦੇ ਵਿਦਿਆਰਥੀਆਂ ਨੇ ਓਵਰਆਲ ਚੈਂਪੀਅਨ ਟਰਾਫੀ ਜਿੱਤ ਕੇ ਕਾਲਜ ਅਤੇ ਤਰਨ ਤਾਰਨ ਜ਼ਿਲ੍ਹੇ ਦਾ ਨਾਂਅ ਰੋਸ਼ਨ ਕੀਤਾ। ਇਸ ਸੰਦਰਭ ਵਿੱਚ ਕਾਲਜ ਵਿੱਚ ਇੱਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਕਾਲਜ ਪ੍ਰਿੰਸੀਪਲ ਡਾ.ਬਲਵੰਤ ਸਿੰਘ ਸੰਧੂ ਨੇ ਕਾਲਜ ਪ੍ਰਬੰਧਕੀ ਕਮੇਟੀ ਦੇ ਮੁਖੀ ਬਾਬਾ ਸੇਵਾ ਸਿੰਘ, ਕਾਲਜ ਦੇ ਜਰਨਲ ਸਕੱਤਰ ਹਰਨੰਦਨ ਸਿੰਘ, ਸਮੂਹ ਪ੍ਰੋਫੈਸਰ ਸਾਹਿਬਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਜੇਤੂ ਰਹਿਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਆਪਣੇ ਲੈਕਚਰ ਵਿੱਚ ਆਖਿਆ ਕਿ ਜ਼ਿੰਦਗੀ ਦਾ ਕੋਈ ਵੀ ਇਮਤਿਹਾਨ ਸੱਚੀ ਲਗਨ, ਮਿਹਨਤ ਅਤੇ ਸਹੀ ਦਿਸ਼ਾ-ਨਿਰਦੇਸ਼ ਸਦਕਾ ਹੀ ਪਾਸ ਹੋ ਸਕਦਾ ਹੈ। ਇਸ ਦਾ ਅਮਲੀ ਰੂਪ ਅਤੇ ਅਸਰ ਇਨ੍ਹਾਂ ਵਿਦਿਆਰਥੀਆਂ ਵਿੱਚੋਂ ਵੇਖਣ ਨੂੰ ਮਿਲਿਆ। ਇਸ ਮੌਕੇ ਯੁਵਕ ਭਲਾਈ ਵਿਭਾਗ ਦੇ ਕੋਆਰਡੀਨੇਟਰ ਪ੍ਰੋ. ਜਸਪਾਲ ਸਿੰਘ ਨੇ ਜ਼ੋਨਲ ਯੁਵਕ ਮੇਲੇ ਦੀ ਵਿਸਤ੍ਰਿਤ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਨੇ ਭੰਗੜੇ ਅਤੇ ਮਹਿੰਦੀ ਵਿੱਚੋਂ ਪਹਿਲਾ ਸਥਾਨ, ਕੁਇਜ਼, ਕਲਾਸੀਕਲ ਇੰਸਟ੍ਰੂਮੈਂਟਲ ( ਪਰਕਸ਼ਨ) ਅਤੇ ਡੀਬੇਟ ਵਿੱਚੋਂ ਦੂਜਾ ਸਥਾਨ ਅਤੇ ਪੇਂਟਿੰਗ, ਫੋਟੋਗ੍ਰਾਫੀ, ਐਲੋਕੇਸ਼ਨ ਅਤੇ ਇਕਾਂਗੀ (ਨਾਟਕ) ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਇਕਾਂਗੀ ਦੀ ਪ੍ਰਤੀਯੋਗੀ ਸਿਮਰਪ੍ਰੀਤ ਕੌਰ ਬੀ.ਏ ਸਮੈਸਟਰ ਪੰਜਵਾਂ ਨੂੰ ਸਰਵੋਤਮ ਅਦਾਕਾਰਾ ਦੇ ਖਿਤਾਬ ਨਾਲ ਵੀ ਸਨਮਾਨਤ ਕੀਤਾ ਗਿਆ। ਭੰਗੜਾ ਟੀਮ ਵਿੱਚੋਂ ਜਸ਼ਨਪ੍ਰੀਤ ਸਿੰਘ ਬੀ.ਏ ਸਮੈਸਟਰ ਪਹਿਲਾ ਦੇ ਵਿਦਿਆਰਥੀ ਨੂੰ ਸਰਵੋਤਮ ਡਾਂਸਰ ਦੇ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਸਮੇਂ ਯੁਵਕ ਭਲਾਈ ਵਿਭਾਗ ਦੇ ਕੋ-ਕੋਆਡੀਨੇਟਰ ਪ੍ਰੋ.ਸਿਮਰਪ੍ਰੀਤ ਕੌਰ ਨੇ ਦੱਸਿਆ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ ਦੁਆਰਾ ਕਰਵਾਏ ਗਏ ਯੂਥ ਫੈਸਟੀਵਲ ਦੇ ਬੀ-ਜ਼ੋਨ ਵਿੱਚ ਕੁੱਲ 17 ਕਾਲਜਾਂ ਨੇ ਹਿੱਸਾ ਲਿਆ। ਜਿਸ ਵਿੱਚ ਕੁੱਲ 35 ਮੁਕਾਬਲੇ ਸਨ ਜਿਨ੍ਹਾਂ ਵਿੱਚੋਂ ਸਾਡੇ ਕਾਲਜ ਨੇ 31 ਮੁਕਾਬਿਆਂ ਵਿੱਚ ਭਾਗ ਲਿਆ। ਜਿਸ ਦੌਰਾਨ 9 ਮੁਕਾਬਲਿਆਂ ਵਿੱਚ ਜਿੱਤ ਪ੍ਰਾਪਤ ਕਰਕੇ ਓਵਰਆਲ ਚੈਂਪੀਅਨ ਟਰਾਫੀ ਹਾਸਿਲ ਕੀਤੀ। ਇਸ ਦੇ ਨਾਲ-ਨਾਲ ਉਨ੍ਹਾਂ ਨੇ ਖਾਸ ਕਰਕੇ ਡਾ.ਜਗਜੀਤ ਕੌਰ, ਪ੍ਰੋ.ਰਵਿੰਦਰ ਕੌਰ, ਪ੍ਰੋ. ਹਰਦੀਪ ਸਿੰਘ, ਪ੍ਰੋ.ਮਨਪ੍ਰੀਤ ਕੌਰ, ਪ੍ਰੋ.ਸਿਮਰਨਜੀਤ ਕੌਰ, ਪ੍ਰੋ. ਸਨੇਹਪ੍ਰੀਤ ਕੌਰ, ਪ੍ਰੋ.ਲਵਪ੍ਰੀਤ ਸਿੰਘ,ਪ੍ਰੋ.ਹਰਕਮਲ ਕੌਰ, ਡਾ. ਸੁਖਬੀਰ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਰੂਥਪਾਲ ਕੌਰ, ਪ੍ਰੋ. ਅਨਮੋਲਪ੍ਰੀਤ ਕੌਰ ਆਦਿ ਪ੍ਰੋਫੈਸਰ ਸਾਹਿਬਾਨ ਦਾ ਇਸ ਸਮੁੱਚੇ ਯੂਥ ਫੈਸਟੀਵਲ ਦੀਆਂ ਪ੍ਰਤੀਯੋਗਤਾਵਾਂ ਨੂੰ ਵਿਧੀਵਤ ਢੰਗ ਨਾਲ ਸੰਚਾਲਨ ਕਰਨ ਲਈ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਪ੍ਰੋ. ਸਰਤਾਜ ਸਿੰਘ ਸਿੰਘ ਛੀਨਾ ,ਡਾ.ਕੰਵਲਜੀਤ ਸਿੰਘ, ਪ੍ਰੋ.ਰੋਹਿਤ ਸ਼ਰਮਾ, ਡਾ.ਜਤਿੰਦਰ ਸਿੰਘ ਸਿੱਧੂ, ਡਾ. ਰਮਨਦੀਪ ਕੌਰ, ਡਾ.ਗੁਰਪ੍ਰੀਤ ਸਿੰਘ, ਸਮੂਹ ਪ੍ਰੋਫੈਸਰ ਸਾਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ।

# ਮਨਦੀਪ ਕੌਰ ਮੱਲ੍ਹੀ ਨੂੰ ਸਰਬਸੰਮਤੀ ਨਾਲ ਬਣਾਇਆ ਹੰਸਾਂਵਾਲਾ ਦੀ ਸਰਪੰਚ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਹਲਕਾ ਖਡੂਰ ਸਾਹਿਬ ਦੇ ਪਿੰਡ ਹੰਸਾਵਾਲਾ ਵਿਖੇ ਮਨਦੀਪ ਕੌਰ ਮੱਲ੍ਹੀ ਦੇ ਨਾਂਅ 'ਤੇ ਸਰਬਸੰਮਤੀ ਬਣੀ ਹੈ। ਪਿੰਡ ਵਾਸੀਆਂ ਸਮੁੱਚੇ ਨਗਰ ਦਾ ਇਕੱਠ ਕਰਦੇ ਹੋਏ ਸਰਪੰਚ ਦੇ ਉਮੀਦਵਾਰ ਲਈ ਰਣਜੀਤ ਸਿੰਘ ਰਾਂਝਾ ਦੇ ਪਰਵਾਰ ਵਿੱਚੋਂ ਮਨਦੀਪ ਕੌਰ ਦਾ ਨਾਂਅ ਪੇਸ਼ ਕੀਤਾ ਗਿਆ ਜਿਸ ਨੂੰ ਪਿੰਡ ਵਾਸੀਆਂ ਜੈਕਾਰਿਆਂ ਦੀ ਗੂੰਜ ਵਿੱਚ ਪ੍ਰਵਾਨਗੀ ਦੇਣ ਉਪਰੰਤ ਚੁਣੀ ਗਈ ਸਮੁੱਚੀ ਪੰਚਾਇਤ ਨੇ ਗੁਰਦੁਆਰਾ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਵਿਖੇ ਸ਼ੁਕਰਾਨੇ ਵਜੋਂ ਮੱਥਾ ਟੇਕਿਆ। ਇਸ ਮੌਕੇ ਨਵ ਨਿਯੁਕਤ ਸਰਪੰਚ ਮਨਦੀਪ ਕੌਰ ਨੇ ਆਖਿਆ ਕਿ ਸਮੁੱਚੇ ਪਿੰਡ ਹੰਸਾਂਵਾਲਾ ਦੇ ਮੋਹਤਬਰਾਂ ਨੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਮੇਰੇ 'ਤੇ ਵਿਸ਼ਵਾਸ ਜਤਾਇਆ ਹੈ। ਇਸ ਵਿਸ਼ਵਾਸ ਨੂੰ ਮੈਂ ਕਾਇਮ ਰੱਖਣ ਦੇ ਨਾਲ-ਨਾਲ ਪਿੰਡ ਦੇ ਵਿਕਾਸ ਲਈ ਯਤਨਸ਼ੀਲ ਰਹਾਂਗੀ। ਇਸ ਮੌਕੇ ਨਵ ਨਿਯੁਕਤ ਸਰਪੰਚ ਮਨਦੀਪ ਕੌਰ ਦੇ ਪਰਵਾਰਕ ਮੁਖੀ ਰਣਜੀਤ ਸਿੰਘ ਰਾਂਝਾ ਨੇ ਸਮੁੱਚੇ ਪਿੰਡ ਵਾਸੀਆਂ ਧੰਨਵਾਦ ਕਰਦਿਆਂ ਆਖਿਆ ਕਿ ਇਸ ਸਰਬਸੰਮਤੀ ਲਈ ਕਾਬਲ ਸਿੰਘ ਮੱਲ੍ਹੀ, ਹਰਦੀਪ ਸਿੰਘ ਲਾਟੂ, ਵੀਰ ਸਿੰਘ ਸ਼ਾਹ ਵੱਲੋਂ ਅਹਿਮ ਰੋਲ ਨਿਭਾਇਆ ਗਿਆ ਹੈ। ਪੰਚਾਇਤ ਵਿੱਚ ਸੱਤ ਮੈਂਬਰਾਂ ਦੀ ਚੋਣ ਕੀਤੀ ਗਈ ਹੈ ਜਿਨ੍ਹਾਂ 'ਚ ਕੁਲਵਿੰਦਰ ਕੌਰ, ਰਵੀਸ਼ੇਰ ਸਿੰਘ, ਮੁਖਤਿਆਰ ਸਿੰਘ, ਕਰਤਾਰ ਸਿੰਘ ਮੱਲ੍ਹੀ, ਨਿਰਵੈਲ ਸਿੰਘ, ਸੁਖਰਾਜ ਕੌਰ, ਪਲਵਿੰਦਰ ਕੌਰ ਨੂੰ ਮੈਂਬਰ ਚੁਣਿਆ ਗਿਆ ਹੈ।

ਇਸ ਮੌਕੇ ਨਵੀਂ ਗਠਿਤ ਕੀਤੀ ਪੰਚਾਇਤ ਨੂੰ ਵਧਾਈ ਦੇਣ ਵਾਲਿਆਂ 'ਚ ਆਤਮਾ ਸਿੰਘ, ਰਸ਼ਾਲ ਸਿੰਘ ਗੰਥੀ, ਪਰਮਜੀਤ ਸਿੰਘ, ਮਲਕੀਤ ਸਿੰਘ ਨੰਬਰਦਾਰ, ਵੀਰ ਸਿੰਘ ਸ਼ਾਹ, ਬਲਰਾਜ ਸਿੰਘ, ਗੁਰਭੇਜ ਸਿੰਘ ਮੱਲ੍ਹੀ, ਕੈਪਟਨ ਦਿਲਬਾਗ ਸਿੰਘ, ਚਰਨਜੀਤ ਸਿੰਘ, ਮਹਰਾਜ ਸਿੰਘ ਮੱਲ੍ਹੀ ਨੇ ਸਰਬਸੰਮਤੀ ਲਈ ਪਿੰਡ ਹੰਸਾਂਵਾਲਾ ਦੀ ਸਮੁੱਚੀ ਪੰਚਾਇਤ ਨੂੰ ਵਧਾਈ ਦਿੱਤੀ ਹੈ।

# ਵਧੀਕ ਡਿਪਟੀ ਕਮਿਸ਼ਨਰ ਨੇ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨਾਲ ਕੀਤਾ ਸਿੱਧਾ ਰਾਬਤਾ



**ਫਤਿਹਗੜ੍ਹ ਚੂੜੀਆਂ (ਬਟਾਲਾ), ( ਡਾਕਟਰ ਮਲਵਿੰਦਰ ਸਿੰਘ)**- ਉਮਾ ਸ਼ੰਕਰ ਗੁਪਤਾ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨਾ ਸਾੜਨ ਲਈ ਕਿਸਾਨਾਂ ਨਾਲ ਸਿੱਧਾ ਸੰਪਰਕ ਕੀਤਾ ਜਾ ਰਿਹਾ ਹੈ, ਜਿਸ ਦੇ ਚੱਲਦਿਆਂ ਅੱਜ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਵਲੋਂ ਪਰਾਲੀ ਨਾ ਸਾੜਨ ਅਤੇ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਮਿਲਣ ਲਈ ਬਲਾਕ ਫਤਿਹਗੜ੍ਹ ਚੂੜੀਆਂ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਵੀਰਪਾਲ ਕੌਰ, ਐਸ ਡੀ ਐਮ ਫਤਿਹਗੜ੍ਹ ਚੂੜੀਆਂ, ਡੀ ਐਸ ਪੀ, ਵਿਪਨ ਕੁਮਾਰ, ਜਗਤਾਰ ਸਿੰਘ ਤਹਿਸੀਲਦਾਰ, ਨਾਇਬ ਤਹਿਸੀਲਦਾਰ ਕਮਲਪ੍ਰੀਤ ਸਿੰਘ, ਮੁੱਖ ਖੇਤੀਬਾੜੀ ਅਫਸਰ ਸੁਰਿੰਦਰਪਾਲ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਵਧੀਕ ਡਿਪਟੀ ਕਮਿਸ਼ਨਰ, ਸੁਰਿੰਦਰ ਸਿੰਘ ਵਲੋਂ ਪਿੰਡ ਪਾਰੋਵਾਲ, ਕੋਟਲੀ ਬਾਬਲਾ, ਨਾਸਰਕੇ, ਸਾਰਚੂਰ ਅਤੇ ਤਲਵੰਡੀ ਭਰਥ ਦਾ ਦੌਰਾ ਕਰਦਿਆਂ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਨ ਲਈ ਪੂਰੀ ਮਸ਼ੀਨਰੀ ਉਪਲਬਧ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਕਿਸਾਨ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਈ ਜਾਂਦੀ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਕਰਨ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾ ਕੇ ਖਤਮ ਕਰਨਾ ਕੋਈ ਸਮੱਸਿਆ ਦਾ ਹੱਲ ਨਹੀਂ। ਇਸ ਨਾਲ ਅਸੀਂ ਵਾਤਾਵਰਣ ਨੂੰ ਦੂਸ਼ਿਤ ਕਰਕੇ ਆਪਣੇ ਆਪ ਨੂੰ ਤੇ ਆਪਣੇ ਪਰਵਾਰ ਨੂੰ ਕਈ ਬਿਮਾਰੀਆਂ ਦਾ ਸ਼ਿਕਾਰ ਬਣਾ ਲੈਂਦੇ ਹਾਂ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਪ੍ਰਬੰਧਨ ਲਈ ਬੇਲਰ, ਸੁਪਰ ਸੀਡਰ, ਚੋਪਰ, ਸੁਪਰ ਐਸ.ਐਮ.ਐਸ ਤੇ ਹੈਪੀ ਸੀਡਰ ਵਰਗੀ ਮਸ਼ੀਨਰੀ ਉਪਲਬਧ ਹੈ ਤੇ ਕਿਸਾਨ ਇਸ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਪਰਾਲੀ ਦਾ ਨਿਪਟਾਰਾ ਇੰਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਨਾਲ ਕਰਨ। ਉਨ੍ਹਾਂ ਕਿਹਾ ਕਿ ਕਿਸਾਨ ਮਸ਼ੀਨਰੀ ਦੀ ਬੁਕਿੰਗ ਲਈ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀ 'ਉੱਨਤ ਕਿਸਾਨ' ਐਪ ਦੀ ਵਰਤੋਂ ਕਰਨ।

ਕਿਸਾਨ ਇਸ ਮੋਬਾਈਲ ਐਪਲੀਕੇਸ਼ਨ ਰਾਹੀਂ ਆਪਣੇ ਆਸ-ਪਾਸ ਉਪਲਬਧ ਮਸ਼ੀਨ ਆਸਾਨੀ ਨਾਲ ਬੁੱਕ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮਸ਼ੀਨਾਂ ਦੀ ਬੁਕਿੰਗ ਪ੍ਰਕਿਰਿਆ ਵਿੱਚ ਕਿਸਾਨਾਂ ਦੀ ਸਹਾਇਤਾ ਲਈ ਨੋਡਲ ਅਫ਼ਸਰ ਤੇ ਵਿਲੇਜ ਲੈਵਲ ਅਫ਼ਸਰ ਤਾਇਨਾਤ ਕੀਤੇ ਗਏ ਹਨ।ਇਸ ਮੌਕੇ ਉਨ੍ਹਾਂ ਪਿੰਡ ਤਲਵੰਡੀ ਭਰਥ ਵਿਖੇ ਖੇਤਾਂ ਵਿੱਚ ਬੇਲਰ ਨਾਲ ਪਰਾਲੀ ਦੀਆਂ ਗੱਠਾਂ ਬੰਨ੍ਹਣ ਦੇ ਕੰਮ ਦਾ ਜਾਇਜ਼ਾ ਵੀ ਲਿਆ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮੰਡੀਆਂ ਵਿੱਚ ਕਿਸਾਨਾਂ ਦੀ ਝੋਨੇ ਦੀ ਫਸਲ ਦੀ ਖਰੀਦ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

3-Oct-PAGE-12.qxd 10/2/2024 10:41 PM Page 1



# ਲੋਕ ਸਰੋਕਾਰਾਂ ਦੀ ਬਾਤ ਪਾਏਗਾ 33ਵਾਂ ਮੇਲਾ ਗ਼ਦਰੀ ਬਾਬਿਆਂ ਦਾ

**ਜਲੰਧਰ (ਕੇਸਰ)** ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸੱਭਿਆਚਾਰਕ ਵਿੰਗ, ਮੇਲਾ ਤਿਆਰੀ ਕਮੇਟੀ, ਕੁਇਜ਼, ਗਾਇਨ, ਭਾਸ਼ਣ, ਪੇਂਟਿੰਗ ਮੁਕਾਬਲਾ, ਵਲੰਟੀਅਰ, ਪੁਸਤਕ ਪ੍ਰਦਰਸ਼ਨੀ ਕਮੇਟੀਆਂ ਅਤੇ ਮੇਲੇ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਭਰਵਾਂ ਯੋਗਦਾਨ ਪਾਉਣ ਵਾਲੀਆਂ ਸਭਿਆਚਾਰਕ ਵਿੰਗ ਨਾਲ ਜੁੜੀਆਂ ਸਖ਼ਸ਼ੀਅਤਾਂ ਦੀ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋਈ ਭਰਵੀਂ ਮੀਟਿੰਗ 'ਚ ਮੇਲੇ ਦੀ ਰੂਪਰੇਖਾ ਨੂੰ ਅਮਲੀ ਜਾਮਾਂ ਪਹਿਨਾਉਣ ਲਈ ਗੰਭੀਰ ਵਿਚਾਰਾਂ ਹੋਈਆਂ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 7 ਨਵੰਬਰ ਸ਼ਾਮ 4 ਵਜੇ ਪੁਸਤਕ ਸਭਿਆਚਾਰ ਤੇ ਵਿਚਾਰ-ਚਰਚਾ ਅਤੇ ਚਿੱਤਰਕਲਾ ਪ੍ਰਦਰਸ਼ਨੀ ਦੇ ਉਦਘਾਟਨ ਨਾਲ ਸ਼ੁਰੂ ਹੋਣ ਵਾਲਾ ਮੇਲਾ ਕਾਰਪੋਰੇਟ ਅਤੇ ਫਾਸ਼ੀਵਾਦ ਵਿਰੁੱਧ ਸੰਘਰਸ਼ਾਂ ਨੂੰ ਸਮਰਪਤ ਹੋਣ ਕਰਕੇ ਵਿਸ਼ਵ ਭਰ ਦੇ ਲੋਕਾਂ ਉਪਰ ਲੱਦੀਆਂ ਜਾ ਰਹੀਆਂ ਨਿਹੱਕੀਆਂ ਜੰਗਾਂ, ਤੇਜ ਕੀਤੇ ਜਾ ਰਹੇ ਫ਼ਿਰਕੂ ਫਾਸ਼ੀ ਹੱਲੇ, ਵੱਖ-ਵੱਖ ਮੁਲਕਾਂ ਵਾਂਗ ਸਾਡੇ ਮੁਲਕ ਦੇ ਕੁਦਰਤੀ ਮਾਲ ਖਜ਼ਾਨਿਆਂ ਅਤੇ ਮਨੁੱਖੀ ਕਿਰਤ ਦੀ ਅੰਨ੍ਹੀ ਲੁੱਟ ਖਿਲਾਫ਼ ਮਘਦੇ ਭਖ਼ਦੇ ਲੋਕ ਸੰਘਰਸ਼ਾਂ ਨੂੰ ਕੇਂਦਰ ਵਿੱਚ ਰੱਖਦਾ, ਆਵਾਮ ਦੀ



ਪੀੜਾ, ਨਾਬਰੀ ਅਤੇ ਸੋਹਣੇ ਸਮਾਜ ਦੀ ਖਾਹਿਸ਼ ਦੀ ਤਰਜ਼ਮਾਨੀ ਕਰੇਗਾ।

ਮੇਲੇ ਦੇ ਦਿਨਾਂ 'ਚ ਹਾਲ ਅੰਦਰ ਸਿਰਜੇ ਜਾ ਰਹੇ ਕਾਂਸ਼ੀ ਰਾਮ ਮੜ੍ਹੌਲੀ ਨਗਰ, ਅਜੀਤ ਸਿੰਘ ਮੰਚ ਅਤੇ 'ਜੂਲੀਅਸ ਫਿਊਚਕ ਪ੍ਰਦਰਸ਼ਨੀ' ਨਾਲ ਇਹ ਮੇਲਾ ਇਤਿਹਾਸਕ ਵਿਰਾਸਤ ਦੀ ਅਤੀਤ ਨੂੰ ਅਜੋਕੇ ਸਮੇਂ ਅਤੇ ਆਉਣ ਵਾਲੇ ਕੱਲ੍ਹ ਨਾਲ ਜੋੜੇਗਾ। ਮੇਲੇ 'ਚ 8 ਨਵੰਬਰ ਨੂੰ ਕੁਇਜ਼, ਗਾਇਨ, ਭਾਸ਼ਣ ਅਤੇ ਪੇਂਟਿੰਗ ਮੁਕਾਬਲਾ ਹੋਏਗਾ। ਵਿਚਾਰ-ਚਰਚਾ ਹੋਵੇਗੀ ਜਿਸ ਵਿੱਚ ਮੁੱਖ ਵਕਤਾ ਐਡਵੋਕੇਟ ਰਾਜਿੰਦਰ ਸਿੰਘ ਚੀਮਾ ਅਤੇ ਅਪੂਰਵਾਨੰਦ, ਕਵੀ-ਦਰਬਾਰ, ਫ਼ਿਲਮ ਸ਼ੋਅ, ਸੰਜੇ ਕਾਕ ਅਤੇ ਆਨੰਦਵਟਵਰਧਨ ਦੇ ਵਿਚਾਰ ਸਾਂਝੇ ਹੋਣਗੇ। ਪੇਂਟਿੰਗ ਮੁਕਾਬਲਾ ਦੇ ਇਨਾਮ-ਸਨਮਾਨ ਵੰਡ ਮੌਕੇ ਵਿਦਿਆਰਥੀਆਂ 'ਚ ਵਿਗਿਆਨਕ ਸੋਚ ਬਾਰੇ ਵਿਚਾਰਾਂ ਅਤੇ ਬਾਲ ਕਲਾਕਾਰਾਂ ਵੱਲੋਂ ਜਲ੍ਹਿਆਂਵਾਲਾ ਬਾਗ਼ ਦੀ ਖ਼ੂਨੀ ਵਿਸਾਖੀ ਓਪੇਰੇ ਦੀ ਝਲਕ ਪੇਸ਼ ਕੀਤੀ ਜਾਏਗੀ।

ਮੇਲੇ ਦੇ ਸਿਖਰਲੇ ਦਿਨ 9 ਨਵੰਬਰ ਸਵੇਰੇ 10 ਵਜੇ ਕਮੇਟੀ ਮੈਂਬਰ ਹਰਦੇਵ ਅਰਸ਼ੀ ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣਗੇ। ਉਪਰੰਤ ਦੇਸ਼ ਭਗਤ ਯਾਦਗਾਰ ਹਾਲ ਵਿੱਚ ਲੱਗੀ ਵਰਕਸ਼ਾਪ 'ਚ ਤਿਆਰ ਕੀਤਾ ਅਮੋਲਕ ਸਿੰਘ ਦਾ ਲਿਖਿਆ ਸੱਤਪਾਲ ਪਟਿਆਲਾ ਅਤੇ ਕਰਾਂਤੀਪਾਲ ਬਿਆਸ ਦੀ ਨਿਰਦੇਸ਼ਨਾ 'ਚ ਸੰਗੀਤ ਓਪੇਰਾ ਝੰਡੇ ਦਾ ਗੀਤ ਹੋਏਗਾ। ਗੀਤ-ਸੰਗੀਤ ਮਗਰੋਂ 'ਖੇਤੀ ਅਤੇ ਪਾਣੀ ਸੰਕਟ' ਉਪਰ ਕਮੇਟੀ ਦੇ ਪ੍ਰਤੀਨਿੱਧ ਵਿਚਾਰ-ਚਰਚਾ ਕਰਨਗੇ।

ਸ਼ਾਮ 6:30 ਵਜੇ ਗੀਤਾਂ ਦੀ ਲੜੀ ਨਾਲ ਸ਼ੁਰੂ ਹੋਣ ਵਾਲੀ ਨਾਟਕਾਂ ਅਤੇ ਗੀਤਾਂ ਭਰੀ ਰਾਤ ਦਾ ਆਗਾਜ਼ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਦੇ ਸੁਨੇਹੇ ਨਾਲ ਹੋਏਗਾ।

ਇਸ ਰਾਤ 'ਪੋਸਟਰ' (ਚਕਰੇਸ਼ ਚੰਡੀਗੜ੍ਹ), 'ਧਰਤੀ ਦੀ ਧੀ: ਐਟੀਗਨੀ' (ਕੇਵਲ ਧਾਲੀਵਾਲ), 'ਗੁੰਮਸ਼ੁਦਾ ਔਰਤ' (ਅਨੀਤਾ ਸ਼ਬਦੀਸ਼), 'ਰਾਖਾ' (ਬਲਰਾਜ ਸਾਗਰ), 'ਹਨੇਰ ਨਗਰੀ' (ਜਸਵਿੰਦਰ ਪੱਪੀ) ਅਤੇ ਇਪਟਾ ਦੇ ਅਵਤਾਰ ਚੜਿਕ ਅਤੇ ਸਾਥੀ 'ਭੰਡ ਮੇਲੇ ਆਏ' ਪੇਸ਼ ਕਰਨਗੇ। ਇਸ ਤੋਂ ਇਲਾਵਾ ਮੇਲੇ ਵਿੱਚ ਦਿਨ ਅਤੇ ਰਾਤ ਵੇਲੇ ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ, ਗੁਰਪਿੰਦਰ ਗੜ੍ਹਦੀਵਾਲਾ, ਧਰਮਿੰਦਰ ਮਸਾਣੀ, ਨਰਗਿਸ, ਅੰਮ੍ਰਿਤਪਾਲ ਫਿਲੌਰ ਆਦਿ ਗਾਇਕਾਂ ਵੱਲੋਂ ਗੀਤ-ਸੰਗੀਤ ਹੋਵੇਗਾ।

ਮੀਟਿੰਗ 'ਚ ਪਾਸ ਮਤੇ 'ਚ ਕਨੇਡੀਅਨ ਹਕੂਮਤ ਤੋਂ ਮੰਗ ਕੀਤੀ ਗਈ ਕਿ ਉਹ ਨੌਜਵਾਨਾਂ ਵਿਦਿਆਰਥੀਆਂ ਉਪਰ ਉਜਾੜੇ ਦੀ ਤਲਵਾਰ ਲਟਕਾਈ ਰੱਖਣ ਦੀ ਬਜਾਏ ਉਹਨਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਤੁਰੰਤ ਪੂਰਤੀ ਕਰੇ। ਉਹਨਾਂ ਮੰਗ ਕੀਤੀ ਕਿ ਭਾਰਤ ਸਰਕਾਰ ਕੂਟਨੀਤਕ ਪੈਰਵਈ ਕਰਕੇ ਕਨੇਡੀਅਨ ਸਰਕਾਰ ਨੂੰ ਉਜਾੜੇ ਦਾ ਫੈਸਲਾ ਵਾਪਸ ਲੈਣ ਲਈ ਜ਼ੋਰ ਪਾਵੇ। ਦੇਸ਼ ਭਗਤ ਯਾਦਗਾਰ ਕਮੇਟੀ ਨੇ ਹੱਕਾਂ ਲਈ ਜੂਝਦੇ ਨੌਜਵਾਨਾਂ ਨੂੰ ਗ਼ਦਰ ਲਹਿਰ ਦੀ ਮਹਾਨ ਵਿਰਾਸਤ ਤੋਂ ਰੌਸ਼ਨੀ ਲੈਣ ਦੀ ਅਪੀਲ ਵੀ ਕੀਤੀ ਹੈ।

# ਸਰਾਏ ਖ਼ਾਸ ਦਾ ਸਾਲਾਨਾ ਛਿੰਝ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਬਾਬਾ ਜੰਡ ਪੀਰ ਸਪੋਰਟਸ ਕਲੱਬ ਅਤੇ ਗ੍ਰਾਮ ਪੰਚਾਇਤ ਪਿੰਡ ਸਰਾਏ ਖ਼ਾਸ (ਕੱਚੀ ਸਰਾਂ) ਵੱਲੋਂ 19ਵਾਂ ਸਾਲਾਨਾ ਇੱਕ ਰੋਜ਼ਾ ਛਿੰਝ ਮੇਲਾ ਅਮਿੱਟ ਛਾਪ ਛੱਡਦਾ ਹੋਇਆ ਸੰਪੰਨ ਹੋ ਗਿਆ।ਮੇਲੇ ਦਾ ਆਗਾਜ਼ ਝੰਡਾ ਚੜਾਉਣ ਦੀ ਰਸਮ ਮਗਰੋਂ ਬਾਬਾ ਜੀ ਦੇ ਦਰਬਾਰ ਦੇ ਵੱਖ ਵੱਖ ਪੰਜਾਬੀ ਗਾਇਕਾ ਵੱਲੋਂ ਗੀਤਾਂ ਨਾਲ ਆਏ ਹੋਏ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ।ਮੇਲੇ ਦੇ ਦੂਜੇ ਦੌਰ 'ਚ ਛਿੰਝ ਕਮੇਟੀ ਵੱਲੋਂ ਛਿੰਝ ਦੀ ਸ਼ੁਰੂਆਤ ਬੱਚਿਆਂ ਦੇ ਕਬੱਡੀ ਮੈਚ ਨਾਲ ਕੀਤੀ ਗਈ ਉਪਰੰਤ ਕੁਸ਼ਤੀ ਮੁਕਾਬਲੇ ਕਰਵਾਏ ਗਏ।ਇਸ ਵਿੱਚ ਪੰਜਾਬ ਤੋਂ ਇਲਾਵਾ ਹਿਮਾਚਲ ਪ੍ਰਦੇਸ਼, ਜੰਮੂ ਤੇ ਕਸ਼ਮੀਰ ਆਦਿ ਸੂਬਿਆਂ ਤੋਂ ਆਏ ਹੋਏ ਪਹਿਲਵਾਨਾਂ ਨੇ ਕੁਸ਼ਤੀਆਂ ਦੇ ਜੌਹਰ ਦਿਖਾਏ।ਇਸ ਮੌਕੇ ਕਮੇਟੀ ਵੱਲੋਂ 80 ਦੇ ਕਰੀਬ ਪਹਿਲਵਾਨਾਂ ਦੇ ਕੁਸ਼ਤੀ ਮੁਕਾਬਲੇ ਕਰਵਾਏ ਗਏ।ਮਾਲੀ ਦੀ ਕੁਸ਼ਤੀ ਦਾ ਮੁਕਾਬਲਾ ਪਰਮਿੰਦਰ ਪੱਟੀ ਅਤੇ ਸੁਮਿਤ ਖੰਨਾ ਵਿਚਕਾਰ ਹੋਇਆ।ਜਿਸ ਵਿਚ ਪਰਮਿੰਦਰ ਪੱਟੀ ਜੇਤੂ ਰਹੇ।ਇਸ ਕੁਸ਼ਤੀ ਦੀ ਸ਼ੁਰੂਆਤ ਵਾਤਾਵਰਣ ਪ੍ਰੇਮੀ ਪਦਮਸ਼੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਨੇ ਆਪਣੇ ਕਾਰ ਕਮਲਾਂ ਨਾਲ ਕਰਵਾਈ ਉਹਨਾਂ ਇਸ ਮੌਕੇ ਸੰਤ ਸੀਚੇਵਾਲ ਨੇ ਵਾਤਾਵਰਣ ਅਤੇ ਪਾਣੀਆਂ ਨੂੰ ਬਚਾਉਣ ਦਾ ਸੱਦਾ ਦਿੱਤਾ।ਸੰਤ ਸੀਚੇਵਾਲ ਨੇ ਆਏ ਹੋਏ ਖਿਡਾਰੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ।ਸਮਾਗਮ ਦੇ ਅੰਤ 'ਚ ਬਾਬਾ ਜੰਡ ਪੀਰ ਸਪੋਰਟਸ ਕਲੱਬ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਦਰਸ਼ਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਮੁੱਖ ਸਿੰਘ, ਮੈਂਬਰ ਸਾਬਕਾ ਸਰਪੰਚ ਜਸਵੀਰ ਸਿੰਘ, ਤੀਰਥ ਸਿੰਘ, ਜਗਦੇਵ ਸਿੰਘ ਜੱਗਾ ਧਾਲੀਵਾਲ, ਲਖਵਿੰਦਰ ਸਿੰਘ ਲੱਖਾ ਧਾਲੀਵਾਲ, ਸੀਤਲ ਸਿੰਘ ਧਾਲੀਵਾਲ, ਜਸਵੀਰ ਸਿੰਘ ਮਾੜੂ, ਬਲਵਿੰਦਰ ਸਿੰਘ ਧਾਲੀਵਾਲ, ਗੁਰਮੇਲ ਸਿੰਘ , ਕਰਨੈਲ ਸਿੰਘ, ਅਮਰੀਕ ਸਿੰਘ ਮੀਕਾ, ਬਲਜਿੰਦਰ ਸਿੰਘ ਬੱਲੀ, ਹਰਪਾਲ ਸਿੰਘ ਪਾਲਾ, ਹਰਜਿੰਦਰ ਸਿੰਘ, ਗੁਰਦੇਵ ਸਿੰਘ, ਹਰਪ੍ਰੀਤ ਸਿੰਘ, ਪਰਮਿੰਦਰ ਸਿੰਘ ਧਾਲੀਵਾਲ, ਹਰਪਿੰਦਰ ਸਿੰਘ, ਚੌਕੀਦਾਰ ਅਜੀਤ ਸਿੰਘ ਆਦਿ ਹਾਜ਼ਰ ਸਨ।

# ਢੰਡਾ ਜਠੇਰਿਆਂ ਦਾ ਸਰਾਧ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਚਿੱਟੀ ਰੋੜੀ ਢੰਡਾ ਜਠੇਰਿਆਂ ਦਾ ਸਾਲਾਨਾ ਸ਼ਰਾਧ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਢੰਡਾ ਪਰਿਵਾਰ ਵਲੋਂ ਜਠੇਰਿਆਂ ਦੇ ਸਥਾਨ ਖਜੂਰਲਾ ਵਿਖੇ ਮਨਾਇਆ ਗਿਆ। ਹਜਾਰਾਂ ਦੀ ਗਿਣਤੀ 'ਚ ਦੇਸ- ਵਿਦੇਸ ਦੀਆਂ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ। ਤਵਿੰਦਰ ਰਾਮ ਚੇਅਰਮੈਨ ਮਾਰਕੀਟ ਕਮੇਟੀ ਫਗਵਾੜਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਗਈ। ਕੁਲ ਲੋਕਾਈ ਦੇ ਭਲੇ ਲਈ ਅਰਦਾਸ ਕੀਤੀ ਉਪਰੰਤ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਨੇ ਹਾਜਰੀਆਂ ਭਰੀਆਂ। ਪ੍ਰਬੰਧਕ ਕਮੇਟੀ ਵੱਲੋਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਜੈ ਨਰਾਇਣ ਜੀ, ਪ੍ਰਧਾਨ ਸੋਮ ਲਾਲ ਢੰਡਾ ਕੋਟ ਕਲਾਂ, ਕੈਪਟਨ ਗੁਰਬਖਸ ਸਿੰਘ ਹਰੀ ਪੁਰ, ਬਲਵਿੰਦਰ ਢੰਡਾ,ਓਮ ਪ੍ਰਕਾਸ ਸਰਪੰਚ ਵਜੀਦੋਵਾਲ, ਮੱਖਣ ਲਾਲ ਢੰਡਾ, ਜੋਗਾ ਰਾਮ ਮੰਢਾਲੀ, ਗੋਰਾ ਠੇਕੇਦਾਰ ਕੋਟ ਕਲਾਂ, ਰਾਮ ਲਾਲ ਖਲਵਾੜਾ, ਸੋਹਣ ਲਾਲ ਵਜੀਦੋਵਾਲ, ਰਾਣਾ ਢੰਡਾ, ਬਰਿੰਦਰ ਢੰਡਾ, ਦਵਿੰਦਰ ਢੰਡਾ, ਮਲਕੀਤ ਢੰਡਾ, ਅਮਰਦੀਪ ਢੰਡਾ ਚਹੇੜੂ ਆਦਿ ਹਾਜ਼ਰ ਸਨ।

# ਅਮਨਦੀਪ ਕੌਰ ਮੱਟੂ ਸਰਬਸੰਮਤੀ ਨਾਲ ਮਟੋ ਦੀ ਸਰਪੰਚ ਚੁਣੀ ਗਈ

**ਮਾਹਿਲਪੁਰ (ਸ.ਫਰੀ)**- ਪਿੰਡ ਮਟੋ ਦੀ ਅਠਵੀ ਵਾਰ ਸਰਵਸੰਮਤੀ ਨਾਲ ਬਣੀ ਪੰਚਾਇਤ ਨੇ ਬੀ ਡੀ ਪੀ ਓ ਦਫਤਰ ਗੜ੍ਹਸ਼ੰਕਰ ਲੱਡੂ ਵੰਡੇ ਅਤੇ ਲੋਕਾਂ ਨੂੰ ਨਸ਼ਾ ਰਹਿਤ, ਲਾਲਚ ਰਹਿਤ, ਵਿਕਾਸ ਮੁਖੀ ਸਰਵਸੰਮਤੀ ਨਾਲ ਪੰਚਾਇਤਾਂ ਬਣਾਉਣੀਆਂ ਚਾਹੀਦੀਆਂ ਹਨ।ਇਸ ਮੌਕੇ ਬੀਬੀ ਮਨਜਿੰਦਰ ਕੌਰ ਬੀ ਡੀ ਪੀ ਓ ਗੜ੍ਹਸ਼ੰਕਰ, ਦਰਸ਼ਨ ਸਿੰਘ ਮੱਟੂ ਤੇ ਬੀਬੀ ਸੁਭਾਸ਼ ਮੱਟੂ ਨੇ ਨਵੀਂ ਬਣੀ ਪੰਚਾਇਤ ਨੂੰ ਵਧਾਈ ਦਿੱਤੀ ਅਤੇ ਅਮਨਪਸੰਦ ਲੋਕਾਂ ਨੂੰ ਮਿੱਲ ਬੈਠਕੇ ਸਰਵਸੰਮਤੀ ਨਾਲ ਪੰਚਾਇਤਾਂ ਬਣਾਉਣ ਦਾ ਸੱਦਾ ਦਿੱਤਾ।

ਇਸ ਮੌਕੇ ਅਮਨਦੀਪ ਕੌਰ ਸਰਪੰਚ, ਸੁਰਿੰਦਰ ਸਿੰਘ, ਤੇਜਿੰਦਰ ਸਿੰਘ, ਕੁਲਵਿੰਦਰ ਸਿੰਘ ਮੱਟੂ ਪੰਚਾਇਤ ਮੈਂਬਰ, ਮਨਜੀਤ ਕੌਰ ਤੇ ਸੁਰਜੀਤ ਕੌਰ ਲੇਡੀ ਪੰਚ ਹਾਜਰ ਸੀ।ਬੀ ਡੀ ਪੀ ਓ ਮਨਜਿੰਦਰ ਕੌਰ ਨੇ ਨਵੀਂ ਪੰਚਾਇਤ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਹੋਰ ਪਤਵੰਤੇ ਸੱਜਣ ਹਾਜਰ ਸਨ। ਪੰਚਾਇਤ ਸਕੱਤਰ ਮਨਜੀਤ ਕੌਰ ਵੀ ਹਾਜਰ ਸੀ।



# ਐੱਸ ਡੀ ਕਾਲਜ 'ਚ ਇੰਟਰਨੈਸ਼ਨਲ ਡੇ ਆਫ ਨਾਨ ਵਾਇਲੈਂਸ



**ਸੁਲਤਾਨਪੁਰ ਲੋਧੀ, (ਹਨੀ)** ਐਸ.ਡੀ.ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ.ਐਸ.ਐਸ ਵਿਭਾਗ ਤੇ ਰੈਡ ਰਿੱਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਇੰਟਰਨੈਸ਼ਨਲ ਡੇ ਆਫ ਨੋਨ ਵਾਇਲੈਂਸ ਦੇ ਰੂਪ ਵਿੱਚ ਮਨਾਇਆ ਗਿਆ। ਇਸ ਮੌਕੇ ਵਿਦਿਆਰਥਣਾਂ ਨੂੰ ਗਾਂਧੀ ਜੀ ਦੇ ਸਿਧਾਂਤਾਂ 'ਤੇ ਚੱਲਣ ਅਤੇ ਉਨ੍ਹਾਂ ਵਲੋਂ ਦਿਖਾਏ ਅਹਿੰਸਾ ਦੇ ਰਾਹ ਬਾਰੇ ਵਿਸਤਾਰ ਸਹਿਤ ਦੱਸਿਆ ਗਿਆ।ਹੈੱਡ ਆਫ ਪਲੀਟੀਕਲ ਸਾਇੰਸ ਮੈਡਮ ਸੁਨੀਤਾ ਕਲੇਰ ਨੇ ਲਾਲ ਬਹਾਦਰ ਸ਼ਾਸਤਰੀ ਦੇ ਜਨਮ ਦਿਵਸ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਵਿਦਿਆਰਥਣਾਂ ਨੂੰ ਦਿੱਤੀ।ਪ੍ਰਿੰਸੀਪਲ ਡਾ ਵੰਦਨਾ ਸ਼ੁਕਲਾ ਨੇ ਵੀ ਗਾਂਧੀ ਜੀ ਅਤੇ ਸ਼ਾਸਤੀ ਜੀ ਨੂੰ ਸ਼ਰਧਾਂਜਲੀ ਦਿੰਦੇ ਹੋਏ, ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਅਮਲ ਕਰਨ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸ਼ਿਵਾਨੀ ਬੀ ਏ ਭਾਗ ਪਹਿਲਾ ਨੇ ਭਜਨ ਗਾਇਨ ਨਾਲ ਸਾਰਾ ਮਾਹੌਲ ਹੀ ਭਗਤੀ ਭਾਵ ਵਿੱਚ ਰੰਗ ਦਿੱਤਾ।ਕਿਰਨਦੀਪ ਕੌਰ ਬੀ ਕਾਮ ਭਾਗ ਪਹਿਲਾ ਕਵਿਤਾ, ਪਰਨੀਤ ਕੌਰ ਬੀ ਏ ਭਾਗ ਤੀਜਾ, ਲੀਨਾ ਧੀਰ ਬੀ ਕਾਮ ਭਾਗ ਤੀਜਾ ਅਤੇ ਸੰਜੀਵਨ ਕੌਰ ਬੀ ਕਾਮ ਭਾਗ ਦੂਜਾ ਨੇ ਭਾਸ਼ਣ ਰਾਹੀਂ ਗਾਂਧੀ ਅਤੇ ਸ਼ਾਸਤਰੀ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।

ਇਸ ਮੌਕੇ ਸਮੂਹ ਸਟਾਫ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜਰ ਸਨ।ਪ੍ਰੋਗਰਾਮ ਅਫਸਰ ਮੈਡਮ ਰਾਜਬੀਰ ਕੌਰ ਨੇ ਸਭ ਦਾ ਧੰਨਵਾਦ ਕੀਤਾ।

# ਅਜਨੋਹਾ 'ਚ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਅਕਾਲੀ ਬਾਬਾ ਫੂਲਾ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਵਿਖੇ ਸਰਬਸੰਮਤੀ ਨਾਲ ਪੰਚਾਇਤ ਚੁਣੀ ਗਈ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਗੁਰੂ ਸਾਹਿਬ ਜੀ ਦੀ ਅਪਾਰ ਮੇਹਰ ਸਦਕਾ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸਦੀਆਂ ਦਾ ਰਿਕਾਰਡ ਤੋੜਦੇ ਹੋਏ ਪਹਿਲੀ ਵਾਰ ਆਪਸੀ ਭਾਈਚਾਰਾ ਦਿਖਾਉਂਦੇ ਹੋਏ ਸਰਬਸੰਮਤੀ ਨਾਲ ਪਿੰਡ ਦੀ ਪੂਰੀ ਪੰਚਾਇਤ ਚੁਣੀ ਗਈ।ਜਿਸ ਵਿੱਚ ਸਰਪੰਚ ਰਾਜਵਿੰਦਰ ਕੌਰ ਨਵੇਂ ਚੁਣੇ ਗਏ ਪੰਚ ਸਿਮਰਜੀਤ ਕੌਰ, ਬਲਜੀਤ ਕੌਰ, ਸੁਖਵਿੰਦਰ ਕੌਰ, ਕਿਰਨ ਕੁਮਾਰੀ, ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਸੋਹਣ ਸਿੰਘ, ਪਹਿਲੀ ਪੰਚਾਇਤ ਵਾਲੇ ਪੰਚ ਸਤਨਾਮ ਸਿੰਘ, ਗੁਰਮੀਤ ਸਿੰਘ ਅਤੇ ਜਸਕਰਨ ਸਿੰਘ ਸੰਨੀ। ਪਿੰਡ ਅਤੇ ਪੂਰੇ ਇਲਾਕੇ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ।ਇਲਾਕੇ ਦੇ ਪਿੰਡਾਂ ਵਾਲੇ ਪਿੰਡ ਅਜਨੋਹਾ ਵਾਲਿਆਂ ਨੂੰ ਵਧਾਈਆਂ ਦਿੱਤੀਆਂ।

# ਭੋਗਪੁਰ ਸਹਿਕਾਰੀ ਖੰਡ ਮਿਲਜ਼ ਦਾ ਸਾਲਾਨਾ ਆਮ ਅਜਲਾਸ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**-ਭੋਗਪੁਰ ਸਹਿਕਾਰੀ ਖੰਡ ਮਿਲਜ ਲਿਮ, ਭੋਗਪੁਰ ਦਾ ਸਾਲਾਨਾ ਆਮ ਅਜਲਾਸ ਮਿੱਲ ਦੇ ਅਹਾਤੇ 'ਚ ਸੁਖਜੀਤ ਸਿੰਘ ਜੈਲਦਾਰ, ਪਿੰਡ ਕਿੰਗਰਾ ਚੋਅਂ ਵਾਲਾ ਦੀ ਪ੍ਰਧਾਨਗੀ ਹੇਠ ਹੋਇਆ ਜਿਸ ਵਿਚ ਹਿੱਸੇਦਾਰ/ਗੰਨਾ ਕਾਸਤਕਾਰਾਂ ਵਲੋਂ ਸ਼ਿਰਕਤ ਕੀਤੀ ਗਈ। ਇਸ ਅਜਲਾਸ ਵਿਚ ਲਏ ਗਏ ਫੈਸਲਿਆਂ ਦੀ ਪੁਸ਼ਟੀ ਕੀਤੀ ਗਈ ਅਤੇ ਸਾਲ





2023-24 ਦੀ ਬੈਲੈਂਸ ਸੀਟ ਅਤੇ ਹੋਰ ਅਜੰਡਿਆ ਨੂੰ ਪ੍ਰਵਾਨਗੀ ਦਿੱਤੀ ਗਈ। ਇਸ ਆਮ ਅਜਲਾਸ ਵਿਚ ਜ਼ਿਮੀਦਾਰਾਂ ਵਲੋਂ ਮਿੱਲ ਪ੍ਰਬੰਧਕਾਂ ਪਾਸ ਆਪਣੀਆਂ ਦਿਕਤਾਂ ਦਾ ਜਿਕਰ ਕੀਤਾ, ਮਿਲ ਦੇ ਜਨਰਲ ਮੈਨੇਜਰ ਗੁਰਵਿੰਦਰ ਪਾਲ ਸਿੰਘ ਅਨੋਜਾ ਵਲੋਂ ਗੰਨਾ ਕਾਸਤਕਾਰਾਂ ਨੂੰ ਆ ਰਹੀਆਂ ਦਿੱਕਤਾਂ ਦਾ ਢੁੱਕਵਾਂ ਹੱਲ ਕੱਢਣ ਦਾ ਭਰੋਸਾ ਦਿਵਾਇਆ ਅਤੇ ਕਿਹਾ ਕਿ ਗੰਨਾ ਕਾਸਤਕਾਰਾਂ ਦੀ ਸਹੂਲੀਅਤ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ। ਇਸ ਮੀਟਿੰਗ ਦੌਰਾਨ ਗੰਨਾ ਕਾਸਤਕਾਰਾਂ ਵੱਲੋਂ ਗੰਨੇ ਦੀ ਕਿਸਮ ਸੰਬੰਧੀ ਵੀ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਇਲਾਕੇ ਦੀਆਂ ਕਿਸਾਨ ਜਥੇਬੰਦੀਆਂ, ਲੋਕਲ ਜਨਤਾ ਅਤੇ ਵਪਾਰ ਮੰਡਲ ਭੋਗਪੁਰ ਦੇ ਆਗੂਆਂ ਵਲੋਂ ਮਿੱਲ ਵਿਚ ਲਗਾਏ ਜਾ ਰਹੇ ਬਾਇਓ ਸੀ ਐੱਨ ਸੀ ਪਲਾਂਟ ਦੇ ਕੰਮ ਨੂੰ ਰੋਕਣ ਸੰਬੰਧੀ ਆਪਣਾ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਸੁਖਜੀਤ ਸਿੰਘ, ਚੇਅਰਮੈਨ ਕਮੇਟੀ, ਡਾ. ਗੁਲਜਾਰ ਸਿੰਘ ਡਾਇਰੈਕਟਰ ਰਿਸਰਚ ਸੈਂਟਰ ਕਪੂਰਥਲਾ, ਸੁਭਾਸ ਚੰਦਰ, (ਜੀ.ਐੱਮ.ਅਜਨਾਲਾ) ਨੁਮਾਇੰਦਾ ਸੂਗਰਫੈਡ ਪੰਜਾਬ, ਗੁਰਚਰਨ ਸਿੰਘ, ਸਹਾਇਕ ਗੰਨਾ ਵਿਕਾਸ ਅਫਸਰ (ਗੋਰਮਿੰਟ), ਰੋਹਿਨ ਜੰਨ, ਨੁਮਾਇੰਦਾ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ, ਗੁਰਦਾਵਰ ਰਾਮ, ਡਾਇਰੈਕਟਰ ਸੂਗਰਫੈਡ ਪੰਜਾਬ, ਪਰਮਜੀਤ ਸਿੰਘ ਕਾਲੂਵਾਹਰ ਅਤੇ ਹੋਰ ਸਾਬਕਾ ਡਾਇਰੈਕਟਰਜ, ਪ੍ਰੇਮ ਬਹਾਦਰ ਸਿੰਘ, ਉਪ ਮੁੱਖ ਗੰਨਾ ਵਿਕਾਸ ਅਫਸਰ ਖੰਡ ਮਿੱਲ ਭੋਗਪੁਰ ਆਦਿ ਹਾਜਰ ਹੋਏ। ਇਸ ਮੌਕੇ ਅਮਰੀਕ ਸਿੰਘ ਸੈਣੀ ਵਲੋਂ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ ਗਈ।

## ਜਨਮ ਦਿਨ ਮੁਬਾਰਕ



ਗੁਰਸ਼ਾਨ ਸਿੰਘ (ਹੁਸ਼ਿਆਰਪੁਰ)

# ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਬਾਬਾ ਵਜ਼ੀਰ ਸਕੂਲ ਵਿਖੇ ਹੋਈਆਂ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਮਾਨਯੋਗ ਸਾਡੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ 3) ਕਰਵਾਈਆਂ ਗਈਆਂ ਜੋ ਕਿ ਮੁਕੇਸ਼ ਕੁਮਾਰ ਖੰਨਾ ਦੀ ਅਗਵਾਈ ਵਿੱਚ ਹੋਈਆਂ। ਖੇਡਾਂ 'ਚ ਵੱਖ-ਵੱਖ ਸਕੂਲ ਦੇ ਬੱਚਿਆਂ ਨੇ ਭਾਗ ਲਿਆ। ਖੇਡਾਂ ਦੇ ਦੌਰਾਨ ਸਾਡੇ ਜਿਲ੍ਹੇ ਦੇ ਡੀ ਐਸ ਪੀ ਰਾਜਕੁਮਾਰ ਨੇ ਸਕੂਲ ਵਿੱਚ ਪਹੁੰਚ ਕੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਬੱਚਿਆਂ ਨੂੰ ਖੇਡਾਂ ਖੇਡਣ ਲਈ ਪ੍ਰੇਰਿਤ ਵੀ ਕੀਤਾ।ਡੀ ਐਸ ਪੀ ਨੇ ਬੱਚਿਆਂ ਨੂੰ ਖੇਡਾਂ ਦੇ ਮਹੱਤਵ ਬਾਰੇ ਦੱਸਿਆ। ਇਸ ਦੌਰਾਨ ਬਾਬਾ ਵਜੀ ਸਿੰਘ ਖਾਲਸਾ ਸਕੂਲ ਦੇ ਪ੍ਰਿੰਸੀਪਲ ਜਸਬੀਰ ਸਿੰਘ ਅਤੇ ਸਮੂਹ ਸਟਾਫ ਮੈਂਬਰ ਸੁਰਜੀਤ ਕੌਰ, ਸੰਦੀਪ ਕੌਰ, ਸ਼ਮਾ, ਕਮਲ, ਸੁਖਜਿੰਦਰ ਸਿੰਘ, ਨੇਹਾ, ਅਤੇ ਨਵਜੀਤ ਨੇ ਉਨ੍ਹਾਂ ਦੇ ਸਕੂਲ ਵਿੱਚ ਆ ਕੇ ਬੱਚਿਆਂ ਨੂੰ ਆਸ਼ੀਰਵਾਦ ਦੇਣ ਲਈ ਉਹਨਾਂ ਦਾ ਧੰਨਵਾਦ ਕੀਤਾ। ਪ੍ਰਿੰਸੀਪਲ ਜਸਵੀਰ ਨੇ ਬੱਚਿਆਂ ਨੂੰ ਹਾਰ ਜਿੱਤ ਨੂੰ ਛੱਡ ਕੇ ਖੇਡਾਂ ਵਿੱਚ ਭਾਗ ਲੈਣਾ ਹੀ ਵੱਡੀ ਗੱਲ ਹੈ ਅਤੇ ਖੇਡਾਂ ਖੇਡਣ ਨਾਲ ਹੋਣ ਵਾਲੀ ਸਰੀਰਿਕ ਤੰਦਰੁਸਤੀ ਬਾਰੇ ਬੱਚਿਆਂ ਨੂੰ ਦੱਸਿਆ ਅਤੇ ਅੰਤਰਰਾਸ਼ਟਰੀ ਖਿਡਾਰੀ ਮੁਕੇਸ਼ ਖੰਨਾ ਦੇ ਜੀਵਨ ਤੋਂ ਪ੍ਰੇਰਨਾ ਲੈਣ ਬਾਰੇ ਦੱਸਿਆ।



# ਮਾਲੀ ਨੂੰ ਕਚਹਿਰੀ 'ਚ ਪੇਸ਼ ਨਾ ਕਰਨ ਤੋਂ ਬਿਨਾਂ ਅਦਾਲਤੀ ਹਿਰਾਸਤ ਵਧਾਉਣ ਦੀ ਚੁਫੇਰਿਓਂ ਨਿਖੇਧੀ

**ਮੋਹਾਲੀ, (ਗੁਰਜੀਤ ਬਿੱਲਾ)** ਮਨੁੱਖੀ ਅਧਿਕਾਰ ਸੰਗਠਨਾਂ, ਬੁੱਧੀਜੀਵੀਆਂ, ਵਕੀਲਾਂ ਅਤੇ ਇਨਸਾਫ ਤੇ ਜਮਹੂਰੀਅਤ ਪਸੰਦ ਜਥੇਬੰਦੀਆਂ ਨੇ ਮੋਹਾਲੀ ਪੁਲਸ ਵਲੋਂ ਉਘੇ ਰਾਜਸੀ ਚਿੰਤਕ ਤੇ ਟਿੱਪਣੀਕਾਰ ਮਾਲਵਿੰਦਰ ਸਿੰਘ ਮਾਲੀ ਨੂੰ ਅਦਾਲਤ ਵਿਚ ਪੇਸ਼ ਕਰਨ ਤੋਂ ਬਿਨਾਂ ਹੀ ਓਹਨਾਂ ਦੇ ਅਦਾਲਤੀ ਰਿਮਾਂਡ 'ਚ 14 ਅਕਤੂਬਰ ਤੱਕ ਵਾਧਾ ਕਰਾਉਣ ਦੀ ਕਾਰਵਾਈ ਨੂੰ ਗੈਰ-ਕਾਨੂੰਨੀ ਗਰਦਾਨਦਿਆਂ ਇਸ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਸ਼੍ਰੀ ਮਾਲੀ ਦੀ ਅਦਾਲਤੀ ਹਿਰਾਸਤ ਅੱਜ ਖਤਮ ਹੋ ਜਾਣ ਕਾਰਨ ਉਹਨਾਂ ਨੂੰ ਪਟਿਆਲਾ ਜੇਲ੍ਹ ਵਿਚੋਂ ਇਥੋਂ ਦੀ ਇਕ ਅਦਾਲਤ ਵਿਚ ਪੇਸ਼ ਕੀਤਾ ਜਾਣਾ ਸੀ। ਮਾਲਵਿੰਦਰ ਮਾਲੀ ਦੇ ਸਾਥੀ ਤੇ ਸੀਨੀਅਰ ਪੱਤਰਕਾਰ ਗੁਰਦਰਸ਼ਨ ਸਿੰਘ ਬਾਹੀਆ ਨੇ ਦੱਸਿਆ ਕਿ ਸਵੇਰ ਤੋਂ ਹੀ ਵੱਖ ਵੱਖ ਜਥੇਬੰਦੀਆਂ ਦੇ ਆਗੂ, ਪੱਤਰਕਾਰ, ਬੁੱਧੀਜੀਵੀ, ਵਕੀਲ, ਮਨੁੱਖੀ ਅਧਿਕਾਰ ਸੰਗਠਨਾਂ ਦੇ ਕਾਰਕੁੰਨ ਅਤੇ ਉਹਨਾਂ ਦੇ ਪਰਿਵਾਰਕ ਮੈਂਬਰ ਅਦਾਲਤੀ ਕੰਪਲੈਕਸ ਵਿਚ ਹਾਜ਼ਰ ਸਨ, ਪਰ ਪੁਲਸ ਨੇ ਸ਼੍ਰੀ ਮਾਲੀ ਨੂੰ ਅਦਾਲਤ ਵਿੱਚ ਪੇਸ਼ ਕਰਨ ਦੀ ਥਾਂ ਉਹਨਾਂ ਦੇ ਪੁਲਸ ਰਿਮਾਂਡ ਵਿਚ ਇਹ ਕਹਿ ਕੇ



ਵਾਧਾ ਕਰਵਾ ਲਿਆ ਕਿ ਪਟਿਆਲਾ ਪੁਲਸ ਵਲੋਂ ਗਾਰਦ ਨਾ ਦਿਤੇ ਜਾਣ ਕਾਰਨ ਸ਼੍ਰੀ ਮਾਲੀ ਨੂੰ ਪੇਸ਼ੀ ਲਈ ਨਹੀਂ ਲਿਆਂਦਾ ਜਾ ਸਕਿਆ। ਉਹਨਾਂ ਦਸਿਆ ਕਿ ਜੇਲ੍ਹ ਅਧਿਕਾਰੀਆਂ ਦਾ ਕਹਿਣਾ ਸੀ ਕਿ ਮੋਹਾਲੀ ਪੁਲਸ ਵਲੋਂ ਭੇਜੀ ਜਾਣ ਵਾਲੀ ਬੱਸ ਨਾ ਆਉਣ ਕਾਰਨ ਪਟਿਆਲਾ ਜੇਲ੍ਹ ਵਿਚ ਕਿਸੇ ਮੁਲਜ਼ਮ ਨੂੰ ਵੀ ਪੇਸ਼ੀ ਲਈ ਨਹੀਂ ਭੇਜਿਆ ਜਾ ਸਕਿਆ। ਸ਼੍ਰੀ ਬਾਹੀਆ ਨੇ ਕਿਹਾ ਕਿ ਪੁਲਸ ਦੇ ਇਸ ਗੈਰਜ਼ਿੰਮੇਵਾਰ ਰਵੱਈਏ ਕਾਰਨ ਸ਼੍ਰੀ ਮਾਲੀ ਦੇ ਪਰਵਾਰਕ ਮੈਂਬਰਾਂ ਦੇ ਨਾਲ ਨਾਲ ਉਹਨਾਂ ਦੇ ਵਕੀਲਾਂ, ਪੱਤਰਕਾਰਾਂ ਅਤੇ ਦਰਜਨਾਂ ਸਾਥੀਆਂ ਤੇ ਸ਼ੁਭਚਿੰਤਕਾਂ ਨੂੰ ਸਾਰਾ ਦਿਨ ਖ਼ਜਲ-ਖੁਆਰੀ ਸਹਿਣੀ ਪਈ ਹੈ। ਉਹਨਾਂ ਕਿਹਾ ਕਿ ਪੁਲਸ ਅਜਿਹੇ ਹੋਛੇ ਹਥਕੰਡੇ ਵਰਤ ਕੇ ਨਾ ਤਾਂ ਸ਼੍ਰੀ ਮਾਲੀ ਨੂੰ ਝੁਕਾ ਸਕਦੀ ਹੈ ਅਤੇ ਨਾ ਹੀ ਉਹਨਾਂ ਦੇ ਸਾਥੀਆਂ ਦੇ ਹੌਸਲੇ ਤੋੜ ਸਕਦੀ ਹੈ। ਉਹਨਾਂ ਹੋਰ ਕਿਹਾ ਕਿ ਅੱਜ ਹਾਜ਼ਰ ਸਮੂਹ ਜਥੇਬੰਦੀਆਂ ਦੇ ਆਗੂਆਂ ਨੇ ਇਕ ਵਾਰ ਫਿਰ ਇਹ ਦ੍ਰਿੜ ਕੀਤਾ ਹੈ ਕਿ ਸ਼੍ਰੀ ਮਾਲੀ ਵਿਰੁੱਧ ਦਰਜ ਝੂਠਾ ਪਰਚਾ ਰੱਦ ਹੋਣ ਤੱਕ ਉਹ ਚੈਨ ਨਾਲ ਨਹੀਂ ਬੈਠਣਗੇ। ਇਸ ਦੌਰਾਨ ਮਾਲਵਿੰਦਰ ਮਾਲੀ ਦੇ ਭਰਾ ਰਣਜੀਤ ਸਿੰਘ ਗਰੇਵਾਲ ਨੇ ਦਸਿਆ ਕਿ ਸ਼੍ਰੀ ਮਾਲੀ ਨੇ ਇਸ ਕੇਸ ਵਿਚ ਜ਼ਮਾਨਤ ਕਰਵਾਉਣ ਤੋਂ ਨਾਂਹ ਕਰ ਦਿਤੀ ਹੈ। ਉਹਨਾਂ ਕਿਹਾ ਕਿ ਇਸ ਲਈ ਇਸ ਝੂਠੇ ਪਰਚੇ ਨੂੰ ਰੱਦ ਕਰਾਉਣ ਦੀ ਕਾਨੂੰਨੀ ਚਾਰਾਜ਼ੋਰੀ ਕੀਤੀ ਜਾਵੇਗੀ।

# ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਦਾ ਵੱਖ-ਵੱਖ ਥਾਈਂ ਜਨਮ ਦਿਹਾੜਾ ਮਨਾਇਆ





















**ਜਲੰਧਰ (ਸ਼ੈਲੀ ਐਲਬਰਟ)**-: ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਪੋਸਟ ਗ੍ਰੈਜੂਏਟ ਇਤਿਹਾਸ ਵਿਭਾਗ ਦੁਆਰਾ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਪੂਰਵ ਪ੍ਰਧਾਨਮੰਤਰੀ ਲਾਲ ਬਹਾਦਰ ਸ਼ਾਸਤਰੀ ਦੇ ਜਨਮ ਦਿਹਾੜੇ ਨੂੰ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਵਿਭਾਗ ਵੱਲੋਂ ਸਲੋਗਨ ਲਿਖਣ ਅਤੇ ਕੋਲਾਜ ਬਣਾਉਣ ਦੇ ਅੰਤਰ ਵਿਭਾਗੀ ਮੁਕਾਬਲੇ ਕਰਵਾਏ ਗਏ ਜਿਸ ਵਿੱਚ 70 ਤੋਂ ਵੱਧ ਪ੍ਰਤੀਯੋਗੀਆਂ ਨੇ ਵੱਧ-ਚੜ ਕੇ ਹਿੱਸਾ ਲਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਵਿੱਚ ਬੋਲਦਿਆਂ ਪ੍ਰਿੰਸੀਪਲ ਸਾਹਿਬ ਨੇ ਵਿਦਿਆਰਥੀਆਂ ਦੀ ਹਿੱਸੇਦਾਰੀ ਲਈ ਉਹਨਾਂ ਦੀ ਹੌਸਲਾ ਅਫਜਾਈ ਕੀਤੀ ਅਤੇ ਵਿਭਾਗ ਨੂੰ ਵਧਾਈ ਦਿੱਤੀ।ਉਹਨਾਂ ਨੇ ਵਿਦਿਆਰਥੀਆਂ ਨੂੰ ਮਹਾਤਮਾ ਗਾਂਧੀ ਅਤੇ ਸ਼੍ਰੀ ਲਾਲ ਬਹਾਦਰ ਸ਼ਾਸਤਰੀ ਦੇ ਅਹਿੰਸਾ ਅਤੇ ਸਾਦਗੀ ਦੇ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਨਾ ਦਿੱਤੀ।ਵਿਭਾਗ ਦੇ ਮੁਖੀ ਡਾ. ਸੁਮਨ ਚੋਪੜਾ ਨੇ ਸਮਾਗਮ ਵਿੱਚ ਆਏ ਸਾਰੇ ਮਹਿਮਾਨਾਂ, ਵਿਦਿਆਰਥੀਆਂ ਅਤੇ ਪ੍ਰਤੀਯੋਗੀਆਂ ਨੂੰ ਜੀ ਆਇਆ ਕਿਹਾ। ਉਹਨਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਆ ਕਿ ਅਜਿਹੀ ਸ਼ਖਸ਼ੀਅਤਾਂ ਦੇ ਪ੍ਰਮੁੱਖ ਦਿਹਾੜਿਆਂ ਨੂੰ ਮਨਾਉਣ ਨਾਲ ਉਹਨਾਂ ਵਿੱਚ ਵੀ ਆਪਣੇ ਦੇਸ਼-ਪ੍ਰੇਮ ਦੀ ਭਾਵਨਾ ਉਤਪੰਨ ਹੋਵੇਗੀ ਅਤੇ ਉਹਨਾਂ ਦੇ ਜੀਵਨ ਨੂੰ ਸਹੀ ਸੇਧ ਮਿਲੇਗੀ।ਸਲੋਗਨ ਲਿਖਣ ਮੁਕਾਬਲਿਆਂ ਵਿੱਚ ਡਾ. ਚਰਨਜੀਤ ਸਿੰਘ (ਅੰਗਰੇਜੀ ਵਿਭਾਗ) ਅਤੇ ਪ੍ਰੋਫੈਸਰ ਨਵਨੀਤ ਕੌਰ (ਕੰਪਿਊਟਰ ਵਿਭਾਗ) ਅਤੇ ਕੋਲਾਜ ਬਣਾਉਣ ਦੇ ਮੁਕਾਬਲਿਆਂ ਵਿੱਚ ਡਾ. ਜਸਵਿੰਦਰ ਕੌਰ (ਈ ਵੀ ਐਸ) ਅਤੇ ਪ੍ਰੋਫੈਸਰ ਸੋਨੀਆ ਸਿੰਘ (ਫਾਈਨ ਆਰਟਸ) ਨੇ ਮੁੱਖ ਜੱਜਾਂ ਵਜੋਂ ਭੂਮਿਕਾ ਨਿਭਾਈ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ ਅਤੇ ਆਪਣੀਆਂ ਕਵਿਤਾਵਾਂ ਪੇਸ਼ ਕਰਕੇ ਦੇਸ਼ ਭਗਤਾਂ ਨੂੰ ਸ਼ਰਧਾ ਸੁਮਨ ਅਰਪਿਤ ਕੀਤੇ।ਸਲੋਗਨ ਲਿਖਤ ਮੁਕਾਬਲੇ ਵਿੱਚ ਰੋਹਨ ਸ਼ਰਮਾ, ਕਮਲਪ੍ਰੀਤ ਕੌਰ ਅਤੇ ਅੰਜਲੀ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਕੋਲਾਜ ਮੁਕਾਬਲੇ ਵਿੱਚ ਸੁਰਿਆਂਸ਼, ਲਵਲੀਨ ਕੌਰ ਅਤੇ ਰਾਘਵ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਪ੍ਰੋਫੈਸਰ ਜਸਰੀਨ ਕੌਰ, ਪ੍ਰੋਫੈਸਰ ਬਲਰਾਜ ਕੌਰ, ਇਤਿਹਾਸ ਵਿਭਾਗ ਤੋਂ ਡਾ. ਅਮਨਦੀਪ ਕੌਰ, ਡਾ. ਕਰਨਬੀਰ ਸਿੰਘ ਅਤੇ ਪ੍ਰੋਫੈਸਰ ਸੰਦੀਪ ਕੌਰ, ਵੱਖ-ਵੱਖ ਵਿਭਾਗਾਂ ਦੇ ਮੁਖੀ ਸਾਹਿਬਾਨ, ਅਧਿਆਪਕ ਸਾਹਿਬਾਨਾਂ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

**ਫਗਵਾੜਾ ( ਜਸਵਿੰਦਰ ਢੱਡਾ)** ਰਾਸ਼ਟਰਪਿਤਾ ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਨਗਰ ਨਿਗਮ ਕਮਿਸ਼ਨਰ ਨਵਨੀਤ ਕੌਰ ਬੱਲ ਵੱਲੋਂ ਨਗਰ ਨਿਗਮ ਪਰਿਸਰ ਵਿੱਚ ਸਥਿਤ ਮਹਾਤਮਾ ਗਾਂਧੀ ਦੀ ਪ੍ਰਤਿਮਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਨਿਗਮ ਕਮਿਸ਼ਨਰ ਵੱਲੋਂ ਸ਼ਹਿਰਵਾਸੀਆਂ ਨੂੰ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੇ ਵਿਚਾਰਾਂ ਅਤੇ ਉਨ੍ਹਾਂ ਦੇ ਸਵੱਛਤਾ ਹੀ ਸੇਵਾ ਸਲੋਗਨ ਤੇ ਚੱਲਣ ਦਾ ਸੰਦੇਸ਼ ਦਿੱਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਮਿਸ਼ਨਰ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਸਵੱਛ ਭਾਰਤ ਮਿਸ਼ਨ ਅਧੀਨ 17 ਸਤੰਬਰ ਤੋਂ 2 ਅਕਤੂਬਰ 2024 ਤੱਕ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸਵੱਛਤਾ ਹੀ ਸੇਵਾ ਤਹਿਤ ਸ਼ਹਿਰ ਦੇ ਵੱਖ—ਵੱਖ ਵਾਰਡਾਂ, ਸਕੂਲਾਂ, ਕਾਲਜਾਂ ਵਿੱਚ ਸ਼ਹਿਰ ਦੀਆਂ ਵੱਖ—ਵੱਖ ਪ੍ਰਮੁੱਖ ਸੰਸਥਾਵਾਂ/ਐੱਨ.ਜੀ.ਓਜ਼ ਦੇ ਸਹਿਯੋਗ ਨਾਲ ਗਤੀਵਿਧੀਆਂ (ਜਿਵੇਂ ਕਿ ਕਾਰ ਰੈਲੀ ਜਿਸ ਵਿੱਚ ਨਗਰ ਨਿਗਮ ਦੇ ਬਰੈਂਡ ਅੰਬੈਸਡਰ ਫਿਰੋਜ਼ ਖਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਤੋਂ ਇਲਾਵਾ ਸਾਈਕਲ ਰੈਲੀ, ਹਿਊਮੈਨ ਚੇਨ, ਧਾਰਮਿਕ ਸਥਾਨਾਂ ਵਿੱਚ ਸਵੱਛਤਾ ਅਭਿਆਨ ਅਧੀਨ ਡਸਟਬੀਨ ਰਖਵਾਏ ਗਏ, ਬੱਸ ਸਟੈਂਡ, ਰੇਲਵੇ ਸਟੇਸ਼ਨ ਅਤੇ ਸ਼ਹਿਰ ਦੀਆਂ ਪ੍ਰਮੁੱਖ ਮਾਰਕੀਟਾਂ ਵਿੱਚੋਂ ਪਲਾਸਟਿਕ ਚੁਕਵਾਇਆ ਗਿਆ। ਇਸ ਮੌਕੇ ਕਮਿਸ਼ਨਰ ਬੱਲ ਨੇ ਕਿਹਾ ਕਿ ਸ਼ਹਿਰਵਾਸੀਆਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕਰਨ ਲਈ ਹਦੀਆਬਾਦ ਚੌਂਕ ਵਿਖੇ ਐੱਸ ਡੀ ਪੁੱਤਰੀ ਪਾਠਸ਼ਾਲਾ ਦੇ ਸਹਿਯੋਗ ਨਾਲ ਨੁੱਕੜ ਨਾਟਕ ਵੀ ਕਰਵਾਏ ਗਏ। ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ ਜਯੰਤੀ ਮੌਕੇ ਨਿਗਮ ਕਮਿਸ਼ਨਰ ਵੱਲੋਂ ਨਗਰ ਨਿਗਮ ਦੇ ਸਫਾਈ ਕਰਮਚਾਰੀ ਰਾਜ ਕੁਮਾਰ, ਅਮਿਤ, ਬਲਵਿੰਦਰ, ਪਰਮਿੰਦਰ ਕੁਮਾਰ, ਨਵੀਨ ਅਤੇ ਲਵ ਕੁਮਾਰ ਨੂੰ ਉਨ੍ਹਾਂ ਵੱਲੋਂ ਕੀਤੇ ਗਏ ਸ਼ਲਾਘਾਯੋਗ ਕੰਮ ਲਈ ਪ੍ਰਸ਼ੰਸ਼ਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਸਰਕਾਰੀ ਕਾਲਜ, ਹੁਸ਼ਿਆਰਪੁਰ ਵਿੱਚ ਕਾਲਜ ਦੇ ਪ੍ਰਿੰਸੀਪਲ ਅਨੀਤਾ ਸਾਗਰ ਦੀ ਅਗਵਾਈ ਵਿੱਚ 17 ਸਤੰਬਰ ਤੋਂ 2 ਅਕਤੂਬਰ ਤੱਕ ਸਵੱਛਤਾ ਹੀ ਸੇਵਾ ਮੁਹਿੰਮ ਦੇ ਅਧੀਨ ਰੈੱਡ ਰਿਬਨ ਕਲੱਬ ਅਤੇ ਐਨ ਐਸ ਐਸ ਇੰਚਾਰਜ ਪ੍ਰੋ.ਵਿਜੇ ਕੁਮਾਰ ਦੇ ਸਹਿਯੋਗ ਨਾਲ ਕਾਲਜ ਅਤੇ ਸ਼ਹਿਰ ਦੀ ਸਫਾਈ ਕੀਤੀ ਗਈ।ਸਫਾਈ ਦੇ ਨਾਲ-ਨਾਲ ਸਵੱਛਤਾ ਪ੍ਰਤੀ ਜਾਗਰੂਕਤਾ ਸੈਮੀਨਾਰ, ਪੋਸਟਰਾਂ, ਰੈਲੀ, ਸਹੁੰ ਚੁੱਕ, ਭਾਸ਼ਣਾ ਦੇ ਸਹਿਯੋਗ ਨਾਲ ਵੀ ਫੈਲਾਈ ਗਈ। ਜਿਸ ਵਿੱਚ ਪ੍ਰੋ.ਰਣਜੀਤ ਕੁਮਾਰ ਨੇ ਵਿਸ਼ੇਸ਼ ਭੂਮਿਕਾ ਨਿਭਾਈ।ਸਵੱਛਤਾ ਹੀ ਸੇਵਾ ਮੁਹਿੰਮ ਦੇ ਅਧੀਨ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਦੀ ਵੀ ਜਯੰਤੀ ਮਨਾਈ ਗਈ ਜਿਸ ਵਿੱਚ ਕਾਲਜ ਦੇ ਪ੍ਰਿੰਸੀਪਲ ਅਨੀਤਾ ਸਾਗਰ ਨੇ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਦੇ ਜੀਵਨ 'ਤੇ ਚਾਨਣਾ ਪਾਇਆ ਅਤੇ ਆਜ਼ਾਦੀ ਦੇ ਯੋਗਦਾਨ ਵਿੱਚ ਉਹਨਾਂ ਦੀ ਭੂਮਿਕਾ ਬਾਰੇ ਸਪਸ਼ਟ ਕੀਤਾ। ਪ੍ਰੋ. ਵਿਜੇ ਕੁਮਾਰ ਨੇ ਮਹਾਤਮਾ ਗਾਂਧੀ ਦੇ ਜੀਵਨ ਵਿੱਚ ਕੀਤੇ ਗਏ "ਭਾਰਤ ਛੱਡੋ ਅੰਦੋਲਨ, 'ਡਾਂਡੀ ਮਾਰਚ' ਅਤੇ 'ਸੱਤਿਆਗ੍ਰਹਿ ਅੰਦੋਲਨ' ਬਾਰੇ ਜਾਣਕਾਰੀ ਦਿੱਤੀ ਅਤੇ ਲਾਲ ਬਹਾਦੁਰ ਸ਼ਾਸਤਰੀ ਦੇ ਨਾਰੇ 'ਜੈ ਜਵਾਨ ਜੈ ਕਿਸਾਨ' ਬਾਰੇ ਚਾਨਣਾ ਪਾਇਆ। ਸਰਕਾਰੀ ਕਾਲਜ ਹੁਸ਼ਿਆਰਪੁਰ ਦੇ ਵਾਇਸ ਪ੍ਰਿੰਸੀਪਲ ਪ੍ਰੋ. ਵਿਜੇ ਕੁਮਾਰ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਐਮ ਐਲ ਏ ਬ੍ਰਹਮ ਸ਼ੰਕਰ ਜਿੰਪਾ ਅਤੇ ਕਮਿਸ਼ਨਰ ਨੇ 'ਸਵੱਛਤਾ ਹੀ ਸੇਵਾ' ਮੁਹਿੰਮ ਵਿੱਚ ਦਿੱਤੇ ਗਏ ਯੋਗਦਾਨ ਲਈ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

**ਜਲੰਧਰ (ਸ਼ੈਲੀ ਐਲਬਰਟ)**-: ਇਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੁਹਾਰਾਂ, ਨੂਰਪੁਰ ਰੋਡ, ਕੈਂਟ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਦੇ ਪੰਜਾਂ ਸਕੂਲਾਂ ਵਿੱਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਜੀ ਦਾ ਜਨਮ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਦਿਹਾੜਾ । ਸਵੱਛਤਾ ਪਖਵਾੜਾ (ਐਸ ਡੀ ਜੀ 13 ਅਧੀਨ) ਤਹਿਤ ਪੂਰਾ ਹਫ਼ਤਾ ਵਿਦਿਆਰਥੀਆਂ ਨਾਲ ਸਵੱਛ ਵਾਤਾਵਰਨ ਦੇ ਸੰਦਰਭ ਵਿੱਚ ਸਵੱਛਤਾ ਦੇ ਤਿੰਨ ਪਹਿਲੂਆਂ ਸਵੱਛ ਮਨ, ਸਿਹਤਮੰਦ ਸਰੀਰ ਅਤੇ ਸਿਹਤਮੰਦ ਵਾਤਾਵਰਨ ਨਾਲ ਸਬੰਧਤ ਕਈ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਉਨ੍ਹਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਉਤਸ਼ਾਹ ਪਹਿਲੀ ਤੋਂ ਪੰਜਵੀਂ ਜਮਾਤ ਤੱਕ ਦੇ ਬੱਚਿਆਂ ਨੇ ਸਵੱਛਤਾ ਦਾ ਪ੍ਰਣ ਲਿਆ, ਸਫ਼ਾਈ ਪ੍ਰਤੀ ਸੁਚੇਤ ਰਹਿਣ ਅਤੇ ਇਸ ਲਈ ਸਮਾਂ ਕੱਢਣ ਦਾ ਪ੍ਰਣ ਲਿਆ।ਈਕੋ ਕਲੱਬ ਦੇ ਵਿਦਿਆਰਥੀ ਸਕੂਲ ਨੇੜੇ ਪਾਰਕ ਦੀ ਸਫ਼ਾਈ ਵਿੱਚ ਅਹਿਮ ਯੋਗਦਾਨ ਪਾਇਆ।ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਦੀ ਮਹੱਤਤਾ ਅਤੇ ਡਸਟਬਿਨਾਂ ਦੇ ਵੱਖ-ਵੱਖ ਰੰਗਾਂ- ਹਰੇ, ਗਿੱਲੇ, ਸੁੱਕੇ, ਨੀਲੇ ਅਨੁਸਾਰ ਸੁੱਕੇ ਅਤੇ ਗਿੱਲੇ ਡਸਟਬਿਨਾਂ ਦੀ ਸੰਤ੍ਰਿਪਤਤਾ ਬਾਰੇ ਵੀ ਜਾਗਰੂਕਤਾ ਫੈਲਾਈ। ਇਨੋਕਿਡਜ਼ ਦੇ ਛੋਟੇ ਬੱਚੇ ਗਾਂਧੀ ਜੀ ਅਤੇ ਸ਼ਾਸਤਰੀ ਦੀ ਤਰ੍ਹਾਂ ਪਹਿਰਾਵਾ ਪਹਿਨ ਕੇ ਆਏ ਅਤੇ ਉਨ੍ਹਾਂ ਦੀਆਂ ਤਸਵੀਰਾਂ ਨੂੰ ਮਾਲਾ ਪਹਿਨਾਈ। ਇਸ ਮੌਕੇ ਬੱਚਿਆਂ ਵੱਲੋਂ ਡਾਂਡੀ ਮਾਰਚ ਕੱਢਿਆ ਗਿਆ।ਕਲਾਸਾਂ ਵਿੱਚ ਅਧਿਆਪਕਾਂ ਨੇ ਬੱਚਿਆਂ ਨੂੰ ਗਾਂਧੀ ਜੀ ਅਤੇ ਸ਼ਾਸਤਰੀ ਦੇ ਜੀਵਨ ਨਾਲ ਸਬੰਧਤ ਕਹਾਣੀਆਂ ਸੁਣਾਈਆਂ ਅਤੇ ਉਨ੍ਹਾਂ ਦੇ ਜੀਵਨ ਤੋਂ ਸਿੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਬੱਚਿਆਂ ਨੂੰ ਸਕੂਲ ਦੀ ਸਾਫ਼-ਸਫ਼ਾਈ ਅਤੇ ਆਲੇ-ਦੁਆਲੇ ਦੀ ਸਫ਼ਾਈ ਰੱਖਣ ਸਬੰਧੀ ਜਾਗਰੂਕ ਕੀਤਾ।

**ਫਿਲੌਰ (ਨਿਰਮਲ)** ਰਾਸ਼ਟਰਪਿਤਾ ਮਹਾਤਮਾ ਗਾਂਧੀ ਜਯੰਤੀ ਮੌਕੇ ਹਲਕਾ ਇੰਚਾਰਜ ਫਿਲੌਰ ਜੁਆਇੰਟ ਸਕੱਤਰ ਪੰਜਾਬ ਵਾਇਸ ਚੈਅਰਮੈਨ ਐਜੂਕੇਸ਼ਨ ਬੋਰਡ ਪੰਜਾਬ ਮਾਨਯੋਗ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਫਿਲੌਰ ਗਾਂਧੀ ਧਾਮ ਵਿਖੇ ਫੁੱਲਾ ਦੀ ਮਾਲਾ ਭੇਟ ਕੀਤੀ ਅਤੇ ਦੇਸ਼ ਵਾਸੀਆਂ ਨੂੰ ਉਹਨਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਸੰਦੇਸ਼ ਦਿੱਤਾ ਇਸ ਮੌਕੇ ਕੌਂਸਲਰ ਵੈਭਵ ਸ਼ਰਮਾ, ਸੁਰਿੰਦਰ ਡਾਬਰ, ਰਣਜੀਤ ਮਸੀਹ, ਬਲਾਕ ਪ੍ਰਧਾਨ ਜਗਤ ਰਾਮ ਭੱਟੀ, ਬਲਾਕ ਪ੍ਰਧਾਨ ਸੁਰਿੰਦਰ ਸਿੰਘ, ਅਮਰਜੀਤ, ਕਸ਼ਮੀਰ ਸਿੰਘ, ਪਰਮਜੀਤ ਅਤੇ ਪਾਰਟੀ ਮੈਂਬਰ ਸਹਿਬਾਨ ਮੌਜੂਦ ਸਨ।

**ਗੁਰਾਇਆ (ਬਿੰਦਰ ਸੁਮਨ)** ਐੱਸ ਟੀ ਐੱਸ ਵਰਲਡ ਸਕੂਲ ਦੇ ਵਿਹੜੇ 'ਚ ਗਾਂਧੀ ਜਯੰਤੀ ਮਨਾਉਂਦੇ ਖਾਸ ਪ੍ਰਾਰਥਨਾ ਸਭਾ ਦਾ ਆਯੋਜਨ ਕੀਤ ਗਿਆ।ਇਹ ਪ੍ਰਾਰਥਨਾ ਸਭਾ ਦੂਸਰੀ ਏ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਜਮਾਤ ਅਧਿਆਪਕਾ ਮੈਡਮ ਸਵਿਤਾ ਦੀ ਰਹਿਨੁਮਾਈ ਹੇਠ ਆਯੋਜਿਤ ਕੀਤੀ।ਸਭਾ ਦੀ ਸ਼ੁਰੂਆਤ ਸਵੇਰ ਦੀ ਅਰਦਾਸ ਨਾਲ ਹੋਈ। ਇਸ ਸਭਾ ਵਿੱਚ ਮੰਚ ਦਾ ਸੰਚਾਲਨ ਮਨਰੀਤ ਕੌਰ ਅਤੇ ਗਿਮਨ ਕੌਰ ਨੇ ਬੜੇ ਸ਼ਾਨਦਾਰ ਢੰਗ ਨਾਲ ਕੀਤਾ।ਸਾਹਿਲ ਕੁਮਾਰ ਦੁਆਰਾ ਅੱਜ ਦਾ ਵਿਚਾਰ ਪੇਸ਼ ਕੀਤਾ ਗਿਆ। ਖੁਸ਼ਪ੍ਰੀਤ ਸਿੰਘ ਨੇ ਨਵਾਂ ਸ਼ਬਦ ਪੇਸ਼ ਕਰਕੇ ਸਭ ਦੇ ਗਿਆਨ ਭੰਡਾਰ ਵਿੱਚ ਵਾਧਾ ਕੀਤਾ। ਸ਼ਨਾਇਆ ਨੇ ਦੇਸ਼ ਵਿਦੇਸ਼ ਦੀਆਂ ਤਾਜ਼ਾ ਸੁਰਖੀਆਂ ਤੋਂ ਸਭ ਨੂੰ ਜਾਣੂ ਕਰਵਾਇਆ।ਜਸਕਰਨ ਸਿੰਘ ਨੇ ਇਸ ਮੌਕੇ ਆਪਣੇ ਭਾਸ਼ਣ ਰਾਹੀਂ ਗਾਂਧੀ ਜੀ ਦੇ ਜੀਵਨ ਉੱਤੇ ਚਾਨਣਾ ਪਾਇਆ।ਇਸ ਜਮਾਤ ਦੇ ਵਿਦਿਆਰਥੀਆਂ ਦਿਲਪ੍ਰੀਤ ਸਿੰਘ, ਏਕਮਪ੍ਰੀਤ ਸਿੰਘ, ਜਗਵੀਰ ਸਿੰਘ ਅਤੇ ਪ੍ਰਭਵੀਰ ਸਿੰਘ ਨੇ ਗਾਂਧੀ ਜੀ ਦੀਆਂ ਸਿੱਖਿਆਵਾਂ ਤੋਂ ਸਭ ਨੂੰ ਜਾਣੂ ਕਰਵਾਇਆ। ਅਨਮੋਲ ਕੁਮਾਰ ਨੇ ਇਸ ਮੌਕੇ ਆਪਣੀ ਸੁੰਦਰ ਕਵਿਤਾ ਪੇਸ਼ ਕੀਤੀ। ਸਭਾ ਦੇ ਅੰਤ ਵਿੱਚ ਇਸ ਜਮਾਤ ਦੇ ਸਾਰੇ ਵਿਦਿਆਰਥੀਆਂ ਨੇ ਸਮੂਹਿਕ ਡਾਂਸ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।

ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਨੇ ਜਿੱਥੇ ਇਹਨਾਂ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ, ਉੱਥੇ ਨਾਲ ਹੀ ਗਾਂਧੀ ਜੀ ਦੇ ਜੀਵਨ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਹ ਇੱਕ ਸੁਤੰਤਰਤਾ ਸੈਨਾਨੀ, ਮਹਾਨ ਨੇਤਾ ਅਤੇ ਇੱਕ ਟੀਚਾ ਪ੍ਰਾਪਤ ਕਰਨ ਵਿੱਚ ਅਹਿੰਸਾ ਨੀਤੀ ਦੇ ਸਮਰਥਕ ਸਨ।ਉਹਨਾਂ ਕਿਹਾ ਕਿ ਸਾਨੂੰ ਗਾਂਧੀ ਜਯੰਤੀ ਮਨਾਉਣ ਦੇ ਨਾਲ ਨਾਲ ਗਾਂਧੀ ਜੀ ਦੇ ਮਹਾਨ ਆਦਰਸ਼ਾਂ ਤੋਂ ਪ੍ਰੇਰਿਤ ਹੋਣ ਦਾ ਪ੍ਰਣ ਲੈਣਾ ਚਾਹੀਦਾ ਹੈ।

**ਫਿਲੌਰ (ਨਿਰਮਲ)** ਰਾਸ਼ਟਰਪਿਤਾ ਮਹਾਤਮਾ ਗਾਂਧੀ ਦੇ 155ਵੇਂ ਜਨਮ ਦਿਹਾੜੇ ਦੇ ਮੌਕੇ ਚੌਧਰੀ ਵਿਕਰਮਜੀਤ ਸਿੰਘ ਕਾਂਗਰਸੀ ਵਿਧਾਇਕ ਹਰਕਾ ਫਿਲੌਰ ਆਪਣੇ ਸਾਥੀਆਂ ਨਾਲ ਫਿਲੌਰ ਵਿਖੇ ਸਤਲੁਜ ਦਰਿਆ ਕੰਢੇ ਗਾਂਧੀ ਧਾਮ ਪੁੱਜੇ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਆਦਰਸ਼ਾਂ ਤੇ ਚੱਲਣ ਲਈ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿਹਾ ਅੱਜ ਦੇਸ਼ ਵਾਸੀ ਉਨ੍ਹਾਂ ਦੀ ਬਦੌਲਤ ਆਜ਼ਾਦੀ ਮਾਨ ਰਹੇ ਹਨ ਉਹਨਾਂ ਨੇ ਬਾਪੂ ਜੀ ਦੀ ਯਾਦ ਤੇ ਫੂਲ ਮਾਲਾਵਾਂ ਭੇਟ ਕੀਤੀਆਂ ਇਸ ਮੌਕੇ ਕਾਂਗਰਸੀ ਵਰਕਰ ਸਰਵ ਡਾ. ਅਸ਼ਵਨੀ ਆਸ਼ੂ ਸਾਬਕਾ ਕੌਂਸਲਰ, ਲਾਲਾ ਕ੍ਰਿਸ਼ਨ ਲਾਲ, ਅਸ਼ੋਕ ਬਤਰਾ, ਬਾਲਕ ਰਾਮ, ਰਜੇਸ਼ ਰੋਕਸੀ ਕੌਂਸਲਰ, ਰਾਕੇਸ਼ ਕਾਲੀਆ ਕੌਂਸਲਰ, ਪਿਯੂਸ਼, ਤਿਲਕ ਰਾਜ ਲੰਬੜਦਾਰ, ਮੈਡਮ ਦਰਸ਼ਨਾਂ, ਵਿਨੋਦ ਰਹੇਜਾ, ਸ਼ਾਮ ਲਾਲ, ਸੰਜੂ ਹੋਸਲਾ ਕੇਵਲ ਕ੍ਰਿਸ਼ਨ ਅਤੇ ਹੋਰ ਹਾਜ਼ਰ ਸਨ।

**ਬਲਾਚੌਰ (ਜਸਵਿੰਦਰ ਬੈਂਸ)**-ਬਲਾਚੌਰ ਦੇ ਕਾਂਗਰਸ ਪਾਰਟੀ ਦੇ ਦਫਤਰ ਵਿਖੇ ਕਾਂਗਰਸ ਪਾਰਟੀ ਦੇ ਵਰਕਰਾਂ ਵੱਲੋਂ ਗਾਂਧੀ ਜਯੰਤੀ ਮਨਾਈ ਗਈ ।ਇਸ ਮੌਕੇ ਮਹਾਤਮਾ ਗਾਂਧੀ ਜੀ ਦੀ ਫੋਟੋ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਾਂਗਰਸ ਪਾਰਟੀ ਦੇ ਬਲਾਚੌਰ ਤੋਂ ਸ਼ਹਿਰੀ ਪ੍ਰਧਾਨ ਰਜਿੰਦਰ ਸਿੰਦੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਹਾਤਮਾ ਗਾਂਧੀ ਜੀ ਦੇ ਦੱਸੇ ਮਾਰਗ 'ਤੇ ਚੱਲਣਾ ਚਾਹੀਦਾ ਹੈ। ਮਹਾਤਮਾ ਗਾਂਧੀ ਦੁਆਰਾ ਦੁਨੀਆ ਨੂੰ ਦਿਖਾਇਆ ਗਿਆ ਸੱਚ ਅਤੇ ਅਹਿੰਸਾ ਦਾ ਮਾਰਗ ਨਿਸ਼ਚਿਤ ਤੌਰ 'ਤੇ ਅੱਜ ਦਾ ਸਭ ਤੋਂ ਮਹਾਨ ਮਾਰਗ ਹੈ।ਕਿਸੇ ਵੀ ਤਰ੍ਹਾਂ ਦੀ ਹਿੰਸਾ ਨੂੰ ਕਦੇ ਵੀ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਅੱਜ ਵਿਸ਼ਵ ਯੁੱਧ ਦੇ ਕੰਢੇ 'ਤੇ ਖੜ੍ਹਾ ਹੈ ਅਤੇ ਇਸ ਨੂੰ ਰੋਕਣ ਲਈ ਅਹਿੰਸਾ ਦਾ ਮਾਰਗ ਹੀ ਸਭ ਤੋਂ ਉੱਤਮ ਰਸਤਾ ਹੈ।ਇਸ ਮੌਕੇ ਰਾਜੇਸ਼ ਕੁਮਾਰ ਯੂਥ ਆਗੂ, ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸਕੱਤਰ ਡੀ.ਸੀ.ਸੀ., ਨਵੀਨ ਆਦੋਆਣਾਂ ਸਟੇਟ ਕੋਆਰਡੀਨੇਟਰ ਓ.ਬੀ.ਸੀ., ਚਮਨ ਲਾਲ ਭੁੰਬਲਾ ਰਿਟਾਇਰਡ ਡੀ. ਐਸ.ਪੀ, ਨਰੇਸ਼ ਚੇਚੀ ਕੌਂਸਲਰ, ਸੋਮਨਾਥ ਤਕਲਾ ਮੈਂਬਰ ਬੀ.ਸੀ ਬੀ, ਯਸ਼ਪਾਲ ਸ਼ਰਮਾ, ਬੌਬੀ ਰਾਣਾ ਕੌਂਸਲਰ, ਮਨਜੀਤ ਸੂਰੀ, ਤਰੁਣ ਕੁਮਾਰ, ਪਾਨੀ ਕੁਮਾਰ ਯੂਥ ਆਗੂ, ਵਰਿੰਦਰ ਕੁਮਾਰ ਮੈਂਬਰ ਡੀ.ਸੀ.ਸੀ., ਵਿੱਕੀ ਬਾਬੂ ਥੋਪੀਆ, ਰੋਹਿਤ ਟਕਾਰਲਾ, ਰਾਜਾ, ਵੀਰੂ ਆਦਿ ਹਾਜ਼ਰ ਸਨ।









